20-AUG-PAGE-1.qxd 8/19/2025 10:32 PM Page 1

ਬੁੱਧਵਾਰ, 20 ਅਗਸਤ, 2025

5 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 79

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 20 AUGUST, 2025

ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਜਸਟਿਸ ਸੁਦਰਸ਼ਨ ਰੈੱਡੀ 'ਇੰਡੀਆ' ਦੇ ਉਮੀਦਵਾਰ



**ਨਵੀਂ ਦਿੱਲੀ** : ਆਪੋਜ਼ੀਸ਼ਨ ਪਾਰਟੀਆਂ ਦੇ 'ਇੰਡੀਆ' ਗੱਠਜੋੜ ਨੇ ਮੰਗਲਵਾਰ ਸੁਪਰੀਮ ਕੋਰਟ ਦੇ ਸਾਬਕਾ ਜੱਜ ਬੀ ਸੁਦਰਸ਼ਨ ਰੈਡੀ ਨੂੰ ਉਪ ਰਾਸ਼ਟਰਪਤੀ ਦੀ ਚੋਣ ਲਈ ਆਪਣਾ ਉਮੀਦਵਾਰ ਐਲਾਨਿਆ। ਜਸਟਿਸ ਰੈਡੀ ਇਸ ਅਹਿਮ ਸੰਵਿਧਾਨਕ ਅਹੁਦੇ ਲਈ 9 ਸਤੰਬਰ ਨੂੰ ਹੋਣ ਵਾਲੀ ਚੋਣ 'ਚ ਹਾਕਮ ਗੱਠਜੋੜ ਐੱਨ ਡੀ ਏ ਦੇ ਉਮੀਦਵਾਰ ਤੇ ਮਹਾਰਾਸ਼ਟਰ ਦੇ ਰਾਜਪਾਲ ਸੀ ਪੀ ਰਾਧਾਕ੍ਰਿਸ਼ਨਨ ਨੂੰ ਟੱਕਰ ਦੇਣਗੇ।

ਆਂਧਰਾ ਪ੍ਰਦੇਸ਼ ਦੇ ਰਹਿਣ ਵਾਲੇ ਰੈਡੀ ਦੇ ਨਾਂਅ ਨੂੰ ਮੰਗਲਵਾਰ ਸਵੇਰੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਰਿਹਾਇਸ਼ 'ਤੇ ਹੋਈ ਵਿਰੋਧੀ ਪਾਰਟੀਆਂ ਦੀ ਮੀਟਿੰਗ ਵਿੱਚ ਅੰਤਮ ਰੂਪ ਦਿੱਤਾ ਗਿਆ।

ਖੜਗੇ ਨੇ ਰੈਡੀ ਦੇ ਨਾਂਅ ਦਾ ਐਲਾਨ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਸੰਵਿਧਾਨਕ ਕਦਰਾਂ-ਕੀਮਤਾਂ ਲਈ ਖੜ੍ਹੇ ਰਹੇ ਹਨ। ਵਿਰੋਧੀ ਧਿਰ ਦੇ ਸਾਰੇ ਸੰਸਦ ਮੈਂਬਰ ਬੁੱਧਵਾਰ ਨੂੰ ਬਾਅਦ ਦੁਪਹਿਰ 1 ਵਜੇ ਪੁਰਾਣੇ ਸੰਸਦ ਭਵਨ ਦੇ ਸੈਂਟਰਲ ਹਾਲ ਵਿੱਚ ਮਿਲਣਗੇ ਤਾਂ ਜੋ ਨਾਮਜ਼ਦ ਉਮੀਦਵਾਰ ਨੂੰ ਰਸਮੀ ਤੌਰ 'ਤੇ ਪੇਸ਼ ਕੀਤਾ ਜਾ ਸਕੇ।

ਟੀ ਐੱਮ ਸੀ ਨੇਤਾ ਡੇਰੇਕ ਓ'ਬ੍ਰਾਇਨ ਨੇ ਪੁਸ਼ਟੀ ਕੀਤੀ ਕਿ ਆਮ ਆਦਮੀ ਪਾਰਟੀ ਵੀ ਇਸ ਫੈਸਲੇ ਨਾਲ ਸਹਿਮਤ ਹੈ। ਉਪ ਰਾਸ਼ਟਰਪਤੀ ਚੋਣ ਲਈ ਰੈਡੀ ਦੀ ਨਾਮਜ਼ਦਗੀ 21 ਅਗਸਤ ਨੂੰ ਦਾਖ਼ਲ ਕੀਤੀ ਜਾਵੇਗੀ।

ਇਸੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਸੰਸਦ ਭਵਨ ਕੰਪਲੈਕਸ ਵਿੱਚ ਸੱਤਾਧਾਰੀ ਗੱਠਜੋੜ ਦੇ ਉਮੀਦਵਾਰ ਸੀ ਪੀ ਰਾਧਾਕ੍ਰਿਸ਼ਨਨ ਨੂੰ ਸਨਮਾਨਤ ਕੀਤਾ ਤੇ ਸਾਰੀਆਂ ਪਾਰਟੀਆਂ ਦੇ ਆਗੂਆਂ ਤੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਪੱਖਪਾਤ ਦੀ ਸਿਆਸਤ ਤੋਂ ਉਪਰ ਉੱਠ ਕੇ ਦੇਸ਼ ਦੇ 15ਵੇਂ ਉਪ ਰਾਸ਼ਟਰਪਤੀ ਦੀ ਚੋਣ ਸਰਬਸੰਮਤੀ ਨਾਲ ਕਰਨ।

## ਮੋਦੀ ਦੇ ਚੀਨ ਦੌਰੇ ਦੀ ਪੁਸ਼ਟੀ



**ਨਵੀਂ ਦਿੱਲੀ** : ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਮੰਗਲਵਾਰ ਪਹਿਲੀ ਵਾਰ ਪੁਸ਼ਟੀ ਕੀਤੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ਼ੰਘਾਈ ਸਹਿਯੋਗ ਜਥੇਬੰਦੀ (ਐੱਸ ਸੀ ਓ) ਦੇ 31 ਅਗਸਤ ਤੇ ਪਹਿਲੀ ਸਤੰਬਰ ਨੂੰ ਤਿਆਨਜਿਨ ਵਿੱਚ ਹੋ ਰਹੇ ਸਿਖਰ ਸੰਮੇਲਨ 'ਚ ਹਿੱਸਾ ਲੈਣ ਚੀਨ ਜਾਣਗੇ। ਇਹ ਐਲਾਨ ਕਰਦਿਆਂ ਡੋਵਾਲ ਨੇ ਕਿਹਾ ਕਿ ਮੋਦੀ ਦੇ ਪਿਛਲੇ ਚੀਨ ਦੌਰੇ ਤੋਂ ਬਾਅਦ ਭਾਰਤ-ਚੀਨ ਸੰਬੰਧਾਂ ਵਿੱਚ ਸੁਧਾਰ ਹੋ ਰਿਹਾ ਹੈ। ਡੋਵਾਲ ਨੇ ਇੱਥੇ ਭਾਰਤ-ਚੀਨ ਸਰਹੱਦੀ ਮਸਲਿਆਂ ਨੂੰ ਹੱਲ ਕਰਨ ਲਈ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨਾਲ ਮੁਲਾਕਾਤ ਕੀਤੀ। ਉਨ੍ਹਾ ਕਿਹਾ ਕਿ ਹਾਲੀਆ ਮਹੀਨਿਆਂ ਤੋਂ ਸਰਹੱਦ 'ਤੇ ਅਮਨ-ਅਮਾਨ ਹੈ। ਦੋਹਾਂ ਦੇਸ਼ਾਂ ਵਿਚਾਲੇ ਦੁੱਵਲੀ ਗੱਲਬਾਤ ਨਾਲ ਚੋਖੀ ਪ੍ਰਗਤੀ ਹੋਈ ਹੈ। ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨੇ ਕਿਹਾ ਕਿ ਦੋਹਾਂ ਦੇਸ਼ਾਂ ਵਿਚਾਲੇ ਹਾਲੀਆ ਸਾਲਾਂ 'ਚ ਟਕਰਾਅ ਇਨ੍ਹਾਂ ਦੇ ਲੋਕਾਂ ਦੇ ਹਿੱਤ ਵਿੱਚ ਨਹੀਂ ਸਨ। ਉਨ੍ਹਾ ਕਿਹਾ ਕਿ ਪਿਛਲੇ ਸਾਲ ਅਕਤੂਬਰ ਵਿੱਚ ਰਾਸ਼ਟਰਪਤੀ ਸ਼ੀ ਜਿਨਪਿੰਗ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਕਜ਼ਾਨ ਵਿੱਚ ਹੋਈ ਮੀਟਿੰਗ ਨੇ ਦੁਵੱਲੇ ਰਿਸ਼ਤਿਆਂ ਵਿੱਚ ਸੁਧਾਰ ਨੂੰ ਨਵੀਂ ਦਿਸ਼ਾ ਅਤੇ ਸਰਹੱਦੀ ਮਸਲਿਆਂ ਨੂੰ ਹੱਲ ਕਰਨ ਦੀਆਂ ਕੋਸ਼ਿਸ਼ਾਂ ਨੂੰ ਤਾਕਤ ਦਿੱਤੀ ਹੈ। ਉਨ੍ਹਾ ਕਿ ਸਰਹੱਦਾਂ 'ਤੇ ਸਥਿਰਤਾ ਹੈ ਤੇ ਉਹ ਮਸਲਿਆਂ ਦੇ ਹੱਲ ਵੱਲ ਵਧ ਰਹੇ ਹਨ।

## ਯੂਕਰੇਨ ਲਈ ਸੁਰੱਖਿਆ ਗਰੰਟੀਆਂ ਬਾਰੇ ਕੰਮ 10 ਦਿਨਾਂ 'ਚ ਪੂਰਾ ਹੋ ਜਾਵੇਗਾ : ਜ਼ੇਲੈਂਸਕੀ



**ਵਾਸ਼ਿੰਗਟਨ** : ਯੂਕਰੇਨੀ ਰਾਸ਼ਟਰਪਤੀ ਵਲਾਦੀਮੀਰ ਜ਼ੇਲੈਂਸਕੀ ਨੇ ਆਪਣੇ ਅਮਰੀਕੀ ਹਮਰੁਤਬਾ ਡੋਨਾਲਡ ਟਰੰਪ ਤੇ ਯੂਰਪੀਅਨ ਆਗੂਆਂ ਨਾਲ ਮੁਲਾਕਾਤ ਤੋਂ ਬਾਅਦ ਮੰਗਲਵਾਰ ਕਿਹਾ ਕਿ ਯੂਕਰੇਨ ਦੀ ਸੁਰੱਖਿਆ ਨਾਲ ਜੁੜੀਆਂ ਜ਼ਾਮਨੀਆਂ ਬਾਰੇ 10 ਦਿਨਾਂ ਅੰਦਰ ਕੰਮ ਕੀਤੇ ਜਾਣ ਦੀ ਸੰਭਾਵਨਾ ਹੈ। ਜ਼ੇਲੈਂਸਕੀ ਨੇ ਆਗੂਆਂ ਨਾਲ ਬੈਠਕਾਂ ਮਗਰੋਂ ਪ੍ਰੈੱਸ ਬ੍ਰੀਫਿੰਗ ਦੌਰਾਨ ਕਿਹਾ, "ਸੁਰੱਖਿਆ ਗਰੰਟੀਆਂ ਸ਼ਾਇਦ ਸਾਡੇ ਭਾਈਵਾਲਾਂ ਵੱਲੋਂ 'ਖੋਲ੍ਹੀਆਂ' ਜਾਣਗੀਆਂ, ਅਤੇ ਹੋਰ ਵੇਰਵੇ ਸਾਹਮਣੇ ਆਉਣਗੇ। ਇਹ ਸਭ ਕੁਝ ਅਗਲੇ ਹਫਤੇ ਤੋਂ 10 ਦਿਨਾਂ ਅੰਦਰ ਰਸਮੀ ਤੌਰ 'ਤੇ ਦਸਤਾਵੇਜ਼ੀ ਰੂਪ ਵਿਚ ਲਾਗੂ ਹੋ ਜਾਵੇਗਾ।"

ਟਰੰਪ ਨੇ ਸੋਮਵਾਰ ਜ਼ੇਲੈਂਸਕੀ ਨੂੰ ਦੱਸਿਆ ਕਿ ਰੂਸ ਨਾਲ ਜੰਗ ਖਤਮ ਕਰਨ ਲਈ ਅਮਰੀਕਾ ਕਿਸੇ ਵੀ ਸਮਝੌਤੇ ਵਿੱਚ ਯੂਕਰੇਨ ਦੀ ਸੁਰੱਖਿਆ ਗਰੰਟੀ ਯਕੀਨੀ ਬਣਾਉਣ ਵਿੱਚ ਮਦਦ ਕਰੇਗਾ, ਹਾਲਾਂਕਿ ਕਿਸੇ ਵੀ ਸਹਾਇਤਾ ਦੀ ਹੱਦ ਤੁਰੰਤ ਸਪੱਸ਼ਟ ਨਹੀਂ ਸੀ। ਯੂਕਰੇਨੀ ਰਾਸ਼ਟਰਪਤੀ ਨੇ ਕਿਹਾ, "ਇਹ ਅਹਿਮ ਹੈ ਕਿ ਅਮਰੀਕਾ ਸਪੱਸ਼ਟ ਸੰਕੇਤ ਭੇਜ ਰਿਹਾ ਹੈ ਕਿ ਉਹ ਤਾਲਮੇਲ ਬਣਾਉਣ ਵਿੱਚ ਮਦਦ ਕਰਨ ਵਾਲੇ ਦੇਸ਼ਾਂ ਵਿੱਚੋਂ ਇੱਕ ਹੋਵੇਗਾ ਅਤੇ ਯੂਕਰੇਨ ਲਈ ਸੁਰੱਖਿਆ ਗਰੰਟੀਆਂ ਵਿੱਚ ਵੀ ਇੱਕ ਭਾਈਵਾਲ ਹੋਵੇਗਾ।" ਜ਼ੇਲੈਂਸਕੀ ਨੇ ਕਿਹਾ, "ਮੇਰਾ ਮੰਨਣਾ ਹੈ ਕਿ ਇਹ ਇੱਕ ਵੱਡੀ ਪੇਸ਼ਕਦਮੀ ਹੈ।" ਹਾਲਾਂਕਿ ਵਾਸ਼ਿੰਗਟਨ ਵਿੱਚ ਮੀਟਿੰਗਾਂ ਤੋਂ ਬਾਅਦ ਇੱਕ ਸ਼ਾਂਤੀ ਸਮਝੌਤਾ ਅਜੇ ਵੀ ਦੂਰ ਦੀ ਗੱਲ ਜਾਪਦਾ ਸੀ। ਜ਼ੇਲੈਂਸਕੀ ਨੇ ਕਿਹਾ ਕਿ ਟਰੰਪ ਨਾਲ ਸੋਮਵਾਰ ਹੋਈ ਮੁਲਾਕਾਤ ਹੁਣ ਤੱਕ ਦੀ ਉਸ ਦੀ ਸਭ ਤੋਂ ਵਧੀਆ ਸੀ।

ਯੂਕਰੇਨੀ ਰਾਸ਼ਟਰਪਤੀ ਨੇ ਕਿਹਾ ਕਿ ਉਹ ਰੂਸ ਨਾਲ 'ਕਿਸੇ ਵੀ ਫਾਰਮੈਟ' ਵਿੱਚ ਮੁਲਾਕਾਤ ਕਰਨ ਲਈ ਤਿਆਰ ਹਨ ਅਤੇ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਦੁਵੱਲੇ ਪੱਧਰ 'ਤੇ ਖੇਤਰੀ ਮੁੱਦਿਆਂ ਬਾਰੇ ਚਰਚਾ ਕੀਤੀ ਜਾਵੇਗੀ। ਹਾਲਾਂਕਿ ਪੁਤਿਨ ਨਾਲ ਸੰਭਾਵਤ ਮੁਲਾਕਾਤ ਲਈ ਅਜੇ ਤੱਕ ਕੋਈ ਵੀ ਤਰੀਕ ਨਿਰਧਾਰਤ ਨਹੀਂ ਕੀਤੀ ਗਈ ਹੈ। ਜ਼ੇਲੈਂਸਕੀ ਨੇ ਕਿਹਾ, "ਖੇਤਰਾਂ ਦਾ ਸਵਾਲ ਇੱਕ ਅਜਿਹੀ ਚੀਜ਼ ਹੈ, ਜੋ ਅਸੀਂ, ਮੇਰੇ ਅਤੇ ਪੁਤਿਨ ਵਿਚਕਾਰ ਛੱਡਾਂਗੇ।' ਰਾਸ਼ਟਰਪਤੀ ਨੇ ਕਿਹਾ ਕਿ ਯੂਕਰੇਨ ਲਈ ਸੁਰੱਖਿਆ ਗਰੰਟੀ ਦਾ ਇੱਕ ਹਿੱਸਾ ਅਮਰੀਕੀ ਹਥਿਆਰਾਂ ਦਾ ਪੈਕੇਜ ਹੈ, ਜਿਸ ਵਿੱਚ 'ਮੁੱਖ ਤੌਰ 'ਤੇ ਜਹਾਜ਼, ਹਵਾਈ ਰੱਖਿਆ ਪ੍ਰਣਾਲੀਆਂ ਸ਼ਾਮਲ ਹਨ।' ਜ਼ੇਲੈਂਸਕੀ ਨੇ ਕਿਹਾ, "ਅਸਲ ਵਿੱਚ 90 ਅਰਬ ਡਾਲਰ ਦੇ ਸਾਡੇ ਪ੍ਰਸਤਾਵਾਂ ਵਾਲਾ ਇੱਕ ਪੈਕੇਜ ਹੈ।"

## ਸੂਰੀਆ ਕਪਤਾਨ ਤੇ ਸ਼ੁਭਮਨ ਉਪ-ਕਪਤਾਨ

**ਮੁੰਬਈ** : ਅਗਲੇ ਮਹੀਨੇ ਦੁਬਈ ਵਿੱਚ ਹੋਣ ਵਾਲੇ ਏਸ਼ੀਆ ਕੱਪ ਟੀ-20 ਮੁਕਾਬਲਿਆਂ ਲਈ ਭਾਰਤੀ ਟੀਮ ਦੀ ਜ਼ਿੰਮੇਵਾਰੀ ਪਹਿਲਾਂ ਵਾਂਗ ਸੂਰੀਆ ਕੁਮਾਰ ਯਾਦਵ ਕੋਲ ਹੀ ਰਹੇਗੀ, ਜਦੋਂਕਿ ਸ਼ੁਭਮਨ ਗਿੱਲ ਨੂੰ ਉਪ ਕਪਤਾਨ ਵਜੋਂ ਸ਼ਾਮਲ ਕੀਤਾ ਗਿਆ ਹੈ। ਤੇਜ਼ ਬੱਲੇਬਾਜ਼ ਰਿੰਕੂ ਸਿੰਘ, ਜਸਪ੍ਰੀਤ ਬੁਮਰਾਹ ਤੇ ਸਪਿੰਨਰ ਕੁਲਦੀਪ ਯਾਦਵ ਵੀ ਟੀਮ ਵਿੱਚ ਥਾਂ ਬਣਾਉਣ 'ਚ ਸਫਲ ਰਹੇ ਹਨ। ਬੱਲੇਬਾਜ਼ ਯਸ਼ਸਵੀ ਜੈਸਵਾਲ ਨੂੰ ਟੀਮ ਵਿੱਚ ਸ਼ਾਮਲ ਨਹੀਂ ਕੀਤਾ ਗਿਆ। ਭਾਰਤ ਪਹਿਲਾ ਮੈਚ 10 ਸਤੰਬਰ ਨੂੰ ਯੂ ਏ ਈ ਖਿਲਾਫ ਖੇਡੇਗਾ। ਭਾਰਤ ਤੇ ਪਾਕਿਸਤਾਨ 14 ਸਤੰਬਰ ਨੂੰ ਭਿੜਨਗੇ। ਟੀਮ ਦੇ ਬਾਕੀ ਮੈਂਬਰ ਅਭਿਸ਼ੇਕ ਸ਼ਰਮਾ, ਹਾਰਦਿਕ ਪੰਡਯਾ, ਅਕਸ਼ਰ ਪਟੇਲ, ਜਿਤੇਸ਼ ਸ਼ਰਮਾ, ਸ਼ਿਵਮ ਦੂਬੇ, ਅਰਸ਼ਦੀਪ ਸਿੰਘ, ਸੰਜੂ ਸੈਮਸਨ, ਹਰਸ਼ਿਤ ਰਾਣਾ, ਤਿਲਕ ਵਰਮਾ ਤੇ ਵਰੁਣ ਚੱਕਰਵਰਤੀ ਹਨ।

## 40 ਮੰਜ਼ਲਾਂ ਜਿੱਡਾ ਰਾਕੇਟ

**ਹੈਦਰਾਬਾਦ** : ਇਸਰੋ ਦੇ ਚੇਅਰਮੈਨ ਵੀ ਨਾਰਾਇਣਨ ਨੇ ਮੰਗਲਵਾਰ ਕਿਹਾ ਕਿ ਪੁਲਾੜ ਖੋਜ ਏਜੰਸੀ 75,000 ਕਿੱਲੋ ਦੇ ਪੇਲੋਡ ਨੂੰ ਧਰਤੀ ਦੇ ਹੇਠਲੇ ਗ੍ਰਹਿ ਪੰਧ 'ਤੇ ਪਾਉਣ ਲਈ 40 ਮੰਜ਼ਲਾ ਇਮਾਰਤ ਜਿੰਨਾ ਉੱਚਾ ਰਾਕੇਟ ਬਣਾਉਣ 'ਤੇ ਕੰਮ ਕਰ ਰਹੀ ਹੈ। ਇੱਥੇ ਉਸਮਾਨੀਆ ਯੂਨੀਵਰਸਿਟੀ ਵਿੱਚ ਕਾਨਵੋਕੇਸ਼ਨ ਭਾਸ਼ਣ ਦਿੰਦਿਆਂ ਨਾਰਾਇਣਨ ਨੇ ਕਿਹਾ ਕਿ ਭਾਰਤ ਕੋਲ ਔਰਬਿਟ ਵਿੱਚ 55 ਉਪਗ੍ਰਹਿ ਹਨ ਅਤੇ ਇਹ ਗਿਣਤੀ ਅਗਲੇ ਤਿੰਨ ਤੋਂ ਚਾਰ ਸਾਲਾਂ ਵਿੱਚ ਤਿੰਨ ਗੁਣਾ ਹੋ ਜਾਵੇਗੀ।

## ਮਨਿਕਾ ਵਿਸ਼ਵਕਰਮਾ ਮਿਸ ਯੂਨੀਵਰਸ ਇੰਡੀਆ ਚੁਣੀ ਗਈ



**ਜੈਪੁਰ** : ਮਿਸ ਯੂਨੀਵਰਸ ਇੰਡੀਆ 2025 ਦਾ ਤਾਜ ਸੋਮਵਾਰ ਜੈਪੁਰ 'ਚ ਮਨਿਕਾ ਵਿਸ਼ਵਕਰਮਾ ਦੇ ਸਿਰ ਸਜਿਆ। ਮਨਿਕਾ ਸ੍ਰੀਗੰਗਾਨਗਰ ਦੀ ਵਸਨੀਕ ਹੈ। ਮਨਿਕਾ ਹੁਣ 21 ਨਵੰਬਰ ਨੂੰ ਥਾਈਲੈਂਡ ਵਿੱਚ ਹੋਣ ਵਾਲੇ 74ਵੇਂ ਮਿਸ ਯੂਨੀਵਰਸ ਮੁਕਾਬਲੇ ਵਿੱਚ ਭਾਰਤ ਦੀ ਨੁਮਾਇੰਦਗੀ ਕਰੇਗੀ।

## ਪੋਤਦਾਰ ਦਾ ਦੇਹਾਂਤ



**ਮੁੰਬਈ** : ਬਜ਼ੁਰਗ ਅਦਾਕਾਰ ਅਚਯੁਤ ਪੋਤਦਾਰ (90) ਦਾ ਮੁੰਬਈ ਦੇ ਹਸਪਤਾਲ ਵਿੱਚ ਸੋਮਵਾਰ ਦੇਹਾਂਤ ਹੋ ਗਿਆ। ਉਨ੍ਹਾਂ ਦੀ ਉਮਰ 90 ਸਾਲ ਤੋਂ ਵੱਧ ਸੀ। ਉਹ 'ਭਾਰਤ ਏਕ ਖੋਜ', 'ਪ੍ਰਧਾਨ ਮੰਤਰੀ' ਤੇ '3 ਇਡੀਅਟਸ' ਜਿਹੀਆਂ ਫਿਲਮਾਂ ਵਿੱਚ ਆਪਣੀ ਭੂਮਿਕਾ ਤੇ ਕਈ ਹੋਰ ਟੀ ਵੀ ਸ਼ੋਅਜ਼ ਲਈ ਮਕਬੂਲ ਸਨ। ਪੋਤਦਾਰ ਨੇ ਟੀ ਵੀ ਸ਼ੋਅ 'ਅੰਦੋਲਨ', 'ਵਾਗਲੇ ਕੀ ਦੁਨੀਆ', 'ਦਬੰਗ 2' ਅਤੇ 'ਫੇਰਾਰੀ ਕੀ ਸਵਾਰੀ' ਵਿੱਚ ਸਹਾਇਕ ਭੂਮਿਕਾਵਾਂ ਨਿਭਾਈਆਂ।

## ਖੇਡ-ਖੇਡ 'ਚ...

**ਫਿਰੋਜ਼ਪੁਰ** : ਇੱਥੇ ਰੋਜ਼ ਐਵੇਨਿਊ ਕਾਲੋਨੀ ਵਿੱਚ ਸੋਮਵਾਰ ਘਰ 'ਚ ਲੋਡਿਡ ਪਿਸਤੌਲ ਨਾਲ ਖੇਡਦਿਆਂ ਗੋਲੀ ਚੱਲਣ ਕਰਕੇ ਜ਼ਖਮੀ ਹੋਏ ਕਰੀਵਮ ਮਲਹੋਤਰਾ (14) ਦੀ ਡੀ ਐੱਮ ਸੀ ਵਿੱਚ ਮੌਤ ਹੋ ਗਈ। ਗੋਲੀ ਉਸ ਦੇ ਦਿਮਾਗ ਵਿੱਚ ਲੱਗੀ ਸੀ। ਕਰੀਵਮ ਸੋਮਵਾਰ ਸਕੂਲ ਤੋਂ ਵਾਪਸ ਆਇਆ ਤੇ ਕੱਪੜੇ ਬਦਲਣ ਲਈ ਅਲਮਾਰੀ ਖੋਲ੍ਹੀ ਤੇ ਉਥੇ ਪਈ ਲੋਡਿਡ ਪਿਸਤੌਲ ਚੁੱਕ ਕੇ ਖੇਡਣ ਲੱਗ ਪਿਆ।

## ਭਾਖੜਾ ਡੈਮ ਦੇ ਫਲੱਡ ਗੇਟ ਖੋਲ੍ਹਣੇ ਪੈ ਗਏ

**ਨੰਗਲ (ਸੁਰਜੀਤ ਸਿੰਘ ਢੇਰ)**-ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਡੈਮ ਦੀ ਸਮਰੱਥਾ ਦੇ ਨੇੜੇ ਤੱਕ ਆ ਜਾਣ ਕਾਰਨ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੇ ਮੰਗਲਵਾਰ ਨਿਯੰਤਰਤ ਤਰੀਕੇ ਨਾਲ ਪਾਣੀ ਛੱਡਣਾ ਸ਼ੁਰੂ ਕਰ ਦਿੱਤਾ।

ਡੈਮ ਦੇ ਫਲੱਡ ਗੇਟ ਬਾਅਦ ਦੁਪਹਿਰ 3 ਵਜੇ ਖੋਲ੍ਹੇ ਗਏ। ਪਹਿਲੇ ਪੜਾਅ ਵਿੱਚ ਫਲੱਡ ਗੇਟ ਇੱਕ ਫੁੱਟ ਤੱਕ ਖੋਲ੍ਹੇ ਗਏ ਸਨ, ਦੂਜੇ ਪੜਾਅ ਵਿੱਚ ਦੋ ਫੁੱਟ ਤੱਕ ਪਾਣੀ ਛੱਡਿਆ ਜਾਵੇਗਾ। ਤੀਜੇ ਪੜਾਅ ਵਿੱਚ ਰੇਡੀਅਲ ਅਤੇ ਹੜ੍ਹ ਕੰਟਰੋਲ ਗੇਟਾਂ ਸਮੇਤ ਤਿੰਨ ਫੁੱਟ ਤੱਕ ਪਾਣੀ ਖੋਲ੍ਹ ਦਿੱਤਾ ਜਾਵੇਗਾ। ਬੋਰਡ ਪ੍ਰਸ਼ਾਸਨ ਨੇ ਅਧਿਕਾਰੀਆਂ ਨੂੰ ਪਾਣੀ ਛੱਡਣ ਦੀ ਪ੍ਰਕਿਰਿਆ ਨੂੰ ਸੁਰੱਖਿਅਤ ਅਤੇ ਸੁਚਾਰੂ ਬਣਾਉਣ ਲਈ ਯੋਜਨਾ ਦੀ ਸਖਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਸੂਤਰਾਂ ਨੇ ਦੱਸਿਆ ਕਿ ਨਿਯਮਾਂ ਅਨੁਸਾਰ 19 ਅਗਸਤ ਤੱਕ ਡੈਮ • ਬਾਕੀ ਸਫਾ 2 'ਤੇ

## ਹਾਈਬ੍ਰਿਡ ਕਿਸਮਾਂ ਦੇ ਝੋਨੇ ਦੀ ਖਰੀਦ ਨੂੰ ਲੈ ਕੇ ਸੰਕਟ

**ਚੰਡੀਗੜ੍ਹ** : ਸਾਉਣੀ ਦੇ ਮਾਰਕੀਟਿੰਗ ਸੀਜ਼ਨ ਦੌਰਾਨ ਪੰਜਾਬ ਵਿੱਚ ਝੋਨੇ ਦੀ ਖਰੀਦ ਨੂੰ ਲੈ ਕੇ ਸੰਕਟ ਦਰਪੇਸ਼ ਹੈ। ਪਿਛਲੇ ਸਾਲ ਵਾਂਗ ਚੌਲ ਮਿੱਲਰਾਂ ਨੇ ਐਲਾਨਿਆ ਹੈ ਕਿ ਉਹ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਮਿਲਿੰਗ ਨਹੀਂ ਕਰਨਗੇ। ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੋਮਵਾਰ ਅਜਿਹੀਆਂ ਕਿਸਮਾਂ 'ਤੇ ਸੂਬਾ ਸਰਕਾਰ ਵੱਲੋਂ ਲਗਾਈ ਪਾਬੰਦੀ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਸੀ। ਪੰਜਾਬ ਰਾਈਸ ਮਿੱਲਰਜ਼ ਇੰਡਸਟਰੀ ਦੇ ਉਪ-ਪ੍ਰਧਾਨ ਰਣਜੀਤ ਸਿੰਘ ਜੋਸਨ ਨੇ ਦੱਸਿਆ, ਝੋਨੇ ਦਾ ਉਤਪਾਦਨ ਅਨੁਪਾਤ 66 ਫੀਸਦ ਹੈ, ਪਰ ਹਾਈਬ੍ਰਿਡ ਕਿਸਮਾਂ ਵਿੱਚ ਟੁੱਟੇ ਹੋਏ ਚੌਲ 43-45 ਫੀਸਦ ਹਨ। ਇਸ ਲਈ ਮਿੱਲਰਾਂ ਨੂੰ ਬਾਜ਼ਾਰ ਤੋਂ ਆਪਣੀ ਕੀਮਤ 'ਤੇ ਚੌਲ ਖਰੀਦਣੇ ਪੈਂਦੇ ਹਨ ਅਤੇ 66 ਪ੍ਰਤੀਸ਼ਤ ਮਿੱਲ ਕੀਤੇ ਚੌਲ ਸਰਕਾਰ ਨੂੰ ਦੇਣੇ ਪੈਂਦੇ ਹਨ।"

ਚੌਲ ਮਿਲਿੰਗ ਉਦਯੋਗ ਦੇ ਦਬਾਅ ਹੇਠ ਪੰਜਾਬ ਸਰਕਾਰ ਨੇ ਨੋਟੀਫਾਈ ਤੇ ਗੈਰ-ਨੋਟੀਫਾਈ ਦੋਵਾਂ ਤਰ੍ਹਾਂ ਦੇ ਹਾਈਬ੍ਰਿਡ ਬੀਜਾਂ ਦੀ ਵਰਤੋਂ 'ਤੇ ਪਾਬੰਦੀ ਲਗਾ ਦਿੱਤੀ ਸੀ। ਪਿਛਲੇ ਸਾਲ ਚੌਲ ਮਿੱਲਰਾਂ ਨੇ ਹਾਈਬ੍ਰਿਡ ਝੋਨੇ ਅਤੇ ਪੂਸਾ 44 ਕਿਸਮਾਂ ਦੀ ਮਿਲਿੰਗ ਤੋਂ ਇਹ ਕਹਿੰਦਿਆਂ ਇਨਕਾਰ ਕਰ ਦਿੱਤਾ ਸੀ ਕਿ ਇਨ੍ਹਾਂ ਕਿਸਮਾਂ ਵਿੱਚ ਮਿਲਿੰਗ ਦੌਰਾਨ ਟੁੱਟੇ ਦਾਣੇ ਦੀ ਫੀਸਦ ਹੋਰ ਝੋਨੇ ਦੀਆਂ ਕਿਸਮਾਂ ਦੇ ਮੁਕਾਬਲੇ ਬਹੁਤ ਜ਼ਿਆਦਾ ਸੀ। ਕਿਸਾਨਾਂ, ਸਰਕਾਰ ਅਤੇ ਚੌਲ ਉਦਯੋਗ ਦਰਮਿਆਨ ਪਿਛਲੇ ਕਰੀਬ ਇੱਕ ਮਹੀਨੇ ਦੇ ਜਾਰੀ ਟਕਰਾਅ ਤੋਂ ਬਾਅਦ ਮਿੱਲਰ ਇਨ੍ਹਾਂ ਕਿਸਮਾਂ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਕੀਮਤ 'ਤੇ ਕਟੌਤੀ ਕਰਨ ਤੋਂ ਬਾਅਦ, ਹਾਈਬ੍ਰਿਡ ਝੋਨੇ ਦੀਆਂ ਕਿਸਮਾਂ ਦੀ ਮਿਲਿੰਗ ਲਈ ਸਹਿਮਤ ਹੋਏ ਹਨ। ਇਸ ਸਾਲ, 32.49 ਲੱਖ ਹੈਕਟੇਅਰ ਜ਼ਮੀਨ ਝੋਨੇ ਦੀ ਕਾਸ਼ਤ ਹੇਠ ਹੈ, ਜਿਸ ਵਿੱਚੋਂ 6.81 ਲੱਖ ਹੈਕਟੇਅਰ ਬਾਸਮਤੀ ਕਿਸਮਾਂ ਹੇਠ ਹੈ। ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਭਾਵੇਂ ਹਾਈਬ੍ਰਿਡ ਕਿਸਮਾਂ 'ਤੇ ਪਾਬੰਦੀ ਲਗਾਈ ਗਈ ਸੀ, ਪਰ ਕਿਸਾਨਾਂ ਨੇ ਇਨ੍ਹਾਂ ਨੂੰ ਉਗਾਉਣਾ ਜਾਰੀ ਰੱਖਿਆ। ਮਾਝਾ ਵਿੱਚ, ਹਾਈਬ੍ਰਿਡ ਕਿਸਮਾਂ ਅਧੀਨ ਰਕਬਾ ਕਾਫੀ ਵਧਿਆ ਹੈ, ਕਿਉਂਕਿ ਇਹ ਮੁੱਖ ਤੌਰ 'ਤੇ ਵਧੇਰੇ ਝਾੜ ਦਿੰਦੀਆਂ ਹਨ। ਹਾਈ ਕੋਰਟ ਨੇ ਸੋਮਵਾਰ ਪੰਜਾਬ ਸਰਕਾਰ ਦੇ 7 ਅਪਰੈਲ ਦੇ ਹੁਕਮ ਨੂੰ ਰੱਦ ਕਰ ਦਿੱਤਾ ਸੀ, ਜਿਸ ਵਿੱਚ ਰਾਜ ਵਿੱਚ ਹਾਈਬ੍ਰਿਡ ਝੋਨੇ ਦੇ ਬੀਜਾਂ ਦੀ ਵਰਤੋਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਗਈ ਸੀ।

ਕੋਰਟ ਨੇ ਕਿਹਾ ਕਿ ਇਸ ਹੁਕਮ ਦਾ ਕੋਈ ਠੋਸ ਕਾਨੂੰਨੀ ਅਧਾਰ ਨਹੀਂ ਹੈ, ਕਿਉਂਕਿ 1966 ਦੇ ਬੀਜ ਐਕਟ ਤਹਿਤ ਕੋਈ ਵੀ ਸੂਬਾ ਭਾਰਤ ਸਰਕਾਰ ਵੱਲੋਂ ਨਿਯਮਤ ਤੌਰ 'ਤੇ ਸੂਚਤ ਕਿਸਮਾਂ ਦੀ ਵਰਤੋਂ 'ਤੇ ਪਾਬੰਦੀ ਨਹੀਂ ਲਗਾ ਸਕਦਾ। ਅਦਾਲਤ ਨੇ 4 ਅਪਰੈਲ ਅਤੇ 10 ਅਪਰੈਲ, 2019 ਦੇ ਪ੍ਰਸ਼ਾਸਕੀ ਹੁਕਮਾਂ ਨੂੰ ਬਰਕਰਾਰ ਰੱਖਿਆ, ਜਿਸ ਵਿੱਚ ਸੂਚਤ ਕਿਸਮਾਂ ਦੀ ਆਗਿਆ ਦਿੰਦੇ ਹੋਏ ਗੈਰ-ਨੋਟੀਫਾਈਡ ਹਾਈਬ੍ਰਿਡ ਬੀਜਾਂ ਦੀ ਵਰਤੋਂ 'ਤੇ ਪਾਬੰਦੀ ਲਗਾਈ ਗਈ ਸੀ।

## ਜੈਸ਼ੰਕਰ ਰੂਸ ਰਵਾਨਾ

**ਨਵੀਂ ਦਿੱਲੀ** : ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਤਿੰਨ ਰੋਜ਼ਾ ਫੇਰੀ ਲਈ ਮੰਗਲਵਾਰ ਮਾਸਕੋ ਰਵਾਨਾ ਹੋ ਗਏ। ਉਨ੍ਹਾ ਦੀ ਇਸ ਫੇਰੀ ਦਾ ਮੁੱਖ ਮਕਸਦ ਭਾਰਤ-ਰੂਸ ਦੀ ਸਮੇਂ ਦੀ ਕਸੌਟੀ 'ਤੇ ਖਰੀ ਉਤਰੀ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨਾ ਹੈ। ਜੈਸ਼ੰਕਰ ਅਜਿਹੇ ਮੌਕੇ ਰੂਸ ਗਏ ਹਨ ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤੀ ਵਸਤਾਂ 'ਤੇ ਟੈਰਿਫ (ਟੈਕਸ) ਦੁੱਗਣਾ ਕਰਕੇ 50 ਫੀਸਦ ਕੀਤੇ ਜਾਣ ਦੇ ਫੈਸਲੇ ਕਰਕੇ ਭਾਰਤ-ਅਮਰੀਕਾ ਰਿਸ਼ਤਿਆਂ ਵਿੱਚ ਤਣਾਅ ਹੈ। ਇਸ ਟੈਕਸ ਵਿੱਚ ਰੂਸ ਤੋਂ ਕੱਚੇ ਤੇਲ ਦੀ ਖਰੀਦ 'ਤੇ ਲਗਾਇਆ ਗਿਆ 25 ਫੀਸਦ ਜੁਰਮਾਨਾ ਵੀ ਸ਼ਾਮਲ ਹੈ।

## ਏਕ ਬਿਹਾਰੀ ਸਬ ਪਰ ਭਾਰੀ



**ਨਵਾਦਾ (ਬਿਹਾਰ)** : ਮੰਗਲਵਾਰ ਇੱਥੇ ਵੋਟ ਅਧਿਕਾਰ ਯਾਤਰਾ ਦੌਰਾਨ ਰਾਹੁਲ ਗਾਂਧੀ ਤੇ ਤੇਜਸਵੀ ਯਾਦਵ ਨੇ ਭਾਜਪਾ ਤੇ ਚੋਣ ਕਮਿਸ਼ਨ 'ਤੇ ਗਰੀਬਾਂ, ਦਲਿਤਾਂ, ਪੱਛੜਿਆਂ ਤੇ ਘੱਟ ਗਿਣਤੀ ਲੋਕਾਂ ਦੇ ਵੋਟ ਦਾ ਅਧਿਕਾਰ ਖੋਹਣ ਦਾ ਦੋਸ਼ ਲਾਇਆ। ਰਾਹੁਲ ਨੇ ਕਿਹਾ ਕਿ ਬਿਹਾਰ ਵਿੱਚ ਲੱਖਾਂ ਅਜਿਹੇ ਲੋਕ ਹਨ, ਜਿਨ੍ਹਾਂ ਪਿਛਲੀਆਂ ਚੋਣਾਂ 'ਚ ਵੋਟਾਂ ਪਾਈਆਂ ਸਨ, ਪਰ ਹੁਣ ਉਨ੍ਹਾਂ ਦੇ ਨਾਂਅ ਕੱਟ ਦਿੱਤੇ ਗਏ ਹਨ। ਨਰਿੰਦਰ ਮੋਦੀ, ਅਮਿਤ ਸ਼ਾਹ ਤੇ ਚੋਣ ਕਮਿਸ਼ਨ ਮਿਲ ਕੇ ਵੋਟ ਚੁਰਾ ਰਹੇ ਹਨ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਾਜ਼ਿਸ਼ ਖਿਲਾਫ ਖੜ੍ਹੇ ਹੋ ਕੇ ਆਪਣੀ ਵੋਟ ਦੀ ਰਾਖੀ ਕਰਨ। ਤੇਜਸਵੀ ਯਾਦਵ ਨੇ ਕਿਹਾ—ਇਹ ਲੋਕ ਸੋਚਦੇ ਹਨ ਕਿ ਬਿਹਾਰ ਦੇ ਲੋਕਾਂ ਨੂੰ ਚੂਨਾ ਲਾ ਦੇਣਗੇ, ਪਰ ਇਹ ਭੁੱਲਦੇ ਹਨ ਕਿ ਅਸੀਂ ਬਿਹਾਰੀ ਹਾਂ। ਏਕ ਬਿਹਾਰੀ ਸਬ ਪਰ ਭਾਰੀ। ਇਹ ਕਹਿਣ 'ਤੇ ਲੋਕਾਂ ਨੇ ਤਾੜੀਆਂ ਵਜਾਈਆਂ।

## ਕੈਨੇਡਾ 'ਚ ਪਿਕਸ ਦੇ ਸੀ ਈ ਓ ਸਤਬੀਰ ਸਿੰਘ ਚੀਮਾ 'ਤੇ ਹਮਲਾ




**ਵਿਨੀਪੈਗ** : ਸਰੀ ਵਿੱਚ ਗੈਰ-ਮੁਨਾਫਾ ਤੇ ਇੰਟਰ ਕਲਚਰਲ ਕਮਿਊਨਿਟੀ ਸੇਵਾਵਾਂ ਲਈ ਪ੍ਰਸਿੱਧ ਸੰਸਥਾ 'ਪਿਕਸ' ਦੇ ਸੀ ਈ ਓ ਸਤਬੀਰ ਸਿੰਘ ਚੀਮਾ ਉਪਰ ਨਕਾਬਪੋਸ਼ ਨੇ ਖਤਰਨਾਕ ਸਪਰੇਅ ਨਾਲ ਜਿਸਮਾਨੀ ਹਮਲਾ ਕੀਤਾ। ਉਹ ਰੋਜ਼ਾਨਾ ਦੀ ਤਰ੍ਹਾਂ ਸ਼ਾਮ ਨੂੰ ਛੁੱਟੀ ਕਰ ਕੇ 127 ਸਟਰੀਟ ਤੇ 80 ਐਵੇਨਿਊ ਉਪਰ ਸਥਿਤ ਪਿਕਸ ਦੇ ਦਫਤਰ 'ਚੋਂ ਬਾਹਰ ਨਿਕਲ ਰਹੇ ਸਨ।

ਪੁਲਸ ਵੱਲੋਂ ਇਸ ਹਮਲੇ ਦੀ ਘਟਨਾ ਸੰਬੰਧੀ ਪ੍ਰਾਪਤ ਵੀਡੀਓ ਵਿੱਚ ਸਾਫ ਦਿਖਾਈ ਦਿੰਦਾ ਹੈ ਕਿ ਜਦੋਂ ਚੀਮਾ ਆਪਣੇ ਦਫਤਰ 'ਚੋਂ ਨਿਕਲ ਕੇ ਸਾਹਮਣੇ ਪਾਰਕਿੰਗ ਲਾਟ 'ਚ ਆਪਣੀ ਕਾਰ ਦਾ ਡਰਾਈਵਿੰਗ ਡੋਰ ਖੋਲ੍ਹ ਰਹੇ ਸਨ ਤਾਂ ਪਾਰਕਿੰਗ ਦੇ ਦੂਸਰੇ ਪਾਸੇ ਤੋਂ ਇੱਕ ਚਿੱਟੇ ਰੰਗ ਦਾ ਡੌਜ ਟਰੱਕ ਉਨ੍ਹਾ ਦੀ ਕਾਰ ਅੱਗੇ ਆ ਕੇ ਰਸਤਾ ਰੋਕਦਾ ਹੈ। ਟਰੱਕ 'ਚੋਂ ਨਕਾਬਪੋਸ਼ ਨਿਕਲਦਾ ਹੈ ਤੇ ਕੁਝ ਬੋਲਦਾ ਹੋਇਆ ਉਨ੍ਹਾ ਵੱਲ ਵਧਦਾ ਹੈ। ਨਕਾਬਪੋਸ਼ ਤੇ ਸ਼ੱਕੀ ਵਿਅਕਤੀ ਨੂੰ ਵੇਖਦਿਆਂ ਚੀਮਾ ਆਪਣੀ ਕਾਰ ਦੇ ਓਹਲੇ ਹੋਣ ਦਾ ਯਤਨ ਕਰਦੇ ਹਨ ਕਿ ਹਮਲਾਵਰ ਹੱਥ ਵਿਚ ਫੜੀ ਸਪਰੇਅ ਉਨ੍ਹਾ ਉਪਰ ਜ਼ੋਰਦਾਰ ਢੰਗ ਨਾਲ ਸੁੱਟਣ ਦੀ ਕੋਸ਼ਿਸ਼ ਕਰਦਾ ਹੈ। ਪੁਲਸ ਨੇ ਇਸ ਘਟਨਾ ਨੂੰ ਸ਼ੱਕੀ ਵਿਅਕਤੀਆਂ ਵੱਲੋਂ ਹਮਲਾ ਕਰਾਰ ਦਿੱਤਾ ਹੈ। ਚੀਮਾ ਨੇ ਸੰਪਰਕ ਕਰਨ 'ਤੇ ਦੱਸਿਆ ਕਿ ਇੱਕ ਹਮਲਾਵਰ ਨੇ ਉਨ੍ਹਾ ਨੂੰ ਕੋਲ ਆ ਕੇ ਗੱਲ ਸੁਣਨ ਲਈ ਕਿਹਾ, ਪਰ ਹਮਲਾਵਰ ਦੇ ਨਕਾਬ ਪਾਇਆ ਹੋਣ ਕਰਕੇ ਉਹ ਚੌਕੰਨੇ ਹੋ ਗਏ ਤੇ ਭਾਂਪ ਗਏ ਕਿ ਨਕਾਬਪੋਸ਼ ਕਿਸੇ ਬਦਨੀਤੀ ਨਾਲ ਉਨ੍ਹਾ ਵੱਲ ਵਧ ਰਿਹਾ ਹੈ। ਉਹ ਬਚਾਅ ਦੀ ਕੋਸ਼ਿਸ਼ ਵਜੋਂ ਆਪਣੀ ਕਾਰ ਦੇ ਦੂਸਰੇ ਪਾਸੇ ਖਿਸਕ ਗਏ, ਪਰ ਇਸ ਦੌਰਾਨ ਹੀ ਹਮਲਾਵਰ ਨੇ ਉਨ੍ਹਾ ਉਪਰ ਸਪਰੇਅ ਮਾਰਨ ਦੀ ਕੋਸ਼ਿਸ਼ ਕੀਤੀ। ਉਹ ਦੌੜ ਕੇ ਹਮਲਾਵਰ ਤੋਂ ਕੁਝ ਕਦਮ ਦੂਰ ਚਲੇ ਗਏ। ਫਿਰ ਹਮਲਾਵਰ ਸਟਾਰਟ ਖੜ੍ਹੇ ਟਰੱਕ ਵਿੱਚ ਬੈਠ ਕੇ ਖਿਸਕ ਗਿਆ। ਚੀਮਾ ਦੀ ਅਗਵਾਈ ਹੇਠ ਬੀ ਸੀ ਸਰਕਾਰ ਅਤੇ ਦਾਨੀਆਂ ਦੀ ਸਹਾਇਤਾ ਨਾਲ ਬਜ਼ੁਰਗਾਂ ਦੀ ਸਾਂਭ-ਸੰਭਾਲ ਲਈ ਗੁਰੂ ਨਾਨਕ ਡਾਇਵਰਸਿਟੀ ਵਿਲੇਜ ਨਾਂਅ ਦਾ ਵੱਡਾ ਪ੍ਰੋਜੈਕਟ ਬਣਨ ਜਾ ਰਿਹਾ ਹੈ। ਕੁਝ ਲੋਕਾਂ ਵਲੋਂ ਉਨ੍ਹਾਂ ਉਪਰ ਸੰਸਥਾ ਦੇ ਫੰਡਾਂ ਦੀ ਦੁਰਵਰਤੋਂ ਦੇ ਦੋਸ਼ ਲਗਾਏ ਗਏ ਸਨ, ਜਿਨ੍ਹਾਂ ਖਿਲਾਫ ਉਨ੍ਹਾ ਮਾਣਹਾਨੀ ਦਾ ਮੁਕੱਦਮਾ ਕੀਤਾ ਹੋਇਆ ਹੈ।

## ਗਦਰੀ ਬਾਬਿਆਂ ਦੇ ਮੇਲੇ ਦੀ ਕਾਮਯਾਬੀ ਲਈ ਪੂਰਨ ਸਹਿਯੋਗ ਦਾ ਸੱਦਾ

**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਮੈਂਬਰ ਨਾਮਵਰ ਨਾਟਕਕਾਰ, ਨਿਰਦੇਸ਼ਕ ਅਤੇ ਅਦਾਕਾਰ ਮਰਹੂਮ ਪ੍ਰੋ. ਅਜਮੇਰ ਸਿੰਘ ਔਲਖ ਦੇ ਜਨਮ ਦਿਹਾੜੇ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਨੇ ਮੰਗਲਵਾਰ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਉਹਨਾ ਦੀ ਲੰਮੀ, ਅਣਥੱਕ ਅਤੇ ਪ੍ਰੇਰਨਾਦਾਇਕ ਮਿਸਾਲੀ ਘਾਲਣਾ ਨੂੰ ਸਿਜਦਾ ਕੀਤਾ।

ਦੇਸ਼ ਭਗਤ ਯਾਦਗਾਰ ਕਮੇਟੀ ਨੇ ਇਸ ਮੌਕੇ ਕਿਹਾ ਕਿ ਪ੍ਰੋ. ਅਜਮੇਰ ਸਿੰਘ ਵਰਗੀਆਂ ਸ਼ਖਸੀਅਤਾਂ ਕਦੇ ਮਰਿਆ ਨਹੀਂ ਕਰਦੀਆਂ। ਉਹਨਾਂ ਦੇ ਵਿਛੜਨ ਦਾ ਵੇਲ਼ਾ ਵੀ ਉਹਨਾਂ ਨੂੰ ਮਿਲਣ ਦਾ ਵੇਲਾ ਹੁੰਦਾ ਹੈ। ਉਹਨਾ ਦਾ ਜਨਮ ਦਿਹਾੜਾ ਰਵਾਇਤੀ ਅੰਦਾਜ਼ ਵਿੱਚ ਨਹੀਂ, ਸਗੋਂ ਨਵੇਂ ਵਿਚਾਰਾਂ, ਆਦਰਸ਼ਾਂ ਅਤੇ ਨਵੇਂ ਰਾਹਾਂ ਦੇ ਰਾਹੀ ਬਣਨ ਦੇ ਅਹਿਦ ਨਾਲ ਹੀ ਮਨਾਇਆ ਜਾਣਾ ਚਾਹੀਦਾ ਹੈ।ਕਮੇਟੀ ਆਗੂਆਂ ਨੇ ਕਿਹਾ ਕਿ ਅੱਜ ਕਿਸਾਨੀ, ਬੇਜ਼ਮੀਨੇ ਲੋਕਾਂ ਦੇ ਗੰਭੀਰ ਸੰਕਟ, 'ਐਂ ਕਿਵੇਂ ਖੋਹ ਲੈਣਗੇ ਜ਼ਮੀਨਾਂ ਸਾਡੀਆਂ' ਵਰਗੇ ਨਾਟਕਾਂ ਦੀ ਸਿਰਜਣਾ, 'ਐਸੇ ਜਨ ਵਿਰਲੇ ਸੰਸਾਰਿ', 'ਅੰਨ੍ਹੇ ਨਿਸ਼ਾਨਚੀ' ਵਰਗੇ ਨਾਟਕਾਂ ਤੋਂ ਇਲਾਵਾ ਇਸ ਵਰ੍ਹੇ ਜਦੋਂ ਗ਼ਦਰੀ ਗੁਲਾਬ ਕੌਰ ਦੀ ਵਿਛੋੜਾ ਸ਼ਤਾਬਦੀ ਚੱਲ ਰਹੀ ਹੈ, ਉਸ ਮੌਕੇ ਉਹਨਾ ਦਾ ਸਿਰਜਿਆ ਨਾਟਕ 'ਤੂੰ ਚਰਖਾ ਘੂਕਦਾ ਰੱਖ ਜਿੰਦੇ' ਪਿੰਡ-ਪਿੰਡ, ਸਭਨਾਂ ਵਿੱਦਿਅਕ ਅਦਾਰਿਆਂ ਵਿੱਚ ਲਿਜਾਣ ਦੀ ਲੋੜ ਹੈ।



ਜ਼ਿਕਰਯੋਗ ਹੈ ਕਿ ਦੇਸ਼ ਭਗਤ ਯਾਦਗਾਰ ਕਮੇਟੀ ਨੇ ਇਸ ਵਾਰ ਗ਼ਦਰੀ ਗੁਲਾਬ ਕੌਰ ਨੂੰ ਸਮਰਪਤ ਕੀਤਾ ਹੈ 'ਮੇਲਾ ਗ਼ਦਰੀ ਬਾਬਿਆਂ ਦਾ।' ਬੈਠਕ ਵਿਚ ਫ਼ੈਸਲਾ ਕੀਤਾ ਗਿਆ ਕਿ 30, 31 ਅਕਤੂਬਰ ਅਤੇ ਪਹਿਲੀ ਨਵੰਬਰ ਹੋ ਰਹੇ 34ਵੇਂ ਤਿੰਨ ਰੋਜ਼ਾ ਮੇਲਾ ਗ਼ਦਰੀ ਬਾਬਿਆਂ ਦੇ ਸਭਨਾਂ ਮੁਕਾਬਲਿਆਂ ਅਤੇ ਪੇਸ਼ਕਾਰੀਆਂ ਬਾਰੇ ਵਿਚਾਰ-ਚਰਚਾ ਕਰਨ ਲਈ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਗਠਤ ਕੀਤੇ ਸੱਭਿਆਚਾਰਕ ਵਿੰਗ ਦੀ ਮੀਟਿੰਗ 30 ਅਗਸਤ ਸਵੇਰੇ 11 ਵਜੇ ਸਥਾਨਕ ਹਾਲ ਵਿੱਚ ਹੋਏਗੀ।

ਬੈਠਕ 'ਚ ਕੀਤੀਆਂ ਵਿਚਾਰਾਂ 'ਚ ਪੰਜਾਬ ਦੀਆਂ ਯੂਨੀਵਰਸਿਟੀਆਂ ਵਿੱਚ ਭਗਵਾਂ ਰੰਗ ਗੂਹੜਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਨਿੰਦਾ ਕੀਤੀ ਗਈ। ਜੰਮੂ-ਕਸ਼ਮੀਰ ਵਿੱਚ ਮੁਲਕ ਦੇ ਉੱਘੇ ਵਿਦਵਾਨਾਂ ਦੀਆਂ 25 ਕਿਤਾਬਾਂ ਉਪਰ ਪਾਬੰਦੀ ਮੜ੍ਹਨ ਦਾ ਵਿਰੋਧ ਕੀਤਾ ਗਿਆ।

ਬੈਠਕ 'ਚ ਲੋਕਾਂ ਨੂੰ ਚੌਕੰਨੇ ਰਹਿਣ ਦੀ ਅਪੀਲ ਕੀਤੀ ਗਈ ਕਿ ਲੈਂਡ ਪੂਲਿੰਗ ਨੀਤੀ ਭਾਵੇਂ ਵਾਪਸ ਹੋ ਗਈ ਹੈ, ਪਰ ਆਬਾਦਕਾਰਾਂ ਅਤੇ ਬੇਜ਼ਮੀਨੇ ਲੋਕਾਂ ਦੇ ਜ਼ਮੀਨ ਨਾਲ ਜੁੜਵੇਂ ਸਰੋਕਾਰਾਂ ਦਾ ਮਸਲਾ ਅਜੇ ਖੜ੍ਹਾ ਹੈ, ਇਸ 'ਤੇ ਵੀ ਵਿਚਾਰਾਂ ਹੋਈਆਂ। ਪਰਵਾਸ ਦੇ ਦਿਨ-ਬ-ਦਿਨ ਗੰਭੀਰ ਹੋ ਰਹੇ ਮੁੱਦੇ, ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਉਪਰ ਹੱਲੇ ਅਤੇ ਪੰਜਾਬ ਅੰਦਰ • ਬਾਕੀ ਸਫਾ 2 'ਤੇ

## ਹੁਸੈਨੀਵਾਲਾ ਬਾਰਡਰ ਤੋਂ ਜਥਾ ਭਲਕੇ ਚੱਲੇਗਾ



**ਫਿਰੋਜ਼ਪੁਰ (ਜੀਤ ਕੁਮਾਰ)**

ਭਾਰਤੀ ਕਮਿਊਨਿਸਟ ਪਾਰਟੀ ਦੇ ਚੰਡੀਗੜ੍ਹ ਵਿਖੇ ਹੋ ਰਹੇ ਮਹਾਂ-ਸੰਮੇਲਨ ਅਤੇ 21 ਸਤੰਬਰ ਦੀ ਰੈਲੀ ਦੀ ਤਿਆਰੀ ਲਈ ਫਿਰੋਜ਼ਪੁਰ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਜੀਤ ਕੁਮਾਰ ਚੌਹਾਨਾਂ ਦੀ ਪ੍ਰਧਾਨਗੀ ਹੇਠ ਸੁਤੰਤਰ ਭਵਨ ਫਿਰੋਜ਼ਪੁਰ ਵਿਖੇ ਹੋਈ। ਨਰਿੰਦਰ ਕੌਰ ਸੋਹਲ ਇੰਚਾਰਜ ਫਿਰੋਜ਼ਪੁਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੇ ਮਹਾਂ-ਸੰਮੇਲਨ ਲਈ ਲੱਗੇ ਕੋਟਾ ਫੰਡ ਨੂੰ ਇਕੱਠਾ ਕਰਕੇ ਜਲਦੀ ਸੂਬਾ ਦਫਤਰ ਵਿੱਚ ਜਮ੍ਹਾਂ ਕਰਵਾਇਆ ਜਾਵੇ।ਉਹਨਾ ਕਿਹਾ ਕਿ ਮਹਾਂ-ਸੰਮੇਲਨ ਅਤੇ 21 ਸਤੰਬਰ ਦੀ ਰੈਲੀ ਨੂੰ ਸਫਲ ਬਣਾਉਣ ਲਈ ਇਲਾਕੇ ਦੇ ਪਿੰਡਾਂ ਵਿੱਚ ਜਥਾ ਮਾਰਚ ਕੀਤਾ ਜਾ ਰਿਹਾ ਹੈ, ਜੋ 21 ਅਗਸਤ ਨੂੰ ਸਵੇਰੇ 11 ਵਜੇ ਹੁਸੈਨੀਵਾਲਾ ਬਾਰਡਰ ਤੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਤੋਂ ਉਪਰੰਤ ਸ਼ੁਰੂ ਹੋਵੇਗਾ ਅਤੇ ਪਿੰਡਾਂ ਵਿੱਚ ਦੀ ਹੁੰਦਾ ਹੋਇਆ ਵਾਇਆ ਮਮਦੋਟ ਤੋਂ ਲਗਭਗ 3 ਵਜੇ ਪਿੰਡ ਰਾਉਕੇ ਪਹੁੰਚੇਗਾ। ਇਸ ਉਪਰੰਤ ਦੂਸਰੇ ਪੜਾਅ ਵਿੱਚ ਪਿੰਡ ਬਹਾਦਰਕੇ ਤੋਂ ਬਾਜੇ ਕੇ, ਪਿੰਡੀ ਤੋਂ ਹੁੰਦਾ ਹੋਇਆ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨੂੰ ਸੰਬੋਧਨ ਕਰਦਾ ਹੋਇਆ ਸ਼ਾਮ ਨੂੰ ਪਿੰਡ ਪੀਰ ਬਖਸ਼ ਚੌਹਾਨ ਪਹੁੰਚੇਗਾ ਅਤੇ ਰਾਤ ਪਿੰਡ ਪੀਰ ਬਖਸ਼ ਚੌਹਾਨ ਠਹਿਰੇਗਾ। ਜਥਾ ਮਾਰਚ ਦੌਰਾਨ ਲਗਭਗ 40 ਤੋਂ 50 ਮੋਟਰਸਾਈਕਲ ਸ਼ਾਮਲ ਹੋਣਗੇ, ਜੋ ਜਥੇ ਦੀ ਅਗਵਾਈ ਕਰਦੇ ਹੋਏ ਇਲਾਕੇ ਦੇ ਲੋਕਾਂ ਨੂੰ ਸੰਮੇਲਨ ਬਾਰੇ ਜਾਣਕਾਰੀ ਦੇਣਗੇ ਅਤੇ ਰੈਲੀ ਨੂੰ ਸਫਲ ਬਣਾਉਣ ਦੀ ਅਪੀਲ ਕਰਨਗੇ।

## ਅੱਜ-ਨਾਮਾ

ਅਗਲੀ ਚੋਣ ਲਈ ਲੱਗਣ ਹੈ ਤਾਣ ਲੱਗਾ,
ਚੱਲਦੇ ਸੁਣਿਆ ਹੈ ਜੋੜ ਕੁਝ ਤੋੜ ਬੇਲੀ।
ਵਿਹੜੇ ਨਵੇਂ ਵੱਲ ਜਾਣ ਕੁਝ ਦੌੜ ਸੱਜਣ,
ਪਾਰਟੀ ਪਹਿਲੀ ਨੂੰ ਜਾਂਦੇ ਆ ਛੋੜ ਬੇਲੀ।
ਜੀਹਨੂੰ ਜਿੱਧਰ ਤੋਂ ਟਕਾ ਕੁਝ ਲੱਭ ਦਿੱਸੇ,
ਨਜ਼ਰਾਂ ਲੈਂਦਾ ਫਿਰ ਓਧਰ ਨੂੰ ਮੋੜ ਬੇਲੀ।
ਸਮਾਜੀ ਸ਼ਰਮ ਦਾ ਪੱਲਾ ਉਹ ਛੱਡ ਜਾਂਦਾ,
ਜਾਂਦਾ ਓਧਰ ਹੈ, ਜਿੱਧਰ ਕੁਝ ਲੋੜ ਬੇਲੀ।
ਪੁਰਾਤਨ ਵਕਤ ਦੀ ਰਹੀ ਨਹੀਂ ਰਾਜਨੀਤੀ,
ਦਿਲਾਂ ਦੇ ਅੰਦਰ ਨਾ ਦਿੱਸਦੇ ਫਰਜ਼ ਬੇਲੀ।
ਛੱਡਿਆ ਅਸੂਲ ਤੇ ਨਜ਼ਰ ਭਵਿੱਖ ਢੂੰਹਦੀ,
ਸੋਚਾਂ 'ਤੇ ਭਾਰੂ ਬੱਸ ਹੋਈ ਹੈ ਗਰਜ ਬੇਲੀ।

-ਤੀਸ ਮਾਰ ਖਾਂ

## ਗੋਤੇ ਖਾਂਦੀ ਜ਼ਿੰਦਗੀ ਨੂੰ ਮਹੀਨੇ ਬਾਅਦ ਮਿਲੀ ਟੁੱਟੀ ਬੇੜੀ ਨੂੰ ਨਾ ਮਲਾਹ ਮਿਲਿਆ, ਨਾ ਚੱਪੂ!

**ਫਾਜ਼ਿਲਕਾ (ਪਰਮਜੀਤ ਢਾਬਾਂ)**

ਪਹਿਲਾਂ ਜੁਲਾਈ ਮਹੀਨੇ ਪਈ ਭਾਰੀ ਬਾਰਿਸ਼ ਅਤੇ ਹੁਣ ਡੈਮਾਂ ਤੋਂ ਪਾਣੀ ਛੱਡੇ ਜਾਣ ਕਾਰਨ ਸਰਹੱਦੀ ਖੇਤਰ 'ਚ ਵਗਦੇ ਸਤਲੁਜ ਦਰਿਆ 'ਚ ਪਾਣੀ ਜੁਲਾਈ ਮਹੀਨੇ ਤੋਂ ਆਉਣ ਕਾਰਨ ਫਾਜ਼ਿਲਕਾ ਦੇ ਸਰਹੱਦੀ ਪਿੰਡ ਘੁਰਕਾ, ਵੱਲ੍ਹੇ ਸ਼ਾਹ ਉਤਾੜ, ਘੁਰਕਾ ਢਾਣੀ, ਢਾਣੀ ਨੂਰ ਸਮੰਦ, ਢਾਣੀ ਹਸਤਾ ਕਲਾਂ, ਢਾਣੀ ਤੇਜਾ ਸਿੰਘ, ਢਾਣੀ ਭਗਵਾਨ ਸਿੰਘ ਅਤੇ ਢਾਣੀ ਬਚਿੱਤਰ ਸਿੰਘ ਦੇ ਸਰਹੱਦੀ ਲੋਕਾਂ ਨੂੰ ਜਿੱਥੇ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਉਹਨਾਂ ਦੀ ਸੈਂਕੜੇ ਏਕੜ ਫਸਲ ਡੁੱਬ ਕੇ ਤਬਾਹ ਹੋ ਚੁੱਕੀ ਹੈ।ਸਰਹੱਦ 'ਤੇ ਵੱਸੇ ਇਹਨਾਂ ਢਾਣੀਆਂ ਤੇ ਪਿੰਡਾਂ ਦੀ ਵੱਡੀ ਤ੍ਰਾਸਦੀ ਇਹ ਹੈ ਕਿ ਇਹਨਾਂ ਨੂੰ ਜਾਣ ਵਾਲੇ ਰਸਤਿਆਂ ਅਤੇ ਜ਼ਮੀਨਾਂ 'ਚ ਪਾਣੀ ਜ਼ਿਆਦਾ ਭਰ ਜਾਣ ਨਾਲ ਇਹ ਪੈਦਲ ਚੱਲ ਕੇ ਵੀ ਨਹੀਂ ਜਾ ਸਕਦੇ ਅਤੇ ਇਹਨਾਂ ਨੂੰ ਆਪਣੇ ਘਰਾਂ ਵਿੱਚ ਜਾਣ ਲਈ ਬੇੜੀ ਦੀ ਜ਼ਰੂਰਤ ਪੈਂਦੀ ਹੈ। ਜ਼ਿੰਦਗੀ ਦੇ ਪਹੀਏ ਨੂੰ ਚੱਲਦਾ ਰੱਖਣ ਲਈ ਮੁਸੀਬਤਾਂ ਵਿੱਚੋਂ ਲੰਘਦਿਆਂ ਇਹਨਾਂ ਸਰਹੱਦੀ ਲੋਕਾਂ ਨੇ ਆਪਣੀ ਲੋੜ ਸਮਝਦਿਆਂ ਬੇੜੀ ਮੰਗਵਾਉਣ ਲਈ ਬੀਤੀ 18 ਜੁਲਾਈ ਨੂੰ ਐੱਸ ਡੀ ਐੱਮ ਫਾਜ਼ਿਲਕਾ ਨੂੰ ਇੱਕ ਲਿਖਤੀ ਦਰਖਾਸਤ ਦਿੱਤੀ।ਐੱਸ ਡੀ ਐੱਮ ਮੈਡਮ ਵੀਰਪਾਲ ਵੱਲੋਂ ਤਹਿਸੀਲਦਾਰ ਨੂੰ ਉਹ



ਲਿਖਤੀ ਦਰਖਾਸਤ ਫਾਰਵਰਡ ਕਰ ਦਿੱਤੀ ਜਾਂਦੀ ਹੈ ਅਤੇ ਬੇੜੀ ਮੁਹੱਈਆ ਕਰਵਾਉਣ ਦੀ ਰਿਪੋਰਟ ਮੰਗਵਾਈ ਜਾਂਦੀ ਹੈ। ਇਸ ਤੋਂ ਬਾਅਦ ਸੰਬੰਧਤ ਪਟਵਾਰੀ ਵੱਲੋਂ ਇਹ ਰਿਪੋਰਟ ਕਰ ਦਿੱਤੀ ਜਾਂਦੀ ਹੈ ਕਿ ਇਹਨਾਂ ਸਰਹੱਦੀ ਲੋਕਾਂ ਨੂੰ ਆਪਣੇ ਘਰਾਂ ਵਿੱਚ ਜਾਣ ਅਤੇ ਇਹਨਾਂ ਦੇ ਸਕੂਲੀ ਬੱਚਿਆਂ ਨੂੰ ਸਕੂਲ ਵਿੱਚ ਜਾਣ ਲਈ ਬੇੜੀ ਦੀ ਜ਼ਰੂਰਤ ਹੈ। ਪ੍ਰੰਤੂ 20 ਦਿਨ ਬੀਤ ਜਾਣ ਦੇ ਬਾਵਜੂਦ ਇਹਨਾਂ ਸਰਹੱਦੀ ਲੋਕਾਂ ਨੂੰ ਜੋ ਕਿ ਹਰ ਰੋਜ਼ ਚਾਰ-ਪੰਜ ਫੁੱਟ ਵਗਦੇ ਪਾਣੀ ਵਿੱਚੋਂ ਲੰਘ ਕੇ ਜਾਂਦੇ ਹਨ, ਇਹਨਾਂ ਨੂੰ ਬੇੜੀ ਦੇਣ ਲਈ ਕੋਈ ਵਾਟ ਨਹੀਂ ਪੁੱਛਦਾ।ਇਸ ਸੰਬੰਧੀ ਪਿੰਡ ਦੇ ਲੋਕਾਂ ਵੱਲੋਂ 13 ਅਗਸਤ ਨੂੰ ਜ਼ਿਲ੍ਹੇ ਦੀ ਡਿਪਟੀ ਕਮਿਸ਼ਨਰ ਮੈਡਮ ਅਮਰਪ੍ਰੀਤ ਕੌਰ ਸੰਧੂ ਨੂੰ ਜਾਣੂ ਕਰਵਾਇਆ ਜਾਂਦਾ ਹੈ, ਤਾਂ ਉਹਨਾਂ ਵੱਲੋਂ ਤੁਰੰਤ ਐਕਸ਼ਨ ਲੈਣ 'ਤੇ ਉਸੇ ਦਿਨ ਹੀ ਬੇੜੀ ਮਿਲ ਜਾਂਦੀ ਹੈ।ਹੁਣ ਇਹਨਾਂ ਸਰਹੱਦੀ ਖੇਤਰ ਦੇ ਲੋਕਾਂ ਨੇ ਆਪਣੀ ਦਾਸਤਾਨ ਸੁਣਾਉਂਦਿਆਂ ਦੱਸਿਆ ਕਿ ਉਹਨਾਂ ਨੂੰ ਬੇੜੀ ਤਾਂ ਮਿਲੀ, ਪ੍ਰੰਤੂ ਉਹ ਵੀ ਟੁੱਟੀ ਹੋਈ।ਉਸ ਤੋਂ ਬਾਅਦ ਨਾ ਮਲਾਹ ਮਿਲਿਆ ਤੇ ਨਾ ਚੱਪੂ। ਉਹ ਆਪਣੇ ਪੱਲਿਓਂ ਰੱਸਾ ਲਿਆ ਕੇ 200 ਮੀਟਰ ਦੀ ਦੂਰੀ ਤੋਂ ਬੇੜੀ ਨੂੰ ਖਿੱਚ ਕੇ ਲੈ ਕੇ ਜਾਂਦੇ ਹਨ ਅਤੇ ਲੈ ਕੇ ਆਉਂਦੇ ਹਨ।ਸਰਹੱਦੀ ਵਾਸੀ ਨਜ਼ਾਬਤ ਸਿੰਘ ਸਾਬਕਾ ਸਰਪੰਚ ਹਸਤਾ ਕਲਾਂ, ਗੁਰਨਾਮ ਸਿੰਘ, ਭਗਵਾਨ ਸਿੰਘ, ਰਾਜ ਸਿੰਘ, ਭੋਲਾ ਸਿੰਘ, ਮਨਜੀਤ ਕੌਰ, ਹਰਬੰਸ ਸਿੰਘ, ਬਲਵੰਤ ਸਿੰਘ ਅਤੇ ਰਾਜ ਸਿੰਘ ਨੇ ਦੱਸਿਆ ਕਿ ਉਹ ਆਪਣੀ ਜ਼ਿੰਦਗੀ ਗੋਤੇ ਖਾ-ਖਾ ਕੇ ਜੀ ਰਹੇ ਹਨ ਅਤੇ ਉਹਨਾਂ ਦੀ ਕੋਈ ਸਾਰ ਲੈਣ ਲਈ ਤਿਆਰ ਨਹੀਂ। ਉਹਨਾਂ ਆਪਣੀ ਦਰਦ ਭਰੀ ਵਿੱਥਿਆ ਬਿਆਨ ਕਰਦੇ ਹੋਏ ਕਿਹਾ ਕਿ ਦੋ ਸਾਲ • ਬਾਕੀ ਸਫਾ 2 'ਤੇ


## ਪਾਠ ਦਾ ਭੋਗ ਤੇ ਅੰਤਿਮ ਅਰਦਾਸ



ਆਪ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ **ਮਾਤਾ ਗੁਰਮੇਲ ਕੌਰ** ਸੁਪਤਨੀ ਸਵ: ਗੁਰਚਰਨ ਸਿੰਘ ਚਹਿਲ (ਕਹਾਣੀਕਾਰ) ਮਿਤੀ 12 ਅਗਸਤ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ। ਉਨ੍ਹਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਮਿਤੀ 21 ਅਗਸਤ ਦਿਨ ਵੀਰਵਾਰ ਨੂੰ ਬਾਅਦ ਦੁਪਹਿਰ 12.30 ਵਜੇ ਗੁਰਦੁਆਰਾ ਪਾਤਸ਼ਾਹੀ ਨੌਵੀਂ ਭੀਖੀ (ਮਾਨਸਾ) ਵਿਖੇ ਪਾਏ ਜਾਣਗੇ। ਆਪ ਸਭ ਨੇ ਅੰਤਿਮ ਅਰਦਾਸ 'ਚ ਸ਼ਾਮਲ ਹੋਣ ਦੀ ਖੇਚਲ ਕਰਨੀ ਜੀ।

**ਗੁਰੂ ਦੇ ਭਾਣੇ 'ਚ**

ਸਵ. ਪ੍ਰੀਤ ਸਾਗਰ (ਸਪੁੱਤਰ)
ਬਲਵੀਰ ਕੌਰ (ਨੂੰਹ)
ਗੋਪਾਲ ਸਿੰਘ-ਅਮਨਦੀਪ ਕੌਰ (ਪੋਤਰਾ-ਪੋਤ ਨੂੰਹ)
ਲਵਦੀਪ ਸਿੰਘ (ਪੋਤਰਾ)

ਲਾਭ ਸਿੰਘ-ਬਿੰਦਰ ਕੌਰ (ਧੀ-ਜਵਾਈ)
ਗੁਰਦੀਪ ਕੌਰ-ਅਮਨਦੀਪ ਸਿੰਘ (ਪੋਤਰੀ-ਪੋਤ ਜਵਾਈ)

ਸੰਪਰਕ : 98147-88594


CMYK

20-AUG-PAGE-1.qxd 8/19/2025 10:33 PM Page 2



## ਸ਼ਕਤੀ ਪਬਲਿਕ ਸਕੂਲ 'ਚ ਆਜ਼ਾਦੀ ਦਿਵਸ ਤੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ 15 ਅਗਸਤ ਤੇ ਜਨਮ ਅਸ਼ਟਮੀ ਦਾ ਤਿਉਹਾਰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮੇਂ ਸਮਾਗਮ ਦੀ ਸ਼ੁਰੂਆਤ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਕੀਤੀ, ਜਦਕਿ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ।ਸਮਾਗਮ ਦੌਰਾਨ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ ਤੇ ਨਾਟਕ ਪੇਸ਼ ਕੀਤੇ ਗਏ, ਜਦਕਿ ਭੰਗੜੇ ਤੇ ਗਿੱਧੇ ਨੇ ਸਮਾਗਮ ਨੂੰ ਹੋਰ ਵੀ ਚਾਰ ਚੰਨ ਲਾ ਦਿੱਤੇ।ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਆਜ਼ਾਦੀ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕੀਤੇ।ਸਮਾਗਮ ਦਾ ਅੰਤ ਬੱਚਿਆਂ ਦੀਆਂ ਕੁਸ਼ਲਤਾਪੂਰਣ ਸੁਰਾਂ ਨਾਲ ਹੋਇਆ।ਇਸ ਦੇ ਨਾਲ ਹੀ ਜਨਮ ਅਸ਼ਟਮੀ ਸਮਾਰੋਹ ਵਿੱਚ ਬੱਚਿਆਂ ਨੇ ਰਾਸਲੀਲਾ, ਮੱਖਣ ਚੋਰੀ ਦੇ ਦ੍ਰਿਸ਼ ਤੇ ਝਾਂਕੀਆਂ ਰਾਹੀਂ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਨਾਲ ਸੰਬੰਧਤ ਮਨਮੋਹਕ ਪੇਸ਼ਕਾਰੀਆਂ ਕੀਤੀਆਂ।ਇਸ ਸਮੇਂ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪਿੰਸਸ਼ੀਪਲ ਨੀਰਜ ਸ਼ਰਮਾ ਨੇ ਸਾਰੇ ਸਟਾਫ, ਵਿਦਿਆਰਥੀ ਤੇ ਮਾਪਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਸੁਮਨ ਲਤਾ, ਰਾਜੀਵ ਵੈਦ, ਕਮਲੇਸ਼ ਸ਼ਰਮਾ, ਇੰਦਰਪਾਲ ਕੌਰ, ਸੀਮਾ ਰਾਣੀ, ਸੀਮਾ ਕਪੂਰ, ਪ੍ਰਭਜੋਤ ਕੌਰ, ਅਜੀਤਪਾਲ ਸਿੰਘ, ਪਰਮਿੰਦਰ ਸਿੰਘ, ਮਧੂ ਬਾਲਾ, ਸਰਬਜੀਤ ਕੌਰ, ਨੇਹਾ ਸੂਦ, ਜੋਤੀ ਰਾਣੀ, ਪ੍ਰਦੀਪ ਕੌਰ, ਸਿਮਰਨ ਕੌਰ, ਸਰਬਜੀਤ ਕੌਰ ਆਦਿ ਤੋਂ ਇਲਾਵਾ ਸਕੂਲ ਦਾ ਸਾਰਾ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਤਾ ਪਿਤਾ ਹਾਜ਼ਰ ਸਨ।

## ਵਿਦਿਆਰਥੀ ਚੇਤਨਾ ਪ੍ਰੀਖਿਆ ਗਦਰ ਲਹਿਰ ਦੀ ਨਾਇਕਾ ਗੁਲਾਬ ਕੌਰ ਨੂੰ ਸਮਰਪਤ

### ਸੂਬਾ ਪੱਧਰੀ ਚੇਤਨਾ ਪ੍ਰੀਖਿਆ 29 ਤੇ 31 ਨੂੰ



**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਵਿਦਿਆਰਥੀਆਂ 'ਚ ਵਿਗਿਆਨਕ ਸੋਚ ਦਾ ਸੰਚਾਰ ਕਰਨ ਲਈ ਪਿਛਲੇ 7 ਸਾਲਾਂ ਤੋਂ ਹਰ ਸਾਲ ਇੱਕ ਪ੍ਰੀਖਿਆ ਲਈ ਜਾਂਦੀ ਹੈ, ਜਿਸ ਵਿੱਚ ਪੰਜਾਬ ਭਰ 'ਚੋਂ ਹਜ਼ਾਰਾਂ ਵਿਦਿਆਰਥੀ ਭਾਗ ਲੈਂਦੇ ਹਨ। ਇਸ ਵਾਰ ਦੀ ਇਹ ਸੂਬਾ ਪੱਧਰੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 29 ਤੇ 31 ਅਗਸਤ ਨੂੰ ਲਈ ਜਾਵੇਗੀ। ਜ਼ੋਨ ਜਥੇਬੰਦਕ ਮੁਖੀ ਅੰਮ੍ਰਿਤ ਰਿਸ਼ੀ, ਤਰਕਸ਼ੀਲ ਆਗੂ ਮਾ. ਲੱਖਾ ਸਿੰਘ ਸਹਾਰਨਾ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਪ੍ਰੈੱਸ ਦੇ ਨਾਂਅ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਇਸ ਵਾਰ ਸੂਬਾ ਪੱਧਰੀ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 29 ਤੇ 31 ਅਗਸਤ ਨੂੰ ਲਈ ਜਾਵੇਗੀ। ਸਕੂਲਾਂ ਵਿੱਚ ਇਸ ਦੀ ਤਿਆਰੀ ਲਗਭਗ ਮੁਕੰਮਲ ਹੋ ਚੁੱਕੀ ਹੈ, ਇਸ ਸਾਲ ਇਹ ਪ੍ਰੀਖਿਆ ਗਦਰ ਲਹਿਰ ਦੀ ਨਾਇਕਾ ਗਦਰੀ ਗੁਲਾਬ ਕੌਰ ਨੂੰ ਸਮਰਪਤ ਕੀਤੀ ਗਈ ਹੈ। ਇਸ ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸੁਸਾਇਟੀ ਵੱਲੋਂ ਲੱਖਾਂ ਰੁਪਏ ਦੀਆਂ ਅਗਾਂਹਵਧੂ ਵਿਚਾਰਾਂ ਵਾਲੀਆਂ ਪੁਸਤਕਾਂ ਇਨਾਮ ਵਜੋਂ ਦਿੱਤੀਆਂ ਜਾਣਗੀਆਂ ਤੇ ਪੰਜਾਬ ਪੱਧਰ 'ਤੇ ਸਿਖਰਲੇ ਵਿਦਿਆਰਥੀਆਂ ਨੂੰ ਨਕਦ ਇਨਾਮ ਵੀ ਦਿੱਤੇ ਜਾਣਗੇ। ਇਸ ਕਾਰਜ ਲਈ ਤਰਕਸ਼ੀਲ ਸੁਸਾਇਟੀ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ, ਸਕੂਲ ਮੁਖੀਆਂ, ਸਕੂਲ ਮੈਨੇਜਮੈਂਟ ਕਮੇਟੀਆਂ ਨੂੰ ਪਹਿਲ ਕਰਦਿਆਂ ਰਲਮਿਲ ਕੇ ਭਰਮ ਮੁਕਤ, ਲੁੱਟ-ਖਸੁੱਟ ਰਹਿਤ, ਚੰਗੀਆਂ ਕਦਰਾਂ ਕੀਮਤਾਂ ਵਾਲੇ ਸਮਾਜ ਦੀ ਸਿਰਜਣਾ 'ਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

## ਤਾਮਿਲਨਾਡੂ ਦੇ ਮੁੱਖ ਮੰਤਰੀ ਵੱਲੋਂ ਸਲੇਮ ਜੇਲ੍ਹ ਦੇ ਸ਼ਹੀਦਾਂ ਦੀ ਯਾਦਗਾਰ ਬਣਾਉਣ ਸੰਬੰਧੀ ਸੀ ਪੀ ਆਈ ਦੀ ਮੰਗ ਪ੍ਰਵਾਨ



**ਲੁਧਿਆਣਾ (ਐੱਮ ਐੱਸ ਭਾਟੀਆ)**-ਸਲੇਮ ਵਿੱਚ ਚੱਲ ਰਹੀ ਸੀ ਪੀ ਆਈ ਤਾਮਿਲਨਾਡੂ ਸਟੇਟ ਕਾਨਫਰੰਸ ਵਿੱਚ ਸੀਪੀਆਈ ਸਟੇਟ ਸਕੱਤਰ ਆਰ. ਮੁਥਰਸਨ ਨੇ ਸੀ ਪੀ ਆਈ ਵੱਲੋਂ ਸਲੇਮ ਜੇਲ੍ਹ ਦੇ ਸ਼ਹੀਦਾਂ ਲਈ ਇੱਕ ਯਾਦਗਾਰ ਬਣਾਉਣ ਦੀ ਮੰਗ ਕੀਤੀ।ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ. ਕੇ. ਸਟਾਲਿਨ ਨੇ ਇਸ 'ਤੇ ਸਹਿਮਤੀ ਪ੍ਰਗਟਾਈ ਤੇ ਐਲਾਨ ਕੀਤਾ ਕਿ ਸਲੇਮ ਕੇਂਦਰੀ ਜੇਲ੍ਹ ਦੇ ਨੇੜੇ ਇੱਕ ਯਾਦਗਾਰ ਬਣਾਈ ਜਾਵੇਗੀ, ਜਿੱਥੇ 1950 ਦੀ ਗੋਲੀਬਾਰੀ ਵਿੱਚ 22 ਸਾਥੀ ਮਾਰੇ ਗਏ ਸਨ।ਮੁੱਖ ਮੰਤਰੀ ਨੇ ਭਰੋਸਾ ਦਿੱਤਾ ਕਿ ਕੰਮ ਤੁਰੰਤ ਸ਼ੁਰੂ ਹੋ ਜਾਵੇਗਾ।ਜ਼ਿਕਰਯੋਗ ਹੈ ਕਿ 11 ਫਰਵਰੀ 1950 ਨੂੰ ਸਲੇਮ ਜੇਲ੍ਹ ਵਿੱਚ ਬੰਦ ਕਮਿਊਨਿਸਟ ਆਗੂਆਂ, ਕਿਸਾਨ ਸਭਾ ਤੇ ਖੇਤੀਬਾੜੀ ਮਜ਼ਦੂਰ ਕਾਰਕੁਨਾਂ ਨੇ ਉਸ ਵੇਲੇ ਦੀ ਕਾਂਗਰਸ ਸਰਕਾਰ ਵੱਲੋਂ ਉਨ੍ਹਾਂ 'ਤੇ ਕੀਤੇ ਗਏ ਅਪਮਾਨ ਤੇ ਬੇਰਹਿਮੀ ਵਿਰੁੱਧ ਬਗਾਵਤ ਕੀਤੀ।ਉਨ੍ਹਾਂ ਨੇ ਆਪਣੀ ਪਟੀਸ਼ਨ ਵਾਪਸ ਲੈਣ ਦੇ ਹੁਕਮ ਤੋਂ ਇਨਕਾਰ ਕਰ ਦਿੱਤਾ ਤੇ ਇਨਸਾਫ਼ ਦੀ ਬਜਾਏ ਗੋਲੀਆਂ ਦਾ ਸਾਹਮਣਾ ਕਰਨਾ ਪਿਆ, ਜਿਸ 'ਚ 22 ਸਾਥੀ ਸ਼ਹੀਦ ਹੋਏ। ਇਨ੍ਹਾਂ ਵਿੱਚ 19 ਕੇਰਲਾ ਤੋਂ, 2 ਤਾਮਿਲਨਾਡੂ ਤੋਂ ਅਤੇ 1 ਆਂਧਰਾ ਤੋਂ ਸੀ।ਕੁਰਬਾਨੀ ਦੇਣ ਵਾਲਿਆਂ 'ਚ ਬਲੀਅਨ ਰਮਨ ਨੰਬਰਦਾਰ, ਓ.ਪੀ. ਅਨੰਤਨ ਨੰਬਰਦਾਰ, ਅੰਬਾਦੀ ਆਚਾਰੀ, ਕੋਜ਼ਿਕਲਨ ਨਾਰਾਇਣਨ ਨਾਮਬਰ, ਪੁਲਜੋਇਓਨ ਗੋਵਿੰਦਨ ਨਾਂਬਿਆਰ, ਪੁਲਜੋਇਓਨ ਕੁਨਹੰਬੂ ਨਾਂਬਿਆਰ, ਐੱਨ. ਕੰਨਨ, ਐੱਨ ਬਾਲਨ, ਨੀਲਾਂਚੇਰੀ ਨਾਰਾਇਣਨ ਨਾਇਰ, ਏ.ਕੇ. ਕੁਨਹੀਰਾਮਨ ਨਾਂਬਿਆਰ, ਮੈਲਾਪੂਵਾਣ ਨਾਰਾਇਣਨ ਨਾਮਬਾਰ, ਮਰੋਲੀ ਕੂਰਨ ਗੁਰੁਕਲ, ਨਜ਼ਗੀ ਕੁੰਜੂ, ਪੂ.ਵੀ. ਨਰਾਇਣ ਮਾਰਾ, ਵੀ.ਸੀ. ਕੁੰਜੀਰਾਮਨ, ਨਾਡੂਵਲੀਪਲ ਕੂਰਨ, ਕੁੰਨੂਮਲ ਰਮਨ, ਆਜ਼ਾਦ ਗੋਪਾਲਨ, ਕੇ. ਗੋਪਾਲਨ, ਕੁੱਟੀ ਨਾਇਰ, ਕਾਵੇਰੀ ਮੁਥਾਲੀ (ਤਾਮਿਲਨਾਡੂ), ਅਰੁਮੁਘਾ ਪੰਡਾਰਮ (ਤਾਮਿਲਨਾਡੂ), ਸ਼ੇਖ ਦਾਊਦ (ਆਂਧਰਾ) ਦੇ ਨਾਂਅ ਸ਼ਾਮਲ ਹਨ। ਸਲੇਮ ਜੇਲ੍ਹ ਦੇ ਸ਼ਹੀਦਾਂ ਦੀ ਹਿੰਮਤ ਤੇ ਕੁਰਬਾਨੀ ਨੂੰ ਕਦੇ ਨਹੀਂ ਭੁਲਾਇਆ ਜਾਵੇਗਾ।ਉਨ੍ਹਾਂ ਦੀ ਕੁਰਬਾਨੀ ਨਿਆਂ, ਸਮਾਨਤਾ ਤੇ ਲੋਕਾਂ ਦੇ ਅਧਿਕਾਰਾਂ ਲਈ ਸਾਡੀ ਲੜਾਈ ਨੂੰ ਪ੍ਰੇਰਿਤ ਕਰਦੀ ਰਹੇਗੀ।

## ਬਰਮਾਲੀਪੁਰ 'ਚ ਤੀਆਂ ਦਾ ਤਿਉਹਾਰ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਦੇ ਨੇੜਲੇ ਪਿੰਡ ਬਰਮਾਲੀਪੁਰ ਵਿਖੇ ਪਿੰਡ ਵਾਸੀਆਂ ਵੱਲੋਂ ਤੀਆਂ ਦਾ ਤਿਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੀ ਧਰਮਪਤਨੀ ਰਮਨਜੀਤ ਕੌਰ ਪਹੁੰਚੇ। ਇਸ ਮੌਕੇ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤਾ ਗਈ। ਇਸ ਮੌਕੇ ਮੁਟਿਆਰਾਂ ਨੇ ਗਿੱਧਾ ਪਾਇਆ, ਪੀਘਾਂ ਝੂਟੀਆਂ ਤੇ ਬੋਲੀਆਂ ਪਾਈਆਂ। ਇਸ ਮੌਕੇ ਮੁੱਖ ਮਹਿਮਾਨ ਰਮਨਜੀਤ ਕੌਰ ਨੇ ਸਾਰਿਆਂ ਨੂੰ ਆਪਣੇ ਵਿਰਸੇ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਲਪ੍ਰੀਤ ਕੌਰ ਪਤਨੀ ਸਰਪੰਚ ਕਰਮਜੀਤ ਸਿੰਘ ਤੂਰ, ਕਮਲਜੀਤ ਕੌਰ ਪੰਚ, ਅਮਰ ਪਾਲ ਕੌਰ, ਹਰਪ੍ਰੀਤ ਕੌਰ, ਮਨਪ੍ਰੀਤ ਕੌਰ, ਬਲਜੀਤ ਕੌਰ, ਹਰਮੀਤ ਕੌਰ, ਅੰਮ੍ਰਿਤ, ਮਨਦੀਪ ਕੌਰ, ਸਰਬਜੀਤ ਕੌਰ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਪੱਤਰਕਾਰੀ ਵਿਭਾਗ ਨੇ ਰਚਨਾਤਮਕ ਲੇਖਣ ਮੁਕਾਬਲੇ ਕਰਵਾਏ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਵੱਲੋਂ ਨਵੇਂ ਦਾਖਲ ਹੋਏ ਬੀ.ਏ.ਜੇ.ਐੱਮ.ਸੀ. ਭਾਗ-ਪਹਿਲਾ ਦੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਵਿਸ਼ੇਸ਼ ਰਚਨਾਤਮਕ ਲੇਖਣ ਮੁਕਾਬਲੇ ਕਰਵਾਏ ਗਏ।ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੂੰ ਪੱਤਰਕਾਰੀ ਨਾਲ ਸਬੰਧਤ ਮਹੱਤਵਪੂਰਨ ਵਿਸ਼ਿਆਂ 'ਤੇ ਆਪਣੇ ਵਿਚਾਰ ਲੇਖ ਰੂਪ ਵਿੱਚ ਪ੍ਰਗਟ ਕਰਨ ਲਈ ਪ੍ਰੇਰਿਤ ਕੀਤਾ ਗਿਆ ਸੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਸਾਰੂ ਮੁਕਾਬਲੇ ਪੱਤਰਕਾਰੀ ਦੇ ਵਿਦਿਆਰਥੀਆਂ ਲਈ ਬਹੁਤ ਜ਼ਰੂਰੀ ਹਨ, ਕਿਉਂਕਿ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਨਾਲ ਹੀ ਉਨ੍ਹਾਂ ਨੂੰ ਲੇਖ ਲਿਖਣ ਦੀਆਂ ਬਰੀਕੀਆਂ ਬਾਰੇ ਪਤਾ ਲੱਗਦਾ ਹੈ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੇ ਵਿਹਾਰਕ ਹੁਨਰ ਨੂੰ ਨਿਖਾਰਨ ਲਈ ਅਜਿਹੇ ਮੁਕਾਬਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਆਮ ਜਾਣਕਾਰੀ ਵਿੱਚ ਵਾਧਾ ਕਰਨਾ ਤੇ ਲਿਖਣ ਦੀ ਸਹੀ ਸ਼ੈਲੀ ਸਬੰਧੀ ਜਾਣਕਾਰੀ ਪ੍ਰਦਾਨ ਕਰਨਾ ਸੀ।ਇਸ ਮੁਕਾਬਲੇ ਵਿੱਚ ਪੱਤਰਕਾਰੀ ਵਿਭਾਗ ਦੇ ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੀ ਜਸਲੀਨ ਕੌਰ, ਪ੍ਰਭਜੋਤ ਕੌਰ, ਅਮਨਪ੍ਰੀਤ ਕੌਰ, ਪ੍ਰਭਨੂਰ ਸਿੰਘ, ਸਹਿਜਪ੍ਰੀਤ ਕੌਰ ਤੇ ਸੰਤੋਸ਼ ਨੇ ਵਧੀਆ ਪ੍ਰਦਰਸ਼ਨ ਕੀਤਾ।ਇਸ ਮੌਕੇ ਪ੍ਰੋਗਰਾਮ ਕੋਆਰਡੀਨੇਟਰ ਪ੍ਰੋ. ਲਵਨੀਤ ਵਸ਼ਿਸ਼ਠ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਨਿਰਧਾਰਤ ਸਮੇਂ ਅੰਦਰ ਆਪਣੇ ਵਿਚਾਰ ਬੜੀ ਸਰਲਤਾ, ਸੰਖੇਪਤਾ ਤੇ ਸਪੱਸ਼ਟਤਾ ਨਾਲ ਪੇਸ਼ ਕੀਤੇ।ਇਸ ਮੌਕੇ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਹਰਪ੍ਰੀਤ ਕੌਰ ਪਬਰੀ, ਪ੍ਰੋ. ਨਾਦਿਸ਼ ਤੇ ਬੀ.ਏ.ਜੇ.ਐੱਮ.ਸੀ. ਭਾਗ-ਪਹਿਲਾ ਦੇ ਵਿਦਿਆਰਥੀ ਹਾਜ਼ਰ ਸਨ।

## ਪੁਲਸ ਵੱਲੋਂ ਨਸ਼ਿਆਂ ਖਿਲਾਫ 3 ਇਲਾਕਿਆਂ 'ਚ ਚੈਕਿੰਗ



**ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)**-ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਗੌਰਵ ਯਾਦਵ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੋਮਵਾਰ ਡੀਐੱਸਪੀ ਜਸਜੋਤ ਸਿੰਘ ਦੀ ਅਗਵਾਈ ਹੇਠ ਥਾਣਾ ਸਿਟੀ ਦੇ ਮੁੱਖ ਅਫਸਰ ਇੰਸਪੈਕਟਰ ਪਰਮਿੰਦਰ ਸਿੰਘ, ਥਾਣਾ ਸਦਰ ਦੇ ਮੁੱਖ ਅਫਸਰ ਐੱਸ ਐੱਚ ਓ ਸੁਰਜੀਤ ਸਿੰਘ ਤੇ ਭਾਰੀ ਪੁਲਸ ਫੋਰਸ ਨਾਲ ਮੁਹੱਲਾ ਗਾਂਧੀ ਨਗਰ, ਇੰਦਰਾ ਕਲੋਨੀ, ਮਾਈ ਜੀਨਾ ਆਦਿ ਮੁਹੱਲਿਆਂ ਵਿਖੇ ਗਲੀਆਂ ਵਿੱਚ ਤੁਰ ਫਿਰ ਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ।ਇਸ ਮੌਕੇ ਪੁਲਸ ਨੇ ਸ਼ੱਕੀ ਵਹੀਕਲਾਂ ਨੂੰ ਰੋਕ ਕੇ ਉਨ੍ਹਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ।ਕਈ ਵਹੀਕਲਾਂ ਦੇ ਚਲਾਨ ਵੀ ਕੀਤੇ ਗਏ।ਗੱਲਬਾਤ ਦੌਰਾਨ ਡੀਐੱਸਪੀ ਜਸਜੋਤ ਸਿੰਘ ਨੇ ਕਿਹਾ ਕਿ ਅਸੀਂ ਏਰੀਏ ਵਿੱਚੋਂ ਨਸ਼ੇ ਦਾ ਬਿਲਕੁਲ ਖਾਤਮਾ ਕਰ ਦੇਵਾਂਗੇ। ਉਨ੍ਹਾਂ ਕਿਹਾ ਕਿ ਜਿਹੜੇ ਨਸ਼ਾ ਸਮਗਲਰਾਂ ਨੇ ਨਸ਼ਾ ਵੇਚ ਕੇ ਆਪਣੀਆਂ ਵੱਡੀਆਂ ਵੱਡੀਆਂ ਕੋਠੀਆਂ ਉਸਾਰ ਲਈਆਂ ਹਨ, ਉਨ੍ਹਾਂ ਨੂੰ ਆਰਾਮ ਦੀ ਜ਼ਿੰਦਗੀ ਬਤੀਤ ਨਹੀਂ ਕਰਨ ਦੇਵਾਂਗੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ੇ ਦੇ ਸੌਦਾਗਰਾਂ ਤੋਂ ਡਰਨ ਦੀ ਲੋੜ ਨਹੀਂ, ਪੁਲਸ ਨੂੰ ਉਨ੍ਹਾਂ ਬਾਰੇ ਸੂਚਨਾ ਦਿਓ।ਸੂਚਨਾ ਦੇਣ ਵਾਲੇ ਦਾ ਨਾਮ ਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।ਇਸ ਮੌਕੇ ਇੰਸਪੈਕਟਰ ਪਰਮਿੰਦਰ ਸਿੰਘ ਨੇ ਕਿਹਾ ਕਿ ਸਾਡੇ ਵੱਲੋਂ ਨਸ਼ਿਆਂ ਵਿਰੁੱਧ ਕੀਤੀ ਗਈ ਕਾਰਵਾਈ ਦੌਰਾਨ ਸਫਲਤਾਵਾਂ ਮਿਲ ਰਹੀਆਂ ਹਨ।

## ਸਮਰਾਲਾ ਹਾਕੀ ਕਲੱਬ ਨੇ ਟਿਊਬਵੈੱਲ ਮੋਟਰਾਂ 'ਤੇ ਬੂਟੇ ਲਗਾਏ



**ਸਮਰਾਲਾ (ਸੁਰਜੀਤ ਸਿੰਘ)**-ਵਾਤਾਵਰਨ ਨੂੰ ਬਚਾਉਣ ਲਈ ਸੁਹਿਰਦ 'ਦੀ ਸਮਰਾਲਾ ਹਾਕੀ ਕਲੱਬ (ਰਜਿ:)' ਵੱਲੋਂ ਪਿੰਡ ਰਾਜੇਵਾਲ ਰਾਜਪੂਤਾਂ ਦੀਆਂ ਕਰੀਬ 15 ਟਿਊਬਵੈੱਲ ਮੋਟਰਾਂ 'ਤੇ ਸ਼ਮਿੰਦਰ ਸਿੰਘ ਵਣਰੇਂਜ ਅਫ਼ਸਰ ਸਮਰਾਲਾ ਦੀ ਅਗਵਾਈ 'ਚ 100 ਦੇ ਕਰੀਬ ਫ਼ਲਦਾਰ ਬੂਟੇ ਲਗਾਏ ਗਏ।ਇਸ ਮੌਕੇ ਸੰਸਥਾ ਦੇ ਸਰਪ੍ਰਸਤ ਆੜ੍ਹਤੀ ਗੁਰਨਾਮ ਸਿੰਘ ਨਾਗਰਾ ਤੇ ਪ੍ਰਧਾਨ ਗੁਰਪ੍ਰੀਤ ਸਿੰਘ ਬੇਦੀ ਨੇ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਮਨੁੱਖੀ ਜੀਵਨ ਲਈ ਬਹੁਤ ਹੀ ਮਹੱਤਵਪੂਰਨ ਹੈ।ਸਾਫ਼ ਹਵਾ, ਪਾਣੀ ਤੇ ਹਰੇ-ਭਰੇ ਬੂਟੇ ਸਿਹਤਮੰਦ ਜ਼ਿੰਦਗੀ ਦੀ ਪਹਿਚਾਣ ਹੁੰਦੇ ਹਨ।ਅੱਜ ਦੇ ਯੁੱਗ 'ਚ ਜਿੱਥੇ ਉਦਯੋਗੀਕਰਨ, ਵੱਧ ਰਹੀਆਂ ਗੱਡੀਆਂ ਤੇ ਪਲਾਸਟਿਕ ਦੀ ਵਰਤੋਂ ਕਾਰਨ ਪ੍ਰਦੂਸ਼ਣ ਬਹੁਤ ਤੇਜ਼ੀ ਨਾਲ ਵੱਧ ਰਿਹਾ ਹੈ, ਉੱਥੇ ਇਸ ਨੂੰ ਰੋਕਣ ਲਈ ਵੀ ਹਰ ਵਿਅਕਤੀ ਵੱਲੋਂ ਵਿਸ਼ੇਸ਼ ਉਪਰਾਲੇ ਕਰਨ ਦੀ ਲੋੜ ਹੈ।ਉਨ੍ਹਾਂ ਦੱਸਿਆ ਕਿ ਵਾਤਾਵਰਨ ਨੂੰ ਸਾਫ਼ ਰੱਖਣਾ ਦੇਸ਼ ਦੇ ਹਰ ਇੱਕ ਨਾਗਰਿਕ ਦਾ ਫਰਜ਼ ਹੈ, ਜੇ ਅਸੀਂ ਆਪਣੇ ਘਰ, ਗਲੀ ਤੇ ਪਿੰਡ ਨੂੰ ਸਾਫ਼ ਰੱਖਣ ਦਾ ਵਾਅਦਾ ਕਰੀਏ ਅਤੇ ਵੱਧ ਤੋਂ ਵੱਧ ਬੂਟੇ ਲਗਾਈਏ, ਤਾਂ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਤੰਦਰੁਸਤ ਤੇ ਸੁੰਦਰ ਵਾਤਾਵਰਨ ਦੇ ਸਕਦੇ ਹਾਂ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਾਤਾਵਰਨ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝੋ, ਹਰੇ-ਭਰੇ ਬੂਟੇ ਲਗਾਓ ਤੇ ਉਨ੍ਹਾਂ ਨੂੰ ਪਾਲ਼ੋ, ਤਾਂ ਜੋ ਸਾਡੀ ਧਰਤੀ ਪ੍ਰਦੂਸ਼ਣ ਰਹਿਤ ਤੇ ਹਰੀ-ਭਰੀ ਬਣ ਸਕੇ।ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਪਿੰਡ ਦੇ ਲੋਕ ਆਪਣੀਆਂ ਮੋਟਰਾਂ 'ਤੇ ਬੂਟੇ ਲਗਵਾਉਣਾ ਚਾਹੁੰਦੇ ਹਨ, ਤਾਂ ਉਹ ਸਾਡੇ ਨਾਲ ਸੰਪਰਕ ਕਰਨ, ਅਸੀਂ ਉਨ੍ਹਾਂ ਦੀਆਂ ਮੋਟਰਾਂ 'ਤੇ ਆਪ ਜਾ ਕੇ ਬੂਟੇ ਲਗਵਾ ਕੇ ਆਵਾਂਗੇ।ਇਸ ਮੌਕੇ ਉਨ੍ਹਾਂ ਨਾਲ ਨੰਬਰਦਾਰ ਪ੍ਰਿਤਪਾਲ ਸਿੰਘ ਗਿੱਲ, ਜੁਗਰਾਜ ਸਿੰਘ ਮੰਡ, ਹਰਦੀਪ ਸਿੰਘ ਹੰਸਰਾਂ, ਨਰਿੰਦਰ ਸਿੰਘ ਬੈਨੀਪਾਲ, ਸਰਬਜੀਤ ਸਿੰਘ, ਨਵਦੀਪ ਸਿੰਘ ਸਿੱਧੂ, ਵਿਕਰਮਜੀਤ ਸਿੰਘ ਬਾਜਵਾ, ਰਵਿੰਦਰ ਸਿੰਘ ਨੀਲੋਂ, ਅਵਤਾਰ ਸਿੰਘ, ਸੁਖਵੀਰ ਸਿੰਘ, ਦਵਿੰਦਰ ਸਿੰਘ ਗਿੱਲ, ਮਲਕੀਤ ਸਿੰਘ ਗਿੱਲ, ਗੁਰਵਿੰਦਰ ਸਿੰਘ, ਹਰਨੇਕ ਸਿੰਘ ਰਾਠੌਰ ਆਦਿ ਹਾਜ਼ਰ ਸਨ।

## ਰਾਮ ਨਗਰ ਬਸਤੀ ਵਿਖੇ ਨਸ਼ਾ ਤਸਕਰਾਂ ਦੀ ਨਾਜਾਇਜ਼ ਉਸਾਰੀ ਢਾਹੀ

### ਮੁਲਜ਼ਮ ਪਤੀ-ਪਤਨੀ 'ਤੇ ਦਰਜ ਹਨ 12 ਕੇਸ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹਾ ਪੁਲਸ ਮੁਖੀ ਸ੍ਰੀ ਸਰਤਾਜ ਸਿੰਘ ਚਾਹਲ ਦੇ ਨਿਰਦੇਸ਼ਾਂ ਮੁਤਾਬਕ ਐੱਸ.ਪੀ. (ਡੀ) ਸ੍ਰੀ ਦਵਿੰਦਰ ਅੱਤਰੀ ਦੀ ਅਗਵਾਈ ਵਿੱਚ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਰਾਮ ਨਗਰ ਬਸਤੀ ਉਭਾਵਾਲ ਰੋਡ ਵਿਖੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਨਾਜਾਇਜ਼ ਮਕਾਨ ਨੂੰ ਢਾਹਿਆ ਗਿਆ।ਇਸ ਮੌਕੇ ਸ੍ਰੀ ਅੱਤਰੀ ਨੇ ਦੱਸਿਆ ਕਿ ਮੁਲਜ਼ਮ ਜੀਤ ਸਿੰਘ ਉਰਫ ਸੁਰਜੀਤ ਸਿੰਘ ਵਾਸੀ ਰਾਮ ਨਗਰ ਬਸਤੀ ਸੰਗਰੂਰ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਦੇ 7 ਕੇਸ ਦਰਜ ਹਨ।ਮੁਲਜ਼ਮ ਜੀਤ ਸਿੰਘ ਉਰਫ ਸੁਰਜੀਤ ਸਿੰਘ ਦੀ ਪਤਨੀ ਸ਼ਿੰਦੋ ਖ਼ਿਲਾਫ਼ ਵੀ ਐੱਨ.ਡੀ.ਪੀ.ਐੱਸ. ਐਕਟ ਦੇ 05 ਕੇਸ ਦਰਜ ਹਨ।ਸ੍ਰੀ ਅੱਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਜਿਹੜੇ ਨੌਜਵਾਨ ਨਸ਼ਾ ਛੱਡ ਕੇ ਚੰਗੀ ਜ਼ਿੰਦਗੀ ਜਿਉਣਾ ਚਾਹੁੰਦੇ ਹਨ, ਉਹ ਅੱਗੇ ਆਉਣ ਪੰਜਾਬ ਸਰਕਾਰ ਉਨ੍ਹਾਂ ਦੀ ਹਰ ਹਾਲ ਮਦਦ ਕਰ ਰਹੀ ਹੈ।ਇਸ ਸਬੰਧੀ ਜ਼ਿਲ੍ਹੇ ਵਿੱਚ ਸਰਕਾਰੀ ਨਸ਼ਾ ਛੁਡਾਊ ਤੇ ਮੁੜਵਸੇਬਾ ਕੇਂਦਰ ਕਾਰਰਸ਼ੀਲ ਹਨ। ਐੱਸ.ਪੀ. (ਡੀ) ਨੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਡੀ.ਐੱਸ.ਪੀ. ਸੁਖਦੇਵ ਸਿੰਘ, ਡੀ.ਐੱਸ. ਪੀ. ਕਰਨੈਲ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਹਾਜ਼ਰ ਸਨ।

## ਸੜਕ 'ਤੇ ਗੰਦਾ ਪਾਣੀ ਖੜਨ ਕਾਰਨ ਦੁਕਾਨਦਾਰ ਔਖੇ



**ਧੂਰੀ (ਮਨੋਹਰ ਸਿੰਘ ਸੱਗੂ)**-ਮਲੇਰਕੋਟਲਾ ਰੋਡ 'ਤੇ ਗੰਦੇ ਪਾਣੀ ਦੀ ਨਾਕਸ ਨਿਕਾਸੀ ਕਾਰਨ ਗਊਸ਼ਾਲਾ ਨੇੜੇ ਸੜਕ ਦੇ ਦੋਹੀਂ ਪਾਸੀਂ ਖੜੇ ਗੰਦੇ ਪਾਣੀ ਕਾਰਨ ਦੁਕਾਨਦਾਰਾਂ ਸਮੇਤ ਲੋਕਾਂ 'ਚ ਰੋਸ ਪਾਇਆ ਜਾ ਰਿਹਾ ਹੈ।ਜਾਣਕਾਰੀ ਅਨੁਸਾਰ ਗਊਸ਼ਾਲਾ ਨੇੜੇ ਸੜਕ ਦੁਆਲੇ ਬਣੀਆਂ ਗੰਦੇ ਪਾਣੀ ਦੀਆਂ ਨਿਕਾਸੀ ਵਾਲੀਆਂ ਨਾਲੀਆਂ ਦਾ ਪਾਣੀ ਦੋ-ਤਿੰਨ ਦਿਨਾਂ ਤੋਂ ਬਾਹਰ ਆਉਣ ਕਾਰਨ ਲੋਕਾਂ ਦੀਆਂ ਦੁਕਾਨਾਂ ਮੋਹਰੇ ਖੜਾ ਹੈ।ਗੰਦੇ ਪਾਣੀ ਖੜਨ ਦੀ ਸਮੱਸਿਆ ਤੋਂ ਪ੍ਰੇਸ਼ਾਨ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਗੰਦੇ ਪਾਣੀ ਦੀ ਬਦਬੂ ਕਾਰਨ ਜਿੱਥੇ ਉਨ੍ਹਾਂ ਨੂੰ ਆਪਣੀਆਂ ਦੁਕਾਨਾਂ 'ਤੇ ਬੈਠਣਾ ਮੁਸ਼ਕਲ ਹੋ ਰਿਹਾ ਹੈ, ਉਥੇ ਬਿਮਾਰੀਆਂ ਫੈਲਣ ਦਾ ਖਦਸ਼ਾ ਵੀ ਬਣਿਆ ਹੋਇਆ ਹੈ।ਦੁਕਾਨਦਾਰਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਗੰਦੇ ਪਾਣੀ ਦੀ ਨਿਕਾਸੀ ਦਾ ਤੁਰੰਤ ਪ੍ਰਬੰਧ ਕਰਕੇ ਸਮੱਸਿਆ ਤੋਂ ਨਿਜ਼ਾਤ ਦਿਵਾਈ ਜਾਵੇ। ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਗੁਰਿੰਦਰ ਸਿੰਘ ਨੇ ਕਿਹਾ ਕਿ ਸੀਵਰਮੈਨਾ ਦੀ ਚੱਲ ਰਹੀ ਹੜਤਾਲ ਕਾਰਨ ਸਮੱਸਿਆ ਆ ਰਹੀ ਹੈ, ਪਰ ਫੇਰ ਵੀ ਸਮੱਸਿਆ ਨੂੰ ਦੂਰ ਕਰਨ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਕੇ ਪੀ ਐੱਮ ਯੂ ਨੇ ਰਾਓਕੇ ਕਲਾਂ 'ਚ ਵਿਚਾਰੇ ਮਜ਼ਦੂਰਾਂ ਦੇ ਮਸਲੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਨਿਹਾਲ ਸਿੰਘ ਵਾਲਾ ਬਲਾਕ ਦੇ ਮੀਤ ਪ੍ਰਧਾਨ ਅਮਰਜੀਤ ਸਿੰਘ ਨੇ ਦੱਸਿਆ ਕਿ ਰਾਓਕੇ ਕਲਾਂ ਪਿੰਡ ਦੇ ਮਜ਼ਦੂਰਾਂ ਦੇ ਮਸਲੇ ਵਿਚਾਰਨ ਲਈ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸੂਬਾ ਕਮੇਟੀ ਮੈਂਬਰ ਲਖਬੀਰ ਸਿੰਘ ਲੱਖਾ, ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਘੋਲੀਆ, ਜ਼ਿਲ੍ਹਾ ਮੀਤ ਪ੍ਰਧਾਨ ਬੱਗਾ ਸਿੰਘ, ਬੱਧਨੀ ਬਲਾਕ ਦੇ ਪ੍ਰਧਾਨ ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।ਮੀਟਿੰਗ ਵਿੱਚ ਪਿੰਡ ਪ੍ਰਧਾਨ ਸੁਰਜੀਤ ਸਿੰਘ ਨੇ ਮਸਲਾ ਰੱਖਿਆ ਕਿ ਬਿਜਲੀ ਬੋਰਡ ਨੇ ਬਹੁਤ ਸਾਰੇ ਘਰਾਂ ਵਿੱਚ ਧੱਕੇ ਨਾਲ ਸਮਾਰਟ ਮੀਟਰ ਲਗਾ ਦਿੱਤੇ ਹਨ।ਲੋਕ ਇਹ ਮੀਟਰ ਲਗਾਉਣਾ ਨਹੀਂ ਸੀ ਚਾਹੁੰਦੇ।ਦੂਸਰਾ ਮਸਲਾ ਪਿੰਡ ਕਮੇਟੀ ਮੈਂਬਰ ਜਗਤਾਰ ਸਿੰਘ ਨੇ ਰੱਖਿਆ ਕਿ ਸਰਕਾਰ ਵੱਲੋਂ ਡੀਪੂਆਂ 'ਤੇ ਮਿਲਦੀ ਕਣਕ ਗਰੀਬਾਂ ਨੂੰ ਨਹੀਂ ਮਿਲ ਰਹੀ, ਪਰ ਅਮੀਰ ਪਰਵਾਰ ਇਹ ਕਣਕ ਲੈ ਰਹੇ ਹਨ।ਸਿਆਸੀ ਵਿਤਕਰੇਬਾਜ਼ੀ ਕਰਕੇ, ਬਹੁਤ ਗਰੀਬ ਪਰਵਾਰਾਂ ਦੇ ਰਾਸ਼ਨ ਕਾਰਡ ਕੈਂਸਲ ਕਰ ਦਿੱਤੇ ਹਨ।ਵਿਚਾਰ ਚਰਚਾ ਤੋਂ ਬਾਅਦ ਆਗੂ ਟੀਮ ਨੇ ਫੈਸਲਾ ਕੀਤਾ ਕਿ ਇਹ ਕਾਰਡਾਂ ਦੇ ਸਬੰਧ ਵਿੱਚ ਅੱਜ ਹੀ ਫੂਡ ਸਪਲਾਈ ਮਹਿਕਮੇ ਨੂੰ ਮਿਲਿਆ ਜਾਵੇ।ਵਫਦ ਵੱਲੋਂ ਜ਼ਿਲ੍ਹਾ ਹੈੱਡ ਕੁਆਟਰ 'ਤੇ ਫੂਡ ਸਪਲਾਈ ਅਧਿਕਾਰੀਆਂ ਨੂੰ ਮਿਲਿਆ ਗਿਆ।ਅਧਿਕਾਰੀ ਨੇ ਕਿਹਾ ਕਿ ਅਸੀਂ ਰਾਸ਼ਨ ਕਾਰਡਾਂ ਵਿੱਚ ਦਰਜ ਨਾਮਾਂ ਦੀ ਕਾਂਟ ਛਾਂਟ ਕਰ ਰਹੇ ਹਾਂ।ਤੁਸੀਂ ਸਾਡੇ ਕੋਲ ਥੋੜਾ ਸਮਾਂ ਬਾਅਦ ਆ ਜਾਣਾ, ਜੇਕਰ ਕੋਈ ਗਲਤ ਕੱਟਿਆ ਗਿਆ, ਉਹ ਦੁਬਾਰਾ ਬਣਾ ਦੇਵਾਂਗੇ।ਸਿਮ ਵਾਲੇ ਬਿਜਲੀ ਮੀਟਰਾਂ ਬਾਰੇ ਤੈਅ ਕੀਤਾ ਕਿ ਇੱਕ ਦਿਨ ਇਕੱਠੇ ਹੋ ਕੇ ਮੀਟਰ ਪੁੱਟ ਕੇ ਬਿਜਲੀ ਦਫਤਰ ਜਮ੍ਹਾਂ ਕਰਾ ਦਿੱਤੇ ਜਾਣਗੇ।ਬਿਜਲੀ ਬੋਰਡ ਤੋਂ ਮੰਗ ਕਰਾਂਗੇ ਕਿ ਉਨ੍ਹਾਂ ਦੇ ਪੁਰਾਣੇ ਪਹਿਲਾਂ ਚਲਦੇ ਬਿਜਲੀ ਮੀਟਰ ਲਗਾ ਦਿੱਤੇ ਜਾਣ।

## ਗਿਆਨੀ ਹਰਪ੍ਰੀਤ ਸਿੰਘ ਦਾ ਵਰਕਰਾਂ ਵੱਲੋਂ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ ਦੇ ਨਵ ਨਿਯੁਕਤ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕਰਨ ਲਈ ਪਿੰਡ ਨਾਗਰੀ ਵਿਖੇ ਪਹੁੰਚਣ ਤੋਂ ਪਹਿਲਾਂ ਸਮਾਣਾ ਵਿਖੇ ਰੁਕੇ, ਜਿੱਥੇ ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਮਨਜਿੰਦਰ ਸਿੰਘ ਰਾਣਾ ਸੇਖੋਂ ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ ਦੀ ਅਗਵਾਈ ਹੇਠ ਸੈਂਕੜੇ ਵਰਕਰਾਂ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ। ਮਨਜਿੰਦਰ ਸਿੰਘ ਰਾਣਾ ਸੇਖੋਂ ਤੇ ਕਪੂਰ ਚੰਦ ਬਾਂਸਲ ਨੇ ਕਿਹਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮਾਣਾ ਵਿਖੇ ਪਹਿਲੀ ਵਾਰ ਆ ਰਹੇ ਹਨ। ਸਮੁੱਚੇ ਅਕਾਲੀ ਦਲ ਵਰਕਰਾਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਜਾ ਰਿਹਾ ਹੈ।ਜਥੇਦਾਰ ਵੱਲੋਂ ਜੋ ਵੀ ਪਾਰਟੀ ਨੂੰ ਹੋਰ ਮਜਬੂਤ ਬਣਾਉਣ ਲਈ ਦਿਸ਼ਾ-ਨਿਰਦੇਸ਼ ਮਿਲਣਗੇ, ਉਨ੍ਹਾਂ ਨੂੰ ਖਿੜੇ ਮੱਥੇ ਪ੍ਰਵਾਨ ਕਰਕੇ ਦਿਨ-ਰਾਤ ਮਿਹਨਤ ਕਰਕੇ ਪਾਰਟੀ ਨੂੰ ਹੋਰ ਮਜਬੂਤ ਕਰਨ ਵਿੱਚ ਯੋਗਦਾਨ ਪਾਉਣਗੇ। ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਨਵੇਂ ਪ੍ਰਧਾਨ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਬੜੇ ਸੂਝਵਾਨ ਤੇ ਪੜ੍ਹੇ-ਲਿਖੇ ਧਾਰਮਿਕ ਖਿਆਲਾਂ ਦੇ ਵਿਅਕਤੀ ਹਨ, ਜਿਨ੍ਹਾਂ ਦੀ ਰਹਿਨੁਮਾਈ ਹੇਠ ਸ਼੍ਰੋਮਣੀ ਅਕਾਲੀ ਦਲ ਬਹੁਤ ਮਜਬੂਤ ਹੋ ਰਿਹਾ ਹੈ ਤੇ ਸ਼੍ਰੋਮਣੀ ਅਕਾਲੀ ਦਲ 2027 ਵਿੱਚ ਪੰਜਾਬ ਵਿੱਚ ਸਰਕਾਰ ਬਣਾਵੇਗਾ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਅਕਾਲੀ ਵਰਕਰਾਂ ਵੱਲੋਂ ਉਨ੍ਹਾਂ ਨੂੰ ਇੱਜ਼ਤ ਮਾਣ ਬਖਸ਼ਣ ਲਈ ਧੰਨਵਾਦ ਕੀਤਾ।

## ਜਨਮ ਅਸ਼ਟਮੀ ਮੌਕੇ ਸਟੇਜੀ ਪੇਸ਼ਕਾਰੀਆਂ ਕਰਾਈਆਂ



**ਦੋਰਾਹਾ (ਹਰਮਿੰਦਰ ਸੇਠ)**-ਸਟੈਪਿੰਗ ਸਟੋਨਜ਼ ਪ੍ਰੀ-ਸਕੂਲ ਵੱਲੋਂ ਜਨਮਾਸ਼ਟਮੀ ਦੇ ਪਾਵਨ ਮੌਕੇ 'ਤੇ ਬੱਚਿਆਂ ਵੱਲੋਂ ਵੱਖ-ਵੱਖ ਮੰਦਰਾਂ ਵਿੱਚ ਸੁੰਦਰ ਸਟੇਜ ਪਰਫਾਰਮੈਂਸ ਕਰਾਈ ਗਈ।ਬੱਚਿਆਂ ਨੇ ਰਾਧਾ-ਕ੍ਰਿਸ਼ਨ, ਗੋਪੀਆਂ, ਸੁਦਾਮਾ ਆਦਿ ਦੇ ਰੂਪ ਧਾਰ ਕੇ ਡਾਂਸ ਪੇਸ਼ ਕੀਤਾ।ਮੰਦਰਾਂ ਵਿੱਚ ਹਾਜ਼ਰ ਸੰਗਤ ਨੇ ਨੰਨ੍ਹੇ-ਮੁੰਨ੍ਹੇ ਬੱਚਿਆਂ ਦੇ ਉਤਸ਼ਾਹ ਨੂੰ ਦੇਖ ਕੇ ਖ਼ੁਸ਼ੀ ਪ੍ਰਗਟਾਈ ਅਤੇ ਸਟੈਪਿੰਗ ਸਟੋਨਜ਼ ਪ੍ਰੀ ਸਕੂਲ ਦੀ ਵਾਹ-ਵਾਹ ਕੀਤੀ।ਮੈਨੇਜਿੰਗ ਡਾਇਰੈਕਟਰ ਸਮਦੀਸ਼ ਤੇ ਪ੍ਰਿੰਸੀਪਲ ਜੋਤੀ ਸ਼ਰਮਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਭਗਤੀ ਭਾਵਨਾ, ਸੱਭਿਆਚਾਰਕ ਜਾਗਰੂਕਤਾ ਤੇ ਆਤਮ-ਵਿਸ਼ਵਾਸ ਵਿਕਸਤ ਹੁੰਦਾ ਹੈ।

## ਭੰਮੀਪੁਰਾ 'ਚ ਅਥਲੈਟਿਕਸ ਨਰਸਰੀ ਦੀ ਸ਼ੁਰੂਆਤ



**ਹਠੂਰ (ਨਛੱਤਰ ਸੰਧੂ)**-ਪੰਜਾਬ ਸਰਕਾਰ ਵੱਲੋਂ ਪੰਜਾਬ ਦੀ ਜਵਾਨੀ ਨੂੰ ਖੇਡਾਂ ਪ੍ਰਤੀ ਨਾਲ ਜੋੜਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਪਿੰਡ ਭੰਮੀਪੁਰਾ ਵਿਖੇ ਅਥਲੈਟਿਕਸ ਦੀ ਨਰਸਰੀ ਅਬਾਟ ਕੀਤਾ ਗਿਆ, ਜਿਸ ਵਿੱਚ ਹਰੇਕ ਉਮਰ ਦੇ ਖਿਡਾਰੀ ਖਿਡਾਰਨਾਂ ਅਥਲੈਟਿਕਸ ਕੋਚਿੰਗ ਲੈ ਸਕਣ। ਅਥਲੈਟਿਕਸ ਕੋਚਿੰਗ ਜਸਨਦੀਪ ਸਿੰਘ ਗੌਹਰ ਨੂੰ ਕੋਚ ਨਿਯੁਕਤ ਕੀਤਾ ਗਿਆ।ਨਵੇਂ ਨਿਯੁਕਤ ਕੋਚ ਜਸਨਦੀਪ ਸਿੰਘ ਭੰਮੀਪੁਰਾ ਦੀਆਂ ਗਰਾਊਂਡਾਂ ਵਿੱਚ ਆਏ ਉਨ੍ਹਾਂ ਦਾ ਸਮੂਹ ਗ੍ਰਾਮ ਪੰਚਾਇਤ ਤੇ ਖਿਡਾਰੀਆਂ ਵੱਲੋਂ ਸਵਾਗਤ ਤੇ ਸਨਮਾਨ ਕੀਤਾ ਗਿਆ।

## ਨਸ਼ਿਆਂ ਵਿਰੁੱਧ ਪ੍ਰਦਰਸ਼ਨੀ ਲਾਈ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਪੰਜਾਬ ਸਰਕਾਰ ਦੇ ਆਦੇਸ਼ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਮੁਹਿੰਮ ਤਹਿਤ ਵਾਈ.ਐੱਸ.ਪਬਲਿਕ ਸੀਨੀਅਰ ਸੈਕੰਡਰੀ ਸਕੂਲ ਥਾਂਦੇਵਾਲਾ ਵਿਖੇ ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਸਕੂਲ ਦੇ ਵਿਦਿਆਰਥੀਆਂ ਵੱਲੋਂ ਨਸ਼ਿਆਂ ਵਿਰੁੱਧ ਪ੍ਰਦਰਸ਼ਨੀ ਲਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਨਸ਼ਿਆਂ ਨਾਲ ਹੋਣ ਵਾਲੇ ਨੁਕਸਾਨਾਂ ਨੂੰ ਦਰਸਾਇਆ ਅਤੇ ਸਕੂਲ ਦੇ ਵਿਦਿਆਰਥੀਆਂ ਨੇ ਕਿਸੇ ਵੀ ਪ੍ਰਕਾਰ ਦਾ ਨਸ਼ਾ ਨਾ ਕਰਨ ਦਾ ਪ੍ਰਣ ਵੀ ਲਿਆ।ਸਕੂਲ ਦੇ ਪ੍ਰਿੰਸੀਪਲ ਮੈਡਮ ਬੀਰਪਾਲ ਕੌਰ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨਸ਼ਾ ਖਾਸਕਰ ਨੌਜਵਾਨ ਪੀੜ੍ਹੀ ਨੂੰ ਖਾ ਰਿਹਾ ਹੈ ਤੇ ਘਰਾਂ ਦੇ ਘਰ ਤਬਾਹ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਕਿਸੇ ਵੀ ਪ੍ਰਕਾਰ ਦਾ ਨਸ਼ਾ ਨਾ ਕਰਕੇ ਪੜ੍ਹਾਈ 'ਚੋਂ ਚੰਗੇ ਅੰਕ ਹਾਸਲ ਕਰਕੇ ਸਮਾਜ ਅਤੇ ਦੇਸ਼ ਦੀ ਖ਼ੁਸ਼ਹਾਲੀ ਤੇ ਤਰੱਕੀ ਲਈ ਕੁਝ ਕਰਨਾ ਚਾਹੀਦਾ ਹੈ।

## ਗ੍ਰਾਮ ਪੰਚਾਇਤ ਰੌਂਤਾ ਵੱਲੋਂ ਹੁਸ਼ਿਆਰ ਬੱਚਿਆਂ ਦਾ ਸਨਮਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸ਼ਹੀਦ ਸਿਪਾਹੀ ਹਰਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੌਂਤਾ ਵਿਖੇ ਆਜ਼ਾਦੀ ਦਾ ਦਿਹਾੜਾ ਮਨਾਇਆ ਗਿਆ। ਸਕੂਲ ਇੰਚਾਰਜ ਤੇਜਿੰਦਰ ਸਿੰਘ ਤੇ ਸਰਪੰਚ ਗੁਰਸੇਵਕ ਸਿੰਘ ਨੇ ਝੰਡਾ ਲਹਿਰਾਉਣ ਦੀ ਰਸਮ ਸਾਂਝੇ ਤੌਰ 'ਤੇ ਅਦਾ ਕੀਤੀ।ਸਕੂਲੀ ਬੱਚਿਆਂ ਤੇ ਐੱਨਸੀਸੀ ਕੈਡਿਟਾਂ ਵੱਲੋਂ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ। ਇਸ ਸਮੇਂ ਰਾਸ਼ਟਰੀ ਗੀਤ ਦਾ ਵੀ ਆਗਾਜ਼ ਕੀਤਾ ਗਿਆ। ਉਪਰੰਤ ਸਕੂਲ ਵਿਦਿਆਰਥੀਆਂ ਵੱਲੋਂ ਆਜ਼ਾਦੀ ਦੇ ਦਿਹਾੜੇ ਨੂੰ ਸਮਰਪਤ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ।ਇਸ ਮੌਕੇ ਰਿਟਾਇਰਡ ਮਾਸਟਰ ਨਛੱਤਰ ਸਿੰਘ ਵੱਲੋਂ ਬੋਰਡ ਦੀਆਂ ਜਮਾਤਾਂ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਨਗਦ ਰਾਸ਼ੀ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਸੂਬਾ ਅਧਿਆਪਕ ਆਗੂ ਹਰਜੰਟ ਸਿੰਘ ਬੌਡੇ, ਸਰਪੰਚ ਗੁਰਸੇਵਕ ਸਿੰਘ, ਸਕੂਲ ਇੰਚਾਰਜ ਤੇਜਿੰਦਰ ਸਿੰਘ ਨੇ ਆਜ਼ਾਦੀ ਦੇ ਸਬੰਧ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਸਮਾਗਮ ਵਿੱਚ ਛੇਵੀਂ ਤੋਂ ਲੈ ਕੇ ਬਾਰਵੀਂ ਤੱਕ ਦੇ ਫਸਟ ਰਹੇ ਵਿਦਿਆਰਥੀਆਂ ਨੂੰ ਗ੍ਰਾਮ ਪੰਚਾਇਤ ਰੌਂਤਾ ਵੱਲੋਂ ਸਨਮਾਨਤ ਕੀਤਾ ਗਿਆ।ਇਸ ਸਮੇਂ ਸਰਪੰਚ ਗੁਰਸੇਵਕ ਸਿੰਘ ਮਨਜੀਤ ਸਿੰਘ ਨੰਬਰਦਾਰ ਪੰਚ, ਗੁਰਪ੍ਰੀਤ ਸਿੰਘ ਸਾਬਕਾ ਪੰਚ, ਮੇਜਰ ਸਿੰਘ ਸੁਸਾਇਟੀ ਮੈਂਬਰ, ਮੁਖਤਿਆਰ ਸਿੰਘ ਪੰਚ, ਲਖਵਿੰਦਰ ਸਿੰਘ ਪੰਚ, ਜਲੌਰ ਸਿੰਘ ਪੰਚ, ਮੋਹਨ ਲਾਲ ਅਰੋੜਾ, ਬਲਜੀਤ ਸਿੰਘ ਤਥਗਰ, ਰਣਧੀਰ ਸਿੰਘ ਧੀਰਾ, ਕਰਨੈਲ ਸਿੰਘ ਫੌਜੀ ਤੇ ਹੋਰ ਪਤਵੰਤੇ, ਸਮੂਹ ਸਕੂਲ ਸਟਾਫ ਮੌਜੂਦ ਸੀ। ਪ੍ਰਿੰਸੀਪਲ ਤੇਜਿੰਦਰ ਸਿੰਘ ਨੇ ਗ੍ਰਾਮ ਪੰਚਾਇਤ ਰੌਂਤਾ ਵੱਲੋਂ ਵਿਦਿਆਰਥੀਆਂ ਨੂੰ ਸਨਮਾਨ ਕਰਨ ਦਾ ਧੰਨਵਾਦ ਕੀਤਾ।ਸਰਪੰਚ ਗੁਰਸੇਵਕ ਸਿੰਘ ਨੇ ਕਿਹਾ ਕਿ ਸਾਨੂੰ ਉਮੀਦ ਹੈ ਕਿ ਸਾਡੇ ਸਕੂਲ ਦੇ ਵਿਦਿਆਰਥੀ ਵਿੱਦਿਆ ਦੇ ਖੇਤਰ ਵਿੱਚ ਹੋਰ ਮੱਲਾਂ ਮਾਰਨਗੇ।

## ਗੁਰਵਿੰਦਰ ਸਿੰਘ ਡਾਲਾ ਦਾ ਸਨਮਾਨ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਪਿੰਡ ਬੌਡੇ ਵਿਖੇ ਗੁਰਵਿੰਦਰ ਸਿੰਘ ਡਾਲਾ ਨੂੰ ਐਸੀ ਵਿੰਗ ਜ਼ਿਲ੍ਹਾ ਮੋਗਾ ਦਾ ਪ੍ਰਧਾਨ ਬਨਣ 'ਤੇ ਮਾਨ ਸਨਮਾਨ ਕੀਤਾ ਗਿਆ। ਇਸ ਸਮੇ ਆਮ ਆਦਮੀ ਪਾਰਟੀ ਬੌਡੇ ਦੇ ਪ੍ਰਧਾਨ ਹਰਵਿੰਦਰ ਸਿੰਘ ਖਾਲਸਾ, ਗੁਰਬਖਸ਼ ਸਿੰਘ, ਰਣਧੀਰ ਸਿੰਘ ਬੰਟੀ, ਬੌਡੇ ਫੌਜੀ, ਬੌਡੇ ਜਗਦੇਵ ਸਿੰਘ ਪ੍ਰਧਾਨ, ਕੁਲਦੀਪ ਸਿੰਘ, ਗੌਗੀ ਬੌਡੇ, ਜਗਦੇਵ ਧਾਲੀਵਾਲ, ਰਾਮ ਸਿੰਘ ਬੌਡੇ ਆਦਿ ਹਾਜ਼ਰ ਸਨ।

## ਟੀ ਐੱਸ ਯੂ ਯੂਨੀਅਨ ਦੀ ਚੋਣ ਹੋਈ



**ਮੂਣਕ (ਰਾਜਪਾਲ ਸਿੰਗਲਾ)**-ਡਵੀਜ਼ਨ ਲਹਿਰਾਗਾਗਾ ਦੀ ਟੀ.ਐਸ.ਯੂ ਯੂਨੀਅਨ ਦੀ ਚੋਣ ਸਬੰਧੀ ਮੀਟਿੰਗ ਰੱਖੀ ਗਈ, ਜਿਸ 'ਚ ਸਾਰੇ ਸਾਥੀਆਂ ਦੀ ਸਰਬਸੰਮਤੀ ਨਾਲ ਡੀਵਜ਼ਨ ਦੀ ਚੋਣ ਸਰਕਲ ਕਮੇਟੀ ਨਿਗਰਾਨੀ ਹੇਠ ਹੋਈ। ਇਸ ਮੌਕੇ ਡਵੀਜ਼ਨ ਪ੍ਰਧਾਨ ਭੀਮ ਸਿੰਘ ਬੰਗਾ, ਮੀਤ ਪ੍ਰਧਾਨ ਮਲਕੀਤ ਸਿੰਘ, ਸਕੱਤਰ ਜਗਤਾਰ ਸਿੰਘ, ਸਹਾਇਕ ਸਕੱਤਰ ਗੁਰਮੀਤ ਸਿੰਘ ਖ਼ਜ਼ਾਨਚੀ, ਨਰੇਸ਼ ਕੁਮਾਰ ਚੁਣੇ ਗਏ। ਨਵੀਂ ਚੁਣੀ ਕਮੇਟੀ ਵਲੋਂ ਵਿਸ਼ਵਾਸ ਦਿੱਤਾ ਗਿਆ ਕਿ ਅਸੀਂ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਵਾਂਗੇ।

## ਬੈਡਮਿੰਟਨ ਹੈੱਡ ਟੀਚਰ ਨਿਰਮਲ ਸਿੰਘ ਤੇ ਅਮਰਜੀਤ ਕੌਰ ਸਨਮਾਨਤ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਵਧੀਆਂ ਸੇਵਾਵਾਂ ਤੇ ਕਾਰਗੁਜ਼ਾਰੀ ਨੂੰ ਦੇਖਦੇ ਹੋਏ 15 ਅਗਸਤ ਨੂੰ ਖੇਡਾਂ ਦੇ ਖੇਤਰ ਬੈਡਮਿੰਟਨ ਹੈੱਡ ਟੀਚਰ ਨਿਰਮਲ ਸਿੰਘ ਅਤੇ ਹੈੱਡ ਟੀਚਰ ਸ੍ਰੀਮਤੀ ਅਮਰਜੀਤ ਕੌਰ ਪੱਤੋ ਨੂੰ ਡੀ ਸੀ ਮੋਗਾ ਡੀ ਐਸ ਓ ਮੋਗਾ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਨਮਾਨਤ ਕੀਤਾ ਗਿਆ ਜ਼ਿਕਰਯੋਗ ਹੈ ਕਿ ਇਹ ਅਧਿਆਪਕ ਜੋੜੀ ਪਿਛਲੇ ਲੰਮੇ ਸਮੇਂ ਤੋਂ ਇਲਾਕੇ ਦੇ ਬੱਚਿਆਂ ਨੂੰ ਬਿਲਕੁਲ ਫਰੀ ਬਡਮਿੰਟਨ ਦੀ ਕੋਚਿੰਗ ਦੇ ਰਹੇ ਹਨ। ਇਨ੍ਹਾਂ ਦੀ ਮਿਹਨਤ ਨਾਲ ਇਲਾਕੇ ਵਿੱਚ ਬਹੁਤ ਸਾਰੇ ਖਿਡਾਰੀ ਪੈਦਾ ਹੋਏ।ਨਿਰਮਲ ਸਿੰਘ ਪੱਤੋ ਖੁਦ ਵੀ ਨੈਸ਼ਨਲ ਪੱਧਰ ਦੇ ਖਿਡਾਰੀ ਰਹਿ ਚੁੱਕੇ ਹਨ।

## ਜੋਧਵਾਲ ਦੰਗਲ ਮੇਲੇ 'ਚ ਤਾਲਿਬ ਬਾਬਾ ਫਲਾਹੀ ਨੇ ਜਿੱਤੀ ਝੰਡੀ ਦੀ ਕੁਸ਼ਤੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਰੂੜੇਵਾਲ, ਜੋਧਵਾਲ, ਚੱਕ ਸ਼ੰਮੂ, ਮੁਗਲੇਵਾਲ ਤੇ ਲੁਬਾਣਗੜ੍ਹ ਆਦਿ ਪਿੰਡਾਂ ਦੇ ਸਹਿਯੋਗ ਨਾਲ ਗੁੱਗਾ ਮੈੜੀ ਪ੍ਰਬੰਧਕ ਕਮੇਟੀ ਵੱਲੋਂ ਦੰਗਲ ਮੇਲਾ ਪਿੰਡ ਜੋਧਵਾਲ ਵਿਖੇ ਕਰਵਾਇਆ ਗਿਆ, ਜਿਸ ਵਿੱਚ 80 ਤੋਂ ਵੱਧ ਕੁਸ਼ਤੀਆਂ ਦਾ ਦਰਸ਼ਕਾਂ ਨੇ ਆਨੰਦ ਮਾਣਿਆ। ਦੰਗਲ ਮੇਲੇ ਵਿੱਚ ਝੰਡੀ ਦੀ ਕੁਸ਼ਤੀ ਤਾਲਿਬ ਬਾਬਾ ਫਲਾਹੀ ਨੇ ਜਲਾਲ ਈਰਾਨ ਨੂੰ ਹਰਾ ਕੇ ਜਿੱਤੀ, ਜਦਕਿ ਦੂਜੇ ਨੰਬਰ ਦੀ ਝੰਡੀ ਦੀ ਕੁਸ਼ਤੀ ਪਰਮਿੰਦਰ ਭੱਟੀ ਨੇ ਸ਼ੀਪਾ ਰਾਈਆਂ, ਤੀਜੀ ਕੁਸ਼ਤੀ 'ਚ ਲੱਕੀ ਕੋਹਾਲੀ ਨੇ ਸ਼ੁਭਮ ਰਾਈਵਾਲ ਤੇ ਗੁਰਤਾਜ ਮਾਛੀਵਾੜਾ ਨੇ ਲੱਕੀ ਮਾਛੀਆਂ ਨੂੰ ਹਰਾਇਆ। ਇਸ ਤੋਂ ਇਲਾਵਾ ਛੋਟਾ ਗੌਰਵ ਤੇ ਮਦੀਨ ਭੁੱਟਾ ਬਰਾਬਰ ਰਹੇ। ਜੇਤੂ ਪਹਿਲਵਾਨਾਂ ਨੂੰ ਸੁਰਜੀਤ ਸਿੰਘ, ਚੰਦ ਖਾਨ ਤੇ ਲਖਵੀਰ ਸਿੰਘ ਵੱਲੋਂ ਦਿੱਤਾ ਗਿਆ ਬੁਲਿਟ ਮੋਟਰਸਾਈਕਲ, ਲਵਲੀ ਸੈਣੀ ਤੇ ਸਨੀ ਨਾਗਰਾ ਵੱਲੋਂ ਦਿੱਤਾ ਪਲੈਟੀਨਾ ਮੋਟਰਸਾਈਕਲ, ਸਰਪੰਚ ਅੰਗਰੇਜ਼ ਸਿੰਘ ਰੰਧਾਵਾ ਰੂੜੇਵਾਲ, ਰਿੱਕੀ ਸੈਣੀ, ਜੱਗਾ ਰੰਧਾਵਾ, ਸੰਦੀਪ ਪੰਚ, ਅਮਨਦੀਪ ਤੇ ਸੋਨੂੰ ਨਾਗਰਾ ਵੱਲੋਂ ਦਿੱਤਾ ਪਲੈਟੀਨਾ ਤੇ ਸਤਨਾਮ ਸਿੰਘ ਪਹਿਲਵਾਨ ਤੇ ਭਿੰਦਾ ਨਾਗਰਾ ਵੱਲੋਂ ਵੀ ਪਲੈਟੀਨਾ ਮੋਟਰਸਾਈਕਲ ਇਨਾਮ ਵਜੋਂ ਦਿੱਤੇ ਗਏ। ਇਸੇ ਤਰ੍ਹਾਂ ਪ੍ਰਦੀਪ ਕੁਮਾਰ ਤੇ ਸੁਰਿੰਦਰ ਸ਼ਰਮਾ ਵੱਲੋਂ ਸੋਨੇ ਦੀਆਂ ਮੁੰਦਰੀਆਂ ਨੂੰ ਪ੍ਰਬੰਧਕ ਕਮੇਟੀ ਦੇ ਸਰਪੰਚ ਅੰਗਰੇਜ਼ ਸਿੰਘ ਰੰਧਾਵਾ, ਮੁੱਖ ਸੇਵਾਦਾਰ ਬਾਬਾ ਸਵਰਨ ਸਿੰਘ, ਗੋਲਡੀ ਗਿੱਲ, ਸੰਦੀਪ ਗਿੱਲ, ਵਿੱਕੀ ਗਿੱਲ, ਅਮਨਦੀਪ ਨੰਬਰਦਾਰ, ਹੈਪੀ ਰਾਣਾ, ਪ੍ਰਦੀਪ ਕੁਮਾਰ, ਹਰਚਰਨ ਸਿੰਘ ਸਰਪੰਚ, ਧਰਮਪਾਲ ਸਿੰਘ ਸਰਪੰਚ ਚੱਕ ਸ਼ੰਮੂ, ਹਰਮਿੰਦਰ ਸਿੰਘ, ਸੁਖਵਿੰਦਰ ਲਾਲ ਸੁੱਖੀ ਸ਼ਰਮਾ, ਸੰਜੇ ਰਾਣਾ, ਮੋਹਣ ਸਿੰਘ, ਦਰਸ਼ਨ ਸਿੰਘ ਹੈਪੀ ਰਾਣਾ ਆਦਿ ਨੇ ਸਨਮਾਨਤ ਕੀਤਾ। ਆਈਆਂ ਸੰਗਤਾਂ ਨੇ ਗੁੱਗਾ ਜ਼ਾਹਰ ਵੀਰ ਦੀ ਸਮਾਧ 'ਤੇ ਸਿਜਦਾ ਕੀਤਾ ਅਤੇ ਸਵੱਈਆਂ ਵੱਲੋਂ ਬਾਬਾ ਜੀ ਦੇ ਭਜਨ ਪੇਸ਼ ਕੀਤੇ ਗਏ। ਮੇਲੇ ਦਾ ਅੱਖੀਂ ਡਿੱਠਾ ਹਾਲ ਦੀਪਕ ਕਾਂਗੜਾ ਨੇ ਸੁਣਾਇਆ।

## ...ਸ.ਫਾ 1 ਦੇ ਬਾਕੀ

### ਭਾਖੜਾ ਡੈਮ ਦੇ ਫਲੱਡ...

ਵਿੱਚ ਪਾਣੀ ਦਾ ਪੱਧਰ 1662 ਫੁੱਟ ਹੋਣਾ ਚਾਹੀਦਾ ਸੀ। ਹਾਲਾਂਕਿ ਮੰਗਲਵਾਰ ਇਹ 1665 ਫੁੱਟ ਸੀ, ਜੋ ਕਿ 3 ਫੁੱਟ ਵੱਧ ਸੀ। ਇਸ ਤੋਂ ਇਲਾਵਾ 24 ਅਤੇ 25 ਅਗਸਤ ਨੂੰ ਸਤਲੁਜ ਕੈਚਮੈਂਟ ਖੇਤਰ ਵਿੱਚ ਭਾਰੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਗਈ ਹੈ। ਭਵਿੱਖਬਾਣੀਆਂ ਨੇ ਸਤੰਬਰ ਵਿੱਚ ਭਾਰੀ ਬਾਰਿਸ਼ ਹੋਣ ਦਾ ਵੀ ਸੰਕੇਤ ਦਿੱਤਾ ਹੈ।

ਸੂਤਰਾਂ ਨੇ ਕਿਹਾ ਕਿ ਲਗਭਗ 45000 ਕਿਊਸਿਕ ਪਾਣੀ ਛੱਡਿਆ ਜਾਵੇਗਾ, ਤਾਂ ਜੋ ਪਾਣੀ ਦਾ ਪੱਧਰ 1662 ਫੁੱਟ ਤੱਕ ਹੇਠਾਂ ਆ ਸਕੇ। ਇਸ ਵਿੱਚੋਂ 22000 ਕਿਊਸਿਕ ਸਤਲੁਜ ਦਰਿਆ ਦੇ ਕੁਦਰਤੀ ਵਹਾਅ ਵਿੱਚ ਛੱਡਿਆ ਜਾਵੇਗਾ, ਬਾਕੀ 23000 ਕਿਊਸਿਕ ਨੰਗਲ ਹਾਈਡਲ ਨਹਿਰ ਵਿੱਚ ਛੱਡਿਆ ਜਾਵੇਗਾ, ਜੋ ਅਗਾਂਹ ਭਾਖੜਾ ਮੁੱਖ ਲਾਈਨ ਅਤੇ ਆਨੰਦਪੁਰ ਸਾਹਿਬ ਹਾਈਡਲ ਨਹਿਰ ਨਾਲ ਜੁੜਦੀ ਹੈ ਤੇ ਅੰਤ ਵਿੱਚ ਕੀਰਤਪੁਰ ਸਾਹਿਬ ਦੇ ਨੇੜੇ ਸਤਲੁਜ ਦਰਿਆ ਵਿੱਚ ਮਿਲਦੀ ਹੈ।

### ਗਦਰੀ ਬਾਬਿਆਂ ਦੇ ਮੇਲੇ ...

ਪੁਲਸ ਨੂੰ ਖੁੱਲ੍ਹੀਆਂ ਛੁੱਟੀਆਂ ਦੇਣ ਦੇ ਮਸਲਿਆਂ 'ਤੇ ਵੀ ਬੈਠਕ ਵਿੱਚ ਚਿੰਤਾ ਪ੍ਰਗਟ ਕੀਤੀ ਗਈ।ਦੇਸ਼ ਭਗਤ ਯਾਦਗਾਰ ਕਮੇਟੀ ਨੇ ਦੇਸ਼-ਬਦੇਸ਼ ਵਸਦੇ ਲੋਕਾਂ ਨੂੰ ਅਪੀਲ ਕੀਤੀ ਕਿ ਗ਼ਦਰ ਲਹਿਰ ਦੀ ਰੌਸ਼ਨੀ ਵਿੱਚ ਸਭਨਾਂ ਮੁੱਦਿਆਂ ਨੂੰ ਕਲਾ-ਕ੍ਰਿਤਾਂ ਦੇ ਮਾਧਿਅਮ ਰਾਹੀਂ ਛੋਹਣ ਜਾ ਰਹੇ ਗ਼ਦਰੀ ਬਾਬਿਆਂ ਦੇ ਮੇਲੇ ਨੂੰ ਹਰ ਪੱਖੋਂ ਕਾਮਯਾਬ ਕਰਨ ਲਈ ਸਭਨਾਂ ਦੇ ਪੂਰਨ ਸਹਿਯੋਗ ਦੀ ਲੋੜ ਹੈ।ਮੀਟਿੰਗ 'ਚ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਵਿੱਤ ਸਕੱਤਰ ਸੀਤਲ ਸਿੰਘ ਸੰਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਹਾਜ਼ਰ ਸਨ।

### ਗੋਤੇ ਖਾਂਦੀ ਜ਼ਿੰਦਗੀ ਨੂੰ ਮਹੀਨੇ ...

ਪਹਿਲਾਂ ਵੀ ਜਦੋਂ ਹੜ੍ਹਾਂ ਦੀ ਮਾਰ ਹੇਠ ਉਹ ਆ ਗਏ ਸਨ, ਤਾਂ ਉਹ ਅਜੇ ਤੱਕ ਉੱਪਰ ਨਹੀਂ ਉੱਠ ਸਕੇ ਸਨ ਕਿ ਦੁਬਾਰਾ ਫਿਰ ਹੜ੍ਹ ਆਉਣ ਨਾਲ ਉਹਨਾਂ ਦੀ ਫਸਲ ਵੀ ਤਬਾਹ ਹੋ ਗਈ ਅਤੇ ਉਹ ਘਰੋਂ ਵੀ ਬੇਕਾਰ ਹੋਣ ਲੱਗੇ।ਭੁੱਖੇ ਢਿੱਡੀਂ ਮਰੀਆਂ ਆਂਦਰਾਂ ਦੀ ਹਾਲਤ ਵਿੱਚ ਆਪਣਾ ਦਰਦ ਬਿਆਨ ਕਰਦਿਆਂ ਅੱਧ ਨੰਗੇ ਗਰੀਬ ਮਜ਼ਦੂਰਾਂ ਨੇ ਦੱਸਿਆ ਕਿ ਉਹ ਹੁਣ ਇੱਕ ਵਕਤ ਦੀ ਰੋਟੀ ਖਾ ਕੇ ਗੁਜ਼ਾਰਾ ਕਰਨ ਲਈ ਮਜਬੂਰ ਹਨ। ਉਹਨਾਂ ਦੇ ਪਸ਼ੂ ਵੀ ਹੁਣ ਤਾਂ ਭੁੱਖੇ ਮਰਨ ਲਈ ਮਜਬੂਰ ਹਨ। ਉਹਨਾਂ ਕਿਹਾ ਕਿ ਸੱਤਾ ਧਿਰ ਵੱਲੋਂ ਅਜੇ ਤੱਕ ਉਹਨਾਂ ਦੀ ਵਾਟ ਪੁੱਛਣ ਲਈ ਕੋਈ ਨਹੀਂ ਬਹੁੜਿਆ।ਉਹਨਾਂ ਮੰਗ ਕਰਦਿਆਂ ਕਿਹਾ ਕਿ ਉਹਨਾਂ ਨੂੰ ਸਹੀ ਬੇੜੀ, ਚੱਪੂ ਅਤੇ ਬੇੜੀ ਨੂੰ ਚਲਾਉਣ ਵਾਲਾ ਤਜਰਬੇਕਾਰ ਮਲਾਹ ਦਿੱਤਾ ਜਾਵੇ ਤਾਂ ਕਿ ਉਹ ਆਪਣੀ ਜ਼ਿੰਦਗੀ ਪਾਣੀ 'ਚ ਗੋਤੇ ਖਾਂਦਿਆਂ ਹੀ ਸਹੀਂ, ਪਰ ਜੀਅ ਤਾਂ ਸਕਣ। ਅੱਕੇ ਹੋਏ ਸਰਹੱਦੀ ਖੇਤਰ ਦੇ ਲੋਕਾਂ ਨੇ ਕਿਹਾ ਕਿ ਜੇਕਰ ਉਹਨਾਂ ਦਾ ਜਾਨੀ ਜਾਂ ਮਾਲੀ ਕੋਈ ਨੁਕਸਾਨ ਹੁੰਦਾ ਹੈ ਤਾਂ ਇਸ ਦਾ ਸਿੱਧੇ ਤੌਰ 'ਤੇ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ, ਕਿਉਂਕਿ ਉਹਨਾਂ ਵੱਲੋਂ ਲਿਖਤੀ ਦਰਖਾਸਤਾਂ ਦੇਣ ਦੇ ਬਾਵਜੂਦ ਪਹਿਲਾਂ 20 ਦਿਨ ਬਾਅਦ ਬੇੜੀ ਦਾ ਪ੍ਰਬੰਧ ਹੋਇਆ ਅਤੇ ਉਹ ਵੀ ਬੇੜੀ ਟੁੱਟੀ ਹੋਈ, ਬਿਨਾਂ ਮਲਾਹ ਅਤੇ ਬਿਨਾਂ ਚੱਪੂਆਂ ਤੋਂ ਦਿੱਤੀ ਗਈ ਹੈ। ਇਸ ਸੰਬੰਧੀ ਜਦੋਂ ਧਿਆਨ ਜ਼ਿਲ੍ਹੇ ਦੀ ਡਿਪਟੀ ਕਮਿਸ਼ਨਰ ਮੈਡਮ ਅਮਰਪ੍ਰੀਤ ਕੌਰ ਸੰਧੂ ਨੂੰ ਦਿਵਾਇਆ ਗਿਆ ਤਾਂ ਉਹਨਾਂ ਤੁਰੰਤ ਐੱਸ ਡੀ ਐੱਮ ਦੀ ਡਿਊਟੀ ਲਗਾ ਕੇ ਬੇੜੀ ਨੂੰ ਬਦਲਣ ਦੇ ਆਦੇਸ਼ ਦੇ ਦਿੱਤੇ।ਇਸ ਸੰਬੰਧੀ ਐੱਸ ਡੀ ਐੱਮ ਵੀਰਪਾਲ ਨੇ ਕਿਹਾ ਕਿ ਉਹਨਾਂ ਦੇ ਧਿਆਨ ਵਿੱਚ ਤੁਹਾਡੇ ਵੱਲੋਂ ਹੁਣ ਲਿਆਂਦਾ ਗਿਆ ਹੈ ਅਤੇ ਉਹ ਤੁਰੰਤ ਇਸ ਬੇੜੀ ਨੂੰ ਬਦਲਣਗੇ ਅਤੇ ਸਰਹੱਦੀ ਖੇਤਰ ਦੇ ਲੋਕਾਂ ਨੂੰ ਹਰ ਸਹੂਲਤ ਮੁਹੱਈਆ ਕਰਾਉਣ ਲਈ ਉਨ੍ਹਾਂ ਤੱਕ ਪਹੁੰਚ ਕਰਨਗੇ।

## ਸੰਤ ਲੌਂਗੋਵਾਲ ਦੀ ਬਰਸੀ 'ਤੇ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਕਾਫਲਿਆਂ ਦੇ ਰੂਪ 'ਚ ਹੋਵਾਂਗੇ ਸ਼ਾਮਲ : ਮੱਖਣ ਬਰਾੜ

**ਮੋਗਾ (ਇਕਬਾਲ ਸਿੰਘ ਖਹਿਰਾ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਪੰਥ ਦੀ ਧੀ ਬੀਬੀ ਸਤਵੰਤ ਕੌਰ ਚੇਅਰਪਰਸਨ ਪੰਥਕ ਕੌਂਸਲ ਦੀ ਅਗਵਾਈ ਹੇਠ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਸਲਾਨਾ ਬਰਸੀ 20 ਅਗਸਤ ਨੂੰ ਦਾਣਾ ਮੰਡੀ ਲੌਂਗੋਵਾਲ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਜਾ ਰਹੀ ਹੈ। ਸਮਾਗਮ ਨੂੰ ਲੈ ਕੇ ਪਾਰਟੀ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਹਨ। ਹਲਕਾ ਧਰਮਕੋਟ ਦੇ ਇੰਚਾਰਜ ਤੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਦੱਸਿਆ ਕਿ ਜ਼ਿਲ੍ਹੇ ਦੇ ਹਰ ਇਲਾਕੇ 'ਚੋਂ ਵਰਕਰਾਂ ਨੂੰ ਜੋਸ਼ੀਲੇ ਅੰਦਾਜ਼ ਵਿੱਚ ਇਕੱਠਾ ਕੀਤਾ ਜਾ ਰਿਹਾ ਹੈ। ਸਮੂਹ ਵਰਕਰ ਸਾਹਿਬਾਨ ਸਵੇਰੇ 10 ਵਜੇ ਬੁੱਘੀਪੁਰਾ ਚੌਂਕ ਵਿੱਚ ਇਕੱਠੇ ਹੋਣਗੇ ਤੇ ਉੱਥੋਂ ਭਾਰੀ ਰੈਲੀ ਦੇ ਰੂਪ ਵਿੱਚ ਲੌਂਗੋਵਾਲ ਵੱਲ ਰਵਾਨਾ ਹੋਣਗੇ। ਅਕਾਲੀ ਆਗੂਆਂ ਨੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਿੱਖ ਕੌਮ ਦੀ ਚੜ੍ਹਦੀ ਕਲਾ ਤੇ ਪੰਜਾਬ ਦੇ ਹੱਕਾਂ ਲਈ ਅਣਮੁੱਲੀਆਂ ਕੁਰਬਾਨੀਆਂ ਦਿੱਤੀਆਂ।

1980 ਦੇ ਦਹਾਕੇ ਵਿੱਚ ਸਿੱਖ ਸੰਘਰਸ਼ ਦੌਰਾਨ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਦੀਆਂ ਮੰਗਾਂ ਨੂੰ ਕੇਂਦਰ ਸਰਕਾਰ ਸਾਹਮਣੇ ਪ੍ਰਭਾਵਸ਼ਾਲੀ ਢੰਗ ਨਾਲ ਰੱਖਿਆ। ਉਨ੍ਹਾਂ ਦੇ ਜੀਵਨ ਸੰਘਰਸ਼ ਤੇ ਸਿਆਸੀ ਯੋਗਦਾਨ ਨੂੰ ਸਮਰਪਤ ਇਹ ਸਮਾਗਮ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਵਿਚਾਰਾਂ ਨਾਲ ਜੋੜਨ ਦਾ ਮੌਕਾ ਪ੍ਰਦਾਨ ਕਰੇਗਾ। ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਸਮਾਗਮ ਸਿੱਖ ਕੌਮ ਦੀ ਨਵੀਂ ਪੀੜ੍ਹੀ ਵਿੱਚ ਨਿਸ਼ਠਾ ਅਤੇ ਸਮਰਪਣ ਦੀ ਭਾਵਨਾ ਜਗਾਉਣ ਲਈ ਜ਼ਰੂਰੀ ਹਨ।

## ਟੀ ਐੱਸ ਯੂ ਕਮੇਟੀ ਦੀ ਚੋਣ 'ਚ ਢਿਪਾਲੀ ਪ੍ਰਧਾਨ ਤੇ ਹਰਜਿੰਦਰ ਸਿੰਘ ਮੀਤ ਪ੍ਰਧਾਨ ਚੁਣੇ



**ਬਠਿੰਡਾ (ਰਾਜੀਵ ਗੋਇਲ)**-ਸਬ ਡਵੀਜ਼ਨ ਭਗਤਾ ਨਾਲ ਸਬੰਧਤ ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਸਾਂਝੀ ਬੈਠਕ ਦਰਮਿਆਨ ਨਵੀਂ ਕਮੇਟੀ ਦੀ ਚੋਣ ਕੀਤੀ ਗਈ। ਇਹ ਚੋਣ ਸਰਕਲ ਦੇ ਅਹੁਦੇਦਾਰਾਂ ਬਲਜੀਤ ਸਿੰਘ, ਗੁਰਮੀਤ ਸਿੰਘ ਤੇ ਅੰਗਰੇਜ਼ ਸਿੰਘ ਦੀ ਅਗਵਾਈ ਹੇਠ ਹੋਈ। ਨਵੀਂ ਚੋਣ ਸੰਬੰਧੀ ਦੱਸਿਆ ਗਿਆ ਕਿ ਲਖਵਿੰਦਰ ਸਿੰਘ ਭੁੱਲਰ (ਢਿਪਾਲੀ ਵਾਲੇ) ਨੂੰ ਪ੍ਰਧਾਨ, ਕਮਲਦੀਪ ਸਿੰਘ ਨੂੰ ਜਨਰਲ ਸਕੱਤਰ, ਹਰਜਿੰਦਰ ਸਿੰਘ ਨੂੰ ਮੀਤ ਪ੍ਰਧਾਨ, ਕੁਲਦੀਪ ਸਿੰਘ ਨੂੰ ਸਹਾਇਕ ਸਕੱਤਰ, ਗੁਰਮੇਲ ਸਿੰਘ ਖਜ਼ਾਨਚੀ ਤੇ ਸਹਾਇਕ ਖਜ਼ਾਨਚੀ ਵਿਨੋਦ ਸਿੰਘ ਖਾਲਸਾ ਚੁਣੇ ਗਏ ਹਨ। ਸਰਕਲ ਪ੍ਰਧਾਨ ਵੱਲੋਂ ਚਾਰ ਦਿਨਾਂ ਸਮੂਹਿਕ ਛੁੱਟੀ ਪਾਸ ਹੋਣ ਬਾਰੇ ਵੀ ਦੱਸਿਆ ਗਿਆ। ਇਸ ਮੌਕੇ ਰਵਿੰਦਰ ਸਿੰਘ, ਗੁਰਪਾਲ ਸਿੰਘ, ਪਰਮਪ੍ਰੀਤ ਸ਼ਰਮਾ, ਜਸਕਰਨ ਸਿੰਘ, ਕੁਲਵਿੰਦਰ ਸਿੰਘ, ਰਾਜੇਸ਼ ਕੁਮਾਰ, ਸੁਖਪਾਲ ਸਿੰਘ, ਜਸਵੀਰ ਸਿੰਘ, ਹਰਮਨ ਸਿੰਘ ਸਮੇਤ ਸਮੂਹ ਅਹੁਦੇਦਾਰ ਤੇ ਹੋਰ ਅਧਿਕਾਰੀ ਹਾਜ਼ਿਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

20 Aug Page 3.qxd 8/19/2025 10:45 PM Page 1



## ਡੀਸੀ ਤਰਨਤਾਰਨ ਅਤੇ ਐੱਸਐੱਸਪੀ ਪਾਰਿਕ ਵੱਲੋਂ ਧੁੱਸੀ ਬੰਨ੍ਹ ਦਾ ਦੌਰਾ

● ਹੜ੍ਹਾਂ ਨਾਲ ਸਬੰਧਿਤ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਦਾ ਲੋਕਾਂ ਨੂੰ ਦਿਵਾਇਆ ਭਰੋਸਾ



**ਪੱਟੀ, ਤਰਨਤਾਰਨ (ਬਲਦੇਵ ਸਿੰਘ ਸੰਧੂ, ਪ੍ਰਿਤਪਾਲ ਸਿੰਘ)**— ਡਿਪਟੀ ਕਮਿਸ਼ਨਰ ਤਰਨਤਾਰਨ ਰਾਹੁਲ ਅਤੇ ਐੱਸਐੱਸਪੀ ਦੀਪਕ ਪਾਰਿਕ ਵੱਲੋਂ ਹਰੀਕੇ ਹੈੱਡ ਵਰਕਸ ਤੋਂ ਡਾਊਨ ਸਟਰੀਮ ਵਾਲੇ ਪਾਸੇ ਪੈਂਦੇ ਸਤਲੁਜ ਦਰਿਆ ਵਿੱਚ ਪਾਣੀ ਦੇ ਪੱਧਰ ਦਾ ਜਾਇਜ਼ਾ ਲੈਣ ਧੁੱਸੀ ਬੰਨ੍ਹ ਦਾ ਦੌਰਾ ਕੀਤਾ।ਇਸ ਦੌਰਾਨ ਉਹਨਾਂ ਨੇ ਪਿੰਡ ਗੱਟੀ ਹਰੀਕੇ, ਬਸਤੀ ਲਾਲ ਸਿੰਘ ਘੜੁੰਮ, ਕੁੱਤੀਵਾਲ ਅਤੇ ਸਭਰਾ ਆਦਿ ਵਿਖੇ ਦਰਿਆ ਨਾਲ ਲੱਗਦੇ ਸੰਵੇਦਨਸ਼ੀਲ ਸਥਾਨਾਂ ਦਾ ਜਾਇਜ਼ਾ ਲਿਆ ਅਤੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ।ਇਸ ਮੌਕੇ ਐੱਸਡੀਐੱਮ ਪੱਟੀ ਪ੍ਰੀਤਇੰਦਰ ਸਿੰਘ, ਐਕਸੀਅਨ ਡਰੇਨੇਜ ਸਾਹਿਲ ਕੁਮਾਰ ਤੋਂ ਇਲਾਵਾ ਸਬੰਧਿਤ ਵਿਭਾਗਾਂ ਦੇ ਅਧਿਕਾਰੀ ਵੀ ਉਨਾਂ ਦੇ ਨਾਲ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਹੜ੍ਹਾਂ ਸਬੰਧੀ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਹੇਠ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਘਬਰਾਉਣ ਦੀ ਲੋੜ ਨਹੀਂ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵੱਲੋਂ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਲੋੜ ਪੈਣ ਤੇ ਲੋਕਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ।ਉਨ੍ਹਾਂ ਇਹ ਵੀ ਕਿਹਾ ਕਿ ਲੋਕ ਹੜ੍ਹ ਸਬੰਧੀ ਕਿਸੇ ਅਫਵਾਹ ਉੱਪਰ ਯਕੀਨ ਨਾ ਕਰਨ ਕਿਉਂਕਿ ਜ਼ਿਲ੍ਹੇ ਵਿੱਚ ਸਥਿਤੀ ਬਿਲਕੁਲ ਨਾਰਮਲ ਹੈ।ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਤੋਂ ਪਹਾੜੀ ਅਤੇ ਮੈਦਾਨੀ ਇਲਾਕਿਆਂ ਵਿੱਚ ਲਗਾਤਾਰ ਮੀਂਹ ਕਾਰਨ ਦਰਿਆ ਬਿਆਸ ਅਤੇ ਸਤਲੁਜ ਵਿੱਚ ਪਾਣੀ ਦਾ ਪੱਧਰ ਵਧਿਆ ਹੈ, ਪਰ ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ।ਇਸ ਮੌਕੇ ਉਨ੍ਹਾਂ ਸਮੂਹ ਐੱਸਡੀ ਐਮਜ਼ ਨੂੰ ਨਿਰਦੇਸ਼ ਦਿੱਤੇ ਕਿ ਫਲੱਡ ਪਲਾਨ ਅਨੁਸਾਰ ਉਹ ਆਪਣੀਆਂ ਟੀਮਾਂ ਨੂੰ ਚੌਕਸ ਰੱਖਣ ਤਾਂ ਜੋ ਕਿਸੇ ਵੀ ਸਥਿਤੀ ਨਾਲ ਤੁਰੰਤ ਪ੍ਰਭਾਵ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਮੂਹ ਐੱਸਡੀਐੱਮਜ਼ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਨਿੱਜੀ ਤੌਰ ਤੇ ਨਿਗਰਾਨੀ ਰੱਖਣਗੇ ਅਤੇ ਜੇਕਰ ਕੋਈ ਅਣਸੁਖਾਵੀਂ ਸਥਿਤੀ ਪੈਦਾ ਹੁੰਦੀ ਹੈ ਤਾਂ ਮੌਕੇ ਮੁਤਾਬਕ ਤੁਰੰਤ ਕਾਰਵਾਈ ਯਕੀਨੀ ਬਣਾਉਣਗੇ।

## ਟਰੈਫ਼ਿਕ ਵਿਭਾਗ ਨੇ ਨਾਜਾਇਜ਼ ਟੈਕਸੀ ਸਟੈਂਡ ਵਾਲਿਆਂ 'ਤੇ ਕੱਸਿਆ ਸ਼ਿਕੰਜਾ





**ਗੁਰਦਾਸਪੁਰ (ਜਨਕ ਮਹਾਜਨ)**- ਸ਼ਹਿਰ ਅੰਦਰ ਵੱਖ-ਵੱਖ ਥਾਵਾਂ 'ਤੇ ਟੈਕਸੀਆਂ ਦੇ ਨਜਾਇਜ਼ ਸਟੈਂਡ ਬਣਾਉਣ ਕਾਰਨ ਅਕਸਰ ਹੀ ਟਰੈਫਿਕ ਵਿਚ ਸਮੱਸਿਆ ਪੈਦਾ ਹੁੰਦੀ ਸੀ ਜਿਸ ਦੇ ਚਲਦਿਆਂ ਟਰੈਫਿਕ ਪੁਲਸ ਵੱਲੋਂ ਕਈ ਟੈਕਸੀਆਂ ਦੇ ਚਲਾਨ ਕੱਟੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਟਰੈਫਿਕ ਪੁਲਿਸ ਦੇ ਇੰਚਾਰਜ ਏਐੱਸਆਈ. ਸਤਨਾਮ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਸ੍ਰੀ ਅਦਿਤਯਾ ਅਤੇ ਆਰਟੀਓ ਗੁਰਦਾਸਪੁਰ ਦੇ ਹੁਕਮਾਂ ਤਹਿਤ ਸ਼ਹਿਰ ਅੰਦਰ ਬੀਕਾਨੇਰ ਚੌਕ, ਜਹਾਜ਼ ਚੌਕ ਅਤੇ ਪੁਰਾਣੇ ਸਿਵਲ ਹਸਪਤਾਲ ਨਜ਼ਦੀਕ ਬਣੇ ਨਜਾਇਜ਼ ਟੈਕਸੀ ਸਟੈਂਡ ਦੀਆਂ ਸ਼ਿਕਾਇਤਾਂ ਮਿਲਣ 'ਤੇ 10 ਟੈਕਸੀਆਂ ਦੇ ਚਲਾਨ ਕੱਟੇ ਗਏ ਹਨ। ਸਤਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਟੈਕਸੀ ਚਾਲਕਾ ਨੂੰ ਤਾੜਨਾ ਦਿੰਦੇ ਹੋਏ ਕਿਹਾ ਕਿ ਅਗਾਂਹ ਤੋਂ ਉਹ ਆਪਣੇ ਨਿਰਧਾਰਿਤ ਟੈਕਸੀ ਸਟੈਂਡ 'ਤੇ ਗੱਡੀਆਂ ਖੜੀਆਂ ਕਾਰਨ ਤਾਂ ਜੋ ਆਮ ਲੋਕਾਂ ਲਈ ਟਰੈਫਿਕ ਦੀ ਸਮੱਸਿਆ ਖੜੀ ਨਾ ਹੋਵੇ। ਉਨ੍ਹਾਂ ਕਿਹਾ ਇਕ ਜਗ੍ਹਾ 'ਤੇ ਟੈਕਸੀ ਸਟੈਂਡ ਬਣਨ ਨਾਲ ਲੋਕਾਂ ਨੂੰ ਵੀ ਟੈਕਸੀ ਲੈਣ ਲਈ ਆਸਾਨੀ ਹੋਵੇਗੀ।

## ਪੰਜਾਬ ਸਰਕਾਰ ਨੇ ਕਿਰਤੀਆਂ ਲਈ ਸਕੀਮਾਂ ਨੂੰ ਸਰਲ ਬਣਾਇਆ : ਜਗਰੂਪ ਸਿੰਘ ਸੇਖਵਾਂ

● ਮਨਰੇਗਾ ਵਰਕਰਾਂ ਨੂੰ ਵੈੱਲਫੇਅਰ ਬੋਰਡ ਨਾਲ ਰਜਿਸਟਰ ਹੋਣ ਲਈ ਕੀਤਾ ਉਤਸ਼ਾਹਿਤ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਰਤੀਆਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਰਾਜ ਸਰਕਾਰ ਨੇ ਕਿਰਤ ਵਿਭਾਗ ਵੱਲੋਂ ਕਿਰਤੀਆਂ ਲਈ ਚਲਾਈਆਂ ਜਾ ਰਹੀਆਂ ਕਈ ਸਕੀਮਾਂ ਨੂੰ ਸਰਲ ਬਣਾਇਆ ਗਿਆ ਹੈ ਤਾਂ ਜੋ ਇਨ੍ਹਾਂ ਸਕੀਮਾਂ ਤੱਕ ਕਿਰਤੀਆਂ ਦੀ ਸੁਖਾਲੀ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ।ਇਹ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਕਾਦੀਆਂ ਤੋਂ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਬਿਲਡਿੰਗ ਵਰਕਰਜ਼ ਵੈੱਲਫੇਅਰ ਬੋਰਡ ਦੀ ਸ਼ਗਨ ਸਕੀਮ ਵਿੱਚ ਤਹਿਸੀਲਦਾਰ ਦੁਆਰਾ ਵਿਆਹ ਸਰਟੀਫਿਕੇਟ ਜਾਰੀ ਕਰਨ ਦੀ ਲੋੜ ਨੂੰ ਹਟਾ ਦਿੱਤਾ ਗਿਆ ਹੈ ਅਤੇ ਹੁਣ ਇਸ ਸਬੰਧੀ ਧਾਰਮਿਕ ਸੰਸਥਾ, ਜਿੱਥੇ ਵਿਆਹ ਹੋਇਆ ਹੋਵੇ ਦੀ ਤਸਵੀਰ ਅਤੇ ਦੋਵਾਂ ਪਰਿਵਾਰਾਂ ਵੱਲੋਂ ਦਿੱਤਾ ਸਵੈ-ਘੋਸ਼ਣਾ ਪੱਤਰ ਕਾਫ਼ੀ ਹੋਵੇਗਾ।ਸ. ਸੇਖਵਾਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸਰਕਾਰ ਵੱਲੋਂ 51,000 ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਜਾਂਦੀ ਹੈ।ਇਸੇ ਤਰ੍ਹਾਂ ਹੁਣ ਸਿਰਫ਼ ਬੱਚੇ ਦਾ ਜਨਮ ਸਰਟੀਫਿਕੇਟ ਜਮ੍ਹਾਂ ਕਰਵਾਉਣ ਤੇ ਮਹਿਲਾ ਉਸਾਰੀ ਕਿਰਤੀਆਂ ਲਈ 21,000 ਰੁਪਏ ਅਤੇ ਪੁਰਸ਼ਾਂ ਲਈ 5,000 ਰੁਪਏ ਦੇ ਜਣੇਪਾ ਲਾਭ ਪ੍ਰਦਾਨ ਕੀਤੇ ਜਾਂਦੇ ਹਨ। ਇਸ ਤੋਂ ਪਹਿਲਾਂ ਬੱਚੇ ਦਾ ਆਧਾਰ ਕਾਰਡ ਜਮ੍ਹਾਂ ਕਰਵਾਉਣਾ ਪੈਂਦਾ ਸੀ ਪਰ ਹੁਣ ਇਹ ਪੁਰਾਣੀ ਸ਼ਰਤ ਨੂੰ ਹਟਾ ਦਿੱਤਾ ਗਿਆ ਹੈ।ਇਸੇ ਤਰ੍ਹਾਂ ਪੰਜਾਬ ਕਿਰਤ ਭਲਾਈ ਬੋਰਡ ਵਿੱਚ ਸ਼ਗਨ ਸਕੀਮ ਦਾ ਲਾਭ ਲੈਣ ਲਈ ਰਜਿਸਟਰਡ ਮੈਰਿਜ ਸਰਟੀਫਿਕੇਟ ਦੀ ਸ਼ਰਤ ਵੀ ਖ਼ਤਮ ਕਰ ਦਿੱਤੀ ਗਈ ਹੈ ਅਤੇ ਹੁਣ ਕਿਰਤੀ ਧਾਰਮਿਕ ਸਥਾਨਾਂ ਅਤੇ ਵਿਆਹ ਕਰਵਾਉਣ ਵਾਲੀਆਂ ਧਾਰਮਿਕ ਸ਼ਖ਼ਸੀਅਤਾਂ ਦੀਆਂ ਫ਼ੋਟੋਆਂ ਜਮ੍ਹਾਂ ਕਰਵਾ ਕੇ ਸ਼ਗਨ ਸਕੀਮ ਦਾ ਲਾਭ ਲੈ ਸਕਦੇ ਹਨ। ਸ. ਜਗਰੂਪ ਸਿੰਘ ਸੇਖਵਾਂ ਨੇ ਅੱਗੇ ਦੱਸਿਆ ਕਿ ਪੰਜਾਬ ਕਿਰਤ ਭਲਾਈ ਬੋਰਡ ਨੇ ਬੱਚਿਆਂ ਲਈ ਵਜ਼ੀਫ਼ਾ ਯੋਜਨਾ ਅਧੀਨ ਮਜ਼ਦੂਰਾਂ ਦੀ ਦੋ ਸਾਲ ਦੀ ਸੇਵਾ ਸ਼ਰਤ ਵੀ ਖ਼ਤਮ ਕਰ ਦਿੱਤੀ ਹੈ ਅਤੇ ਮਜ਼ਦੂਰ ਆਪਣਾ ਯੋਗਦਾਨ ਪਾਉਣ ਦੇ ਦਿਨ ਤੋਂ ਹੀ ਵਜ਼ੀਫ਼ਾ ਯੋਜਨਾ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਸ. ਸੇਖਵਾਂ ਨੇ ਅੱਗੇ ਦੱਸਿਆ ਕਿ 90 ਦਿਨਾਂ ਤੋਂ ਵੱਧ ਕੰਮ ਕਰ ਚੁੱਕੇ ਮਨਰੇਗਾ ਮਜ਼ਦੂਰਾਂ ਨੂੰ ਸਾਰੇ ਸਬੰਧਿਤ ਲਾਭ ਪ੍ਰਾਪਤ ਕਰਨ ਲਈ ਬਿਲਡਿੰਗ ਅਤੇ ਹੋਰ ਉਸਾਰੀ ਕਿਰਤੀ ਭਲਾਈ ਬੋਰਡ ਨਾਲ ਰਜਿਸਟਰ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

## ਸੀ ਕੇ ਡੀ ਆਈਐੱਮਟੀ ਵਿੱਚ ਹਰਿਆਲੀ ਤੀਜ ਧੂਮਧਾਮ ਨਾਲ ਮਨਾਈ ਗਈ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਸੀ. ਕੇ. ਡੀ. ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵੱਲੋਂ ਰਵਾਇਤੀ ਤਿਉਹਾਰ ਹਰਿਆਲੀ ਤੀਜ ਨੂੰ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਰੋਹ ਦੀ ਸ਼ੁਰੂਆਤ ਮਾਡਲਿੰਗ ਨਾਲ ਹੋਈ ਜਿਸ ਵਿੱਚ ਵਿਦਿਆਰਥਣਾਂ ਨੇ ਰਵਾਇਤੀ ਪੰਜਾਬੀ ਪਹਿਰਾਵਿਆਂ ਵਿੱਚ ਰੈਂਪ ਤੇ ਚਲ ਕੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਕੁੜੀਆਂ ਨੇ ਲੋਕ ਗੀਤ, ਡਾਂਸ ਅਤੇ ਗਿੱਧੇ ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਹਿੰਦੀ ਲਗਾਇਆ ਹੋਈਆਂ ਵਿਦਿਆਰਥਣਾਂ ਪੰਜਾਬੀ ਸੱਭਿਆਚਾਰ ਦੀ ਰੌਣਕ ਬਣੀਆਂ ਹੋਈਆਂ ਸਨ। ਸਮਾਰੋਹ ਵਿੱਚ ਰੱਖੇ ਗਏ ਝੂਲਿਆਂ ਨੇ ਤਿਉਹਾਰ ਦੀਆਂ ਖੁਸ਼ੀਆਂ ਹੋਰ ਵੀ ਵਧਾ ਦਿੱਤੀਆਂ।ਮੁਕਾਬਲਿਆਂ ਵਿੱਚ ਮਿਸ ਸਿਮਰਨ ਕੌਰ ਨੂੰ ਮਿਸ ਤੀਜ ਦਾ ਖਿਤਾਬ ਦਿੱਤਾ ਗਿਆ, ਜਦੋਂ ਕਿ ਮਿਸ ਖੁਸ਼ਪ੍ਰੀਤ ਕੌਰ ਅਤੇ ਮਿਸ ਤਰਨਪ੍ਰੀਤ ਕੌਰ ਨੂੰ ਮਿਸ ਐਲੀਗੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਮਾਡਲਿੰਗ ਅਤੇ ਮਹਿੰਦੀ ਮੁਕਾਬਲਿਆਂ ਲਈ ਜੱਜਾਂ ਦੇ ਪੈਨਲ ਵਿੱਚ ਮਿਸ ਚਨਪ੍ਰੀਤ ਕੌਰ, ਮਿਸ ਸਿਮਰਨਪ੍ਰੀਤ ਕੌਰ, ਮਿਸ ਸ਼ਿਵੀ, ਮਿਸ ਮਾਧੁਰੀ ਸ਼ਰਮਾ ਅਤੇ ਮਿਸ ਨਵਜੋਤ ਕੌਰ ਸ਼ਾਮਲ ਸਨ।ਸਮਾਰੋਹ ਵਿੱਚ ਸ. ਜਗਜੀਤ ਸਿੰਘ (ਪ੍ਰਧਾਨ ਲੋਕਲ ਕਮੇਟੀ ਤੇ ਮੈਂਬਰ ਇੰਚਾਰਜ) ਅਤੇ ਸ. ਜਸਬੀਰ ਸਿੰਘ (ਪ੍ਰਿੰ. ਸੀ. ਕੇ. ਡੀ. ਆਈ. ਐੱਮ. ਟੀ.) ਨੇ ਖਾਸ ਹਾਜ਼ਰੀ ਭਰੀ। ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੰਦੇ ਹੋਏ ਸ. ਹਰਜੀਤ ਸਿੰਘ ਨੇ ਤੀਜ ਦੇ ਤਿਉਹਾਰ ਦੀ ਮਹਤਾ ਉੱਤੇ ਰਸ਼ਨੀ ਪਾਈ ਅਤੇ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



## ਸੀ ਟੀ ਗਰੁੱਪ ਨੇ ਵਿਸ਼ਵ ਫੋਟੋਗ੍ਰਾਫੀ ਦਿਵਸ ਨੂੰ ਮੁਕਾਬਲਿਆਂ ਤੇ ਰਚਨਾਤਮਕ ਪ੍ਰਦਰਸ਼ਨੀਆਂ ਨਾਲ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)** ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ ਨੇ ਸ਼ਾਹਪੁਰ ਤੇ ਮਕਸੂਦਾਂ ਕੈਂਪਸਾਂ ਵਿਖੇ ਵਿਸ਼ਵ ਫੋਟੋਗ੍ਰਾਫੀ ਦਿਵਸ ਨੂੰ ਮੁਕਾਬਲਿਆਂ, ਸੱਭਿਆਚਾਰਕ ਪ੍ਰੋਗਰਾਮਾਂ ਤੇ ਰਚਨਾਤਮਕ ਪ੍ਰਦਰਸ਼ਨੀਆਂ ਨਾਲ ਮਨਾਇਆ।ਸ਼ਾਹਪੁਰ ਕੈਂਪਸ ਵਿੱਚ ਡਾ. ਹਰਜੀਤ ਸਿੰਘ



(ਪੋਲੀਟੈਕਨਿਕ ਸਟੂਡੀਓ) ਤੇ ਸ੍ਰੀ ਮਨੂ (ਪੰਜਾਬ ਕੇਸਰੀ) ਸਮੇਤ ਕਈ ਸ਼ਖ਼ਸੀਅਤਾਂ ਨੇ ਪ੍ਰੋਗਰਾਮ ਦੀ ਰੌਣਕ ਵਧਾਈ।ਇਸ ਮੌਕੇ ਦੋਵੇਂ ਕੈਂਪਸਾਂ ਦੇ ਡੀਨਜ਼, ਵਿਦਿਆਰਥੀਆਂ ਤੇ ਪ੍ਰਬੰਧਕੀ ਟੀਮ ਦੇ ਮੈਂਬਰ ਵੀ ਮੌਜੂਦ ਸਨ।ਸ਼ਾਹਪੁਰ ਕੈਂਪਸ ਵਿੱਚ ਜਰਨਲਿਜ਼ਮ ਐਂਡ ਮਾਸ ਕਮਿਊਨਿਕੇਸ਼ਨ ਤੇ ਮਲਟੀਮੀਡੀਆ ਵਿਭਾਗ ਵੱਲੋਂ ਫੋਟੋਗ੍ਰਾਫੀ ਤੇ ਰੀਲ-ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ 200 ਤੋਂ ਵੱਧ ਐਂਟਰੀਆਂ ਪ੍ਰਾਪਤ ਹੋਈਆਂ।ਮਕਸੂਦਾਨ ਕੈਂਪਸ ਵਿੱਚ ਮੀਡੀਆ ਸਟੱਡੀਜ਼ ਵਿਭਾਗ ਵੱਲੋਂ ਮੋਬਾਇਲ ਫੋਟੋਗ੍ਰਾਫੀ ਮੁਕਾਬਲਾ ਕਰਵਾਇਆ ਗਿਆ, ਜਿੱਥੇ ਵਿਦਿਆਰਥੀਆਂ ਨੇ ਖਾਣਾ, ਕੁਦਰਤ, ਇਮਾਰਤਾਂ, ਚਿਹਰੇ ਤੇ ਰੰਗਾਂ ਵਰਗੇ ਵਿਸ਼ਿਆਂ 'ਤੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਸ਼ਾਹਪੁਰ ਕੈਂਪਸ ਦੇ ਡਾਇਰੈਕਟਰ ਡਾ. ਸੰਗਰਾਮ ਸਿੰਘ ਨੇ ਕਿਹਾ ਕਿ ਫੋਟੋਗ੍ਰਾਫੀ ਸਿਰਫ਼ ਪਲਾਂ ਨੂੰ ਕੈਦ ਕਰਨ ਤੋਂ ਬਹੁਤ ਅੱਗੇ ਦੀ ਕਲਾ ਹੈ। ਮਕਸੂਦਾਂ ਕੈਂਪਸ ਦੇ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਕਿਹਾ ਕਿ ਫੋਟੋਗ੍ਰਾਫੀ ਇੱਕ ਵਿਸ਼ਵਭਾਸ਼ਾ ਹੈ ਜੋ ਕਹਾਣੀਆਂ ਸੁਣਾਉਂਦੀ ਹੈ ਤੇ ਹਕੀਕਤਾਂ ਨੂੰ ਦਸਤਾਵੇਜ਼ ਕਰਦੀ ਹੈ। ਸ਼ਾਹਪੁਰ ਕੈਂਪਸ ਵਿੱਚ ਫੋਟੋਗ੍ਰਾਫੀ ਮੁਕਾਬਲੇ ਦੇ ਜੇਤੂਆਂ ਵਿੱਚ ਗੁਰਸੇਵਕ ਪਹਿਲਾ, ਗੁਰਚੇਤਨ ਦੂਜਾ ਤੇ ਅਭਿਸ਼ੇਕ ਤੀਜੇ ਸਥਾਨ 'ਤੇ ਰਹੇ। ਜਦਕਿ ਰੀਲ-ਮੇਕਿੰਗ ਮੁਕਾਬਲੇ ਵਿੱਚ ਇੰਦਰਜੀਤ ਸਿੰਘ ਪਹਿਲੇ, ਉੱਜਵਲ ਦੂਜਾ ਸਥਾਨ 'ਤੇ ਰਹੇ। ਮਕਸੂਦਾਨ ਕੈਂਪਸ ਵਿੱਚ ਮੋਬਾਇਲ ਫੋਟੋਗ੍ਰਾਫੀ ਮੁਕਾਬਲੇ ਵਿੱਚ ਹਰਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਮਾਨਵ ਸ਼ਰਮਾ ਤੇ ਕੋਮਲਪ੍ਰੀਤ ਨੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।

## 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਤਹਿਤ 16 ਮੁਕੱਦਮੇ ਦਰਜ



**ਨਵਾਂਸ਼ਹਿਰ (ਮਨੋਜ ਲਾਡੀ)**- ਐੱਸ ਐੱਸ ਪੀ ਡਾ. ਮਹਿਤਾਬ ਸਿੰਘ ਵੱਲੋਂ ਦੱਸਿਆ ਕਿ 16 ਮੁਕਦਮੇ ਦਰਜ ਕਰਕੇ 16 ਕਥਿਤ ਮੁਲਜ਼ਮਾਂ ਦੀ ਗ੍ਰਿਫਤਾਰੀ ਕੀਤੀ ਗਈ ਹੈ।ਇਸ ਦੌਰਾਨ 106 ਨਸ਼ੀਲੀਆਂ ਗੋਲੀਆਂ, 60.50 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜਾਰੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਵੱਲੋਂ ਕੱਲਰਾਂ ਮਹੱਲਾਂ ਸਮੇਤ ਹੋਰਨਾਂ ਪਿੰਡਾਂ ਵਿੱਚ ਕੈਸੋ ਸਰਚ ਅਪਰੇਸ਼ਨ ਤਹਿਤ ਚੈਕਿੰਗ ਕੀਤੀ ਗਈ ਸੀ।ਇਸ ਅਪਰੇਸ਼ਨ ਦਾ ਮੁੱਖ ਉਦੇਸ਼ ਨਸ਼ਾ ਤਸਕਰਾਂ ਨੂੰ ਕਾਬੂ ਕਰਨਾ, ਨਸ਼ਾ ਵੇਚਣ ਵਾਲੇ ਵਿਅਕਤੀਆਂ ਤੋਂ ਦਬਾਓ ਬਣਾਈ ਰੱਖਣਾ, ਉਨ੍ਹਾਂ ਦੀਆਂ ਮੌਜੂਦਾ ਗਤੀਵਿਧੀਆਂ ਤੇ ਨਿਗਰਾਨੀ ਰੱਖਣਾ, ਨਸ਼ੇ ਦੀ ਸਪਲਾਈ ਚੈਨ ਨੂੰ ਤੋੜਨਾ, ਨਸ਼ਾ ਦਾ ਸੇਵਨ ਕਰਨ ਵਾਲੇ ਵਿਅਕਤੀਆਂ ਬਾਰੇ ਪਤਾ ਲਗਾ ਕੇ ਉਨ੍ਹਾਂ ਦੇ ਮੁੜ ਵਸੇਬਾ ਕਰਨਾ ਅਤੇ ਆਮ ਪਬਲਿਕ ਵਿਚ ਪੁਲਸ ਪ੍ਰਤੀ ਵਿਸ਼ਵਾਸ ਪੈਦਾ ਕਰਨਾ ਹੈ।

## ਸਰੀਏ ਨਾਲ ਭਰਿਆ ਟਰੱਕ ਪਲਟਿਆ



**ਫਿਲੌਰ (ਨਿਰਮਲ)**- ਫਿਲੌਰ ਦੇ ਨਜ਼ਦੀਕੀ ਪਿੰਡ ਨੰਗਲ ਦੀ ਇੰਦਰਾ ਕਲੋਨੀ ਵਿਖੇ ਸਰੀਏ ਅਤੇ ਗਾਡਰਾਂ ਨਾਲ ਭਰਿਆ ਟਰੱਕ ਪਲਟ ਗਿਆ। ਟਰੱਕ ਮਾਲਕ ਨੇ ਦੱਸਿਆ ਕਿ ਉਹ ਗੋਬਿੰਦਗੜ੍ਹ ਤੋਂ ਤਲਵਨ ਵੱਲ ਸਮਾਨ ਲੈ ਕੇ ਜਾ ਰਹੇ ਸਨ ਕਿ ਸੜਕ ਦੀ ਖਸਤਾਹਾਲਤ ਕਾਰਨ ਟਰੱਕ ਬੇਕਾਬੂ ਹੋ ਕੇ ਪਲਟ ਗਿਆ।ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ, ਪਰ ਟਰੱਕ ਅਤੇ ਸਮਾਨ ਨੂੰ ਭਾਰੀ ਨੁਕਸਾਨ ਪਹੁੰਚਿਆ। ਇਲਾਕੇ ਦੇ ਰਾਹਗੀਰਾਂ ਨੇ ਦੱਸਿਆ ਕਿ ਸੜਕ ਉੱਤੇ ਲੰਬੇ ਸਮੇਂ ਤੋਂ ਖੜੇ ਗੰਦੇ ਪਾਣੀ ਕਾਰਨ ਸੜਕ ਦੀ ਹਾਲਤ ਬਹੁਤ ਹੀ ਖਰਾਬ ਹੋ ਚੁੱਕੀ ਹੈ ਅਤੇ ਆਏ ਦਿਨ ਇੱਥੇ ਹਾਦਸੇ ਵਾਪਰ ਰਹੇ ਹਨ। ਲੋਕਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਸਮੱਸਿਆ ਵੱਲ ਜਲਦੀ ਧਿਆਨ ਦਿੱਤਾ ਜਾਵੇ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿੱਚ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਨੰਨ੍ਹੇ- ਮੁੰਨੇ ਵਿਦਿਆਰਥੀ ਰਾਧਾ ਕ੍ਰਿਸ਼ਨ ਦੇ ਰੂਪ ਵਿੱਚ ਸਜੇ ਹੋਏ ਬਹੁਤ ਹੀ ਮਨਮੋਹਕ ਲੱਗ ਰਹੇ ਸਨ। ਵਿਦਿਆਰਥੀਆਂ ਵੱਲੋਂ ਰਾਧਾ ਅਤੇ ਕ੍ਰਿਸ਼ਨ ਦੇ ਜੀਵਨ ਦੀਆਂ ਝਾਕੀਆਂ ਨੂੰ ਦਰਸਾਉਂਦਾ ਬਹੁਤ ਹੀ ਸੁੰਦਰ ਨ੍ਰਿਤ ਪੇਸ਼ ਕੀਤਾ ਗਿਆ । ਪ੍ਰਿੰਸੀਪਲ ਅਰੋੜਾ ਨੇ ਕ੍ਰਿਸ਼ਨ ਜਨਮ ਅਸਟਮੀ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਵੱਲੋਂ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਕ੍ਰਿਸ਼ਨ ਜਨਮ ਅਸਟਮੀ ਦੀਆਂ ਵਧਾਈਆਂ ਦਿੱਤੀਆਂ ਗਈਆਂ।

## ਸੰਤੋਸ਼ ਕਟਾਰੀਆ ਨੇ ਆਯੁਰਵੈਦਿਕ ਤੇ ਹੋਮਿਓਪੈਥਿਕ ਮੈਡੀਕਲ ਕੈਂਪ ਦਾ ਕੀਤਾ ਉਦਘਾਟਨ

**ਬਲਾਚੌਰ (ਜਸਵਿੰਦਰ ਬੈਂਸ)** ਐਮ ਐਲ ਏ ਸੰਤੋਸ਼ ਕਟਾਰੀਆ ਨੇ ਰੂੜਾ ਮੱਲ ਬਨਾਰਸੀ ਦਾਸ ਜੈਨ ਧਰਮਸ਼ਾਲਾ ਬਲਾਚੌਰ ਵਿਖੇ ਆਯੁਰਵੈਦਿਕ ਤੇ ਹੋਮਿਓਪੈਥੀਕ ਮੈਡੀਕਲ ਕੈਂਪ ਦਾ ਰੀਬਨ ਕੱਟ ਕੇ ਉਦਘਾਟਨ ਕੀਤਾ। ਇਸ ਮੌਕੇ ਸੰਤੋਸ਼ ਕਟਾਰੀਆ ਨੇ ਲੋਕਾਂ ਨੂੰ ਸੰਦੇਸ਼ ਦੇਂਦੇ ਹੋਏ ਤੰਦਰੁਸਤ ਰਹਿਣ ਤੇ ਚੰਗੀ ਸਿਹਤ ਦੀ ਮਹੱਤਤਾ ਉਤੇ ਜੋਰ ਦਿੱਤਾ। ਕੈਂਪ ਵਿੱਚ ਆਏ ਲੋਕਾਂ ਦਾ ਮੁਫਤ ਚੈੱਕਅੱਪ, ਵਿਅਕਤੀਗਤ ਸਲਾਹ-ਮਸ਼ਵਰਾ ਅਤੇ ਮੁਫਤ ਦਵਾਈਆਂ ਵੰਡੀਆਂ ਗਈਆਂ। ਕੈਂਪ ਵਿੱਚ ਸਥਾਨਕ ਵਾਸੀਆਂ ਨੇ ਵਧ-ਚੜ੍ਹ ਕੇ ਭਾਗ ਲਿਆ ਅਤੇ ਇਲਾਕੇ ਦੇ ਭਲਾਈ ਲਈ ਐਮ.ਐਲ.ਏ. ਦੇ ਉਪਰਲੇ ਯਤਨਾਂ ਦੀ ਪ੍ਰਸੰਸਾ ਕੀਤੀ। ਇਸ ਮੌਕੇ ਸੁਨੀਲ ਕੌਸ਼ਲ, ਚੰਦਰ ਮੋਹਣ ਜੇਡੀ, ਵਿਸ਼ੂ ਰਾਣਾ, ਬਿੱਟੂ ਰਾਣਾ, ਦਵਿੰਦਰ ਸੈਣੀ, ਅਜੇ ਬਿੱਟੂ ਤੇ ਨੋਡਲ ਅਫਸਰ ਡਾ. ਰਮਿੰਦਰ ਕੌਰ, ਨੋਡਲ ਅਫਸਰ ਡਾ. ਹਰਜਿੰਦਰ ਸਿੰਘ ਅਤੇ ਆਯੁਰਵੈਦਿਕ ਮੈਡੀਕਲ ਟੀਮ ਵਿੱਚ ਡਾ. ਰਜਨੀਸ ਕੁਮਾਰ ਡਾ ਜੋਤੀ ਉਪ ਵੈਦ ਜਸਵਿੰਦਰ ਸਿੰਘ ਜਗਰੂਪ ਸਿੰਘ ਹੋਮਿਓਪੈਥਿਕ ਮੈਡੀਕਲ ਟੀਮ 'ਚ ਡਾ. ਨੇਹਾ ਸੋਨੀ ਡਾ. ਹਰਜਿੰਦਰ ਸਿੰਘ, ਓਕਾਰ ਸਿੰਘ ਡਿਸਪੈਂਸਰ ਵੱਲੋਂ ਮਰੀਜਾਂ ਦਾ ਨਿਰੀਖਣ ਕਰਨ ਉਪਰੰਤ ਫਰੀ ਦਵਾਈਆਂ ਦਿੱਤੀਆਂ ਗਈਆਂ। ਵਿਧਾਇਕਾਂ ਸੰਤੋਸ਼ ਕਟਾਰੀਆ ਦਾ ਸਿਰਪਾਓ ਪਾ ਕੇ ਸਨਮਾਨ ਕੀਤਾ।



## ਸਮਰਾਏ 'ਚ ਮਨਾਇਆ ਤੀਆਂ ਦਾ ਤਿਉਹਾਰ



**ਗੁਰਾਇਆ (ਬਿੰਦਰ ਸੁਮਨ)** ਸਮਰਾਏ ਵਿਖੇ ਪੰਜਾਬੀ ਸੱਭਿਆਚਾਰਾਂ ਅਤੇ ਵਿਰਾਸਤ ਨੂੰ ਸਮਰਪਿਤ ਤੀਆ ਦਾ ਮੇਲਾ ਪੱਤੀ ਲਾਲ ਦਰਵਾਜਾ ਪਿੰਡ ਸਮਰਾਏ ਵਿਖੇ ਕਰਵਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਗ੍ਰਾਮ ਪੰਚਾਇਤ ਸਮਰਾਏ ਦੇ ਸਰਪੰਚ ਵੱਲੋਂ ਕੀਤਾ ਗਿਆ ਇਸ ਮੌਕੇ ਅਕਰਸ਼ਕ ਦਾ ਕੇਂਦਰ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਮੌਕੇ ਬੈਸਟ ਡਾਂਸਰ, ਬੈਸਟ ਡਰੈਸ ਤੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਮੂਹ ਔਰਤਾਂ ਨੇ ਅਪਣੇ ਸੰਬੋਧਨ ਵਿੱਚ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਹੱਸਣਾ-ਖੇਡਣਾ ਅਤੇ ਨੱਚਣਾ-ਗਾਉਣਾ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਜ਼ਰੂਰੀ ਹੈ। ਇਸ ਮੌਕੇ ਕਮਲਪ੍ਰੀਤ ਕੌਰ, ਸਰਬਜੀਤ ਕੌਰ, ਸੰਦੀਪ ਪੰਚ, ਮਨਜੀਤ ਕੌਰ, ਹਰਜਿੰਦਰ ਕੌਰ, ਕੁਲਬੀਰ ਕੌਰ, ਮਨਦੀਪ ਕੌਰ, ਬਲਜਿੰਦਰ ਕੌਰ, ਹਰਦੀਪ ਕੌਰ, ਰਣਜੀਤ ਕੌਰ, ਸਰਬਜੀਤ ਕੌਰ, ਹਰਪ੍ਰੀਤ ਕੌਰ, ਮਨਦੀਪ ਕੌਰ, ਸਰੋਜ ਰਾਣੀ, ਬਾਲਾ ਰਾਣੀ ਰਜਨੀ ਅਰੋੜਾ, ਪਰਮਿੰਦਰ ਕੌਰ ਸਮਰਾ, ਹਰਪ੍ਰੀਤ ਕੌਰ ਸਮਰਾ, ਪਰਮਜੀਤ ਕੌਰ ਵਿਰਦੀ, ਰਣਜੀਤ , ਰਾਣੋ ਕੌਰ, ਰਣਜੀਤ ਕੌਰ, ਮਨਦੀਪ ਕੌਰ ਸਮਰਾ, ਦਿਲਜੀਤ ਕੌਰ ਆਦਿ ਹਾਜ਼ਰ ਸਨ।

## ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਵਿਭਾਜਨ ਵਿਭੀਸ਼ਿਕਾ ਸਮ੍ਰਿਤੀ ਦਿਵਸ 'ਤੇ ਪ੍ਰੋਗਰਾਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਕਾਲਜ ਆਫ ਲਾਅ ਵਿਖੇ ਵਿਭਾਜਨ ਵਿਭੀਸ਼ਿਕਾ ਸਮ੍ਰਿਤੀ ਦਿਵਸ 'ਤੇ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਕਾਰਜਕਾਰੀ ਵਾਈਸ ਚਾਂਸਲਰ ਡਾ. ਚੰਦਰ ਮੋਹਨ ਦੀ ਅਗਵਾਈ ਹੇਠ ਅਤੇ ਲਾਅ ਕਾਲਜ ਦੇ ਪ੍ਰਿੰਸੀਪਲ ਡਾ. ਰੰਗਨਾਥ ਸਿੰਘ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਇਸ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ 1947 ਵਿੱਚ ਭਾਰਤ ਦੀ ਵੰਡ ਦੇਸ਼ ਦੇ ਇਤਿਹਾਸ ਦਾ ਸਭ ਤੋਂ ਦੁਖਦਾਈ ਅਧਿਆਇ ਹੈ। ਉਸ ਸਮੇਂ ਲੱਖਾਂ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਅਤੇ ਕਰੋੜਾਂ ਲੋਕ ਆਪਣੇ ਪਰਵਾਰਾਂ ਤੋਂ ਵਿਛੜ ਗਏ। ਉਨ੍ਹਾਂ ਨੌਜਵਾਨਾਂ ਨੂੰ ਇਤਿਹਾਸ ਤੋਂ ਸਿੱਖਣ ਅਤੇ ਸਮਾਜ ਵਿੱਚ ਭਾਈਚਾਰਾ, ਸ਼ਾਂਤੀ ਅਤੇ ਏਕਤਾ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਵੰਡ ਦਾ ਦਰਦ ਸਾਨੂੰ ਇਹ ਸੰਦੇਸ਼ ਦਿੰਦਾ ਹੈ ਕਿ ਦੇਸ ਦੀ ਅਸਲ ਤਾਕਤ ਆਪਸੀ ਸਦਭਾਵਨਾ ਅਤੇ ਏਕਤਾ ਵਿੱਚ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਦੀ ਤਾਕਤ ਅਤੇ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਕਾਨੂੰਨ ਅਤੇ ਫਾਰਮੇਸੀ ਵਿਭਾਗਾਂ ਦੇ ਵਿਦਿਆਰਥੀਆਂ ਤੋਂ ਇਲਾਵਾ, ਲਾਅ ਵਿਭਾਗ ਦੀ ਮੁਖੀ ਡਾ. ਪ੍ਰਿਯੰਕਾ ਪੁਰੀ, ਫਾਰਮੇਸੀ ਕਾਲਜ ਵਿਭਾਗ ਦੇ ਮੁਖੀ ਦਵਿੰਦਰ ਸਿੰਘ ਅਤੇ ਅਧਿਆਪਕ ਪ੍ਰੋਗਰਾਮ ਵਿੱਚ ਮੌਜੂਦ ਸਨ।



## ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ 'ਚ ਲੋਕਾਂ ਦੇ ਇਕੱਠੇ ਹੋਣ 'ਤੇ ਪਾਬੰਦੀ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਕੂਲ ਸਿੱਖਿਆ ਬੋਰਡ ਐੱਸਏਐੱਸ ਨਗਰ (ਮੋਹਾਲੀ) ਵੱਲੋਂ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਅਗਸਤ 2025 ਅਨੁਪੂਰਕ ਪ੍ਰੀਖਿਆਵਾਂ (ਕੰਪਾਰਟਮੈਂਟ/ਰੀ-ਅਪੀਅਰ ਸਮੇਤ ਓਪਨ ਸਕੂਲ) ਵਾਧੂ ਵਿਸ਼ਾ ਅਤੇ ਓਪਨ ਸਕੂਲ ਬਲਾਕ-11 ਦੀਆਂ ਪ੍ਰੀਖਿਆਵਾਂ 8 ਅਗਸਤ ਤੋਂ 20 ਅਗਸਤ ਤੱਕ ਸਵੇਰੇ 11 ਵਜੇ ਤੋਂ ਦੁਪਹਿਰ 2:15 ਵਜੇ ਤੱਕ ਬੋਰਡ ਵਲੋਂ ਸਥਾਪਤ ਕੀਤੇ ਪ੍ਰੀਖਿਆ ਕੇਂਦਰਾਂ ਵਿਚ ਕਰਵਾਈਆਂ ਜਾ ਰਹੀਆਂ ਹਨ। ਇਸ ਲਈ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ ਆਈਏਐੱਸ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿਚ ਸਥਾਪਿਤ ਕੀਤੇ ਗਏ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ 100 ਮੀਟਰ ਦੇ ਘੇਰੇ ਵਿਚ ਲੋਕਾਂ ਦੇ ਇਕੱਠੇ ਹੋਣ 'ਤੇ 29 ਅਗਸਤ ਤੱਕ ਪਾਬੰਦੀ ਲਗਾ ਦਿੱਤੀ ਹੈ ਪਰ ਇਹ ਹੁਕਮ ਉਨ੍ਹਾਂ ਵਿਅਕਤੀਆਂ ਉੱਪਰ ਲਾਗੂ ਨਹੀਂ ਹੋਣਗੇ ਜੋ ਇਨ੍ਹਾਂ ਪ੍ਰੀਖਿਆਵਾਂ ਵਿੱਚ ਡਿਊਟੀ 'ਤੇ ਹੋਣਗੇ। ਇਹ ਹੁਕਮ ਇਕ ਤਰਫ਼ਾ ਪਾਸ ਕਰਕੇ ਸਮੂਹ ਸਧਾਰਨ ਜਨਤਾ ਨੂੰ ਸੰਬੋਧਨ ਕੀਤਾ ਜਾਂਦਾ ਹੈ।

## ਨੈਸ਼ਨਲ ਅਚੀਵਮੈਂਟ ਸਰਵੇ 'ਚ ਪੰਜਾਬ ਨੇ ਕੇਰਲਾ ਨੂੰ ਪਛਾੜ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ : ਸ਼ੈਰੀ ਕਲਸੀ



**ਬਟਾਲਾ (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆਂ ਦੇ ਖੇਤਰ ਵਿੱਚ ਜ਼ਿਕਰਯੋਗ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸਾਡੇ ਸਾਰਿਆਂ ਲਈ ਇਹ ਮਾਣ ਵਾਲੀ ਗੱਲ ਹੈ ਕਿ ਪੰਜਾਬ ਨੇ ਭਾਰਤ ਸਰਕਾਰ ਦੁਆਰਾ ਕਰਵਾਏ ਗਏ ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਕੇਰਲਾ ਨੂੰ ਪਛਾੜ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸਰਕਾਰੀ ਸਕੂਲਾਂ ਨੂੰ 'ਸਕੂਲ ਆਫ ਐਮੀਨੈਂਸ' ਵਜੋਂ ਅਪਗ੍ਰੇਡ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੇ 848 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਹੈ, ਜਦੋਂ ਕਿ 265 ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼ ਅਤੇ 45 ਨੇ ਜੇ.ਈ.ਈ. ਐਡਵਾਂਸਡ ਪ੍ਰੀਖਿਆ ਪਾਸ ਕੀਤੀ ਹੈ। ਉਨਾਂ ਨੇ ਕਿਹਾ ਕਿ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਸਿਰਫ਼ ਸਿੱਖਿਆ ਨਾਲ ਹੀ ਖਤਮ ਕੀਤਾ ਜਾ ਸਦਾ ਹੈ ਅਤੇ ਸਿੱਖਿਆ ਉਹ ਹਥਿਆਰ ਹੈ, ਜੋ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕ ਕੇ ਗਰੀਬੀ ਵਿੱਚੋਂ ਕੱਢ ਸਕਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਹੁਣ ਤੱਕ 55,000 ਤੋਂ ਵੱਧ ਸਰਕਾਰੀ ਨੌਕਰੀਆਂ ਪਾਰਦਰਸ਼ੀ ਢੰਗ ਨਾਲ ਦਿੱਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ ਇੱਕ ਵੀ ਨਿਯੁਕਤੀ ਨੂੰ ਹੁਣ ਤੱਕ ਕਿਸੇ ਵੀ ਅਦਾਲਤ ਵਿੱਚ ਚੁਣੌਤੀ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਹ ਪੰਜਾਬ ਸਰਕਾਰ ਲਈ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਨੌਜਵਾਨਾਂ ਨੂੰ ਪੂਰੀ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਪਾਰਦਰਸ਼ੀ ਭਰਤੀ ਨੇ ਨੌਜਵਾਨਾਂ ਦਾ ਸੂਬਾ ਸਰਕਾਰ ਦੇ ਕੰਮਕਾਜ ਵਿੱਚ ਵਿਸ਼ਵਾਸ ਵਧਾਇਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਹਰੇਕ ਵਰਗ ਦੇ ਹਿੱਤ ਵਿੱਚ ਵੱਡੇ ਫੈਸਲੇ ਕੀਤੇ ਹਨ।ਪੰਜਾਬ ਵਾਸੀਆਂ ਨੂੰ ਦਿੱਤੀ ਜਾ ਰਹੀ ਮੁਫਤ ਬਿਜਲੀ ਸਹੂਲਤ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਸੂਬੇ ਦੇ ਕਰੀਬ 90 ਫੀਸਦੀ ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਆ ਰਹੇ ਹਨ, ਜਿਸ ਨਾਲ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਮਾਜ ਦੇ ਹਰ ਵਰਗ ਦੇ ਹਿੱਤ ਦਾ ਧਿਆਨ ਰੱਖਿਆ ਹੈ, ਜਿਸ ਕਾਰਨ ਪੰਜਾਬ ਅੱਗੇ ਵਧ ਰਿਹਾ ਹੈ।

## ਸੇਂਟ ਸੋਲਜਰ ਸਕੂਲ ਦੀ ਹਾਕੀ ਟੀਮ ਦੇ ਖਿਡਾਰੀ ਨੌਰਥ ਜ਼ੋਨ ਹਾਕੀ ਟੂਰਨਾਮੈਂਟ 'ਚ ਛਾਏ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਸੀਬੀਐੱਸਈ ਵੱਲੋਂ ਨੌਰਥ ਜੋਨ ਦੇ ਹਾਕੀ ਮੁਕਾਬਲੇ 12 ਅਗਸਤ ਤੋਂ 18 ਅਗਸਤ ਤੱਕ ਡੀ. ਬੀ. ਪਬਲਿਕ ਸਕੂਲ ਨਿਰਵਾਨਾ ਹਰਿਆਣਾ ਵਿੱਚ ਕਰਵਾਏ ਗਏ ਜਿਸ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਤੇ ਚੰਡੀਗੜ੍ਹ ਦੀਆਂ ਸੀਬੀਐੱਸਈ ਸਕੂਲਾਂ ਅਤੇ ਹਾਕੀ ਅਕੈਡਮੀਆਂ ਦੀਆਂ ਟੀਮਾਂ ਨੇ ਭਾਗ ਲਿਆ। ਇਸ ਟੂਰਨਾਮੈਂਟ ਵਿੱਚ ਅੰਡਰ 17 ਵਿੱਚ 18 ਟੀਮਾਂ ਨੇ ਇਸ ਟੂਰਨਾਮੈਂਟ ਵਿੱਚ ਭਾਗ ਲਿਆ ਜਿਸ ਵਿੱਚ ਇਸ ਖੇਤਰ ਦੀਆਂ ਕਈ ਹਾਕੀ ਅਕੈਡਮੀਆਂ ਦੀਆਂ ਟੀਮਾਂ ਵੀ ਸ਼ਾਮਿਲ ਸਨ। ਇਸ ਵਰਗ ਵਿੱਚ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੀ ਟੀਮ ਨੇ ਕੈਪਟਨ ਅਨੁਸ ਸੂਰੀ ਦੀ ਅਗਵਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਬਹੁਤ ਸਾਰੀਆਂ ਸਕੂਲਾਂ ਅਤੇ ਹਾਕੀ ਅਕੈਡਮੀਆਂ ਦੀਆਂ ਟੀਮਾਂ ਨੂੰ ਹਰਾ ਕੇ ਸੈਮੀਫਾਈਨਲ ਵਿੱਚ ਪ੍ਰਵੇਸ਼ ਕੀਤਾ ਅਤੇ ਇਸ ਟੂਰਨਾਮੈਂਟ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਸ ਦੇ ਨਾਲ ਹੀ ਇਸ ਟੂਰਨਾਮੈਂਟ ਵਿੱਚ ਅੰਡਰ 14 ਦੇ ਖਿਡਾਰੀਆਂ ਦੀ ਟੀਮ ਨੇ ਪੰਜ ਘੰਟਿਆਂ ਵਿੱਚ ਤਿੰਨ ਮੈਚ ਖੇਡ ਕੇ ਸਭ ਨੂੰ ਹਰਾ ਕੇ ਆਪਣੀ ਸ਼ਾਨਦਾਰ ਖੇਡ ਨਾਲ ਖੂਬ ਵਾਹ-ਵਾਹ ਲੁੱਟੀ। 17 ਦੀ ਟੀਮ ਦੇ ਕੈਪਟਨ ਅਨੁਸ ਸੂਰੀ ਨੂੰ ਮੈਨ ਆਫ ਦਾ ਮੈਚ ਦੇ ਐਵਾਰਡ ਨਾਲ ਸਨਮਾਨਿਤ ਵੀ ਕੀਤਾ ਗਿਆ। ਇਸ ਨੂੰ ਟੂਰਨਾਮੈਂਟ ਦਾ ਵਧੀਆ ਡਿਫੈਂਡਰ ਐਲਾਨਿਆ ਗਿਆ। ਟੀਮ ਦੇ ਕੋਚ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਇਸ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਜੰਡਿਆਲਾ ਗੁਰੂ ਸਹਿਰ ਦਾ ਨਾਮ ਰੌਸ਼ਨ ਕੀਤਾ। ਯਾਦ ਰਹੇ ਕਿ ਟੀਮ ਦੇ ਕੋਚ ਨਵਦੀਪ ਸਿੰਘ ਢਿੱਲੋਂ ਦੇ ਪਿਤਾ ਜੋਗਿੰਦਰ ਸਿੰਘ ਢਿੱਲੋਂ ਦੀ ਰਹਿਨੁਮਾਈ ਵਿੱਚ ਵੀ ਸੇਂਟ ਸੋਲਜਰ ਦੀ ਹਾਕੀ ਦੀ ਟੀਮ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਬੁਲੰਦੀਆਂ ਨੂੰ ਛੂਹਿਆ ਅਤੇ ਹਰਮਨਪ੍ਰੀਤ ਸਿੰਘ ਵਰਗਾ ਖਿਡਾਰੀ ਭਾਰਤੀ ਹਾਕੀ ਟੀਮ ਨੂੰ ਦਿੱਤਾ ਜੋ ਕਿ ਸਾਰੀ ਦੁਨੀਆ ਵਿੱਚ ਬੈਸਟ ਸਕੋਰਰ ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਅਤੇ ਅਰਜਨ ਐਵਾਰਡੀ ਵੀ ਹੈ। ਸਕੂਲ ਵਿੱਚ ਪਹੁੰਚਣ ਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਡਾ: ਮੰਗਲ ਸਿੰਘ ਕਿਸ਼ਨਪੁਰੀ, ਪ੍ਰਿੰਸੀਪਲ ਅਮਰਪ੍ਰੀਤ ਕੌਰ, ਵਾਈਸ ਪ੍ਰਿੰ. ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ ਤੇ ਨੀਲਾਕਸੀ ਗੁਪਤਾ ਕੋਆਰਡੀਨੇਟਰ ਨੇ ਬੱਚਿਆਂ ਨੂੰ ਹਾਰ ਪਹਿਨਾ ਕੇ ਅਤੇ ਬੈਂਡ ਟੀਮ ਨੇ ਬੈਂਡ ਦੀਆਂ ਧੁਨਾਂ ਨਾਲ ਸ਼ਾਨਦਾਰ ਸਵਾਗਤ ਕੀਤਾ ਤੇ ਸਭ ਖਿਡਾਰੀਆਂ ਦਾ ਮੂੰਹ ਮਿੱਠਾ ਕਰਵਾਇਆ। ਸਕੂਲ ਵਿੱਚ ਇੱਕ ਵਾਰ ਫਿਰ ਖੁਸ਼ੀ ਦੀ ਲਹਿਰ ਦੌੜ ਗਈ। ਬੱਚਿਆਂ ਦੇ ਜਜ਼ਬੇ, ਬਹਾਦਰੀ ਅਤੇ ਉਨ੍ਹਾਂ ਦੀ ਖੇਡ ਨੂੰ ਸਲਾਹਿਆ ਗਿਆ ਜਿਸ ਨਾਲ ਬੱਚਿਆਂ ਨੇ ਇੱਕ ਪਾਸੜ ਮੈਚ ਜਿੱਤੇ।

## ਪ੍ਰਤਾਪ ਵਰਲਡ ਸਕੂਲ ਪਠਾਨਕੋਟ 'ਚ ਬੜੀ ਧੂਮਧਾਮ ਨਾਲ ਮਨਾਈ ਜਨਮ ਅਸ਼ਟਮੀ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਨੇ ਆਪਣੇ ਕੈਂਪਸ ਵਿੱਚ ਜਨਮਾਸ਼ਟਮੀ ਦੇ ਪਵਿੱਤਰ ਤਿਉਹਾਰ ਨੂੰ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਗਤੀਵਿਧੀਆਂ ਨੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜਨਮੋਤਸਵ ਦੀ ਝਲਕ ਨੂੰ ਜੀਵੰਤ ਕਰ ਦਿੱਤਾ। ਪੂਰਾ ਕੈਂਪਸ ਸਜਿਆ ਹੋਇਆ ਸੀ, ਜਿਸ ਨਾਲ ਤਿਉਹਾਰ ਅਤੇ ਆਧਿਆਤਮਿਕਤਾ ਦਾ ਮਾਹੌਲ ਬਣ ਗਿਆ। ਇਸ ਮੌਕੇ ਪ੍ਰਤਾਪ ਵਰਲਡ ਸਕੂਲ ਦੇ ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਜਨਮ ਅਸ਼ਟਮੀ ਵਰਗੇ ਤਿਉਹਾਰ ਬੱਚਿਆਂ ਨੂੰ ਭਾਰਤੀ ਪਰੰਪਰਾਵਾਂ ਨਾਲ ਜੁੜੇ ਰਹਿਣ ਦਾ ਮੌਕਾ ਦਿੰਦੇ ਹਨ, ਨਾਲ ਹੀ ਉਨ੍ਹਾਂ ਨੂੰ ਏਕਤਾ, ਖੁਸ਼ੀ ਅਤੇ ਸੱਭਿਆਚਾਰ ਲਈ ਸਨਮਾਨ ਵਰਗੇ ਮੁੱਲ ਸਿੱਖਣ ਦਾ ਵੀ ਅਵਸਰ ਮਿਲਦਾ ਹੈ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਅਸੀਂ ਸਮੁੱਚੀ ਸਿੱਖਿਆ ਤੇ ਵਿਸ਼ਵਾਸ ਕਰਦੇ ਹਾਂ।ਜਨਮ ਅਸ਼ਟਮੀ ਵਰਗੇ ਤਿਉਹਾਰਾਂ ਦਾ ਆਯੋਜਨ ਸਾਡੇ ਵਿਦਿਆਰਥੀਆਂ ਨੂੰ ਪਿਆਰ, ਦਇਆ ਅਤੇ ਨਿਮਰਤਾ ਵਰਗੇ ਮੁੱਲਾਂ ਨਾਲ ਜੋੜਦਾ ਹੈ, ਜੋ ਉਨ੍ਹਾਂ ਦੇ ਚਰਿੱਤਰ ਨਿਰਮਾਣ ਲਈ ਬਹੁਤ ਜ਼ਰੂਰੀ ਹਨ।

## ਡੀਸੀ ਨੇ ਸਰਕਾਰੀ ਕਾਲਜ 'ਚ ਇਤਿਹਾਸ ਗੈਲਰੀ ਤੇ ਮਹਾਰਾਜਾ ਰਣਜੀਤ ਸਿੰਘ ਭਵਨ ਦਾ ਕੀਤਾ ਉਦਘਾਟਨ

**ਗੁਰਦਾਸਪੁਰ (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਇਤਿਹਾਸ ਗੈਲਰੀ ਅਤੇ ਮਹਾਰਾਜਾ ਰਣਜੀਤ ਸਿੰਘ ਭਵਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਤੇ ਕਾਲਜ ਦਾ ਸਟਾਫ਼ ਵੀ ਹਾਜ਼ਰ ਸੀ। ਸਰਕਾਰੀ ਕਾਲਜ ਗੁਰਦਾਸਪੁਰ ਦੇ ਇਤਿਹਾਸ ਨੂੰ ਸਟੀਲ ਫਰੇਮ ਵਿੱਚ ਜੁੜਵਾ ਕੇ ਕਾਲਜ ਦੇ ਵਿਹੜੇ ਵਿੱਚ ਲਗਾਇਆ ਗਿਆ ਹੈ ਤਾਂ ਕਿ ਵਿਦਿਆਰਥੀਆਂ ਅਤੇ ਹਰ ਆਉਣ ਜਾਣ ਵਾਲੇ ਨੂੰ ਕਾਲਜ ਦੇ ਗੌਰਵਮਈ ਇਤਿਹਾਸ ਤੋਂ ਜਾਣੂ ਹੋ ਸਕੇ। ਇਸ ਇਤਿਹਾਸ ਵਿਚ ਕਾਲਜ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਦੇ ਗੌਰਵਮਈ ਇਤਿਹਾਸ ਨੂੰ ਇਤਿਹਾਸਿਕ ਤੱਥਾਂ ਨਾਲ ਦਰਸਾਇਆ ਗਿਆ ਹੈ। ਇਸ ਤੋਂ ਇਲਾਵਾ ਕਾਲਜ ਵੱਲੋਂ ਨਵੇਂ ਰੈਨੋਵੇਟ ਕੀਤੇ ਬਲਾਕ, ਜਿਸ ਨੂੰ ਮਹਾਰਾਜਾ ਸਿੰਘ ਭਵਨ ਦਾ ਨਾਮ ਦਿੱਤਾ ਗਿਆ ਹੈ ਅਤੇ ਇਸ ਵਿੱਚ ਮਹਾਰਾਜਾ ਰਣਜੀਤ ਸਿੰਘ ਦੀ ਫ਼ੋਟੋ ਵੀ ਲਗਾਈ ਗਈ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਸਾਡੇ ਜ਼ਿਲ੍ਹੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਹੈ ਜੋ ਪਿਛਲੇ 5 ਦਹਾਕਿਆਂ ਦੇ ਵੱਧ ਸਮੇਂ ਤੋਂ ਗਿਆਨ ਦਾ ਚਾਨਣ ਕਰ ਰਹੀ ਹੈ। ਇਸ ਤੋਂ ਪਹਿਲਾਂ ਕਾਲਜ ਆਉਣ ਤੇ ਡਿਪਟੀ ਕਮਿਸ਼ਨਰ ਦਾ ਪ੍ਰਿੰ. ਡਾ. ਅਸ਼ਵਨੀ ਕੁਮਾਰ ਭੱਲਾ, ਵਾਈਸ ਪ੍ਰਿੰ. ਡਾ. ਕਰਨਜੀਤ ਸ਼ਰਮਾ ਅਤੇ ਕਾਲਜ ਕੌਂਸਲ ਦੇ ਮੈਂਬਰਾਂ ਨੇ ਭਰਵਾਂ ਸਵਾਗਤ ਕੀਤਾ ਅਤੇ ਕਾਲਜ ਦੀ ਗਿੱਧਾ ਟੀਮ ਨੇ ਗਿੱਧਾ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ।



## ਮਾਸਟਰ ਕੇਡਰ ਅਧਿਆਪਕ ਯੂਨੀਅਨ ਦੀ ਹੰਗਾਮੀ ਮੀਟਿੰਗ ਹੋਈ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਮਾਸਟਰ ਕੇਡਰ ਅਧਿਆਪਕ ਯੂਨੀਅਨ ਦੀ ਇੱਕ ਹੰਗਾਮੀ ਮੀਟਿੰਗ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖ਼ੇ ਕੀਤੀ ਗਈ ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ ਤੇ ਜ਼ਿਲ੍ਹਾ ਸਕੱਤਰ ਅਮਰਬੀਰ ਸਿੰਘ ਨੇ ਕੀਤੀ। ਮੀਟਿੰਗ ਤੋਂ ਬਾਅਦ ਮਾਸਟਰ ਕੇਡਰ ਅਧਿਆਪਕ ਯੂਨੀਅਨ ਬਲਾਕ ਦੋਰਾਂਗਲਾ ਦੀ ਕਮੇਟੀ ਦਾ ਗਠਨ ਕੀਤਾ ਗਿਆ। ਸਰਬਸੰਮਤੀ ਨਾਲ ਪਰਵਿੰਦਰ ਸਿੰਘ ਨੂੰ ਬਲਾਕ ਪ੍ਰਧਾਨ ਚੁਣਿਆ ਗਿਆ। ਜੋਗਿੰਦਰ ਪਾਲ ਨੂੰ ਕਮੇਟੀ ਸਰਪ੍ਰਸਤ ਚੁਣਿਆ ਗਿਆ। ਸੁਰੇਸ਼ ਕੁਮਾਰ ਸੀਨੀਅਰ ਨੂੰ ਮੀਤ ਪ੍ਰਧਾਨ ਅਤੇ ਯੋਗੇਸ਼ ਕੁਮਾਰ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ, ਜ਼ਿਲ੍ਹਾ ਸਕੱਤਰ ਅਮਰਬੀਰ ਸਿੰਘ, ਬਿਕਰਮ ਸਿੰਘ ਬਾਠ, ਸ਼ਮਸ਼ੇਰ ਸਿੰਘ, ਕੰਵਰਬੀਰ ਸਿੰਘ, ਨਵਜੋਤ ਸਿੰਘ, ਕਰਮਜੀਤ ਸਿੰਘ, ਸੰਜੀਵ ਕੁਮਾਰ, ਰਾਜੇਸ਼ ਕੁਮਾਰ, ਪਰਵਿੰਦਰ ਸਿੰਘ, ਜੋਗਿੰਦਰ ਪਾਲ, ਮਨਜੀਤ ਸਿੰਘ, ਮਨਜਿੰਦਰ ਸਿੰਘ, ਗੁਰਦਿਆਲ ਸਿੰਘ, ਹਰੀਸ਼ ਕੁਮਾਰ, ਰੂਪ ਲਾਲ, ਰਮਨ ਕੁਮਾਰ, ਉਮੇਸ਼ ਕੁਮਾਰ, ਲਵਪ੍ਰੀਤ ਸਿੰਘ, ਯੋਗੇਸ਼ ਕੁਮਾਰ, ਰਾਜਿੰਦਰ ਕੁਮਾਰ, ਜਸਬੀਰ ਸਿੰਘ, ਸੁਰੇਸ਼ ਕੁਮਾਰ, ਰਾਕੇਸ਼ ਚੰਦਰ, ਰਾਜਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਬਲੱਡ ਡੋਨਰਜ਼ ਸੁਸਾਇਟੀ ਦੇ ਸੰਸਥਾਪਕ ਰਾਜੇਸ਼ ਬੱਬੀ ਨੇ ਵੀ ਵਿਸ਼ੇਸ਼ ਰੂਪ ਵਿੱਚ ਸ਼ਿਰਕਤ ਕੀਤੀ। ਯੂਨੀਅਨ ਨੇ ਮੁੱਖ ਰੂਪ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਤੇ ਮਾਸਟਰ ਕੇਡਰ ਦੀ ਨਵੀਂ ਭਾਰਤੀ ਕਰਨ ਦੀ ਮੰਗ ਰੱਖੀ।

## ਮਾਤਾ ਸਾਹਿਬ ਕੌਰ ਸਕੂਲ ਦੇ ਵਿਦਿਆਰਥੀ ਅੰਡਰ-19 ਕਬੱਡੀ ਮੈਚ 'ਚ ਰਹੇ ਅੱਵਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਗੋਇੰਦਵਾਲ ਸਾਹਿਬ ਬੀਤੇ ਦਿਨੀ 69ਵੀਆਂ ਪੰਜਾਬ ਸਕੂਲ ਜੋਨਲ ਖੇਡਾਂ ਦਾ ਆਯੋਜਨ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜੁਗਰਾਜ ਸਿੰਘ ਅਤੇ ਏ. ਈ. ਓ. ਮਨਿੰਦਰ ਸਿੰਘ ਦੀ ਰਹਿਨੁਮਾਈ ਹੇਠਾਂ ਕੀਤਾ ਗਿਆ। ਇਹ ਖੇਡਾਂ ਜ਼ੋਨਲ ਕਰਨਵੀਰ ਸਿੰਘ ਅਤੇ ਗੁਰਿਦਰ ਸਿੰਘ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਤਿਹਾਬਾਦ ਵਿਖੇ ਸੰਪੰਨ ਹੋਈਆਂ ਜਿੱਥੇ ਵੱਖ-ਵੱਖ ਸਕੂਲਾਂ ਤੋਂ ਆਏ ਹੋਏ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਕਬੱਡੀ ਖੇਡ ਵਿੱਚ ਵਿਦਿਆਰਥੀਆਂ ਨੇ ਸਖਤ ਮੁਕਾਬਲੇਬਾਜ਼ੀ ਦਾ ਪ੍ਰਦਰਸ਼ਨ ਕਰਦਿਆਂ ਹੋਇਆਂ ਮਾਤਾ ਸਾਹਿਬ ਕੌਰ ਸਕੂਲ ਦੇ ਵਿਦਿਆਰਥੀਆਂ ਵੱਲੋਂ ਅੰਡਰ-19 ਕਬੱਡੀ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਇਸ ਕਬੱਡੀ ਖੇਡ ਵਿੱਚ ਵਿਦਿਆਰਥੀਆਂ ਨੇ ਆਪਣਾ ਕਲਾ ਦਾ ਬਖੂਬੀ ਪ੍ਰਦਰਸ਼ਨ ਕਰਕੇ ਡਿਸਟਰਿਕਟ ਲੈਵਲ ਵਿੱਚ ਆਪਣੀ ਟੀਮ ਨੂੰ ਸ਼ਾਮਿਲ ਕੀਤਾ। ਭਾਗ ਲੈਣ ਵਾਲੇ ਵਿਦਿਆਰਥੀ ਅਭੇਦੀਪ ਸਿੰਘ, ਖੁਸ਼ਕਰਨ ਸਿੰਘ, ਦਵਿੰਦਰ ਸਿੰਘ ਬਿਕਰਮਜੀਤ ਸਿੰਘ, ਸਹਿਬਾਜ ਸਿੰਘ ਹਰਜੀਤ ਸਿੰਘ, ਜੋਬਨਪ੍ਰੀਤ ਸਿੰਘ ਲਵਪ੍ਰੀਤ ਸਿੰਘ ਅਤੇ ਸਤਿੰਦਰ ਪਾਲ ਸਿੰਘ ਵਿਦਿਆਰਥੀ ਨੇ ਇਸ ਖੇਡ ਵਿੱਚ ਆਪਣਾ ਨਾਮ ਚਮਕਾਇਆ। ਮੈਨੇਜਮੈਂਟ ਡਾਇਰੈਕਟਰ ਤਜਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਸੁਖਵਿੰਦਰ ਕੌਰ, ਸੈਕਟਰੀ ਬਨਵੀਰ ਸਿੰਘ, ਮੈਡਮ ਰਮਨਦੀਪ ਕੌਰ, ਮੈਡਮ ਸੰਗੀਤ ਕੌਰ ਅਤੇ ਪ੍ਰਿੰ. ਮੈਡਮ ਨਵਜੋਤੀ ਵੱਲੋਂ ਵਿਦਿਆਰਥੀਆਂ ਦੀ ਇਸ ਜਿੱਤ ਤੇ ਵਿਦਿਆਰਥੀਆਂ ਅਤੇ ਪੂਰੇ ਸਕੂਲ ਨੂੰ ਵਧਾਈਆਂ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਕਬੱਡੀ ਨੂੰ ਪੁਨਰ-ਜੀਵਤ ਕਰਨ ਲਈ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਇਸ ਖੇਡ ਨਾਲ ਜੋੜਨ ਦਾ ਯਤਨ ਕੀਤਾ ਜਾ ਰਿਹਾ। ਉਨ੍ਹਾਂ ਨੇ ਦੱਸਿਆ ਕਿ ਅਜਿਹੀਆਂ ਖੇਡਾਂ ਵਿਦਿਆਰਥੀਆਂ ਦੇ ਮਾਨਸਿਕ ਅਤੇ ਸਰੀਰਕ ਜੀਵਨ ਦਾ ਵਿਕਾਸ ਕਰਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਤੇ ਮਾਤਾ-ਪਿਤਾ ਨੂੰ ਇਹ ਸੰਦੇਸ਼ ਦਿੱਤਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਅਜਿਹੀਆਂ ਖੇਡਾਂ ਵੱਲ ਉਤਸ਼ਾਹਿਤ ਕਰਨਾ ਚਾਹੀਦਾ ਹੈ ਤਾਂ ਜੋ ਉਹ ਨਸ਼ਾਖੋਰੀ ਅਤੇ ਬੁਰੀ ਸੰਗਤ ਤੋਂ ਦੂਰ ਰਹਿਣ।

ਨਵਾਂ ਜ਼ਮਾਨਾ
ਬੁੱਧਵਾਰ, 20 ਅਗਸਤ 2025

# ਪੱਤਰਕਾਰਾਂ ਖਿਲਾਫ ਧੱਕੇਸ਼ਾਹੀ

ਸਰਕਾਰ ਨੂੰ ਵੰਗਾਰਨ ਵਾਲੀ ਵੈੱਬਸਾਈਟ 'ਦੀ ਵਾਇਰ' ਦੇ ਬਾਨੀ ਸੰਪਾਦਕ ਸਿਧਾਰਥ ਵਰਧਰਾਜਨ ਤੇ ਸੀਨੀਅਰ ਪੱਤਰਕਾਰ ਕਰਨ ਥਾਪਰ ਖਿਲਾਫ ਆਸਾਮ ਦੀ ਭਾਜਪਾ ਸਰਕਾਰ ਦੀ ਪੁਲਸ ਨੇ ਰਾਜਧ੍ਰੋਹ ਦੇ ਦੋਸ਼ਾਂ ਤਹਿਤ ਇੱਕ ਹੋਰ ਐੱਫ ਆਈ ਆਰ ਦਰਜ ਕੀਤੀ ਹੈ। ਕਰਾਈਮ ਬਰਾਂਚ ਨੇ 12 ਅਗਸਤ ਨੂੰ ਦੋਹਾਂ ਨੂੰ ਸੰਮਨ ਭੇਜ ਕੇ 22 ਅਗਸਤ ਨੂੰ ਗੁਹਾਟੀ ਦੇ ਪਾਨ ਬਾਜ਼ਾਰ ਸਥਿਤ ਕ੍ਰਾਈਮ ਬਰਾਂਚ ਦਫਤਰ ਵਿੱਚ ਪੇਸ਼ ਹੋਣ ਲਈ ਕਿਹਾ ਹੈ। ਹਾਲਾਂਕਿ ਸੰਮਨ ਨਾਲ ਐੱਫ ਆਈ ਆਰ ਦੀ ਕਾਪੀ ਜਾਂ ਮਾਮਲੇ ਦਾ ਕੋਈ ਵੇਰਵਾ ਨਹੀਂ ਦਿੱਤਾ ਗਿਆ, ਜੋ ਕਿ ਕਾਨੂੰਨੀ ਤੌਰ 'ਤੇ ਲਾਜ਼ਮੀ ਹੁੰਦਾ ਹੈ। ਇਸ ਨਵੀਂ ਐੱਫ ਆਈ ਆਰ (ਨੰਬਰ 03/2025) ਵਿੱਚ ਭਾਰਤੀ ਨਿਆਂ ਸੰਹਿਤਾ (ਬੀ ਐੱਨ ਐੱਸ) ਦੀ ਧਾਰਾ 152 ਯਾਨਿ ਭਾਰਤ ਦੀ ਪ੍ਰਭੂਸੱਤਾ, ਏਕਤਾ ਤੇ ਅਖੰਡਤਾ ਨੂੰ ਖਤਰੇ ਵਿੱਚ ਪਾਉਣ ਵਾਲੇ ਕੰਮ, ਧਾਰਾ 196 ਯਾਨਿ ਵੱਖ-ਵੱਖ ਸਮੂਹਾਂ ਵਿਚਾਲੇ ਦੁਸ਼ਮਣੀ ਨੂੰ ਬੜ੍ਹਾਵਾ ਦੇਣ, ਧਾਰਾ 197 (1) (ਡੀ)/3 (6), ਧਾਰਾ 353, 45 ਤੇ 61 ਤਹਿਤ ਦੋਸ਼ ਲਾਏ ਗਏ ਹਨ। ਧਾਰਾ 152 ਜ਼ਾਬਤਾ ਫੌਜਦਾਰੀ ਯਾਨਿ ਆਈ ਪੀ ਸੀ ਦੀ ਧਾਰਾ 124 ਏ ਯਾਨਿ ਰਾਜਧ੍ਰੋਹ ਦਾ ਨਵਾਂ ਰੂਪ ਹੈ, ਜਿਸ ਨੂੰ ਸੁਪਰੀਮ ਕੋਰਟ ਨੇ ਮਈ 2022 ਵਿੱਚ ਮੁਅੱਤਲ ਕਰ ਦਿੱਤਾ ਸੀ।

ਨਵਾਂ ਸੰਮਨ ਉਸ ਦਿਨ ਜਾਰੀ ਕੀਤਾ ਗਿਆ, ਜਿਸ ਦਿਨ ਸੁਪਰੀਮ ਕੋਰਟ ਨੇ 'ਦੀ ਵਾਇਰ' ਤੇ ਇਸ ਦੇ ਪੱਤਰਕਾਰਾਂ ਨੂੰ ਆਸਾਮ ਪੁਲਸ ਵੱਲੋਂ ਮਾਰੀਗਾਂਵ ਵਿੱਚ 11 ਜੁਲਾਈ 2025 ਨੂੰ ਦਰਜ ਇੱਕ ਹੋਰ ਐੱਫ ਆਈ ਆਰ (0181/2025) ਵਿੱਚ ਕਿਸੇ ਵੀ ਦੰਡਾਤਮਕ ਕਾਰਵਾਈ ਤੋਂ ਸੁਰੱਖਿਆ ਪ੍ਰਦਾਨ ਕੀਤੀ ਸੀ। ਇਸ ਪਹਿਲੇ ਮਾਮਲੇ ਵਿੱਚ 'ਦੀ ਵਾਇਰ' ਵੱਲੋਂ 28 ਜੂਨ 2025 ਨੂੰ ਪ੍ਰਕਾਸ਼ਤ ਇੱਕ ਲੇਖ 'ਤੇ ਭਾਜਪਾ ਕਾਰਕੁਨ ਦੀ ਸ਼ਿਕਾਇਤ 'ਤੇ ਐੱਫ ਆਈ ਆਰ ਦਰਜ ਕੀਤੀ ਗਈ ਸੀ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਭਾਰਤੀ ਫੌਜ ਨੇ ਪਾਕਿਸਤਾਨ ਖਿਲਾਫ ਅਪ੍ਰੇਸ਼ਨ ਸਿੰਧੂਰ ਦੌਰਾਨ ਸਿਆਸੀ ਲੀਡਰਸ਼ਿਪ ਦੇ ਅੜਿੱਕਿਆਂ ਕਾਰਨ ਲੜਾਕੂ ਜਹਾਜ਼ ਗੁਆ ਦਿੱਤੇ। ਸੁਪਰੀਮ ਕੋਰਟ ਦੇ ਜਸਟਿਸ ਸੂਰੀਆ ਕਾਂਤ ਤੇ ਜਸਟਿਸ ਜਾਇਮਾਲਿਆ ਬਾਗਚੀ ਦੀ ਬੈਂਚ ਨੇ 'ਦੀ ਵਾਇਰ' ਦੀ ਬੀ ਐੱਨ ਐੱਸ ਦੀ ਧਾਰਾ 152 ਦੀ ਸੰਵਿਧਾਨਕਤਾ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ ਸੀ ਤੇ ਅਗਲੀ ਕਾਰਵਾਈ 'ਤੇ ਰੋਕ ਲਾ ਦਿੱਤੀ ਸੀ। 'ਦੀ ਵਾਇਰ' ਤੇ ਇਸ ਦੇ ਸੰਪਾਦਕਾਂ ਖਿਲਾਫ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ। 2020 ਤੇ 2021 ਵਿੱਚ ਵੀ ਯੂ ਪੀ ਸਰਕਾਰ ਨੇ ਵਰਧਰਾਜਨ ਖਿਲਾਫ ਵੱਖ-ਵੱਖ ਐੱਫ ਆਈ ਆਰ ਦਰਜ ਕੀਤੀਆਂ ਸਨ, ਜਿਨ੍ਹਾਂ ਵਿੱਚ ਕੋਵਿਡ-19 ਤੇ ਧਾਰਮਕ ਆਯੋਜਨਾਂ ਨਾਲ ਸੰਬੰਧਤ ਖਬਰਾਂ ਨੂੰ ਲੈ ਕੇ ਫਰਜ਼ੀ ਖਬਰਾਂ ਫੈਲਾਉਣ ਦਾ ਦੋਸ਼ ਲਾਇਆ ਸੀ। ਇਸ ਨੂੰ ਪੱਤਰਕਾਰ ਜਥੇਬੰਦੀਆਂ ਤੇ ਬੁੱਧੀਜੀਵੀਆਂ ਨੇ ਪ੍ਰੈੱਸ ਦੀ ਆਜ਼ਾਦੀ 'ਤੇ ਹਮਲਾ ਕਰਾਰ ਦਿੱਤਾ ਸੀ। ਹੁਣ ਵੀ ਪ੍ਰੈੱਸ ਕਲੱਬ ਆਫ ਇੰਡੀਆ, ਇੰਡੀਅਨ ਵੂਮੈਨ ਪ੍ਰੈੱਸ ਕੋਰ, ਐਡੀਟਰਜ਼ ਗਿਲਡ ਆਫ ਇੰਡੀਆ ਤੇ ਮੁੰਬਈ ਪ੍ਰੈੱਸ ਕਲੱਬ ਨੇ ਆਸਾਮ ਪੁਲਸ ਦੀ ਕਾਰਵਾਈ ਨੂੰ ਬਦਲਾਖੋਰੀ ਦੱਸਦਿਆਂ ਇਸ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਹੈ ਕਿ ਆਸਾਮ ਪੁਲਸ ਵੱਲੋਂ ਦੋ ਮਹੀਨਿਆਂ ਵਿੱਚ ਦੂਜੀ ਵਾਰ ਐੱਫ ਆਈ ਆਰ ਦਰਜ ਕਰਨਾ ਪੱਤਰਕਾਰਾਂ ਨੂੰ ਦਬਾਉਣ ਦੀ ਕੋਸ਼ਿਸ਼ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਏਗਾ। ਜਥੇਬੰਦੀਆਂ ਨੇ ਐੱਫ ਆਈ ਆਰ ਨੂੰ ਫੌਰੀ ਵਾਪਸ ਲੈਣ ਦੀ ਮੰਗ ਦੇ ਇਲਾਵਾ ਬੀ ਐੱਨ ਐੱਸ ਦੀ ਧਾਰਾ 152 ਨੂੰ ਹਟਾਉਣ ਲਈ ਕਿਹਾ ਹੈ, ਜਿਸ ਨੂੰ ਕਿ ਸੁਪਰੀਮ ਕੋਰਟ ਨੇ ਵੀ ਵਾਜਬ ਨਹੀਂ ਮੰਨਿਆ। 'ਦੀ ਵਾਇਰ' ਦੀ ਖੋਜੀ ਪੱਤਰਕਾਰਤਾ ਸਰਕਾਰ ਨੂੰ ਹਮੇਸ਼ਾ ਰੜਕਦੀ ਰਹੀ ਹੈ ਤੇ ਭਾਜਪਾਈ ਹਕੂਮਤਾਂ ਨਿੱਕੀ-ਨਿੱਕੀ ਗੱਲ 'ਤੇ ਉਸ ਵਿਰੁੱਧ ਐੱਫ ਆਈ ਆਰ ਦਰਜ ਕਰਨ ਤੋਂ ਬਾਜ਼ ਨਹੀਂ ਆਉਂਦੀਆਂ। ਪੱਤਰਕਾਰ ਭਾਈਚਾਰੇ ਦਾ ਫਰਜ਼ ਬਣਦਾ ਹੈ ਕਿ ਉਹ ਸਰਕਾਰ ਦੀ ਧੱਕੇਸ਼ਾਹੀ ਖਿਲਾਫ 'ਦੀ ਵਾਇਰ' ਤੇ ਇਸ ਦੇ ਪੱਤਰਕਾਰਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਲਈ ਸੜਕਾਂ 'ਤੇ ਨਿੱਤਰਨ।

## ਜੱਗ 'ਤੇ ਜੱਗ

ਰਾਜਨੀਤੀ 'ਚ ਹੈ ਭੁਚਾਲ ਮਚਿਆ,
ਕੌਣ ਪਤਾ ਨਹੀਂ ਕਿਸ ਨੂੰ ਠੱਗ ਜਾਵੇ।
ਜਿਸ ਤਰਫ ਨੂੰ ਆਜੜੀ ਤੋਰਦਾ ਹੈ,
ਉਸ ਤਰਫ਼ ਨੂੰ ਭੇਡਾਂ ਦਾ ਵੱਗ ਜਾਵੇ।
ਹਵਾ ਵਿੱਚ ਨੇ ਨਫ਼ਰਤੀ ਬੀਜ ਤਰਦੇ,
ਤਾਹੀਂ ਰੁੱਖਾਂ ਦੇ ਮੂੰਹਾਂ 'ਚੋਂ ਝੱਗ ਜਾਵੇ।
ਅੱਗੇ ਵਧ ਕੇ ਸਾਰੇ ਹੀ ਤੇਲ ਪਾਉਂਦੇ,
ਵਿਰਲਾ ਕੋਈ ਬੁਝਾਣ ਨੂੰ ਅੱਗ ਜਾਵੇ।
ਹੈ ਖ਼ੌਫ਼ ਦੀ ਆਹਟ ਸੁਣਾਈ ਦਿੰਦੀ,
ਕਿਤੇ ਤਾਲਾ ਨਾ ਮੂੰਹਾਂ 'ਤੇ ਲੱਗ ਜਾਵੇ।
ਰੋਂਦਾ ਆਉਂਦਾ ਹੈ ਜੱਗ 'ਤੇ ਜੱਗ ਸਾਰਾ,
ਰੋਂਦਾ ਹੋਇਆ ਸਾਰਾ ਹੀ ਜੱਗ ਜਾਵੇ!

-ਗੁਲਪੁਰ

**ਬਰਸੀ 'ਤੇ ਵਿਸ਼ੇਸ਼**

# ਯੁੱਗ ਸਿਰਜਕ, ਪ੍ਰਮੁੱਖ ਵਾਰਤਕਕਾਰ ਗੁਰਬਖ਼ਸ਼ ਸਿੰਘ ਪ੍ਰੀਤਲੜੀ ਨੂੰ ਯਾਦ ਕਰਦਿਆਂ



**ਦਰਸ਼ਨ ਸਿੰਘ ਪ੍ਰੀਤੀਮਾਨ**

ਹਰੇਕ ਲੇਖਕ, ਸਾਹਿਤਕਾਰ ਦੀ ਰਚਨਾ ਦਾ ਕੋਈ ਨਾ ਕੋਈ ਨਿੰਦਕ, ਆਲੋਚਕ ਜੰਮ ਹੀ ਪੈਂਦਾ ਹੈ, ਕਿਉਂਕਿ ਲੇਖਕ, ਸਾਹਿਤਕਾਰ ਆਪਣੀ ਕੋਈ ਰੂਪ-ਰੇਖਾ ਲੈ ਕੇ ਲਿਖਦਾ ਹੈ ਤੇ ਅਲੋਚਕ ਆਪਣੇ ਮੁਤਾਬਕ ਢਾਲ ਕੇ ਆਲੋਚਨਾ ਕਰਦਾ ਹੈ, ਲੇਖਕ ਮੁਤਾਬਕ ਨਹੀਂ। ਕਈਆਂ ਵਿਚਾਰਿਆਂ ਨੂੰ ਸਾੜੇ ਦਾ ਭੂਤ ਸਵਾਰ ਹੋਇਆ ਹੁੰਦਾ ਹੈ। ਇੱਕ ਯੁੱਗ ਸਿਰਜਕ, ਪ੍ਰਮੁੱਖ ਵਾਰਤਾਕਾਰ ਹੋਇਆ ਹੈ, ਜਿਸ ਦੀ ਬਹੁਤ ਘੱਟ ਆਲੋਚਨਾ ਹੋਈ ਹੈ, ਸਗੋਂ ਪ੍ਰਸੰਸਾ ਹੀ ਪ੍ਰਸੰਸਾ ਹੋਈ ਹੈ, ਜਿਸ ਦਾ ਪ੍ਰਭਾਵ ਵੀ ਹਰ ਸਾਹਿਤਕਾਰ, ਆਲੋਚਕ ਨੇ ਕਬੂਲਿਆ ਹੈ, ਉਹ ਹਨ ਗੁਰਬਖ਼ਸ਼ ਸਿੰਘ ਪ੍ਰੀਤਲੜੀ।

ਗੁਰਬਖ਼ਸ਼ ਸਿੰਘ ਪ੍ਰੀਤਲੜੀ ਦਾ ਜਨਮ 26 ਅਪ੍ਰੈਲ, 1895 ਈ: ਨੂੰ ਮਾਤਾ ਮਾਲਣੀ (ਬੇਬੇ ਜੀ) ਦੀ ਕੁੱਖੋਂ ਪਿਤਾ ਪਸ਼ੌਰਾ ਸਿੰਘ ਦੇ ਘਰ ਸਿਆਲਕੋਟ (ਪਾਕਿਸਤਾਨ) ਵਿਖੇ ਹੋਇਆ। ਗੁਰਬਖ਼ਸ਼ ਸਿੰਘ ਦਾ ਪਿਤਾ ਪਸ਼ੌਰਾ ਸਿੰਘ ਰੇਲਵੇ ਮਹਿਕਮੇ ਵਿੱਚ ਨੌਕਰੀ ਕਰਦਾ ਸੀ। ਗੁਰਬਖ਼ਸ਼ ਸਿੰਘ ਅਜੇ ਮਿਡਲ ਤੋਂ ਵੀ ਥੱਲੇ ਸੀ, ਜਦ ਉਸ ਦੇ ਪਿਤਾ ਦਾ ਦੇਹਾਂਤ ਹੋ ਗਿਆ। ਗੁਰਬਖ਼ਸ਼ ਸਿੰਘ ਦਾ ਵਿਆਹ ਸ੍ਰੀਮਤੀ ਜਗਜੀਤ ਕੌਰ ਨਾਲ ਹੋਇਆ, ਜਗਜੀਤ ਕੌਰ ਨੂੰ ਘਰ ਵਿੱਚ ਜੀਤਾ ਨਾਂਅ ਨਾਲ ਵੀ ਬੁਲਾਇਆ ਜਾਂਦਾ ਸੀ। ਇਸ ਜੋੜੀ ਦੇ ਘਰ ਦੋ ਲੜਕੇ ਤੇ 4 ਲੜਕੀਆਂ ਨੇ ਜਨਮ ਲਿਆ, ਜਿਨ੍ਹਾਂ ਦੇ ਨਾਂਅ ਇਸ ਪ੍ਰਕਾਰ ਹਨ ਨਵਤੇਜ ਸਿੰਘ, ਓਮਾ, ਉਰਮਿਲਾ, ਪ੍ਰਤਿਮਾ, ਹਿਰਦੇਪਾਲ ਤੇ ਅਨੁਸੂਈਆ ਸਿੰਘ ਹਨ। ਗੁਰਬਖ਼ਸ਼ ਸਿੰਘ ਦਸਵੀਂ ਤੱਕ ਪਿੰਡ ਹੀ ਪੜ੍ਹੇ ਅਤੇ ਐੱਫ ਸੀ ਕਾਲਜ ਲਾਹੌਰ ਦਾਖਲਾ ਤਾਂ ਲਿਆ, ਪਰ ਆਰਥਿਕ ਸੰਕਟ ਕਾਰਨ ਪੜ੍ਹਾਈ ਵਿਚਕਾਰ ਹੀ ਛੱਡਣੀ ਪਈ ਤੇ ਟਰਾਂਸਪੋਰਟ ਮਹਿਕਮੇ ਵਿੱਚ ਕਲਰਕ ਦੀ ਨੌਕਰੀ ਕਰਨ ਲੱਗੇ। ਉਨ੍ਹਾਂ ਓਵਰਸੀਅਰੀ ਦੀ ਡਿਗਰੀ ਟਾਮਸ ਇੰਜੀਨੀਅਰਿੰਗ ਕਾਲਜ ਤੋਂ ਸੰਨ 1914 ਵਿੱਚ ਕੀਤੀ। ਆਪ ਫੌਜ ਵਿੱਚ ਭਰਤੀ ਹੋ ਕੇ ਫੌਜੀ ਵੀ ਬਣੇ ਅਤੇ 1918 ਤੱਕ ਫੌਜ ਦੀ ਨੌਕਰੀ ਕੀਤੀ। ਫਿਰ ਆਪ ਨੇ ਸਿਵਲ ਇੰਜੀਨੀਅਰਿੰਗ ਦੀ ਡਿਗਰੀ ਲਈ ਅਮਰੀਕਾ ਦੀ ਯੂਨੀਵਰਸਿਟੀ ਵਿੱਚ ਦਾਖਲਾ ਲੈ ਲਿਆ। ਕੁਝ ਸਮਾਂ ਸੰਨ 1924 ਈ: ਤੋਂ ਲੈ ਕੇ 1932 ਈ: ਤੱਕ ਰੇਲਵੇ ਵਿੱਚ ਇੰਜੀਨੀਅਰ ਲੱਗੇ ਅਤੇ ਕੁਝ ਸਮਾਂ ਖੇਤੀਬਾੜੀ ਵੀ ਕੀਤੀ। ਖੇਤੀ ਕਰਦੇ ਸਮੇਂ ਹੀ 1933 ਈ: ਵਿੱਚ ਆਪ ਨੇ 'ਪ੍ਰੀਤਲੜੀ' ਕੱਢਣਾ ਆਰੰਭ ਕੀਤਾ। ਆਪ ਨੇ ਪ੍ਰੀਤਨਗਰ ਵੀ ਵਸਾਇਆ ਅਤੇ 1947 ਈ: ਵਿੱਚ ਮਹਿਰੌਲੀ (ਦਿੱਲੀ) ਜਾਣਾ ਪਿਆ ਵਿਗੜਦੇ ਹਾਲਾਤ ਦੇ ਕਾਰਨ। ਬਾਅਦ ਵਿੱਚ ਅੰਤ ਤੱਕ ਦਿੱਲੀ ਤੋਂ ਆ ਕੇ ਪ੍ਰੀਤਨਗਰ ਹੀ ਰਹੇ।

ਗੁਰਬਖ਼ਸ ਸਿੰਘ ਪ੍ਰੀਤਲੜੀ ਦੇ ਕਿਤਾਬਾਂ ਦੀ ਲਿਸਟ ਕਾਫੀ ਲੰਮੀ ਹੈ। ਤਾਜ ਤੇ ਸਰੂ, ਦੁਨੀਆ ਇੱਕ ਮਹੱਲ, ਜ਼ਿੰਦਗੀ ਦੀ ਕਵਿਤਾ, ਖੁਸ਼ਹਾਲ ਜੀਵਨ, ਸਾਡੇ ਵਾਰਸ, ਮੇਰੇ ਝਰੋਖੇ, ਖੁੱਲ੍ਹਾ ਦਰ, ਚੰਗੇਰੀ ਦੁਨੀਆ, ਪ੍ਰਸੰਨ ਲੰਬੀ ਉਮਰ, ਨਵਾਂ ਸ਼ਿਵਾਲਾ, ਨਵੀਂ ਤਕੜੀ ਦੁਨੀਆ, ਇੱਕ ਦੁਨੀਆ ਤੇ ਤੇਰੇ ਸੁਪਨੇ, ਜ਼ਿੰਦਗੀ ਦੀ ਡਾਟ, ਪਰਮ ਮਨੁੱਖ, ਨਵੀਆਂ ਤਕਦੀਰਾਂ ਦੀ ਕਿਆਰੀ, ਸਾਵੀ ਪੱਧਰੀ ਜ਼ਿੰਦਗੀ, ਭਖਦੀ ਜੀਵਨ ਚੰਗਿਆੜੀ, ਮੇਰੀ ਜੀਵਨ ਕਹਾਣੀ, ਪ੍ਰੀਤ ਮੁਕਟ, ਏਸ਼ੀਆ ਦਾ ਚਾਨਣ, ਮੇਰੀ ਗੁਲਬਦਨ, ਮਨੋਹਰ ਸ਼ਖ਼ਸੀਅਤ, ਮੇਰੀਆਂ ਅਭੁੱਲ ਯਾਦਾਂ, ਵੀਣਾ ਵਿਨੋਦ, ਭਾਬੀ ਮੈਨਾ, ਰੰਗ ਸਹਿਕਦਾ ਦਿਲ, ਅਣ-ਵਿਆਹੀ ਮਾਂ, ਚਿੱਠੀਆਂ ਜੀਤਾ ਦੇ ਨਾਂ, ਸਵੈ-ਪੂਰਨਤਾ ਦੀ ਲਗਨ, ਮੇਰੇ ਦਾਦੀ ਜੀ, ਰਾਜ ਕੁਮਾਰੀ ਲਤਿਕਾ, ਨਾਗ ਪ੍ਰੀਤ ਦਾ ਜਾਦੂ, ਪ੍ਰੀਤ ਮਣੀ, ਪੂਰਬ-ਪੱਛਮ, ਭਖਦੀ ਜੀਵਨ ਚੰਗਿਆੜੀ, ਬੰਦੀ-ਛੋੜ, ਗੁਰੂ ਨਾਨਕ, ਮੰਜ਼ਿਲ ਦਿਸ ਪਈ, ਜ਼ਿੰਦਗੀ ਵਾਰਸ ਹੈ, ਇਸ਼ਕ ਜਿਨ੍ਹਾਂ ਦੇ ਹੱਡੀ ਰਚਿਆ, ਪ੍ਰੀਤ ਕਹਾਣੀਆਂ, ਅਨੋਖੇ ਅਤੇ ਇਕੱਲੇ, ਪ੍ਰੀਤਾਂ ਦੀ ਪਹਿਰੇਦਾਰ, ਰੁੱਖਾਂ ਦੀ ਜੀਰਾਂਦ (ਨਾਵਲ), ਕੋਧਰੇ ਦੀ ਰੋਟੀ (ਨਾਟਕ), ਸੁਪਨੇ (ਅਨੁਵਾਦ), ਮੇਰੀ ਜੀਵਨ ਕਹਾਣੀ ਭਾਗ ਪਹਿਲਾ (ਸਵੈ-ਜੀਵਨੀ) ਆਦਿ।

ਗੁਰਬਖ਼ਸ ਸਿੰਘ ਪ੍ਰੀਤਲੜੀ ਦੀ ਮਹਾਨ ਰਚਨਾ ਸਦਕਾ ਪੰਜਾਬੀ ਮਹਿਕਮਾ ਪੈਪਸੂ ਵੱਲੋਂ ਮਾਣ-ਪੱਤਰ ਤੇ ਸਿਰੋਪਾ ਦੇ ਕੇ ਸਨਮਾਨਤ ਕੀਤੇ ਗਏ ਅਤੇ ਭਾਰਤ ਸਰਕਾਰ ਨੇ ਭਾਰਤੀ ਸਾਹਿਤ ਅਕਾਦਮੀ ਦਾ ਸਲਾਹਕਾਰ ਨਾਮਜ਼ਦ ਕੀਤਾ। ਉਨ੍ਹਾਂ ਪ੍ਰੀਤਲੜੀ ਰਾਹੀਂ ਬਹੁਤ ਵਾਰਤਕ ਰਚਨਾ ਕੀਤੀ। ਪ੍ਰੀਤਲੜੀ ਦੀ ਲਿਖਣ ਸ਼ੈਲੀ ਵਿੱਚ ਅਜਿਹਾ ਜਾਦੂ ਸੀ ਕਿ ਪਾਠਕ ਨੂੰ ਕੀਲ ਦਿੰਦਾ ਸੀ। ਇਸ ਕਰਕੇ ਹੀ ਕਿਹਾ ਜਾਂਦਾ ਹੈ ਕਿ ਗੁਰਬਖ਼ਸ਼ ਸਿੰਘ ਪ੍ਰੀਤਲੜੀ ਦੀ ਰਚਨਾ ਨਾਲ ਨਵਾਂ ਯੁੱਗ ਸ਼ੁਰੂ ਹੋਇਆ।

ਗੁਰਬਖ਼ਸ਼ ਸਿੰਘ ਪ੍ਰੀਤਲੜੀ ਆਦਰਸ਼ਵਾਦੀ ਤੇ ਸੁਧਾਰਕ ਲੇਖਕ ਯੁੱਗ ਸਿਰਜਕ ਮਹਾਨ ਪੁਰਸ਼ ਹੋਏ ਸਨ। ਸਰਲ ਭਾਸ਼ਾ ਵਿੱਚ ਸ਼ਬਦ ਦਾ ਤੇਜ ਵਹਾਓ, ਢੁਕਵੇਂ ਅਲੰਕਾਰ ਦੇ ਗੁਣ ਬੁੱਧੀ ਤੇ ਆਤਮਾ ਨੂੰ ਸੰਤੁਸ਼ਟ ਕਰਦੇ ਹਨ। ਆਧੁਨਿਕ ਪੀੜ੍ਹੀ ਦਾ ਕੋਈ ਵੀ ਅਜਿਹਾ ਲੇਖਕ ਨਹੀਂ, ਜਿਸ ਨੇ ਉਹਨਾ ਦਾ ਪ੍ਰਭਾਵ ਨਾ ਕਬੂਲਿਆ ਹੋਵੇ। ਆਪਣੀ ਜ਼ਿੰਦਗੀ ਵਿੱਚ ਉਹਨਾ ਨੇ ਸਾਹਿਤਕ ਸਰਗਰਮੀਆਂ ਵੀ ਤੇਜ਼ ਹੀ ਰੱਖੀਆਂ। ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੜ੍ਹਿਆ ਜਾਣ ਵਾਲਾ ਲੇਖਕ ਸੀ, ਉਨ੍ਹਾ ਦੇ ਪਾਠਕਾਂ ਦਾ ਘੇਰਾ ਵਿਸਾਲ ਸੀ, ਉਨ੍ਹਾਂ ਦੀਆਂ ਕਿਤਾਬਾਂ ਦੇ ਕਈ-ਕਈ ਐਡੀਸ਼ਨ ਛਪੇ। ਪ੍ਰੀਤਲੜੀ ਨਾਵਲ 'ਅਣ-ਵਿਆਹੀ ਮਾਂ' ਦੇ ਦੋ ਦਰਜਨਾਂ ਦੇ ਲੱਗਭਗ ਐਡੀਸ਼ਨ ਛਪੇ। ਉਨ੍ਹਾ ਦੀਆਂ ਰਚਨਾਵਾਂ ਹੋਰ ਭਾਸ਼ਾਵਾਂ ਵਿੱਚ ਵੀ ਅਨੁਵਾਦ ਹੋਈਆ।

ਗੁਰਬਖ਼ਸ਼ ਸਿੰਘ ਪ੍ਰੀਤਲੜੀ ਨੂੰ ਜਿੰਨਾ ਸਨਮਾਨ ਪਾਠਕ ਵਰਗ ਨੇ ਦਿੱਤਾ ਹੈ, ਸ਼ਾਇਦ ਹੀ ਹੋਰ ਕਿਸੇ ਲੇਖਕ ਦੇ ਹਿੱਸੇ ਆਇਆ ਹੋਵੇ। ਪ੍ਰੀਤਲੜੀ ਦੀ ਲਿਖਤ ਨਿਰਾ ਸ਼ਹਿਦ ਹੀ ਹੈ। ਕੋਈ ਵੀ ਪਾਠਕ ਉਹਨਾ ਦੀ ਲਿਖਤ ਇੱਕ ਵਾਰ ਪੜ੍ਹਨ ਲੱਗਿਆਂ ਤਾਂ ਕਿਤਾਬ ਵਿਚਕਾਰ ਨਹੀਂ ਛੱਡਦਾ, ਸਗੋਂ ਪੂਰੀ ਪੜ੍ਹ ਕੇ ਹੀ ਦਮ ਭਰਦਾ ਹੈ। ਉਹਨਾ ਦੀ ਲਿਖਤ ਪੜ੍ਹਨ ਲੱਗਿਆਂ ਅਕੇਵਾਂ-ਥਕੇਵਾਂ ਨਹੀਂ ਆਉਂਦਾ, ਸਗੋਂ ਲਿਖਤ ਪੜ੍ਹਦਿਆਂ ਪਾਠਕ ਦਾ ਮਨ ਬਾਗੋ-ਬਾਗ ਹੋ ਉਠਦਾ ਹੈ। ਪਾਠਕ ਨੂੰ ਉਹਨਾ ਦੀ ਲਿਖਤ ਨਾਲ ਪਿਆਰ ਵਧਦਾ ਜਾਂਦਾ ਹੈ। ਪੰਜਾਬੀ ਮਾਂ ਬੋਲੀ ਦਾ ਇਹ ਹੀਰਾ 20 ਅਗਸਤ, 1977 ਈ: ਨੂੰ ਚਲਾਣਾ ਕਰ ਗਿਆ। ਉਹਨਾ ਦੀਆਂ ਲਿਖਤਾਂ ਸਦਾ ਉਨ੍ਹਾ ਦੀ ਯਾਦ ਨੂੰ ਤਾਜ਼ਾ ਰੱਖਣਗੀਆਂ।

**# ਸੰਪਰਕ : 98786-06963**

# ਆਪਣੀ ਵੋਟ ਰਾਹੀਂ ਲੋਕਤੰਤਰ ਦੀ ਰੂਹ ਨੂੰ ਬਚਾਈਏ

**ਪਰਵੀਨ ਪੁਰੀ**

ਕੀ ਤੁਸੀਂ ਆਪਣੀ ਵੋਟ ਨਾਲ ਪੰਜਾਬ ਦੀ ਰੂਹ ਨੂੰ ਮਜ਼ਬੂਤ ਕਰਨ ਲਈ ਤਿਆਰ ਹੋ? ਪੰਜਾਬ ਗੁਰੂਆਂ-ਪੀਰਾਂ ਦੀ ਧਰਤੀ ਹੈ, ਜਿਸ ਦੀ ਮਿੱਟੀ ਵਿੱਚੋਂ ਹੀ ਇਨਸਾਫ, ਆਜ਼ਾਦੀ ਅਤੇ ਸੱਚ ਦੀ ਖੁਸ਼ਬੂ ਨਿਕਲਦੀ ਹੈ। ਇਥੇ ਜਨਮ ਲੈਣ ਵਾਲੇ ਹਰੇਕ ਮਨੁੱਖ ਦੇ ਖੂਨ ਵਿੱਚ ਬਗਾਵਤ ਦੀ ਉਹ ਧਾਰਾ ਹੈ, ਜੋ ਅਨਿਆਏ ਖਿਲਾਫ ਵਹਿੰਦੀ ਚਲੀ ਜਾਂਦੀ ਹੈ। ਇਹ ਧਰਤੀ ਸਾਨੂੰ ਸਿਖਾਉਂਦੀ ਹੈ ਕਿ ਗਲਤ ਦੇ ਸਾਹਮਣੇ ਚੁੱਪ ਰਹਿਣਾ ਆਪਣੇ ਅਸਲ ਵਜੂਦ ਨਾਲ ਧੋਖਾ ਕਰਨਾ ਹੈ। ਅੱਜ ਜਦੋਂ ਰਾਜਨੀਤਕ ਅਖਾੜਿਆਂ ਵਿੱਚ 'ਸਾਮ, ਦਾਮ, ਦੰਡ, ਭੇਦ' ਦੀ ਨੀਤੀ ਨੂੰ ਲੋਕਤੰਤਰ 'ਤੇ ਹਾਵੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਤਦੋਂ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਪੰਜਾਬ ਦੀ ਰੂਹ ਇਸ ਨੂੰ ਕਬੂਲ ਕਰੇਗੀ?

ਜੇ ਇਤਿਹਾਸ ਵੱਲ ਝਾਤੀ ਮਾਰੀਏ ਤਾਂ ਪਤਾ ਲਗਦਾ ਹੈ ਕਿ ਅਬਦਾਲੀ ਵਰਗੇ ਹਮਲਾਵਰ ਵੀ ਦੇਸ਼ ਨੂੰ ਗੁਲਾਮ ਬਣਾਉਣ ਆਏ, ਪਰ ਇਸ ਧਰਤੀ ਨੂੰ ਆਪਣੀ ਹਕੂਮਤ ਹੇਠ ਨਹੀਂ ਰੱਖ ਸਕੇ। ਇਤਿਹਾਸ ਦੱਸਦਾ ਹੈ ਕਿ ਜਿਹੜੇ ਪੰਜਾਬ ਦੀ ਧਰਤੀ ਨੂੰ ਲੁੱਟਣ ਆਏ, ਉਹ ਅੰਤ ਵਿਚ ਆਪ ਹੀ ਇੱਥੇ ਲੁੱਟੇ ਗਏ। ਇਸ ਧਰਤੀ ਦੀ ਮਿੱਟੀ ਹਰੇਕ ਨੂੰ ਆਪਣੇ ਅੰਦਰ ਤਾਂ ਸਮਾ ਲੈਂਦੀ ਹੈ, ਪਰ ਗੁਲਾਮੀ ਦੀ ਜ਼ੰਜੀਰ ਕਿਸੇ ਵੀ ਕੀਮਤ 'ਤੇ ਨਹੀਂ ਪਹਿਨਦੀ। ਇਹ ਇਤਿਹਾਸਕ ਸੱਚਾਈ ਸਾਨੂੰ ਯਾਦ ਦਿਵਾਉਂਦੀ ਹੈ ਕਿ ਪੰਜਾਬ ਸਿਰਫ ਇਕ ਭੂਗੋਲਕ ਖੇਤਰ ਨਹੀਂ, ਸਗੋਂ ਇਕ ਆਤਮਕ ਅਤੇ ਰੂਹਾਨੀ ਸ਼ਕਤੀ ਹੈ ਜੋ ਹਰੇਕ ਹਾਲਾਤ ਵਿਚ ਸੱਚ ਦੇ ਨਾਲ ਖੜ੍ਹੀ ਰਹਿੰਦੀ ਹੈ। ਅੱਜ ਦੇਸ਼ ਦੇ ਰਾਜਨੀਤੀ ਦੇ ਅਖਾੜੇ ਵਿੱਚ ਲੋਕਤੰਤਰ ਨੂੰ ਕਾਬੂ ਕਰਨ ਲਈ ਉਹੀ ਪੁਰਾਣੀਆਂ ਚਾਲਾਂ ਵਰਤੀਆਂ ਜਾ ਰਹੀਆਂ ਹਨ ਡਰਾਉਣਾ, ਖਰੀਦਣਾ, ਦਬਾਉਣਾ, ਵੋਟਾਂ ਨੂੰ ਚੁਰਾਉਣਾ ਜਾਂ ਲੋਕਾਂ ਵਿੱਚ ਫੁੱਟ ਪਾਉਣਾ। ਇਸ ਤੋਂ ਇਲਾਵਾ ਚੋਣਾਂ ਤੋਂ ਪਹਿਲਾਂ ਮੁਫਤ ਤੋਹਫੇ, ਵਾਅਦੇ ਜਾਂ ਡਰਾਉਣ ਦੀਆਂ ਚਾਲਾਂ ਵਰਤ ਕੇ ਵੋਟਰਾਂ ਨੂੰ ਪ੍ਰਭਾਵਤ ਕੀਤਾ ਜਾਂਦਾ ਹੈ। ਇਹ ਨੀਤੀਆਂ ਲੋਕਤੰਤਰ ਨੂੰ ਕੁਝ ਗਿਣਤੀ ਦੇ ਸਿਆਸਤਦਾਨਾਂ ਦੀ ਕਠਪੁਤਲੀ ਬਣਾਉਣ ਦੀ ਕੋਸ਼ਿਸ਼ ਹਨ, ਪਰ ਵੋਟਰ ਨੂੰ ਇਹ ਸਮਝਣਾ ਹੋਵੇਗਾ ਕਿ ਉਸ ਦੀ ਵੋਟ ਇਨ੍ਹਾਂ ਚਾਲਾਂ ਤੋਂ ਉੱਪਰ ਹੈ। ਇਥੇ ਦੀ ਸੋਚ ਹਮੇਸ਼ਾ ਸਚਾਈ 'ਤੇ ਪਰਖ ਨਾਲ ਜੁੜੀ ਰਹਿੰਦੀ ਹੈ, ਜਿਸ ਸਰਕਾਰ ਨੇ ਕੰਮਾਂ ਦਾ ਗੁਣਗਾਨ ਕੀਤਾ, ਉਹ ਅੱਜ ਸਿਆਸੀ ਚਾਲਾਂ 'ਤੇ ਕਿਉਂ ਉਤਰ ਆਈ? ਸੱਚ ਇਹ ਹੈ ਕਿ ਲੋਕਤੰਤਰ ਦੀ ਅਸਲੀ ਤਾਕਤ ਚਾਰ-ਪੰਜ ਨੇਤਾਵਾਂ ਦੇ ਹੱਥ 'ਚ ਨਹੀਂ, ਸਗੋਂ ਵੋਟਰ ਦੇ ਹੱਥ ਵਿੱਚ ਹੈ। ਲੋਕਤੰਤਰ ਲੋਕਾਂ ਦੀ ਆਵਾਜ਼ ਹੈ, ਨਾ ਕਿ ਰਾਜਨੀਤਕ ਸਾਜ਼ਿਸ਼ਾਂ ਦਾ ਲਘੂਤਮ, ਜਿਸ ਦਾ ਭਰਮ ਅੱਜ ਦੇ ਕੁਝ ਰਾਜਨੀਤਕ ਲੋਕ ਪਾਲ ਕੇ ਬੈਠ ਗਏ ਹਨ। ਦੇਸ਼ ਦਾ ਵੋਟਰ ਸੱਚ ਅਤੇ ਇਨਸਾਫ ਦੀ ਗੱਲ ਨਾਲ ਉਹ ਚੰਗੀ ਸਿੱਖਿਆ, ਨੌਕਰੀਆਂ ਅਤੇ ਸਿਹਤ ਸਹੂਲਤਾਂ ਵਰਗੇ ਮੁੱਦਿਆਂ 'ਤੇ ਵੀ ਸੱਚਾਈ ਚਾਹੁੰਦਾ ਹੈ। ਬੇਰੁਜ਼ਗਾਰੀ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਨਜਰਅੰਦਾਜ਼ ਕਰਕੇ ਸਿਆਸੀ ਚਾਲਾਂ ਨਾਲ ਲੋਕਾਂ ਨੂੰ ਭਰਮਾਉਣਾ ਆਸਾਨ ਨਹੀਂ।

ਸਾਡਾ ਸੰਵਿਧਾਨ ਹਰ ਵੋਟਰ ਨੂੰ ਇਹ ਹੱਕ ਦੇਂਦਾ ਹੈ ਕਿ ਉਹ ਬਿਨਾਂ ਕਿਸੇ ਦਬਾਅ, ਲਾਲਚ ਜਾਂ ਡਰ ਦੇ ਆਪਣੇ ਮਨ ਦੀ ਆਵਾਜ਼ ਅਨੁਸਾਰ ਫੈਸਲਾ ਕਰੇ। ਦੇਸ਼ ਦੇ ਨੇਤਾਵਾਂ ਅੱਗੇ ਅਪੀਲ ਹੈ ਕਿ ਉਹ ਲੋਕਾਂ ਨੂੰ ਆਜ਼ਾਦੀ ਨਾਲ ਵੋਟ ਪਾਉਣ ਦਾ ਫੈਸਲਾ ਕਰਨ ਦੇਣ। ਵੋਟਰਾਂ ਨੂੰ ਆਪਣੀ ਰਾਏ ਆਪੇ ਬਣਾਉਣ ਦਿਉ, ਇਹੀ ਲੋਕਤੰਤਰ ਦੀ ਅਸਲੀ ਸੁੰਦਰਤਾ ਹੈ।

ਇਸ ਲਈ ਵੋਟਰ ਨੂੰ ਇਕੱਲਾ ਛੱਡੋ, ਉਸ ਦੀ ਚੋਣ ਦੇ ਹੱਕ ਨੂੰ ਸਤਿਕਾਰ ਦਿਓ। ਵੋਟਰਾਂ ਨੂੰ ਸੱਚ ਨੂੰ ਪਰਖਣ ਅਤੇ ਲੋਕਤੰਤਰ ਦੀ ਰਾਖੀ ਲਈ ਆਪਣੀ ਅਵਾਜ਼ ਬੁਲੰਦ ਕਰਨ ਦਿਓ। ਵੋਟਰ ਖੁਦ ਸੱਚਾਈ ਨੂੰ ਪਰਖਣ ਅਤੇ ਝੂਠੇ ਵਾਅਦਿਆਂ ਤੋਂ ਬਚਣ। ਉਹ ਲਾਲਚ ਅਤੇ ਡਰ ਤੋਂ ਮੁਕਤ ਰਹਿਣ ਅਤੇ ਆਪਣੀ ਵੋਟ ਨੂੰ ਸੰਵਿਧਾਨਕ ਹਥਿਆਰ ਵਜੋਂ ਵਰਤਣ, ਤਾਂ ਜੋ ਬੇਰੁਜ਼ਗਾਰੀ ਅਤੇ ਸਿੱਖਿਆ ਵਰਗੇ ਮੁੱਦੇ ਹੱਲ ਹੋ ਸਕਣ। ਦੇਸ਼ ਦੀ ਆਤਮਿਕ ਸ਼ਕਤੀ ਨੂੰ ਅਸੀਂ ਕਕਨੂਸ ਪੰਛੀ ਦੀ ਮਿੱਥ ਨਾਲ ਸਮਝ ਸਕਦੇ ਹਾਂ ਕਿ ਇਸ ਦੀ ਸ਼ਕਤੀ, ਉਸ ਦੀ ਆਪਣੀ ਸੁਆਹ ਵਿਚ ਪਈ ਹੈ, ਜਿੱਥੋਂ ਮੁੜ ਜਨਮ ਲੈ ਸਕਦੀ ਹੈ। ਹਰ ਇਤਿਹਾਸਕ ਸੰਕਟ ਨੇ ਦੇਸ਼ ਅਤੇ ਪੰਜਾਬ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਤਾਂ ਕੀਤੀ, ਪਰ ਪੰਜਾਬ ਹਰੇਕ ਵਾਰੀ ਆਪਣੇ ਅੰਦਰੋਂ ਨਵੀ ਤਾਕਤ ਨਾਲ ਉੱਠ ਕੇ ਖੜ੍ਹ ਗਿਆ। ਜੰਗਾਂ, ਹਮਲਿਆਂ ਜਾਂ ਰਾਜਨੀਤਕ ਹੇਰਾਫੇਰੀ ਕੋਈ ਵੀ ਤੂਫਾਨ ਪੰਜਾਬ ਦੀ ਰੂਹਾਨੀ ਕਾਇਆ ਨੂੰ ਕਦੇ ਹਰਾ ਨਹੀਂ ਸਕਿਆ। ਅੱਜ ਵੀ ਹਾਲਾਤ ਕਿੰਨੇ ਹੀ ਔਖੇ ਕਿਉਂ ਨਾ ਹੋਣ ਸ਼ਹੀਦਾਂ ਦੇ ਸੁਪਨੇ ਅਤੇ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਅਤੇ ਹੋਰ ਸ਼ਹੀਦਾਂ ਦਾ ਬਲੀਦਾਨ ਇਹ ਕਦੇ ਵੀ ਸਿਰਫ ਰਾਜਨੀਤਕ ਵਾਅਦਿਆਂ ਜਾਂ ਚੋਣਾਵੀਂ ਨਾਅਰਿਆਂ ਲਈ ਨਹੀਂ ਸੀ। ਉਨ੍ਹਾਂ ਦਾ ਸੁਪਨਾ ਸੀ ਕਿ ਲੋਕਤੰਤਰਿਕ ਤਾਕਤ ਸਿੱਧੀ ਲੋਕਾਂ ਦੇ ਹੱਥ ਰਹੇ। ਇਹ ਸੁਪਨੇ ਅਧੂਰੇ ਨਹੀਂ ਰਹਿਣੇ ਚਾਹੀਦੇ। ਉਹੀ ਵੋਟ ਜਿਹੜੀ ਸਾਡੀ ਸਭ ਤੋਂ ਵੱਡੀ ਤਾਕਤ ਹੈ, ਉਸ ਨੂੰ ਕਦੇ ਲਾਲਚ ਜਾਂ ਡਰ ਦੇ ਕਾਰਨ ਨਾ ਗਵਾਈਏ, ਸਗੋਂ ਸੱਚ ਦੀ ਜੋਤ ਨੂੰ ਜਗਾਈਏ। ਪੰਜਾਬੀ ਪਰੰਪਰਾ ਹਮੇਸ਼ਾ ਸੱਚ ਨਾਲ ਖੜ੍ਹਨ ਦੀ ਰਹੀ ਹੈ। ਗੁਰਬਾਣੀ ਸਾਨੂੰ ਸਿਖਾਉਂਦੀ ਹੈ ਕਿ ਸੱਚ ਦੀ ਜੋਤ ਕਦੇ ਨਹੀਂ ਬੁੱਝਦੀ, ਭਾਵੇਂ ਝੂਠ ਦੀਆਂ ਕੰਧਾਂ ਕੁਝ ਸਮੇਂ ਲਈ ਕਿੰਨੀਆਂ ਵੀ ਮਜ਼ਬੂਤ ਕਿਉਂ ਨਾ ਦਿੱਸਣ। ਪੰਜਾਬ ਦੀ ਰੂਹ ਵੀ ਉਸ ਕਕਨੂਸ ਵਾਂਗ ਹੈ, ਜੋ ਹਰ ਵਾਰੀ ਆਪਣੀ ਰਾਖ ਵਿਚੋਂ ਦੁਬਾਰਾ ਜੰਮਦੀ ਹੈ। ਪੰਜਾਬ ਨੇ ਅਤੀਤ ਵਿੱਚ ਹਰ ਜ਼ੁਲਮ, ਹਰ ਹਕੂਮਤ, ਹਰ ਚਾਲ ਨੂੰ ਸਹਿਆ ਤੇ ਪਚਾਇਆ ਹੈ, ਪਰ ਸੱਚ ਤੇ ਲੋਕਤੰਤਰ ਦੇ ਅਸੂਲਾਂ ਤੋਂ ਕਦੇ ਪਿੱਛੇ ਨਹੀਂ ਹਟਿਆ। ਅੱਜ ਵੀ ਸਾਡੀ ਇਹ ਜ਼ਿੰਮੇਵਾਰੀ ਹੈ ਕਿ ਅਸੀਂ ਆਪਣੇ ਵੋਟ ਰਾਹੀਂ ਨਾ ਸਿਰਫ ਆਪਣਾ ਭਵਿੱਖ, ਸਗੋਂ ਲੋਕਤੰਤਰ ਦੀ ਰੂਹ ਨੂੰ ਬਚਾਈਏ।

**# ਸੰਪਰਕ : 98782-77423**

# ਡਾਇਣ ਦੇ ਨਾਂਅ 'ਤੇ ਕਤਲ ਸ਼ਰਮਨਾਕ ਵਰਤਾਰਾ

**ਰਜਿੰਦਰਪਾਲ ਕੌਰ**

ਪਿਛਲੇ ਦਿਨੀ ਬਿਹਾਰ ਦੇ ਪੂਰਨੀਆ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਪਿੰਡ ਵਾਸੀਆਂ ਵੱਲੋਂ ਤਿੰਨ ਔਰਤਾਂ ਅਤੇ ਦੋ ਆਦਮੀਆਂ ਨੂੰ ਜ਼ਿੰਦਾ ਸਾੜ ਦੇਣਾ ਅਤੀ ਹੌਲਨਾਕ ਸੀ, ਜਿਸ ਨੇ ਸੰਵੇਦਨਸ਼ੀਲ ਲੋਕਾਂ ਨੂੰ ਹਿਲਾ ਕੇ ਰੱਖ ਦਿੱਤਾ। ਅੱਜ ਸਾਇੰਸ ਦੇ ਯੁੱਗ ਵਿੱਚ ਜਦੋਂ ਕਿ ਮਨੁੱਖ ਚੰਦਰਮਾ ਅਤੇ ਹੋਰ ਗ੍ਰਹਿਆਂ 'ਤੇ ਪੈਰ ਰੱਖ ਰਿਹਾ ਹੈ ਤਾਂ ਸਾਡੇ ਦੇਸ਼ ਵਿੱਚ ਅਜੇ ਵੀ ਏਨੀ ਅਗਿਆਨਤਾ ਅਤੇ ਵਹਿਸ਼ੀਪੁਣਾ ਹੈ ਕਿ ਕਿਸੇ ਔਰਤ ਨੂੰ ਅਚਾਨਕ ਹੀ ਕਹਿ ਦਿੱਤਾ ਜਾਂਦਾ ਹੈ ਕਿ ਇਹ ਡਾਇਣ ਹੈ ਅਤੇ ਫਿਰ ਉਸ 'ਤੇ ਸ਼ੁਰੂ ਹੋ ਜਾਂਦਾ ਹੈ ਤਸ਼ੱਦਦ ਦਾ ਦੌਰ। ਉਸ ਉੱਤੇ ਸਰੀਰਕ ਅਤੇ ਮਾਨਸਿਕ ਕਹਿਰ ਢਾਹਿਆ ਜਾਂਦਾ ਹੈ।

ਬਿਹਾਰ ਵਿੱਚ ਹੋਈ ਘਟਨਾ ਦਾ ਕਾਰਨ ਇਹ ਦੱਸਿਆ ਜਾਂਦਾ ਹੈ ਕਿ ਕਿਸੇ ਪਰਵਾਰ ਦੇ ਇੱਕ ਬੱਚੇ ਦੀ ਮੌਤ ਹੋ ਗਈ ਅਤੇ ਦੂਜਾ ਬੱਚਾ ਵੀ ਬਿਮਾਰ ਚੱਲ ਰਿਹਾ ਸੀ, ਜਿਸ ਦਾ ਇਲਾਜ ਹਸਪਤਾਲ ਵਿੱਚ ਜਾ ਕੇ ਕਰਾਉਣ ਦੀ ਬਜਾਏ ਤਾਂਤਰਿਕਾਂ ਕੋਲੋਂ ਕਰਵਾਇਆ ਜਾ ਰਿਹਾ ਸੀ। ਜਦੋਂ ਤਾਂਤਰਿਕਾਂ ਦੇ ਵਸ ਦੀ ਗੱਲ ਨਹੀਂ ਰਹਿੰਦੀ ਤਾਂ ਉਹ ਕਿਸੇ ਹੋਰ ਸਿਰ ਇਹ ਗੱਲ ਪਾ ਕੇ ਬਚ ਨਿਕਲਣ ਦੀ ਕੋਸ਼ਿਸ਼ ਕਰਦੇ ਹਨ। ਇੱਥੇ ਵੀ ਇਹੀ ਵਾਪਰਿਆ ਕਿ ਤਾਂਤਰਿਕਾਂ ਨੇ ਉਸ ਪਰਵਾਰ ਵੱਲ ਇਸ਼ਾਰਾ ਕਰ ਦਿੱਤਾ ਕਿ ਉਹਨਾਂ ਵਿੱਚ ਬਦਰੂਹਾਂ ਆ ਗਈਆਂ ਹਨ, ਜਿਸ ਕਰਕੇ ਤੁਹਾਡੇ ਬੱਚੇ ਦੀ ਮੌਤ ਹੋਈ ਹੈ ਅਤੇ ਦੂਜਾ ਬੱਚਾ ਬਿਮਾਰ ਹੈ। ਗੁੱਸੇ ਵਿੱਚ ਆਏ ਪਿੰਡ ਦੇ ਲੋਕਾਂ ਨੇ ਉਸ ਪਰਵਾਰ ਦੇ ਪੰਜ ਮੈਂਬਰਾਂ ਨੂੰ ਬੁਰੀ ਤਰਾਂ ਕੁੱਟਿਆ ਅਤੇ ਫਿਰ ਅੱਗ ਲਾ ਕੇ ਸਾੜ ਦਿੱਤਾ। ਕੁਝ ਮੈਂਬਰਾਂ ਨੇ ਦੌੜ ਕੇ ਜਾਨ ਬਚਾਈ।

ਬਚਪਨ ਵਿੱਚ ਭੂਤਾਂ-ਪ੍ਰੇਤਾਂ, ਡਾਇਣਾਂ, ਚੁੜੇਲਾਂ, ਪਰੀਆਂ ਦੀਆਂ ਕਹਾਣੀਆਂ ਸੁਣਦੇ ਹੁੰਦੇ ਸੀ, ਜੋ ਕਿ ਸਿੱਖਿਆਦਾਇਕ ਹੁੰਦੀਆਂ ਸਨ। ਵੱਡੇ ਹੋਏ ਤਾਂ ਪਤਾ ਲੱਗਿਆ ਕਿ ਇਹ ਬਦਰੂਹਾਂ ਬੁਰਾਈ ਦਾ ਪ੍ਰਤੀਕ ਹਨ ਅਤੇ ਪਰੀਆਂ ਅਤੇ ਦਰਵੇਸ਼ ਚੰਗਿਆਈ ਦਾ ਪ੍ਰਤੀਕ ਹਨ ਅਤੇ ਇਹਨਾਂ ਪ੍ਰਤੀਕਾਂ ਰਾਹੀਂ ਬੱਚਿਆਂ ਨੂੰ ਸਿੱਖਿਆ ਦੇ ਕੇ ਚੰਗੇ ਸੰਸਕਾਰ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਸੀ, ਪ੍ਰੰਤੂ ਹੈਰਾਨੀ ਹੁੰਦੀ ਹੈ ਅੱਜ ਵੀ ਇਹ ਪ੍ਰਥਾ, ਇਹ ਬੁਰਾਈ ਭਾਰਤ ਦੇ ਕਈ ਰਾਜਾਂ 'ਚ ਮੌਜੂਦ ਹੈ, ਜਿਨ੍ਹਾਂ ਵਿੱਚ ਰਾਜਸਥਾਨ, ਛੱਤੀਸਗੜ੍ਹ, ਮੱਧ ਪ੍ਰਦੇਸ਼, ਬਿਹਾਰ, ਉੜੀਸਾ, ਅਸਾਮ, ਮਹਾਰਾਸ਼ਟਰ ਆਦਿ ਪ੍ਰਦੇਸ਼ ਸ਼ਾਮਲ ਹਨ।

ਇਹ ਬਿਮਾਰੀ ਆਰਥਕ ਤੌਰ 'ਤੇ ਪੱਛੜੇ ਇਲਾਕਿਆਂ ਵਿੱਚ ਹੀ ਪਾਈ ਜਾਂਦੀ ਹੈ, ਕਿਉਂਕਿ ਗਰੀਬੀ ਅਤੇ ਅਨਪੜ੍ਹਤਾ ਕਰਕੇ ਲੋਕਾਂ ਦੇ ਦਿਲਾਂ ਵਿੱਚ ਉਹ ਸਦੀਆਂ ਪੁਰਾਣੀਆਂ ਗੱਲਾਂ ਵੱਸੀਆਂ ਹੋਈਆਂ ਹਨ ਕਿ ਕਿਸੇ ਵਿਅਕਤੀ ਵਿੱਚ ਭੂਤ ਪ੍ਰੇਤ ਦਾਖਲ ਹੋ ਜਾਂਦਾ ਹੈ ਅਤੇ ਉਹ ਲੋਕਾਂ ਵਾਸਤੇ ਨੁਕਸਾਨ ਦਾ ਕਾਰਨ ਬਣ ਜਾਂਦਾ ਹੈ। ਕਈ ਵਾਰ ਫਸਲਾਂ ਦਾ ਖਰਾਬ ਹੋ ਜਾਣਾ ਜਾਂ ਕਿਸੇ ਪਰਵਾਰ ਨੂੰ ਆਰਥਿਕ ਤੰਗੀ ਦਾ ਆ ਜਾਣਾ, ਬਿਮਾਰੀ ਆ ਜਾਣਾ ਜਾਂ ਪਸ਼ੂਆਂ ਦਾ ਮਰਨਾ ਆਦਿ ਦੇ ਪਿੱਛੇ ਕਿਸੇ ਬਦਰੂਹ ਦਾ ਹੱਥ ਸਮਝਿਆ ਜਾਂਦਾ ਹੈ ਅਤੇ ਕਿਸੇ ਨਾ ਕਿਸੇ ਔਰਤ ਉੱਤੇ ਡਾਇਣ ਹੋਣ ਦਾ ਇਲਜ਼ਾਮ ਲਗਾ ਦਿੱਤਾ ਜਾਂਦਾ ਹੈ।

ਕਈ ਵਾਰੀ ਕਿਸੇ ਦੀ ਜਾਇਦਾਦ ਹਥਿਆਉਣ ਲਈ ਜਾਂ ਜਾਤੀ ਰੰਜਿਸ਼ਾਂ ਕੱਢਣ ਲਈ ਜਾਂ ਕਿਸੇ ਤਕੜੇ ਵੱਲੋਂ ਕਿਸੇ ਔਰਤ ਨੂੰ ਗਲਤ ਕੰਮਾਂ ਲਈ ਉਕਸਾਉਣਾ ਅਤੇ ਔਰਤ ਦੇ ਸਾਥ ਨਾ ਦੇਣ 'ਤੇ ਉਸ ਉੱਤੇ ਡਾਇਣ ਹੋਣ ਦਾ ਇਲਜ਼ਾਮ ਲਗਵਾ ਦੇਣਾ। ਆਮ ਤੌਰ 'ਤੇ ਵਿਧਵਾ ਜਾਂ ਬਜ਼ੁਰਗ ਔਰਤਾਂ ਉੱਤੇ ਇਹ ਇਲਜ਼ਾਮ ਲੱਗਦਾ ਹੈ, ਕਿਉਂਕਿ ਉਹਨਾਂ ਕੋਲ ਸਾਧਨ ਨਹੀਂ ਹੁੰਦੇ ਕਿ ਉਹ ਕਾਨੂੰਨੀ ਮਦਦ ਲੈ ਸਕਣ।

ਜਦੋਂ ਕਿਸੇ ਔਰਤ ਨੂੰ ਡਾਇਣ ਬਣਾ ਦਿੱਤਾ ਜਾਂਦਾ ਹੈ ਤਾਂ ਉਸ ਦਾ ਸ਼ੋਸ਼ਣ ਸ਼ੁਰੂ ਹੋ ਜਾਂਦਾ ਹੈ, ਉਸ ਨਾਲ ਬਲਾਤਕਾਰ ਕੀਤਾ ਜਾਂਦਾ ਹੈ, ਉਸ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾਂਦਾ ਹੈ। ਕਿਉਂਕਿ ਉਸ ਦੀ ਸੁਣਵਾਈ ਕਿਤੇ ਵੀ ਨਹੀਂ ਹੁੰਦੀ। ਦੁੱਖ ਦੀ ਗੱਲ ਇਹ ਹੈ ਕਿ ਪੱਛੜੇਪਨ ਕਾਰਨ ਪਰਵਾਰ ਵੀ ਇਹ ਸਮਝਣ ਲੱਗ ਪੈਂਦਾ ਹੈ ਕਿ ਇਹ ਔਰਤ ਡਾਇਣ ਬਣ ਗਈ ਹੈ ਅਤੇ ਉਸ ਔਰਤ ਨੂੰ ਵੀ ਇਹ ਮੰਨਣ ਲਈ ਮਜਬੂਰ ਕਰ ਦਿੱਤਾ ਜਾਂਦਾ ਹੈ ਕਿ ਉਹ ਡਾਇਣ ਹੈ, ਉਹ ਆਪਣੇ ਆਪ ਨੂੰ ਸਮਾਜ ਨਾਲੋਂ ਕੱਟ ਲੈਂਦੀ ਹੈ ਅਤੇ ਅਨੇਕ ਤਰ੍ਹਾਂ ਦੇ ਕਸ਼ਟਾਂ ਵਿੱਚੋਂ ਲੰਘਦੀ ਹੈ।

ਪਿਛਲੇ ਸਮੇਂ ਵਿੱਚ ਤਾਂ ਉਸ ਔਰਤ ਦੀਆਂ ਅੱਖਾਂ ਵਿੱਚ ਲਾਲ ਮਿਰਚਾਂ ਪਾ ਕੇ ਦਰੱਖਤ ਨਾਲ ਟੰਗ ਦਿੱਤਾ ਜਾਂਦਾ ਅਤੇ ਹੇਠਾਂ ਅੱਗ ਬਾਲ ਦਿੱਤੀ ਜਾਂਦੀ। ਉਹ ਅੱਗ ਨਾਲ ਝੁਲਸ ਕੇ ਮਰ ਜਾਂਦੀ। ਕਈ ਵਾਰ ਇਹੋ ਜਿਹੀਆਂ ਔਰਤਾਂ ਦੇ ਹੱਥ ਉੱਬਲਦੇ ਤੇਲ ਦੇ ਕੜਾਹੇ ਵਿੱਚ ਪਾ ਦਿੱਤੇ ਜਾਂਦੇ ਅਤੇ ਮਰਨ ਲਈ ਛੱਡ ਦਿੱਤਾ ਜਾਂਦਾ। ਇਹ ਜਹਾਲਤ ਸੀ ਜਾਂ ਬੇਈਮਾਨੀ, ਕਿਉਂਕਿ ਇਹ ਸਮਝਿਆ ਜਾਂਦਾ ਹੈ ਕਿ ਡਾਇਣ ਨੂੰ ਨਾ ਕੋਈ ਮਾਰ ਸਕਦਾ ਹੈ ਨਾ ਪਕੜ ਸਕਦਾ ਹੈ।

ਪੂਰਨੀਆਂ ਜ਼ਿਲ੍ਹੇ ਦੀ ਘਟਨਾ ਤੋਂ ਪਤਾ ਲੱਗਦਾ ਹੈ ਕਿ ਸਿਹਤ ਸਹੂਲਤਾਂ ਦੀ ਘਾਟ ਅਤੇ ਅਨਪੜ੍ਹਤਾ ਕਾਰਨ ਇਹੋ ਜਿਹੀਆਂ ਘਟਨਾਵਾਂ ਵਾਪਰਦੀਆਂ ਹਨ, ਜਿਸ ਪਿੰਡ ਵਿੱਚ ਘਟਨਾ ਵਾਪਰੀ, ਉਸ ਤੋਂ ਦੋ ਕਿਲੋਮੀਟਰ ਦੂਰ ਹਸਪਤਾਲ ਹੈ, ਪਰੰਤੂ ਲੋਕ ਹਸਪਤਾਲ ਵਿੱਚ ਨਹੀਂ ਜਾਂਦੇ, ਤਾਂਤਰਿਕਾਂ ਨੂੰ ਬੁਲਾ ਕੇ ਹੀ ਇਲਾਜ ਕਰਵਾਉਂਦੇ ਹਨ, ਜੇਕਰ ਸਿਹਤ ਸਹੂਲਤਾਂ ਉਹਨਾਂ ਦੇ ਪਿੰਡ ਵਿੱਚ ਮਿਲ ਜਾਣ ਤਾਂ ਸ਼ਾਇਦ ਲੋਕਾਂ ਵਿੱਚ ਬਦਲਾਅ ਆ ਜਾਵੇ।

ਜਿਵੇਂ ਕਿ ਮੈਂ ਉੱਪਰ ਦੱਸਿਆ ਹੈ ਕਿ ਉਹ ਔਰਤ ਖੁਦ ਵੀ ਆਪਣੇ ਆਪ ਨੂੰ ਡਾਇਣ ਮੰਨਣ ਲੱਗ ਜਾਂਦੀ ਹੈ, ਉਸ ਨੂੰ ਲੱਗਦਾ ਹੈ ਕਿ ਉਸ ਵਿੱਚ ਕੋਈ ਬਦਰੂਹ ਪ੍ਰਵੇਸ਼ ਕਰ ਗਈ ਹੈ। ਕਈ ਸਾਲ ਪਹਿਲਾਂ ਇਹੋ ਜਿਹੀ ਇੱਕ ਹਿੰਦੀ ਕਹਾਣੀ ਮੈਂ ਪੜ੍ਹੀ ਸੀ, ਜਿਸ ਵਿੱਚ ਇੱਕ ਔਰਤ, ਜਿਸ ਦਾ ਕਿ ਹੱਸਦਾ ਵੱਸਦਾ ਪਰਿਵਾਰ ਹੈ ਅਤੇ ਬਹੁਤ ਖੂਬਸੂਰਤ ਹੈ। ਅਚਾਨਕ ਹੀ ਉਸ ਨੂੰ ਇਹ ਮਹਿਸੂਸ ਕਰਾ ਦਿੱਤਾ ਜਾਂਦਾ ਹੈ ਕਿ ਉਹ ਡਾਇਣ ਹੈ। ਉਹ ਔਰਤ ਆਪਣੇ ਘਰ ਤੋਂ ਬਾਹਰ ਖੇਤਾਂ ਵਿੱਚ ਝੌਂਪੜੀ ਬਣਾ ਕੇ ਰਹਿਣ ਲੱਗ ਜਾਂਦੀ ਹੈ ਅਤੇ ਕਿਸੇ ਵੱਲ ਵੀ ਵੇਖਦੀ ਨਹੀਂ। ਉਸ ਦਾ ਪੁੱਤਰ ਉਸ ਨੂੰ ਮਿਲਣ ਵਾਸਤੇ ਤਰਲੇ ਕਰਦਾ ਹੈ, ਪ੍ਰੰਤੂ ਉਹ ਉਸ ਦੇ ਵੱਲ ਪਿੱਠ ਮੋੜ ਕੇ ਖੜੀ ਰਹਿੰਦੀ ਹੈ, ਕਿਉਂਕਿ ਉਹ ਸੋਚਦੀ ਹੈ ਕਿ ਜੇ ਮੈਂ ਆਪਣੇ ਪੁੱਤਰ ਨੂੰ ਵੇਖ ਲਿਆ ਤਾਂ ਇਹ ਮਰ ਜਾਵੇਗਾ, ਜੋ ਕਿ ਬੜੀ ਹੀ ਦੁਖਦਾਇਕ ਸਥਿਤੀ ਹੁੰਦੀ ਹੈ। ਅਚਾਨਕ ਔਰਤ ਰੇਲ ਦੀ ਪਟੜੀ ਦੇ ਨਾਲ-ਨਾਲ ਜਾ ਰਹੀ ਹੁੰਦੀ ਹੈ ਤਾਂ ਉਹ ਵੇਖਦੀ ਹੈ ਕਿ ਪਟੜੀ ਉਖੜੀ ਹੋਈ ਹੈ ਅਤੇ ਰੇਲ ਗੱਡੀ ਆ ਰਹੀ ਹੈ। ਉਹ ਦੌੜ-ਭੱਜ ਕਰਕੇ ਕੋਈ ਲਾਲ ਕੱਪੜਾ ਲੱਭ ਕੇ ਹਿਲਾਉਣਾ ਸ਼ੁਰੂ ਕਰ ਦਿੰਦੀ ਹੈ। ਰੇਲ ਗੱਡੀ ਬਿਲਕੁਲ ਉਸ ਦੇ ਨਾਲ ਆ ਕੇ ਖੜੀ ਹੋ ਜਾਂਦੀ ਹੈ। ਇਸ ਤਰ੍ਹਾਂ ਉਹ ਔਰਤ ਜਿਸ ਉੱਤੇ ਲੋਕਾਂ ਨੂੰ ਖਾ ਜਾਣ ਦਾ ਇਲਜ਼ਾਮ ਲਗਾਇਆ ਗਿਆ ਸੀ, ਉਹ ਆਪਣੀ ਜਾਨ ਦੇ ਕੇ ਸੈਂਕੜੇ ਲੋਕਾਂ ਦੀ ਜਾਨ ਬਚਾ ਲੈਂਦੀ ਹੈ। ਇਸ ਕਹਾਣੀ 'ਤੇ ਯਕੀਨ ਨਹੀਂ ਸੀ ਹੋ ਰਿਹਾ ਕਿ ਅੱਜ ਦੇ ਯੁੱਗ ਵਿੱਚ ਵੀ ਇਹ ਪ੍ਰਥਾ ਕਾਇਮ ਹੈ। ਇਹ ਪ੍ਰਥਾ ਸਿਰਫ ਭਾਰਤ ਵਿੱਚ ਹੀ ਨਹੀਂ, ਦੱਖਣੀ ਅਫਰੀਕਾ ਦੇ ਪੱਛੜੇ ਇਲਾਕਿਆਂ 'ਚ ਵੀ ਮੌਜੂਦ ਹੈ, ਜਿਵੇ ਕਾਂਗੋ, ਨਾਇਜੀਰੀਆ, ਕੀਨੀਆ ਟਿਊਨੀਸ਼ੀਆ ਅਤੇ ਹੋਰ ਕਈ ਦੇਸ਼ਾਂ ਵਿੱਚ ਵੀ ਅਜੇ ਤੱਕ ਇਹ ਬੁਰਾਈ ਮੌਜੂਦ ਹੈ।

ਕੁਝ ਰਾਜ ਸਰਕਾਰਾਂ ਨੇ ਜਿਵੇਂ ਕਿ ਝਾਰਖੰਡ ਨੇ 2001 ਵਿੱਚ ਡਾਇਣ ਰੋਕੂ ਐਕਟ ਬਣਾਇਆ ਸੀ। ਉਸ ਤੋਂ ਬਾਅਦ ਰਾਜਸਥਾਨ ਅਤੇ ਹੋਰ ਕਈ ਸੂਬਿਆਂ ਨੇ ਵੀ ਇਹੋ ਜਿਹੇ ਐਕਟ ਬਣਾਏ। ਇਹਨਾਂ ਐਕਟਾਂ ਦੇ ਮੁਤਾਬਕ ਕਿਸੇ ਔਰਤ ਨੂੰ ਡਾਇਣ ਦਾ ਦਰਜਾ ਦੇਣ ਵਾਲੇ 'ਤੇ ਕਾਨੂੰਨੀ ਕਾਰਵਾਈ ਹੋਵੇਗੀ ਅਤੇ ਜਿਹੜੇ ਤਾਂਤਰਿਕ ਡਾਇਣਾਂ ਦੀ ਨਿਸ਼ਾਨਦੇਹੀ ਕਰਦੇ ਹਨ, ਉਹ ਵੀ ਸਜ਼ਾ ਦੇ ਹੱਕਦਾਰ ਹੋਣਗੇ, ਪਰ ਕੇਂਦਰ ਸਰਕਾਰ ਵੱਲੋਂ ਇਹੋ ਜਿਹਾ ਕੋਈ ਐਕਟ ਨਹੀਂ ਬਣਾਇਆ ਗਿਆ, ਜਿਹੜੇ ਐਕਟ ਬਣੇ ਹਨ, ਉਹ ਵੀ ਜ਼ਿਆਦਾ ਅਸਰਦਾਰ ਨਹੀਂ ਹਨ, ਕਿਉਂਕਿ ਗਰੀਬੀ ਅਤੇ ਅਨਪੜ੍ਹਤਾ ਦੇ ਕਾਰਨ ਲੋਕ ਕਾਨੂੰਨੀ ਸਹਾਇਤਾ ਪ੍ਰਾਪਤ ਨਹੀਂ ਕਰ ਸਕਦੇ, ਜੇ ਕਦੇ ਕੋਈ ਕੋਸ਼ਿਸ਼ ਕਰਦਾ ਵੀ ਹੈ ਤਾਂ ਪ੍ਰਸ਼ਾਸਨ ਵੀ ਉਸ ਦਾ ਜ਼ਿਆਦਾ ਸਾਥ ਨਹੀਂ ਦਿੰਦਾ ਅਤੇ ਸਬੂਤਾਂ ਦੀ ਘਾਟ ਕਾਰਨ ਦੋਸ਼ੀ ਛੁੱਟ ਜਾਂਦੇ ਹਨ, ਜਿਸ ਕਰਕੇ ਇਹ ਪ੍ਰਥਾ ਜਿਉਂ ਦੀ ਤਿਉਂ ਚੱਲ ਰਹੀ ਹੈ।

ਨੈਸ਼ਨਲ ਕ੍ਰਾਈਮ ਰਿਕਾਰਡਜ਼ ਬਿਊਰੋ ਦੀ ਰਿਪੋਰਟ ਮੁਤਾਬਕ ਸਾਲ 2001 ਤੋਂ 2010 ਤੱਕ ਲਗਭਗ 2500 ਲੋਕ ਇਸ ਦੀ ਭੇਟ ਚੜ੍ਹ ਗਏ ਅਤੇ ਇਹ ਕੇਸ ਤਾਂ ਸਿਰਫ ਉਹ ਸਨ, ਜਿਹੜੇ ਥਾਣਿਆਂ ਤੱਕ ਪਹੁੰਚੇ, ਪਰੰਤੂ ਜ਼ਿਆਦਾਤਰ ਕੇਸ ਪਿੰਡੋਂ ਬਾਹਰ ਹੀ ਨਹੀਂ ਆਉਂਦੇ, ਉਹਨਾਂ ਦੇ ਕੇਸਾਂ ਦਾ ਲੋਕਾਂ ਨੂੰ ਪਤਾ ਨਹੀਂ ਲੱਗਦਾ। ਇਸ ਦਾ ਮਤਲਬ ਕਿ ਮੌਤਾਂ ਦੀ ਗਿਣਤੀ ਇਸ ਤੋਂ ਬਹੁਤ ਜ਼ਿਆਦਾ ਹੈ।

ਵੱਖ-ਵੱਖ ਰਾਜਾਂ ਵਿੱਚ ਕੁਝ ਐੱਨ ਜੀ ਓ ਕੰਮ ਕਰਕੇ ਇਹਨਾਂ ਔਰਤਾਂ ਨੂੰ ਰਾਹਤ ਪਹੁੰਚਾਉਣ ਦਾ ਕੰਮ ਕਰ ਰਹੀਆਂ ਹਨ, ਜਿਵੇਂ ਸੈਂਟਰ ਫਾਰ ਸੋਸ਼ਲ ਜਸਟਿਸ ਅਤੇ ਆਨੰਦੀ। ਬੀਰੂ ਬਾਲਾ ਲਾਬਾ 15 ਸਾਲ ਤੋਂ ਅਸਾਮ ਵਿੱਚ ਇਸ ਪ੍ਰਥਾ ਵਿਰੁੱਧ ਕੰਮ ਕਰ ਰਹੀ ਹੈ ਅਤੇ ਉਸ ਦੇ ਕੰਮ ਨੂੰ ਸਨਮਾਨ ਦੇਣ ਲਈ 2021 ਵਿੱਚ ਉਸ ਨੂੰ ਪਦਮ ਸ੍ਰੀ ਅਵਾਰਡ ਦਿੱਤਾ ਗਿਆ ਸੀ।

ਜੇਕਰ ਸਰਕਾਰਾਂ ਲੋਕਾਂ ਵਾਸਤੇ ਸਮਰਪਿਤ ਹੋਣ ਤਾਂ ਇਸ ਪ੍ਰਥਾ ਨੂੰ ਰੋਕਣਾ ਕੋਈ ਵੱਡੀ ਗੱਲ ਨਹੀਂ। ਹਰ ਪਿੰਡ ਦੇ ਮੁਖੀਆ ਨੂੰ ਜ਼ਿੰਮੇਵਾਰ ਬਣਾ ਦੇਣਾ ਚਾਹੀਦਾ ਹੈ ਕਿ ਜੇ ਉਸ ਦੇ ਪਿੰਡ ਵਿੱਚ ਕੋਈ ਘਟਨਾ ਵਾਪਰੀ ਤਾਂ ਇਸ ਦੀ ਜ਼ਿੰਮੇਵਾਰੀ ਮੁਖੀ ਉੱਤੇ ਆਵੇਗੀ ਅਤੇ ਤਾਂਤਰਿਕਾਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ। ਇਸ ਨਾਲ ਇਹ ਘਟਨਾਵਾਂ ਕਾਫੀ ਹੱਦ ਤੱਕ ਰੁਕ ਸਕਦੀਆਂ ਹਨ, ਪਰੰਤੂ ਇਸ ਦਾ ਸਥਾਈ ਹੱਲ ਸਿੱਖਿਆ, ਰੁਜ਼ਗਾਰ ਅਤੇ ਸਿਹਤ ਸਹੂਲਤਾਂ ਨੂੰ ਪੱਛੜੇ ਇਲਾਕਿਆਂ ਵਿੱਚ ਪਹੁੰਚਾਉਣ ਨਾਲ ਹੀ ਹੋ ਸਕਦਾ ਹੈ।

**# ਸੰਪਰਕ : 99881-76811**

20-AUG-PAGE-5.qxd 8/19/2025 10:37 PM Page 1



# ਭਾਂਡਿਆਂ ਦੀ ਫੈਕਟਰੀ 'ਚ ਲੱਗੀ ਭਿਆਨਕ ਅੱਗ, ਮਜ਼ਦੂਰ ਦੀ ਮੌਤ

## ਲੱਖਾਂ ਦਾ ਨੁਕਸਾਨ, ਮਜ਼ਦੂਰਾਂ ਦੇ ਦਰਜਨ ਦੇ ਕਰੀਬ ਮੋਟਰਸਾਈਕਲ ਸੜ ਕੇ ਸੁਆਹ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼ਹਿਰ ਦੇ ਨਰਵਾਣਾ ਜਾਖਲ ਬਾਈਪਾਸ ਰੋਡ ਉੱਤੇ ਭਾਂਡਿਆਂ ਦੀ ਫੈਕਟਰੀ ਵਿੱਚ ਅੱਗ ਲੱਗਣ ਨਾਲ ਇੱਕ ਮਜ਼ਦੂਰ ਦੀ ਮੌਤ ਹੋ ਗਈ, ਜਦੋਂਕਿ ਤਿੰਨ ਮਜ਼ਦੂਰਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ।ਜ਼ਖ਼ਮੀ ਨੂੰ ਤੁਰੰਤ ਮਿੰਨੀ ਪ੍ਰਾਇਮਰੀ ਹੈਲਥ ਸੈਂਟਰ ਪਾਤੜਾਂ ਲਿਜਾਇਆ ਗਿਆ, ਜਿੱਥੇ ਇੱਕ ਪ੍ਰਵਾਸੀ ਮਜ਼ਦੂਰ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ, ਜਦੋਂ ਕਿ ਦੋ ਨੂੰ ਮੁਢਲੀ ਸਹਾਇਤਾ ਦੇਣ ਉਪਰੰਤ ਘਰੇ ਭੇਜ ਦਿੱਤਾ ਗਿਆ।ਇਸ ਹਾਦਸੇ ਵਿੱਚ ਗੰਭੀਰ ਰੂਪ ਵਿੱਚ ਜ਼ਖ਼ਮੀ ਔਰਤ ਨੂੰ ਰਜਿੰਦਰਾ ਹਸਪਤਾਲ ਪਟਿਆਲਾ ਰੈਫਰ ਕਰ ਦਿੱਤਾ ਗਿਆ ਹੈ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਅਗਜਨੀ ਦੀ ਵਾਪਰੀ ਇਸ ਘਟਨਾ ਦੌਰਾਨ ਫੈਕਟਰੀ ਵਿੱਚ ਮਜ਼ਦੂਰਾਂ ਦੇ ਖੜ੍ਹੇ ਦਰਜਨ ਦੇ ਕਰੀਬ ਮੋਟਰਸਾਈਕਲ ਸੜ ਕੇ ਸੁਆਹ ਹੋ ਗਏ।

ਘਟਨਾ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਦਿੱਤੇ ਜਾਣ ਉੱਤੇ ਅੱਗ ਬੁਝਾਊ ਗੱਡੀਆਂ ਤੇ ਡੇਰਾ ਸੱਚਾ ਸੌਦਾ ਸਿਰਸਾ ਦੀ ਗਰੀਨ ਐੱਸ ਵੈੱਲਫੇਅਰ ਫੋਰਸ ਦੇ ਵੱਡੀ ਗਿਣਤੀ ਵਿੱਚ ਸੇਵਾਦਾਰਾਂ ਨੇ ਅੱਗ ਉੱਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ।ਫੈਕਟਰੀ ਦੇ ਨਾਲ ਲੱਗਦੇ ਖੇਤਾਂ 'ਚ ਬਰਸਾਤ ਦੇ ਚਿੱਕੜ ਕਰਕੇ ਅੱਗ ਨੂੰ ਬੁਝਾਉਣ ਵਿੱਚ ਮੁਸ਼ਕਲ ਪੇਸ਼ ਆਉਂਦੀ ਰਹੀ।ਫਾਇਰ ਬ੍ਰਿਗੇਡ ਦੀਆਂ ਛੇ ਗੱਡੀਆਂ ਤੇ ਡੇਰਾ ਸਿਰਸਾ ਦੀ ਸੰਗਤ ਦੇ ਸੈਂਕੜਿਆਂ ਦੀ ਗਿਣਤੀ ਵਿੱਚ ਵਲੰਟੀਅਰਾਂ ਵੱਲੋਂ ਕਰੜੀ ਮਸ਼ੱਕਤ ਮਗਰੋਂ ਕਰੀਬ ਸੱਤ ਘੰਟੇ ਬਾਅਦ ਅੱਗ ਉੱਤੇ ਕਾਬੂ ਪਾਇਆ ਜਾ ਸਕਿਆ।ਅੱਗ ਉੱਤੇ ਕਾਬੂ ਕਾਬੂ ਪਾਏ ਜਾਣ ਦੇ ਸਾਰੇ ਆਪ੍ਰੇਸ਼ਨ ਦੀ ਅਗਵਾਈ ਐਸਡੀਐਮ ਪਾਤੜਾਂ ਅਸ਼ੋਕ ਕੁਮਾਰ ਖੁਦ ਕਰ ਰਹੇ ਸਨ।ਇਸ ਦੌਰਾਨ ਡਿਪਟੀ ਕਮਿਸ਼ਨਰ ਪਟਿਆਲਾ ਡਾਕਟਰ ਪ੍ਰੀਤੀ ਯਾਦਵ ਤੇ ਐੱਸਪੀ ਹੈੱਡਕੁਆਟਰ ਵੈਭਵ ਚੌਧਰੀ ਨੇ ਮੌਕੇ ਉੱਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਬਚਾਅ ਕਾਰਜਾਂ ਸੰਬੰਧੀ ਦਿਸ਼ਾ ਨਿਰਦੇਸ਼ ਜਾਰੀ ਕੀਤੇ।ਮੌਕੇ ਉੱਤੇ ਪਹੁੰਚੀ 51 ਬਟਾਲੀਅਨ ਆਈਟੀਬੀਟੀ ਚੌਰਾ ਕੈਂਪ ਪਟਿਆਲਾ ਤੋਂ ਇੰਸਪੈਕਟਰ ਜੀਡੀ ਰਮੇਸ਼ ਚੰਦ ਦੀ ਅਗਵਾਈ ਵਿੱਚ ਪੁੱਜੀ ਟੀਮ ਨੇ ਰੈਸਕਿਊ ਆਪ੍ਰੇਸ਼ਨ ਕੀਤਾ।ਉਪਰੰਤ ਬਠਿੰਡਾ ਤੋਂ ਐੱਨਡੀਆਰਐੱਫ ਦੀ ਟੀਮ ਨੇ ਪਹੁੰਚ ਕੇ ਆਪ੍ਰੇਸ਼ਨ ਨੂੰ ਆਪਣੇ ਹੱਥਾਂ ਵਿੱਚ ਲੈ ਕੇ ਫੈਕਟਰੀ ਵਿਚਲੇ ਮਲਬੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਜਾਣਕਾਰੀ ਅਨੁਸਾਰ ਸ਼ਹਿਰ ਦੇ ਨਰਵਾਣਾ ਜਾਖਲ ਰੋਡ ਬਾਈਪਾਸ ਉੱਤੇ ਸਿੰਗਲਾ ਮੈਟਲ ਇੰਡਸਟਰੀਜ਼ ਦੇ ਯੂਨਿਟ ਨੰਬਰ ਦੋ ਵਿੱਚ ਸਵੇਰੇ ਦਸ ਵੱਜ ਕੇ ਕੁਝ ਮਿੰਟਾਂ ਉੱਤੇ ਅਚਾਨਕ ਫੈਕਟਰੀ ਦੇ ਬਾਹਰ ਲੱਗੇ ਟਰਾਂਸਫਾਰਮਰ ਤੋਂ ਬਿਜਲੀ ਦਾ ਸਰਕਟ ਸ਼ਾਟ ਹੋਣ ਕਾਰਨ ਅੱਗ ਲੱਗ ਗਈ।ਫੈਕਟਰੀ ਵਿੱਚ ਵੱਡੇ ਪੱਧਰ ਉੱਤੇ ਭਾਂਡਿਆਂ ਨੂੰ ਪੈਕ ਕਰਨ ਲਈ ਵਰਤੇ ਜਾਂਦੇ ਗੱਤੇ ਤੇ ਪਲਾਸਟਿਕ ਦਾ ਭੰਡਾਰ ਹੋਣ ਕਰਕੇ ਅੱਗ ਨੇ ਕੁਝ ਹੀ ਮਿੰਟਾਂ ਵਿੱਚ ਵਿਕਰਾਲ ਰੂਪ ਧਾਰਨ ਕਰ ਲਿਆ।ਇਸ ਹਾਦਸੇ ਵਿੱਚ ਜ਼ਖ਼ਮੀ ਹੋਈ ਔਰਤ ਗੁਰਜੀਤ ਕੌਰ ਨੂੰ ਰਜਿੰਦਰਾ ਹਸਪਤਾਲ ਪਟਿਆਲਾ ਰੈਫਰ ਕੀਤਾ ਗਿਆ, ਜਦੋਂਕਿ ਕਰਨ ਸਕਸੈਨਾ ਤੇ ਜਸਵੀਰ ਸਿੰਘ ਨਾਂ ਦੇ ਮਜ਼ਦੂਰਾਂ ਨੂੰ ਮੁਢਲੀ ਸਹਾਇਤਾ ਦੇਣ ਉਪਰੰਤ ਹਸਪਤਾਲੋਂ ਛੁੱਟੀ ਦੇ ਦਿੱਤੀ ਗਈ।ਖ਼ਬਰ ਲਿਖੇ ਜਾਣ ਤੱਕ ਹਾਦਸੇ ਵਿੱਚ ਮ੍ਰਿਤਕ ਪ੍ਰਵਾਸੀ ਮਜ਼ਦੂਰ ਦੀ ਪਹਿਚਾਣ ਨਹੀਂ ਹੋ ਸਕੀ।ਐੱਸਡੀਐੱਮ ਪਾਤੜਾਂ ਅਸ਼ੋਕ ਕੁਮਾਰ ਨੇ ਕਿਹਾ ਕਿ ਪ੍ਰਸ਼ਾਸਨ ਘਟਨਾ ਦੀ ਡੂੰਘਾਈ ਨਾਲ ਪੜਤਾਲ ਕਰ ਰਿਹਾ ਹੈ ਤੇ ਦੋਸ਼ੀ ਪਾਏ ਜਾਣ ਦੀ ਸੂਰਤ ਵਿੱਚ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

# ਮੁਹੱਲੇ 'ਚ ਖੜ੍ਹਦੇ ਗੰਦੇ ਪਾਣੀ ਤੋਂ ਦੁਖੀ ਲੋਕਾਂ ਵੱਲੋਂ ਧਰਨਾ



**ਧੂਰੀ (ਮਨੋਹਰ ਸਿੰਘ ਸੱਗੂ)**-ਗੰਦੇ ਪਾਣੀ ਦੇ ਨਾਕਸ ਪ੍ਰਬੰਧਾਂ ਤੋਂ ਦੁਖੀ ਧੂਰੀ ਸ਼ਹਿਰ ਦੇ ਮੁਹੱਲਾ ਧਰਮਪੁਰਾ ਨਿਵਾਸੀਆਂ ਵੱਲੋਂ ਮੰਗਲਵਾਰ ਰੋਸ ਮੁਜ਼ਾਹਰਾ ਕਰਦਿਆਂ ਮਾਲੇਰਕੋਟਲਾ ਬਾਈਪਾਸ ਵਿਖੇ ਧਰਨਾ ਦਿੰਦਿਆਂ ਆਵਾਜਾਈ ਠੱਪ ਕਰਕੇ ਪੰਜਾਬ ਸਰਕਾਰ, ਸੀਵਰੇਜ ਬੋਰਡ ਤੇ ਨਗਰ ਕੌਂਸਲ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਸਮੱਸਿਆ ਦਾ ਹੱਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਟਰੇਡ ਯੂਨੀਅਨ ਆਗੂ ਸਾਥੀ ਸੁਖਦੇਵ ਸ਼ਰਮਾ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਹਲਕੇ ਦੇ ਧੂਰੀ ਸ਼ਹਿਰ ਦੇ ਮੁਹੱਲੇ 'ਚ ਗੰਦੇ ਪਾਣੀ ਦੀ ਨਿਕਾਸੀ ਦੇ ਨਾਕਸ ਪ੍ਰਬੰਧਾਂ ਕਾਰਨ ਲੋਕ ਦੁਖੀ ਹਨ ਤੇ ਗੰਦੇ ਪਾਣੀ ਕਾਰਨ ਫੈਲ ਰਹੀ ਗੰਦਗੀ ਕਰਕੇ ਮੁਹੱਲੇ ਦੇ ਹਰ ਤੀਜੇ ਘਰ 'ਚ ਲੋਕ ਬਿਮਾਰੀ ਨਾਲ ਜੂਝ ਰਹੇ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੇ ਵਾਰ ਵਾਰ ਸਮੱਸਿਆ ਧਿਆਨ 'ਚ ਲਿਆਉਣ ਦੇ ਬਾਵਜੂਦ ਕੋਈ ਹੱਲ ਨਹੀਂ ਹੋ ਰਿਹਾ ਅਤੇ ਲੋਕਾਂ ਨੂੰ ਗਲੀਆਂ 'ਚ ਖੜ੍ਹੇ ਗੰਦੇ ਪਾਣੀ 'ਚੋਂ ਦੀ ਲੰਘ ਕੇ ਜਾਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਸੁਖਦੇਵ ਸ਼ਰਮਾ ਨੇ ਕਿਹਾ ਕਿ ਜੇਕਰ ਮੁੱਖ ਮੰਤਰੀ ਨੇ ਆਪਣੇ ਹਲਕੇ ਦੇ ਸ਼ਹਿਰ ਵੱਲ ਧਿਆਨ ਨਾ ਦਿੱਤਾ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕ ਸਬਕ ਸਿਖਾਉਣਗੇ। ਪੰਜਾਬ ਪ੍ਰਦੇਸ ਕਾਂਗਰਸ ਦੇ ਕਿਸਾਨ ਵਿੰਗ ਦੇ ਸੂਬਾਈ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਨੇ ਲੋਕਾਂ ਦੀ ਗੱਲ ਕਰਦਿਆਂ ਕਿਹਾ ਕਿ ਮੁਹੱਲੇ 'ਚ ਖੜ੍ਹਦੇ ਗੰਦੇ ਪਾਣੀ ਕਾਰਨ ਲੋਕ ਲਗਾਤਾਰ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ ਨੇ ਕਿਹਾ ਕਿ ਸ਼ਹਿਰ 'ਚ ਮੁੱਖ ਮੰਤਰੀ ਕੈਂਪਸ ਦਫ਼ਤਰ ਹੋਣ ਦੇ ਬਾਵਜੂਦ ਕਿਸੇ ਦਾ ਕੋਈ ਕੰਮ ਨਹੀਂ ਹੋ ਰਿਹਾ ਤੇ ਜੇਕਰ ਮੁੱਖ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਜਾਨਣੀਆਂ ਹਨ ਤਾਂ ਉਹ ਲੋਕਾਂ 'ਚ ਆ ਕੇ ਬੈਠ ਕੇ ਦੇਖ ਲੈਣ। ਹੋਰਨਾਂ 'ਚ ਹਰਪ੍ਰੀਤ ਸ਼ਰਮਾ, ਗਿਆਨੀ ਸੁਖਦੇਵ ਸਿੰਘ, ਸੇਵਾ ਮੁਕਤ ਬਿਜਲੀ ਮੁਲਾਜ਼ਮ ਗੇਜਾ ਸਿੰਘ, ਸੋਨੀ ਬਾਂਗਰੂ ਆਦਿ ਮੌਜੂਦ ਸਨ।

### ਤਿੰਨ ਘੰਟੇ ਰਹੀ ਆਵਾਜਾਈ ਠੱਪ

ਕਰੀਬ ਤਿੰਨ ਘੰਟੇ ਆਵਾਜਾਈ ਠੱਪ ਰਹਿਣ ਕਾਰਨ ਜਿੱਥੇ ਵਾਹਨਾਂ ਨੂੰ ਬਦਲਵੇਂ ਰਸਤੇ ਜਾਣ ਲਈ ਮਜਬੂਰ ਹੋਣਾ ਪਿਆ, ਉੱਥੇ ਆਮ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਵੀ ਸਾਹਮਣਾ ਕਰਨਾ ਪਿਆ। ਧਰਨੇ ਵਾਲੇ ਸਥਾਨ 'ਤੇ ਪੁੱਜੇ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਗੁਰਿੰਦਰ ਸਿੰਘ ਨੇ ਸਮੱਸਿਆ ਦੇ ਹੱਲ ਲਈ ਜਲਦੀ ਸੀਵਰੇਜ ਦੀ ਸਫ਼ਾਈ ਕਰਵਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਜਿਹੜੀਆਂ ਨੀਵੀਆਂ ਗਲੀਆਂ 'ਚ ਗੰਦਾ ਪਾਣੀ ਖੜ੍ਹਦਾ ਹੈ, ਉਨ੍ਹਾਂ ਨੂੰ ਉੱਚੀਆਂ ਕਰਨ ਲਈ ਜਲਦੀ ਟੈਂਡਰ ਲਗਾ ਕੇ ਸਤੰਬਰ ਦੇ ਆਖਰ ਤੱਕ ਕੰਮ ਸ਼ੁਰੂ ਕਰਵਾਇਆ ਜਾਵੇਗਾ। ਜਿਸ ਤੋਂ ਬਾਅਦ ਧਰਨਾਕਾਰੀਆਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ।

## ਭੋਗ 'ਤੇ ਵਿਸ਼ੇਸ਼

# ਸਾਰੀ ਜ਼ਿੰਦਗੀ ਕਿਰਤ ਦੇ ਲੇਖੇ ਲਾਉਣ ਵਾਲਾ ਅਜਮੇਰ ਸਿੰਘ



ਅਜਮੇਰ ਸਿੰਘ ਦਾ ਜਨਮ ਸੰਨ 1945 ਨੂੰ ਪਿਤਾ ਮਿਸਤਰੀ ਕਾਕਾ ਸਿੰਘ ਦੇ ਘਰ ਮਾਤਾ ਸੰਤ ਕੌਰ ਦੀ ਕੁੱਖੋਂ ਹੋਇਆ।ਉਹ ਆਪਣੇ ਸੱਤ ਭੈਣ-ਭਰਾਵਾਂ ਵਿੱਚੋਂ ਦੂਜੇ ਨੰਬਰ 'ਤੇ ਸਨ।ਉਨ੍ਹਾਂ ਨੇ ਅੱਠਵੀਂ ਜਮਾਤ ਪਾਸ ਕਰਕੇ ਆਪਣੇ ਪਿਤਾ ਪੁਰਖੀ ਕੰਮ ਵਿੱਚ ਰੁਚੀ ਵਿਖਾਉਣੀ ਸ਼ੁਰੂ ਕਰ ਦਿੱਤੀ।ਆਪਣੇ ਘਰੇ ਲੱਗੀ ਆਟਾ ਚੱਕੀ ਚਲਾ ਕੇ ਆਪਣੇ ਪਿਤਾ ਜੀ ਨਾਲ ਕੰਮ ਵਿੱਚ ਹੱਥ ਵਟਾਉਣਾ ਸ਼ੁਰੂ ਕੀਤਾ।ਗੁਰੂ ਨਾਨਕ ਦੇ ਕਿਰਤ ਕਰੋ ਦੇ ਸਿਧਾਂਤ 'ਤੇ ਪਹਿਰਾ ਦਿੰਦਿਆਂ ਪਿੰਡ ਵਿੱਚ ਗੁੜ ਬਣਾਉਣ ਵਾਲਾ ਘਲਾੜਾ, ਕਣਕ, ਬਾਜਰਾ ਮੱਕੀ ਆਦਿ ਕੱਢਣ ਵਾਲੀਆਂ ਮਸ਼ੀਨਾਂ ਚਲਾ ਦੇ ਕਿਸਾਨਾਂ ਦੇ ਖੇਤੀਬਾੜੀ ਕਿੱਤੇ ਨੂੰ ਸੁਖਾਲਾ ਬਣਾਉਣ ਦਾ ਕੰਮ ਕੀਤਾ।ਅਜਮੇਰ ਸਿੰਘ ਦੀ ਟੋਕਿਆਂ ਨੂੰ ਦੰਦੇ ਕੱਢਣ ਦੀ ਤਕਨੀਕ ਪੂਰੇ ਇਲਾਕੇ ਵਿੱਚ ਮਸ਼ਹੂਰ ਸੀ। ਆਸ-ਪਾਸ ਦੇ ਪਿੰਡਾਂ ਦੇ ਲੋਕ ਵੀ ਦੰਦੇ ਕਢਵਾਉਣ ਆਉਂਦੇ ਸਨ। ਅਜਮੇਰ ਸਿੰਘ ਆਪਣੇ ਖੇਤਾਂ ਵਿੱਚ ਖੇਤੀਬਾੜੀ ਦਾ ਕੰਮ ਵੀ ਕਰਦੇ ਰਹਿੰਦੇ ਸਨ।ਖੇਤ ਵਿਵੇਕ ਆਸ਼ਰਮ ਦੇ ਨੇੜੇ ਹੋਣ ਕਾਰਨ ਆਪ ਬਾਬਾ ਸੇਵਾ ਦਾਸ ਦੇ ਡੇਰੇ ਜਾਣ ਲੱਗ ਪਏ।ਆਪਣੇ ਸਾਥੀਆਂ ਨਾਲ ਮਿਲ ਕੇ ਆਪ ਜੀ ਨੇ ਜਲਾਲ ਵਿਖੇ ਬਾਬਾ ਕਰਨੈਲ ਦਾਸ ਜੀ ਦੇ ਡੇਰੇ ਜਾਣਾ ਸ਼ੁਰੂ ਕਰ ਦਿੱਤਾ।ਇੱਥੇ ਹੀ ਆਪ ਵਿੱਚ ਧਾਰਮਿਕ ਬਿਰਤੀ ਦੀ ਭਾਵਨਾ ਪੈਦਾ ਹੋਈ।ਆਪ ਜੀ ਦੇ ਨਿਰਸਵਾਰਥ ਸੇਵਾ ਭਾਵਨਾ ਨੂੰ ਦੇਖਦੇ ਹੋਏ ਸੰਤ ਬਾਬਾ ਕਰਨੈਲ ਦਾਸ ਜੀ ਨੇ ਆਪ ਨੂੰ ਪਿੰਡ ਧੂੜਕੋਟ ਰਣਸੀਂਹ ਦਾ ਮੁਖੀ (ਮਹੰਤ) ਥਾਪ ਦਿੱਤਾ।ਵਿਵੇਕ ਆਸ਼ਰਮ ਜਲਾਲ ਵਿਖੇ ਅੱਖਾਂ ਦਾ ਹਸਪਤਾਲ ਬਣਾਉਣ ਵਿੱਚ ਅਜਮੇਰ ਸਿੰਘ ਨੇ ਪਿੰਡ ਦੀ ਸੰਗਤ ਨਾਲ ਮਿਲ ਕੇ ਬਹੁਤ ਵੱਡਾ ਯੋਗਦਾਨ ਪਾਇਆ।ਪਿੰਡ ਧੂੜਕੋਟ ਰਣਸੀਂਹ ਤੇ ਆਲੇ ਦੁਆਲੇ ਦੇ ਪਿੰਡਾਂ ਦੇ ਆਮ ਕਿਰਤੀ ਲੋਕਾਂ ਦੀਆਂ ਅੱਖਾਂ ਦੇ ਅਪ੍ਰੇਸ਼ਨ ਜਲਾਲ ਆਸ਼ਰਮ ਤੋਂ ਕਰਵਾ ਕੇ ਉਨ੍ਹਾਂ ਨੂੰ ਸੋਹਣੀ ਜ਼ਿੰਦਗੀ ਬਤੀਤ ਕਰਨ ਵਿੱਚ ਯੋਗਦਾਨ ਪਾਇਆ।ਆਪਣੇ ਪਿਤਾ ਕਾਕਾ ਸਿੰਘ ਤੇ ਕਾਮਰੇਡ ਗੁਰਬਖ਼ਸ਼ ਸਿੰਘ (ਸਾਬਕਾ ਐੱਮ ਐੱਲ ਏ) ਦੀ ਸੋਚ 'ਤੇ ਚਲਦਿਆਂ ਆਪ ਸਾਰੀ ਉਮਰ ਭਾਰਤੀ ਕਮਿਊਨਿਸਟ ਪਾਰਟੀ ਦੇ ਵਫ਼ਾਦਾਰ ਸਿਪਾਹੀ ਰਹੇ।ਆਪ ਦੇ ਵੱਡੇ ਪੁੱਤਰ ਸ੍ਰ. ਬੇਅੰਤ ਸਿੰਘ ਪੰਚਾਇਤ ਮੈਂਬਰ ਰਹਿ ਚੁੱਕੇ ਹਨ।ਆਪ ਜੀ ਦੇ ਛੋਟੇ ਪੁੱਤਰ ਗਿਆਨ ਸਿੰਘ ਆਪਣੀ ਨਿਊ ਪੰਜਾਬ ਟੀਵੀ ਸਰਵਿਸ ਦੁਕਾਨ ਸਫ਼ਲਤਾ ਨਾਲ ਚਲਾ ਰਹੇ ਹਨ।ਅਜਮੇਰ ਸਿੰਘ ਨੇ ਲੜਕੀ ਰਾਜਵਿੰਦਰ ਕੌਰ ਨੂੰ ਬੀ ਏ ਕਰਵਾਈ, ਜੋ ਸਰਕਾਰੀ ਨੌਕਰੀ ਕਰਕੇ ਆਪਣਾ ਜੀਵਨ ਵਧੀਆ ਬਤੀਤ ਕਰ ਰਹੀ ਹੈ।ਅਜਮੇਰ ਸਿੰਘ ਨੇ ਆਪਣਾ ਸਾਰਾ ਜੀਵਨ ਫਕੀਰਾਂ ਵਾਂਗ ਲੋਕ ਸੇਵਾ ਕਰਦਿਆਂ ਗੁਜ਼ਾਰਿਆ। ਸਾਰੀ ਜ਼ਿੰਦਗੀ ਕਿਰਤ ਦੇ ਲੇਖੇ ਲਾਉਣ ਵਾਲੇ ਅਜਮੇਰ ਸਿੰਘ 10 ਅਗਸਤ 2025 ਨੂੰ ਆਪਣੀ ਧਰਮ ਪਤਨੀ ਪਰਮਜੀਤ ਕੌਰ ਤੇ ਸਾਰੇ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਦੀ ਮੌਤ ਦਾ ਘਾਟਾ ਸਿਰਫ ਉਨ੍ਹਾਂ ਦੇ ਪਰਿਵਾਰ ਨੂੰ ਹੀ ਨਹੀਂ, ਸਗੋਂ ਸਾਰੇ ਇਲਾਕੇ ਨੂੰ ਪਿਆ ਹੈ।ਉਨ੍ਹਾਂ ਦੀ ਅੰਤਿਮ ਅਰਦਾਸ ਅੱਜ 20-ਅਗਸਤ 2025 ਬੁੱਧਵਾਰ ਨੂੰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਧੂੜਕੋਟ ਰਣਸ਼ੀਂਹ (ਮੋਗਾ) ਵਿਖੇ 12 ਤੋਂ 1 ਵਜੇ ਤੱਕ ਹੋਵੇਗੀ।

## ਕਾਤਰਾਂ

### ਨਜਾਇਜ਼ ਸ਼ਰਾਬ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 7 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇੱਕ ਔਰਤ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਐੱਚ. ਸੀ. ਅਭਿਸ਼ੇਕ ਸ਼ਰਮਾ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਪਿੰਡ ਅਮੀਰ ਖਾਸ ਕੋਲ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੁਨੀਤਾ ਰਾਣੀ ਉਰਫ ਨਿਸ਼ਾ ਰਾਣੀ ਉਰਫ ਵੀਰਾਂ ਪਤਨੀ ਮਦਨ ਸਿੰਘ ਵਾਸੀ ਢਾਣੀ ਅਮੀਰ ਖਾਸ, ਜੋ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦੀ ਆਦੀ ਹੈ ਅਤੇ ਅੱਜ ਵੀ ਆਪਣੇ ਘਰ ਵਿੱਚ ਗਾਹਕਾਂ ਦੀ ਉਡੀਕ ਕਰ ਰਹੀ ਹੈ, ਜਿਸ 'ਤੇ ਪੁਲਸ ਵੱਲੋਂ ਛਾਪੇਮਾਰੀ ਕਰਕੇ ਸੁਨੀਤਾ ਰਾਣੀ ਉਰਫ ਨਿਸ਼ਾ ਰਾਣੀ ਉਰਫ ਵੀਰਾਂ ਨੂੰ 7 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕਰਨ ਉਪਰੰਤ ਥਾਣਾ ਅਮੀਰ ਖਾਸ ਵਿਖੇ ਪਰਚਾ ਦਰਜ ਕੀਤਾ ਗਿਆ ਹੈ।

### ਨਸ਼ੀਲੀਆਂ ਗੋਲੀਆਂ ਸਮੇਤ 2 ਕਾਬੂ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੁਲਸ ਥਾਣਾ ਗੁਰੂ ਹਰਸਹਾਏ ਦੇ ਸਬ ਇੰਸਪੈਕਟਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਗਸ਼ਤ ਦੌਰਾਨ ਇਤਲਾਹ ਮਿਲੀ ਕਿ ਮੁਲਜ਼ਮ ਨਸ਼ੀਲੀਆਂ ਗੋਲੀਆਂ ਵੇਚਣ ਦੇ ਆਦੀ ਹਨ ਤੇ ਅੱਜ ਵੀ ਨਸ਼ੀਲੀਆਂ ਗੋਲੀਆਂ ਵੇਚਣ ਲਈ ਗੁਰੂ ਹਰਸਹਾਏ ਤੋਂ ਸਰੂਪ ਸਿੰਘ ਵਾਲਾ ਨੂੰ ਜਾਂਦੀ ਲਿੰਕ ਰੋਡ ਨੇੜੇ ਬਾਬਾ ਛੱਤਪਾੜ ਦਰਗਾਹ ਪਾਸ ਬੰਦ ਪਏ ਗੁਦਾਮਾਂ ਵਿੱਚ ਗਾਹਕਾਂ ਦਾ ਇੰਤਜ਼ਾਰ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਰੇਡ ਕਰਦਿਆਂ ਦੀਪਕ ਕੁਮਾਰ ਪੁੱਤਰ ਬਲਦੇਵ ਸਿੰਘ ਤੇ ਸੁਖਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀਆਨ ਝਾਵਲਾ ਨੂੰ 110 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਐਨ.ਡੀ.ਪੀ.ਐੱਸ. ਐਕਟ ਅਧੀਨ ਮੁਕੱਦਮਾ ਦਰਜ ਕੀਤਾ ਹੈ।

### ਵਿਦੇਸ਼ ਭੇਜਣ ਦੇ ਨਾਂਅ 'ਤੇ ਲੱਖਾਂ ਰੁਪਏ ਠੱਗਣ ਦੇ ਦੋਸ਼ 'ਚ ਨਾਮਜ਼ਦ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਥਾਣਾ ਗੁਰੂ ਹਰਸਹਾਏ ਪੁਲਸ ਨੇ ਇੱਕ ਵਿਅਕਤੀ ਖ਼ਿਲਾਫ਼ ਵਿਦੇਸ਼ ਭੇਜਣ ਦੇ ਨਾਮ 'ਤੇ ਲੱਖਾਂ ਰੁਪਏ ਦੀ ਠੱਗੀ ਮਾਰਨ ਦੇ ਦੋਸ਼ਾਂ ਹੇਠ ਮੁਕੱਦਮਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਜੋਗਿੰਦਰ ਸਿੰਘ ਪੁੱਤਰ ਬਚਿੱਤਰ ਸਿੰਘ ਵਾਸੀ ਝਾਵਲਾ ਨੇ ਉੱਚ ਪੁਲਸ ਅਧਿਕਾਰੀਆਂ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਮੁਲਜ਼ਮ ਰਾਜਦੀਪ ਸਿੰਘ ਨੇ ਮੁੱਦਈ ਦੇ ਲੜਕੇ ਮਨਪ੍ਰੀਤ ਸਿੰਘ ਨੂੰ ਬਾਹਰ ਭੇਜਣ ਦੇ ਨਾਂਅ 'ਤੇ ਉਨ੍ਹਾਂ ਪਾਸੋਂ 13 ਲੱਖ 30 ਹਜ਼ਾਰ ਰੁਪਏ ਦੀ ਧੋਖਾਧੜੀ ਕੀਤੀ ਹੈ। ਸਹਾਇਕ ਥਾਣੇਦਾਰ ਨਰੇਸ਼ ਕੁਮਾਰ ਨੇ ਦੱਸਿਆ ਕਿ ਪੁਲਸ ਵੱਲੋਂ ਸ਼ਿਕਾਇਤ ਦੇ ਆਧਾਰ 'ਤੇ ਜਾਂਚ ਪੜਤਾਲ ਕਰਨ ਬਾਅਦ ਮੁਲਜ਼ਮ ਰਾਜਦੀਪ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਰੋਡੇ ਤਹਿਸੀਲ ਬਾਘਾ ਪੁਰਾਣਾ ਜ਼ਿਲ੍ਹਾ ਮੋਗਾ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਅਧੀਨ ਮੁਕੱਦਮਾ ਦਰਜ ਕੀਤਾ ਹੈ।

# ਵਿਦਿਆਰਥੀਆਂ ਨੂੰ ਰੈਗਿੰਗ ਵਿਰੋਧੀ ਗਤੀਵਿਧੀਆਂ ਬਾਰੇ ਕੀਤਾ ਜਾਗਰੂਕ




**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਨੇ ਰੈਗਿੰਗ ਵਿਰੋਧੀ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ।ਇਹ ਮੁਹਿੰਮ ਯੂਜੀਸੀ ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ 12-18 ਅਗਸਤ 2025 ਤੱਕ ਐਂਟੀ ਰੈਗਿੰਗ ਹਫਤਾ ਮਨਾਉਣ ਲਈ ਚਲਾਈ ਗਈ।ਇਸ ਮੁਹਿੰਮ ਦਾ ਉਦੇਸ਼ ਸਮੁੱਚੇ ਕੈਂਪਸ ਅੰਦਰ ਸੁਰੱਖਿਆ ਤੇ ਸਮਾਵੇਸ਼ੀ ਸਿੱਖਿਆ ਨੂੰ ਵਧੇਰੇ ਉਤਸ਼ਾਹਤ ਕਰਨਾ ਅਤੇ ਰੈਗਿੰਗ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਰਿਹਾ।ਵਿਭਾਗ ਦੀ ਅਨੁਸ਼ਾਸਨੀ, ਜਿਨਸੀ ਸ਼ੋਸ਼ਣ ਤੇ ਰੈਗਿੰਗ ਖਿਲਾਫ਼ ਕਮੇਟੀ ਵੱਲੋਂ ਇਸ ਪ੍ਰੋਗਰਾਮ ਸਬੰਧੀ ਕਰਵਾਈਆਂ ਗਈਆਂ ਵੱਖ ਵੱਖ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਨੇ ਭਰਵੇਂ ਉਤਸ਼ਾਹ ਨਾਲ ਹਿੱਸਾ ਲਿਆ ਤੇ ਬਾਕੀ ਫੈਕਲਟੀ ਮੈਂਬਰਾਂ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਡਾ. ਅਮਨਦੀਪ ਕੌਰ ਸਹਾਇਕ ਪ੍ਰੋਫੈਸਰ ਨੇ ਸਟੇਜ ਸੰਚਾਲਨ ਕੀਤਾ ਅਤੇ ਸਵਾਗਤੀ ਭਾਸ਼ਣ ਦਿੱਤਾ।ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਹ ਕੈਂਪਸ ਸੁਰੱਖਿਅਤ ਹੋਣ ਦੇ ਨਾਲ-ਨਾਲ ਸਮਾਵੇਸ਼ੀ ਸਿੱਖਿਆ ਪ੍ਰਦਾਨ ਕਰਨ 'ਚ ਹਮੇਸ਼ਾ ਇਸ ਕਰਕੇ ਮੋਹਰੀ ਰਿਹਾ ਹੈ, ਕਿਉਂਕਿ ਇੱਥੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਪਿਛੋਕੜ, ਯੋਗਤਾਵਾਂ ਜਾਂ ਕਿਸੇ ਵੀ ਤਰ੍ਹਾਂ ਦੀਆਂ ਅਪਾਹਜਤਾਵਾਂ ਤੋਂ ਰਹਿਤ, ਸਿੱਖਣ ਦੇ ਇੱਕੋ ਜਿਹੇ ਵਾਤਾਵਰਣ ਦੇ ਅੰਦਰ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ।ਸਮਾਵੇਸ਼ੀ ਸਿੱਖਿਆ ਦਾ ਇਹ ਉਹ ਫ਼ਲਸਫ਼ਾ ਹੈ, ਜੋ ਵਿਭਿੰਨਤਾ ਨੂੰ ਮਹੱਤਵ ਦਿੰਦਾ ਹੈ ਤੇ ਇਹ ਯਕੀਨੀ ਬਣਾਉਂਦਾ ਹੈ ਕਿ ਸਾਰੇ ਵਿਦਿਆਰਥੀਆਂ ਨੂੰ ਸਿੱਖਣ ਤੇ ਵਧਣ ਦੇ ਬਰਾਬਰ ਮੌਕੇ ਮਿਲਣ।ਇਸ ਮੌਕੇ ਡਾ. ਅਮਨਦੀਪ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਵੱਖ ਵੱਖ ਗਤੀਵਿਧੀਆਂ 'ਚ ਸ਼ਮੂਲੀਅਤ ਕਰਨ ਵਾਲੇ ਵਿਦਿਆਰਥੀਆਂ ਉਨ੍ਹਾਂ ਦੇ ਸ਼ਲਾਘਾਯੋਗ ਯਤਨਾਂ ਲਈ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਡਾ. ਜਗਦੀਪ ਸਿੰਘ ਨੇ ਅਨੁਸ਼ਾਸਨੀ ਕਮੇਟੀ ਦੇ ਸੁਰੱਖਿਆ ਇੰਚਾਰਜ ਐਂਡ ਕਨਵੀਨਰ ਵਜੋਂ ਧੰਨਵਾਦ ਮਤਾ ਪੇਸ਼ ਕੀਤਾ ਤੇ ਵਿਦਿਆਰਥੀਆਂ ਨੂੰ ਇੱਕ ਸ਼ਾਂਤਮਈ ਤੇ ਸੁਰੱਖਿਅਤ ਕੈਂਪਸ ਦਾ ਭਰੋਸਾ ਦਿੱਤਾ।

# ਚੱਕ ਗਾਂਧਾ ਸਿੰਘ ਵਾਲਾ 'ਚ ਪਾਸ ਕੀਤੇ ਕੰਮ ਚਾਲੂ ਕਰਾਉਣ ਦੀ ਮੰਗ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਭਾਰਤ ਸਭਾ, ਕਿਰਤੀ ਕਿਸਾਨ ਯੂਨੀਅਨ ਤੇ ਪੰਚਾਇਤ ਵੱਲੋਂ ਵੱਲੋਂ ਡੀ.ਸੀ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ, ਜਿਸ ਤੋਂ ਬਾਅਦ ਏਡੀਸੀ ਵਿਕਾਸ ਸੁਰਿੰਦਰ ਸਿੰਘ ਢਿੱਲੋਂ ਤੇ ਏਡੀਸੀ ਗੁਰਪ੍ਰੀਤ ਸਿੰਘ ਥਿੰਦ ਨਾਲ ਮੀਟਿੰਗ ਕਰਾਈ ਗਈ, ਜਿਨ੍ਹਾਂ ਨੇ ਪਾਸ ਕੀਤੇ ਗਏ ਕੰਮ ਜਲਦੀ ਚਾਲੂ ਕਰਾਉਣ ਦਾ ਭਰੋਸਾ ਦਿੱਤਾ। ਧਰਨੇ ਦੌਰਾਨ ਨੌਜਵਾਨ ਭਾਰਤ ਸਭਾ ਦੇ ਸੂਬਾ ਆਗੂ ਮੰਗਾ ਆਜ਼ਾਦ, ਹਰਜਿੰਦਰ ਖੋਖਰ, ਰਾਜਪ੍ਰੀਤ ਸਿੰਘ, ਜਗਦੀਸ਼ ਸਿੰਘ, ਵਿੱਕੀ ਸਿੰਘ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਬਲਜੀਤ ਲੰਡੇ ਰੋਡੇ, ਜ਼ਿਲ੍ਹਾ ਆਗੂ ਜਸਵੀਰ ਸਰਾਏਨਾਗਾ ਨੇ ਕਿਹਾ ਕਿ ਪਿੰਡ ਚੱਕ ਗਾਂਧਾ ਸਿੰਘ ਵਾਲਾ ਵਿੱਚ ਲੰਮੇ ਸਮੇਂ ਤੋਂ ਗਲੀਆਂ ਦਾ ਕੰਮ ਪਾਸ ਕਰਾਇਆ ਹੋਇਆ ਹੈ, ਜੋ ਚਾਲੂ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਦੋਹਾਂ ਦੇ ਐਂਟੀ ਹੈ, ਜਿੱਥੇ ਕਿਸਾਨਾਂ ਤੋਂ ਜ਼ਮੀਨਾਂ ਖੋਹਣ ਲਈ ਲੈਂਡ ਪੂਲਿੰਗ ਪਾਲਿਸੀ ਲੈ ਕੇ ਆਈ ਹੈ। ਉੱਥੇ ਸਰਕਾਰ ਵੱਲੋਂ ਪੂਰੇ ਪੰਜਾਬ 'ਚ ਮਨਰੇਗਾ ਮਜ਼ਦੂਰਾਂ ਦਾ ਕੰਮ ਬੰਦ ਕਰ ਦਿੱਤਾ ਗਿਆ ਹੈ, ਜਿਨ੍ਹਾਂ ਦੇ ਚੁੱਲ੍ਹੇ ਠੰਡੇ ਪਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਸਰਕਾਰ ਦੇ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ।ਪੰਜਾਬ ਸਟੂਡੈਂਟ ਯੂਨੀਅਨ ਦੇ ਜ਼ਿਲ੍ਹਾ ਆਗੂ ਸੁਖਪ੍ਰੀਤ ਕੌਰ, ਰਜਿੰਦਰ ਢਿੱਲਵਾਂ ਨੇ ਨਿਹਾਲ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਕੋਈ ਕੰਮ ਨਹੀਂ ਚਲਾਏ ਜਾ ਰਹੇ, ਜਿਸ ਕਰਕੇ ਵਿਕਾਸ ਕਾਰਜ ਰੁਕੇ ਹੋਏ ਹਨ, ਇੱਥੋਂ ਤੱਕ ਕਿ ਗੈਰ ਆਮ ਆਦਮੀ ਪਾਰਟੀ ਪੰਚਾਇਤਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ।ਆਗੂਆਂ ਕਿਹਾ ਕਿ ਚੱਕ ਗਾਂਧਾ ਸਿੰਘ ਵਾਲਾ ਵਿੱਚ ਗਲੀਆਂ ਦਾ ਬੁਰਾ ਹਾਲ ਹੈ ਜਿਨਾਂ ਦਾ ਕੰਮ ਜਲਦ ਚਾਲੂ ਕਰਾਇਆ ਜਾਵੇ। ਇਸ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਏਡੀਸੀ ਡਿਵੈਲਪਮੈਂਟ ਨਾਲ ਆਗੂਆਂ ਦੀ ਮੀਟਿੰਗ ਕਰਵਾਈ ਗਈ ਤੇ ਉਨ੍ਹਾਂ ਜਲਦੀ ਹੀ ਰੁਕੇ ਹੋਏ ਕੰਮ ਚਾਲੂ ਕਰਨ ਦਾ ਭਰੋਸਾ ਦਿੱਤਾ।

# ਮਾਤਾ ਗੁਜਰੀ ਸਕੂਲ ਦੇ ਸ਼ਾਨਵੀਰ ਨੇ ਰਾਜ ਪੱਧਰੀ ਤਾਇਕਵਾਂਡੋ ਮੁਕਾਬਲੇ 'ਚ ਸਿਲਵਰ ਮੈਡਲ ਜਿੱਤਿਆ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਬਾਰਵੀਂ ਜਮਾਤ ਦੇ ਵਿਦਿਆਰਥੀ ਸ਼ਾਨਵੀਰ ਸਿੰਘ ਨੇ ਰਾਜ ਪੱਧਰੀ ਤਾਇਕਵਾਂਡੋ 2025 ਮੁਕਾਬਲੇ ਵਿੱਚ ਅੰਡਰ-19 ਸ਼੍ਰੇਣੀ ਵਿੱਚ ਦੂਜਾ ਸਥਾਨ ਹਾਸਲ ਕਰਦੇ ਹੋਏ ਸਿਲਵਰ ਮੈਡਲ ਜਿੱਤ ਕੇ ਆਪਣੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਹ ਮੁਕਾਬਲਾ 16 ਅਗਸਤ 2025 ਨੂੰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਕਰਵਾਇਆ ਗਿਆ ਸੀ। ਇਸ ਰਾਜ ਪੱਧਰੀ ਟੂਰਨਾਮੈਂਟ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਤੇ ਅਕੈਡਮੀਆਂ ਤੋਂ ਆਏ ਵਿਦਿਆਰਥੀਆਂ ਨੇ ਭਾਗ ਲਿਆ। ਸ਼ਾਨਵੀਰ ਸਿੰਘ ਦੀ ਇਸ ਕਾਮਯਾਬੀ ਪਿੱਛੇ ਉਸ ਦੀ ਮਿਹਨਤ, ਦ੍ਰਿੜ੍ਹ ਨਿਸਚਾ ਤੇ ਕੋਚ ਹਰਦੀਪ ਕੁਮਾਰ ਦੀ ਮਿਹਨਤ ਸ਼ਾਮਲ ਹੈ। ਸਕੂਲ ਦੇ ਨਿਰਦੇਸ਼ਕ ਸ੍ਰ. ਭੁਪਿੰਦਰ ਸਿੰਘ, ਪ੍ਰਧਾਨ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਮਮਤਾ ਮੱਕੜ ਤੇ ਤਾਇਕਵਾਂਡੋ ਕੋਚ ਹਰਦੀਪ ਕੁਮਾਰ ਨੇ ਸ਼ਾਨਵੀਰ ਸਿੰਘ ਨੂੰ ਇਨ੍ਹਾਂ ਉਪਲਬਧੀਆਂ ਲਈ ਵਧਾਈਆਂ ਦਿੱਤੀਆਂ ਤੇ ਭਵਿੱਖ ਵਿੱਚ ਹੋਣ ਵਾਲੀਆਂ ਰਾਸ਼ਟਰੀ ਪੱਧਰੀ ਖੇਡਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਟੈਗੋਰ ਵਿਦਿਆਲਿਆ ਦੀਆਂ ਅਥਲੀਟਾਂ ਦਾ ਸ਼ਾਨਦਾਰ ਪ੍ਰਦਰਸ਼ਨ



**ਲੌਂਗੋਵਾਲ (ਪ੍ਰਦੀਪ ਸੱਪਲ)**-69ਵੀਆਂ ਐਥਲੈਟਿਕ ਜ਼ੋਨ ਪੱਧਰੀ ਖੇਡਾਂ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਲੌਂਗੋਵਾਲ ਦੀਆਂ ਅਥਲੀਟਾਂ ਦਾ ਪ੍ਰਦਰਸ਼ਨ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਵਿੱਚ ਵੱਖ-ਵੱਖ ਇਵੈਂਟਾਂ ਵਿੱਚ 9 ਗੋਲਡ, 7 ਸਿਲਵਰ ਤੇ 3 ਬਰੌਂਜ ਸਮੇਤ 19 ਮੈਡਲ ਜਿੱਤੇ ਅਤੇ 16 ਅਥਲੀਟ ਜ਼ਿਲ੍ਹੇ ਪੱਧਰ ਲਈ ਸਿਲੈਕਟ ਹੋਏ।ਇਨ੍ਹਾਂ ਵਿੱਚੋਂ ਅੰਡਰ-19 'ਚ ਨਵਜੋਤ ਕੌਰ ਨੇ ਗੋਲਡ ਮੈਡਲ, ਅੰਡਰ-17 'ਚ ਸ਼ਰਨਜੀਤ ਕੌਰ ਨੇ ਗੋਲਡ ਮੈਡਲ, ਅੰਡਰ-17 'ਚ ਜਸਕਰਨ ਕੌਰ ਨੇ ਗੋਲਡ ਮੈਡਲ, ਅੰਡਰ-17 'ਚ ਅਮਨਜੋਤ ਕੌਰ ਨੇ ਗੋਲਡ ਮੈਡਲ, ਅੰਡਰ-17 'ਚ ਲਵਪ੍ਰੀਤ ਕੌਰ ਨੇ ਦੋ ਗੋਲਡ ਮੈਡਲ, ਅੰਡਰ-17 'ਚ ਹਰਮਨਪ੍ਰੀਤ ਪੁੱਤਰ ਲੱਖਾ ਸਿੰਘ ਨੇ ਗੋਲਡ ਮੈਡਲ, ਅੰਡਰ-14 ਜਸਮੀਤ ਕੌਰ ਨੇ ਗੋਲਡ ਮੈਡਲ, ਅੰਡਰ-19 'ਚ ਨਵਜੋਤ ਕੌਰ ਨੇ ਸਿਲਵਰ ਮੈਡਲ, ਅੰਡਰ-17 'ਚ ਸ਼ਰਨਜੀਤ ਕੌਰ ਨੇ ਸਿਲਵਰ ਮੈਡਲ, ਅੰਡਰ-17 'ਚ ਜਸਕਰਨ ਕੌਰ ਨੇ ਸਿਲਵਰ ਮੈਡਲ, ਕਮਲਦੀਪ ਕੌਰ ਨੇ ਸਿਲਵਰ ਮੈਡਲ, ਅੰਡਰ-17 'ਚ ਮਨਮੀਤ ਕੌਰ ਨੇ ਸਿਲਵਰ ਮੈਡਲ, ਅੰਡਰ-19 'ਚ ਜੋਤੀ ਕੌਰ ਨੇ ਬਰੌਨ ਮੈਡਲ, ਅੰਡਰ-17 'ਚ ਜਸਮੀਤ ਕੌਰ ਨੇ ਬਰੌਨ ਮੈਡਲ, ਅੰਡਰ-14 'ਚ ਰੁਕਸਾਨਾ ਨੇ ਬਰੌਨ ਮੈਡਲ ਹਾਸਲ ਕੀਤੇ।ਇਸ ਸਮੇਂ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ, ਮੈਨੇਜਮੈਂਟ ਮੈਂਬਰ ਗੋਬਿੰਦ ਸਿੰਘ ਗਿੱਲ, ਕੁਲਦੀਪ ਸਿੰਘ ਮੰਡੇਰ ਤੇ ਜਤਿੰਦਰ ਰਿਸ਼ੀ ਨੇ ਬੱਚਿਆਂ ਨੂੰ ਮੈਡਲ ਜਿੱਤਣ ਦੀ ਖੁਸ਼ੀ ਵਿੱਚ ਮੁਬਾਰਕਾਂ ਦਿੱਤੀਆਂ ਤੇ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਗੁਰਪ੍ਰੀਤ ਸਿੰਘ, ਮੈਡਮ ਸੁਨੀਤਾ ਸ਼ਰਮਾ ਤੇ ਪਰਵਿੰਦਰ ਸਿੰਘ ਨੂੰ ਵੀ ਬੱਚਿਆਂ ਦੇ ਵਧੀਆ ਪ੍ਰਦਰਸ਼ਨ ਲਈ ਵਧਾਈ ਦਿੱਤੀ।

# ਸੰਤ ਲੌਂਗੋਵਾਲ ਦੀ ਬਰਸੀ 'ਤੇ ਹੋਵੇਗਾ ਅਸਲੀ ਤੇ ਨਕਲੀ ਅਕਾਲੀ ਦਲ ਦਾ ਨਿਤਾਰਾ : ਪ੍ਰੋ. ਚੰਦੂਮਾਜਰਾ




**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਪ੍ਰੈੱਸ ਬਿਆਨ ਜਾਰੀ ਜਾਰੀ ਕਰਦਿਆਂ ਆਖਿਆ ਕਿ ਪੰਥਕ ਖੇਤਰ ਵਿੱਚ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ, ਪੰਜਾਬ ਤੇ ਪੰਜਾਬੀਅਤ ਨੂੰ ਬਚਾਉਣ ਖਾਤਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੇਧ ਲੈ ਕੇ ਤੁਰਿਆ ਅਸਲੀ ਅਕਾਲੀ ਦਲ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ ਇੱਕ ਨਵੀਂ ਮੁਹਿੰਮ ਦਾ ਆਗਾਜ਼ ਕਰੇਗਾ।ਉਨ੍ਹਾਂ ਆਖਿਆ ਕਿ ਬਰਸੀ ਉੱਤੇ ਪੰਜਾਬ ਦੇ ਲੋਕਾਂ ਸਾਹਮਣੇ ਅਸਲੀ ਤੇ ਨਕਲੀ ਅਕਾਲੀ ਦਲ ਦਾ ਵੀ ਨਿਤਾਰਾ ਵੀ ਹੋਵੇਗਾ।ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਆਪਣੇ ਆਪ ਨੂੰ ਅਕਾਲੀ ਅਖਵਾਉਣ ਅਤੇ ਪੰਜਾਬ ਤੇ ਪੰਥ ਹਿਤੈਸ਼ੀ ਲੋਕਾਂ ਨੂੰ ਇਕੱਠੇ ਹੋ ਕੇ ਪੰਜਾਬ ਨੂੰ ਬਚਾਉਣ ਦੀ ਲੋੜ ਹੈ।ਉਨ੍ਹਾਂ ਆਖਿਆ ਕਿ ਆਪਸੀ ਏਕਤਾ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦਿਆਂ ਪੰਥ ਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਨਾਕਾਮ ਕਰਨ ਦੀ ਲੋੜ ਹੈ।ਪ੍ਰੋ. ਚੰਦੂਮਾਜਰਾ ਨੇ ਚਿੰਤਾ ਪ੍ਰਗਟ ਕਰਦਿਆਂ ਆਖਿਆ ਕਿ ਪੰਜਾਬ ਨੂੰ ਵੱਡੀ ਆਰਥਿਕ ਕੰਗਾਲੀ ਵੱਲ ਧੱਕਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬੇ ਸਿਰ 4 ਲੱਖ ਕਰੋੜ ਕਰਜ਼ੇ ਦਾ ਬੋਝ ਹੈ, ਜੋ ਪ੍ਰਤੀ ਦਿਨ ਵਧ ਰਿਹਾ ਹੈ।ਉਨ੍ਹਾਂ ਆਖਿਆ ਕਿ ਪੰਜਾਬ ਨੂੰ ਇਸ ਮਾੜੇ ਆਰਥਿਕ ਦੌਰ ਵਿੱਚੋਂ ਕੱਢਣ ਲਈ ਸਮੂਹ ਪੰਜਾਬੀਆਂ ਨੂੰ ਇਕੱਠੇ ਹੋ ਕੇ ਹੰਭਲਾ ਮਾਰਨਾ ਪਵੇਗਾ।ਪ੍ਰੋ. ਚੰਦੂਮਾਜਰਾ ਨੇ ਆਖਿਆ ਕਿ ਪੰਜਾਬ ਆਰਥਿਕ, ਰਾਜਨੀਤਕ ਤੇ ਸਮਾਜਿਕ ਤੌਰ 'ਤੇ ਬਹੁ-ਪਰਤੀ ਸੰਕਟਾਂ ਵਿੱਚ ਘਿਰਿਆ ਨਜ਼ਰ ਆ ਰਿਹਾ ਹੈ, ਜਿਸ ਵਿੱਚ ਮੁੱਖ ਸੰਕਟ ਡੈਮਾਂ ਉੱਤੋਂ ਪੰਜਾਬ ਦਾ ਕੰਟਰੋਲ ਖ਼ਤਮ ਕਰ ਦੇਣਾ, ਬੀ ਬੀ ਐੱਮ ਬੀ ਤੇ ਸੀ ਆਈ ਐੱਸ ਐੱਫ ਨੂੰ ਤਾਇਨਾਤ ਕਰ ਦੇਣਾ, ਕੇਂਦਰ ਵੱਲੋਂ ਸੂਬੇ ਦੇ ਦਿਹਾਤੀ ਫੰਡਾਂ ਦੇ ਸੈਂਕੜੇ ਕਰੋੜ ਰੁਪਏ ਨਾ ਦੇਣਾ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿੱਚੋਂ ਮੁਲਾਜ਼ਮਾਂ ਦੀ 60:40 ਅਨੁਪਾਤ ਦੀ ਸ਼ਰਤ ਖ਼ਤਮ ਕਰ ਦੇਣਾ ਆਦਿ 'ਤੇ ਸੂਬੇ ਦੀ ਲੀਡਰਸ਼ਿਪ ਨੇ ਪੂਰੀ ਤਰ੍ਹਾਂ ਚੁੱਪੀ ਧਾਰੀ ਹੋਈ ਹੈ।ਪ੍ਰੋ. ਚੰਦੂਮਾਜਰਾ ਨੇ ਆਖਿਆ ਕਿ ਪੰਜਾਬ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਸਮੁੱਚੇ ਪੰਜਾਬੀਆਂ ਨੂੰ ਪੰਜਾਬ ਦੇ ਅਸਲੀ ਵਾਰਿਸ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਇਕੱਠੇ ਹੋ ਕੇ ਹੰਭਲਾ ਮਾਰਨਾ ਪਵੇਗਾ, ਜਿਸ ਦੀ ਸ਼ੁਰੂਆਤ ਸਮੂਹ ਪੰਜਾਬੀਆਂ ਦੇ ਸਹਿਯੋਗ ਤੇ ਪੰਥਕ ਧਿਰਾਂ ਦੀ ਹਮਾਇਤ ਨਾਲ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ 'ਤੇ ਹੋਵੇਗੀ।

# 'ਆੜ੍ਹਤ ਵਧਾਓ, ਈ ਪੀ ਐੱਫ਼ ਹਟਾਓ, ਆੜ੍ਹਤੀ ਬਚਾਓ' ਮੁਹਿੰਮ ਦੀ ਸ਼ੁਰੂਆਤ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਆੜ੍ਹਤੀ ਅਸੋਸੀਏਸ਼ਨ ਦੇ ਪ੍ਰਧਾਨ ਕਰਮਜੀਤ ਸਿੰਘ ਅਲੋਹਰਾਂ ਦੀ ਅਗਵਾਈ ਹੇਠ ਜ਼ਿਲ੍ਹਾ ਦੀ ਸਾਰੀ ਅਨਾਜ ਮੰਡੀਆਂ ਦੀ ਕੈਬਨਿਟ ਦੀ ਮੀਟਿੰਗ ਰੋਟਰੀ ਕਲੱਬ ਵਿਖੇ ਬੁਲਾਈ ਗਈ। ਮੀਟਿੰਗ ਦੇ ਮੁੱਖ ਮਹਿਮਾਨ ਪੰਜਾਬ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਆੜ੍ਹਤੀਆਂ ਦੇ ਹੱਕ ਦੀ ਗੱਲ ਕਰਦੇ ਹੋਏ 'ਆੜ੍ਹਤ ਵਧਾਓ, ਈ.ਪੀ.ਐਫ਼ ਹਟਾਓ, ਆੜ੍ਹਤੀ ਬਚਾਓ' ਮੁਹਿੰਮ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਰਾਣਾ ਜੀ ਨੇ ਸਰਕਾਰ ਵੱਲੋਂ ਆੜ੍ਹਤੀਆਂ ਦੀ ਆੜ੍ਹਤ ਮੁੜ 2.5% ਕਰਨ ਦੀ ਮੰਗ, ਈ.ਪੀ.ਐਫ਼ ਦੀ ਕਟੌਤੀ ਹਟਾਉਣ ਦੀ ਮੰਗ ਬਾਰੇ ਦੱਸਿਆ ਤੇ ਹੋਰ ਵਿਸ਼ਿਆਂ 'ਤੇ ਅਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਬੈਦਵਾਨ ਨੇ ਆੜ੍ਹਤੀਆਂ ਨੂੰ ਭਰੋਸਾ ਦਿਵਾਇਆ ਕਿ ਆਉਣ ਵਾਲੇ ਸੀਜ਼ਨ ਵਿਚ ਜ਼ਿਲ੍ਹੇ ਦੀ ਮੰਡੀਆਂ ਵਿਚ ਕੋਈ ਪ੍ਰੇਸ਼ਾਨੀ ਨਹੀ ਆਣ ਦੇਵਾਂਗੇ। ਪੰਜਾਬ ਜਨਰਲ ਸਕੱਤਰ ਰਜਿੰਦਰ ਨਿਰੰਕਾਰੀ ਜੀ ਨੇ ਦੱਸਿਆ ਕਿ 2023-24 ਦੀ ਜੀਰੀ ਦੀ ਦੀ ਬਾਕਾਇਆ ਬਚਦੀ ਆੜ੍ਹਤ, ਜੋ ਪੂਰੇ ਪੰਜਾਬ ਦੇ ਆੜ੍ਹਤੀਆਂ ਦੀ ਲਗਭਗ 9 ਕਰੋੜ ਰੁਪਏ ਬਣਦੀ ਸੀ, ਉਹ ਸਰਕਾਰ ਤੋਂ ਲੈਣ ਵਿੱਚ ਸਫ਼ਲ ਹੋਏ ਹਾਂ।



# ਸਮਰਾਲਾ ਦੀ ਕਿਸਾਨ ਮਹਾਂਪੰਚਾਇਤ ਇਤਿਹਾਸ ਸਿਰਜੇਗੀ : ਐੱਸ ਕੇ ਐੱਮ



**ਸਮਰਾਲਾ (ਸੁਰਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਨੂੰ ਸਥਾਨਕ ਦਾਣਾ ਮੰਡੀ ਵਿਖੇ ਹੋਣ ਵਾਲੀ ਕਿਸਾਨ ਮਹਾਂਪੰਚਾਇਤ ਮੀਲ ਦਾ ਪੱਥਰ ਸਾਬਿਤ ਹੋਵੇਗੀ।ਇਸ ਇਕੱਠ ਵਿਚ ਪੰਜਾਬ ਭਰ ਤੋਂ ਕਿਸਾਨ, ਮਜ਼ਦੂਰ, ਨੌਜਵਾਨ, ਬੱਚੇ ਤੇ ਔਰਤਾਂ ਵੱਡੀ ਗਿਣਤੀ 'ਚ ਸ਼ਾਮਲ ਹੋਣਗੀਆਂ। ਇਹ ਦਾਅਵਾ ਕਿਸਾਨ ਆਗੂ ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ ਬੀ. ਕੇ. ਯੂ. (ਲੱਖੋਵਾਲ), ਸੁਖਵਿੰਦਰ ਸਿੰਘ ਭੱਟੀਆਂ ਸੂਬਾ ਮੀਤ ਪ੍ਰਧਾਨ ਬੀ. ਕੇ. ਯੂ. (ਰਾਜੇਵਾਲ), ਮਨਜੀਤ ਸਿੰਘ ਢੀਂਡਸਾ ਜ਼ਿਲ੍ਹਾ ਲੁਧਿਆਣਾ ਪ੍ਰਧਾਨ ਭਾਕਿਯੂ (ਲੱਖੋਵਾਲ), ਹਰਦੀਪ ਸਿੰਘ ਗਿਆਸਪੁਰਾ ਜ਼ਿਲ੍ਹਾ ਲੁਧਿਆਣਾ ਪ੍ਰਧਾਨ ਬੀ. ਕੇ. ਯੂ. (ਕਾਦੀਆਂ) ਨੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਉਪਜਾਊ ਜ਼ਮੀਨ ਨੂੰ ਲੈਂਡ ਪੂਲਿੰਗ ਪਾਲਿਸੀ ਅਧੀਨ ਲਿਆ ਕੇ ਕਾਰਪੋਰੇਟਾਂ ਦੇ ਹਵਾਲੇ ਕਰਨ ਦੀ ਕੋਸ਼ਿਸ਼ ਕੀਤੀ ਸੀ, ਪ੍ਰੰਤੂ ਪੰਜਾਬ ਦੇ ਕਿਸਾਨਾਂ ਤੇ ਮਜ਼ਦੂਰਾਂ ਦੀ ਆਪਸੀ ਸਾਂਝ ਤੇ ਇਸ ਪਾਲਿਸੀ ਦੇ ਵਿਰੋਧ ਵਿੱਚ ਇਕੱਠੇ ਹੋਣ ਤੋਂ ਸਰਕਾਰ ਨੇ ਚੁੱਪ ਚੁਪੀਤੇ ਇਹ ਪਾਲਿਸੀ ਵਾਪਸ ਲੈ ਲਈ।ਇਸ ਪਾਲਿਸੀ ਨੂੰ ਵਾਪਸ ਲੈਣ ਬਦਲੇ ਇਹ ਜੇਤੂ ਰੈਲੀ 24 ਅਗਸਤ ਨੂੰ ਸਮਰਾਲਾ ਦੀ ਅਨਾਜ ਮੰਡੀ ਵਿਖੇ ਸਵੇਰੇ 11 ਵਜੇ ਅਰੰਭ ਹੋਵੇਗੀ, ਜਿਸ ਵਿੱਚ ਹੋਰ ਕਿਸਾਨੀ ਮਸਲਿਆਂ ਸਬੰਧੀ ਵਿਚਾਰ ਚਰਚਾ ਕੀਤੀ ਜਾਵੇਗੀ। ਇਸ ਵਿੱਚ ਪੰਜਾਬ ਦੇ ਪਾਣੀਆਂ ਦਾ ਮਸਲਾ, ਗੰਨੇ ਦੀ ਬਕਾਇਆ ਰਾਸ਼ੀ, ਭਾਰਤ ਸਰਕਾਰ ਵੱਲੋਂ ਬਾਹਰਲੇ ਮੁਲਕਾਂ ਨਾਲ ਕਰ ਮੁਕਤ ਵਪਾਰ ਤਹਿਤ ਕੀਤੇ ਜਾ ਰਹੇ ਸਮਝੌਤਿਆਂ ਵਿੱਚ ਖੇਤੀ, ਡੇਅਰੀ, ਪੋਲਟਰੀ ਤੇ ਮੱਛੀ ਪਾਲਣ ਖੇਤਰ ਬਾਹਰ ਰੱਖਣ ਅਤੇ ਸਹਿਕਾਰਤਾ ਨੂੰ ਬਚਾਉਣ ਸਬੰਧੀ ਮੁੱਦੇ ਵਿਚਾਰੇ ਜਾਣਗੇ।ਆਗੂਆਂ ਨੇ ਪੰਜਾਬ ਦੇ ਸਮੂਹ ਕਿਸਾਨਾਂ ਤੇ ਮਜ਼ਦੂਰਾਂ ਨੂੰ 24 ਅਗਸਤ ਦੀ ਮਹਾਂ ਪੰਚਾਇਤ ਵਿੱਚ ਪੁੱਜਣ ਦੀ ਅਪੀਲ ਕੀਤੀ।

# ਕੇਂਦਰ ਦਾ ਪੇ ਸਕੇਲ ਰੱਦ ਕਰਕੇ ਪੰਜਾਬ ਦਾ ਪੇ ਸਕੇਲ ਲਾਗੂ ਕੀਤਾ ਜਾਵੇ : ਯੂਨੀਅਨ ਆਗੂ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਇਥੇ ਹਿਤੇਸ਼ ਕੁਮਾਰ ਫਿਰੋਜ਼ਪੁਰ ਸੂਬਾ ਜਨਰਲ ਸਕੱਤਰ ਮੁਲਾਜ਼ਮ ਯੂਨਾਈਟਡ ਆਰਗੇਨਾਈਜ਼ੇਸ਼ਨ ਜਥੇਬੰਦੀ (ਰਜਿ:) ਦੀ ਅਗਵਾਈ ਵਿੱਚ ਸਬ ਡਵੀਜ਼ਨ ਮਮਦੋਟ ਦੀ ਮੀਟਿੰਗ ਸਬ ਡਵੀਜ਼ਨ ਦਫ਼ਤਰ ਵਿਖੇ ਕੀਤੀ ਗਈ।ਜਥੇਬੰਦੀ ਦੇ ਆਗੂਆਂ ਵੱਲੋਂ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਤੋਂ ਮੰਗ ਕਰਦੇ ਹੋਏ ਕਿਹਾ ਕਿ 20/7/20 ਬਾਅਦ ਭਰਤੀ ਮੁਲਾਜ਼ਮ ਸਾਥੀਆਂ ਦਾ ਕੇਂਦਰ ਦਾ ਪੇ ਸਕੇਲ ਰੱਦ ਕਰਕੇ ਪੰਜਾਬ ਦਾ ਪੇ ਸਕੇਲ ਲਾਗੂ ਕੀਤਾ ਜਾਵੇ, ਚਾਰ ਸਾਲ ਪੂਰੇ ਕਰ ਚੁੱਕੇ ਸਹਾਇਕ ਲਾਈਨਮੈਨ ਸਾਥੀਆਂ ਨੂੰ ਜਲਦੀ ਲਾਈਨਮੈਨ ਬਣਾਇਆ ਜਾਵੇ, 295/19 ਵਿੱਚ ਭਰਤੀ 25 ਟਰਮੀਨੇਟ ਸਾਥੀਆਂ ਨੂੰ ਮਹਿਕਮੇ ਵਿੱਚ ਬਹਾਲ ਕੀਤਾ ਜਾਵੇ, 267/11 ਤੇ 281/13 ਵਿੱਚ ਭਰਤੀ ਸਾਥੀਆਂ ਦੇ ਕੰਟਰੈਕਟ ਸਮੇਂ ਨੂੰ ਰੈਗੂਲਰ ਸੇਵਾ ਵਿੱਚ ਜੋੜਿਆ ਜਾਵੇ, ਫੀਲਡ ਕਰਮਚਾਰੀਆਂ 'ਤੇ ਪੈਟਰੋਲ ਭੱਤਾ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮੁਲਾਜ਼ਮਾਂ ਨੂੰ ਕੈਸ਼ਲੈਸ ਮੈਡੀਕਲ ਸੁਵਿਧਾ ਦਿੱਤੀ ਜਾਵੇ, ਘਰ ਤੋਂ ਦੂਰ ਤੈਨਾਤ ਏਲਮ ਜਾਂ ਲਮ ਸਾਥੀਆਂ ਨੂੰ ਨੇੜੇ ਸਟੇਸ਼ਨਾਂ 'ਤੇ ਬਦਲੀ ਕਰਨ ਦੀ ਪਾਲਿਸੀ ਬਣਾਈ ਜਾਵੇ।ਇਸ ਮੌਕੇ ਜਥੇਬੰਦੀ ਦੀ ਕਾਰਜਸ਼ੈਲੀ ਤੋਂ ਪ੍ਰਭਾਵਿਤ ਹੋ ਕੇ ਵੱਖ ਵੱਖ ਜਥੇਬੰਦੀਆਂ ਨੂੰ ਛੱਡ ਕੇ ਐੱਮ.ਯੂ.ਓ. ਪਰਵਾਰ ਵਿੱਚ ਸ਼ਾਮਲ ਹੋਏ ਸਾਥੀਆਂ ਦਾ ਨਿੱਘਾ ਸੁਆਗਤ ਕੀਤਾ ਗਿਆ।ਇਸ ਮੌਕੇ ਸਰਬਸੰਮਤੀ ਨਾਲ ਚਰਨਜੀਤ ਮੈਣੀ ਨੂੰ ਸਬ ਡਵੀਜ਼ਨ ਮਮਦੋਟ ਦਾ ਪ੍ਰਧਾਨ ਚੁਣਿਆ ਗਿਆ।ਇਸ ਮੌਕੇ ਸੂਬਾ ਕਾਰਜਕਾਰੀ ਮੈਂਬਰ ਗੁਰਦੇਵ ਸਿੰਘ ਮਮਦੋਟ, ਕਰਮਜੀਤ ਸਿੰਘ ਕਰਮਾ, ਡਵੀਜ਼ਨ ਆਗੂ ਹਿਮਾਂਸ਼ੂ ਦੱਤਾ, ਬਗੀਚਾ ਸਿੰਘ, ਰੂਪ ਸਿੰਘ, ਗੁਰਵੀਰ ਸਿੰਘ ਸੰਧੂ ਪ੍ਰਧਾਨ, ਕਮਲਜੀਤ ਕੁਮਾਰ ਸੋਈ, ਰਵਿੰਦਰ ਕੁਮਾਰ ਲਾਡੀ, ਬਲਜੀਤ ਸਿੰਘ, ਵਿਨੋਦ ਚੌਧਰੀ, ਖੁਸ਼ਪ੍ਰੀਤ ਸਿੰਘ, ਕਰਨ ਕੁਮਾਰ, ਕੇਸ਼ਵ ਕੁਮਾਰ, ਤਰਸੇਮ ਸਿੰਘ, ਬਲਵਿੰਦਰ ਸਿੰਘ, ਰਾਕੇਸ਼ ਕੁਮਾਰ, ਗੁਰਸੇਵਕ ਸਿੰਘ, ਕਰਨੈਲ ਸਿੰਘ, ਪ੍ਰਗਟ ਸਿੰਘ, ਅਮਨਦੀਪ, ਮੁਖਤਿਆਰ ਸਿੰਘ, ਸਾਹਿਬ ਸਿੰਘ, ਅਮਰਜੀਤ ਸਿੰਘ, ਵਰਿੰਦਰ ਸ਼ਰਮਾ, ਜਸਬੀਰ ਸਿੰਘ, ਰਾਜਿੰਦਰ ਕੁਮਾਰ, ਅਮਰਜੋਤ ਸਿੰਘ, ਨਵਜੋਤ ਸਿੰਘ, ਸਿਕੰਦਰ ਸਿੰਘ, ਸੁਖਦੀਪ ਸਿੰਘ, ਕੁਲਮੀਤ ਸਿੰਘ ਆਦਿ ਸਾਥੀ ਹਾਜ਼ਰ ਸਨ।

# ਹੁਸੈਨੀਵਾਲਾ ਤੋਂ ਚੱਲੇ ਜੱਥੇ ਦਾ ਜਗਰਾਉਂ 'ਚ ਭਰਵਾਂ ਸਵਾਗਤ ਕੀਤਾ ਜਾਵੇਗਾ : ਪਾਰਟੀ ਆਗੂ



**ਜਗਰਾਉਂ (ਪੱਤਰ ਪ੍ਰੇਰਕ)**-ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਜਗਰਾਉਂ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੇ ਜਗਰਾਉਂ, ਰਾਏਕੋਟ ਤੇ ਸਿੱਧਵਾਂ ਬਲਾਕਾਂ ਦੀ ਸਾਂਝੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਹੁਸੈਨੀਵਾਲਾ ਤੋਂ ਚੱਲੇ ਪਾਰਟੀ ਜੱਥੇ ਦਾ, ਜੋ 26 ਅਗਸਤ ਨੂੰ ਜ਼ਿਲ੍ਹਾ ਲੁਧਿਆਣਾ ਵਿੱਚ ਦਾਖਲ ਹੋਵੇਗਾ, ਦਾ ਭਰਵਾਂ ਸਵਾਗਤ ਨਵੇਂ ਚੂਹੜ ਚੱਕ ਵਿਖੇ ਕੀਤਾ ਜਾਵੇਗਾ। ਇਥੋਂ ਜੱਥੇ ਨੂੰ ਵੱਡੀ ਗਿਣਤੀ ਵਿੱਚ ਸਕੂਟਰਾਂ, ਮੋਟਰਸਾਈਕਲਾਂ ਤੇ ਕਾਰਾਂ 'ਤੇ ਸਵਾਰ ਸਾਥੀ ਅਗਵਾਈ ਕਰਦੇ ਹੋਏ ਜਗਰਾਉਂ ਬੱਸ ਅੱਡੇ 'ਤੇ ਪਹੁੰਚਣਗੇ, ਜਿੱਥੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ। ਪਾਰਟੀ ਆਗੂਆਂ ਨੇ ਕਿਹਾ ਕਿ 21-25 ਸਤੰਬਰ ਤੱਕ ਪਾਰਟੀ ਦੇ ਚੰਡੀਗੜ੍ਹ ਵਿਖੇ ਹੋਣ ਵਾਲੇ 25ਵੇਂ ਮਹਾਂ ਸੰਮੇਲਨ ਦੇ ਸਬੰਧ ਵਿੱਚ ਜਗਰਾਉਂ ਬਲਾਕ ਵਿੱਚ ਤਿਆਰੀਆਂ ਜ਼ੋਰਾਂ ਸ਼ੋਰਾਂ 'ਤੇ ਚੱਲ ਰਹੀਆਂ ਹਨ। ਇੱਥੇ ਬੱਸ ਅੱਡੇ 'ਤੇ ਰੈਲੀ ਕਰਨ ਤੋਂ ਬਾਅਦ ਜੱਥੇ ਨੂੰ ਲੁਧਿਆਣਾ ਲਈ ਰਵਾਨਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪਾਰਟੀ ਦੇ 100 ਸਾਲਾ ਪ੍ਰੋਗਰਾਮਾਂ ਤਹਿਤ ਮੁੱਲਾਂਪੁਰ ਵਿਖੇ 7 ਸਤੰਬਰ ਨੂੰ ਖੇਤੀਬਾੜੀ ਨਾਲ ਸੰਬੰਧਤ ਕੀਤੇ ਜਾ ਰਹੇ ਸੈਮੀਨਾਰ ਵਿੱਚ ਜਗਰਾਉਂ ਤੋਂ ਵੱਡੀ ਗਿਣਤੀ 'ਚ ਸਾਥੀ ਹਿਸਾ ਲੈਣਗੇ।

ਸਾਥੀਆਂ ਨੇ ਇਹ ਵੀ ਦੱਸਿਆ ਕਿ 21 ਸਤੰਬਰ ਨੂੰ ਪਾਰਟੀ ਮਹਾਂ ਸੰਮੇਲਨ ਦੇ ਪਹਿਲੇ ਦਿਨ ਮੋਹਾਲੀ ਵਿਖੇ ਹੋਣ ਵਾਲੀ ਜਨਤਕ ਰੈਲੀ ਵਿੱਚ ਜਗਰਾਉਂ ਤੋਂ ਵੱਡੀ ਗਿਣਤੀ 'ਚ ਸਾਥੀ ਹਿੱਸਾ ਲੈਣਗੇ। ਇਸ ਦੇ ਨਾਲ ਹੀ ਜਗਰਾਉਂ ਬਲਾਕ ਤੋਂ ਦੋ ਨੌਜਵਾਨ ਸਾਥੀ ਪਾਰਟੀ ਦੇ ਮਹਾਂ ਸੰਮੇਲਨ ਲਈ ਵਲੰਟੀਅਰ ਦੇ ਤੌਰ 'ਤੇ ਕੰਮ ਕਰਨਗੇ। ਅੱਜ ਦੀ ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਹੁਕਮ ਰਾਜ ਨੇ ਕੀਤੀ। ਮੀਟਿੰਗ ਨੂੰ ਚਮਕੌਰ ਸਿੰਘ ਸਹਾਇਕ ਸਕੱਤਰ, ਐੱਮ. ਐੱਸ. ਭਾਟੀਆ ਵਿੱਤ ਸਕੱਤਰ, ਡਾ. ਰਜਿੰਦਰ ਪਾਲ ਸਿੰਘ ਔਲਖ ਕਾਰਜਕਾਰਨੀ ਮੈਂਬਰ ਜ਼ਿਲ੍ਹਾ ਲੁਧਿਆਣਾ, ਕਾਮਰੇਡ ਅਵਤਾਰ ਸਿੰਘ ਗਗੜਾ, ਚਮਕੌਰ ਸਿੰਘ ਦੌਧਰ, ਸਵਰਨ ਸਿੰਘ ਹਠੂਰ, ਸਿੱਧਵਾਂ ਦੇ ਬਲਾਕ ਸਕੱਤਰ ਗੁਰਨਾਮ ਬਹਾਦਰ ਕੇ, ਮੁੱਲਾਂਪੁਰ ਤੋਂ ਸਾਥੀ ਬਲਬੀਰ ਸਿੰਘ ਮਾਨ ਤੇ ਰਾਏਕੋਟ ਤੋਂ ਸਾਥੀ ਕਰਤਾਰ ਰਾਮ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਇਨ੍ਹਾਂ ਤੋਂ ਇਲਾਵਾ ਜਗਦੀਸ਼ ਸਿੰਘ, ਬਲਜੀਤ ਸਿੰਘ, ਦਲਜੀਤ ਸਿੰਘ, ਜਸਪਾਲ ਸਿੰਘ ਸਿੱਧਵਾਂ, ਪਾਲ ਸਿੰਘ ਤੇ ਪਵਨ ਕੁਮਾਰ ਹਾਜ਼ਰ ਸਨ।

# ਈ ਟੀ ਟੀ ਟੀਚਰਜ਼ ਯੂਨੀਅਨ ਦੀ ਮੀਟਿੰਗ 'ਚ ਮੰਗਾਂ ਸੰਬੰਧੀ ਵਿਚਾਰ-ਵਟਾਂਦਰਾ



**ਜਲਾਲਾਬਾਦ (ਜੀਤ ਕੁਮਾਰ)**-ਈ.ਟੀ.ਟੀ ਟੀਚਰਜ਼ ਯੂਨੀਅਨ ਤਹਿਸੀਲ ਜਲਾਲਾਬਾਦ ਦੇ ਸਮੂਹ ਕਰਮਚਾਰੀਆਂ ਦੀ ਮੀਟਿੰਗ ਮਾਰਕੀਟ ਕਮੇਟੀ ਜਲਾਲਾਬਾਦ ਵਿੱਚ ਹੋਈ, ਜਿਸ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ ਅਤੇ 1 ਅਗਸਤ ਨੂੰ ਲਾਏ ਧਰਨੇ ਦੇ ਸੰਬੰਧ ਵਿੱਚ ਪੜਚੋਲ ਕਰਕੇ ਹੋਰ ਵਧੀਆ ਕਰਨ ਲਈ ਗੱਲਬਾਤ ਕੀਤੀ ਗਈ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਅਧੀਨ ਕੰਮ ਕਰ ਚੁੱਕੇ ਅਧਿਆਪਕਾਂ ਦੇ ਸੀ.ਪੀ.ਐੱਫ. ਦੇ ਬਕਾਏ ਤੇ ਡੀ.ਏ. ਦੇ ਬਕਾਏ ਆਦਿ ਦੇ ਮੁੱਦੇ 'ਤੇ ਵਿਚਾਰ ਚਰਚਾ ਕੀਤੀ ਗਈ। ਪੇ-ਅਨਾਮਲੀ ਸਬੰਧੀ ਵੀ ਗੱਲਬਾਤ ਕੀਤੀ ਗਈ ਕਿ ਪੇ-ਅਨਾਮਲੀ ਸਬੰਧੀ ਪੰਜਾਬ ਸਰਕਾਰ ਨੇ ਕਮੇਟੀ ਗਠਤ ਕੀਤੀ ਹੋਈ ਹੈ, ਜਿਸਦੀ ਅਜੇ ਤੱਕ ਇੱਕ ਵੀ ਮੀਟਿੰਗ ਨਹੀਂ ਹੋਈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੇ-ਅਨਾਮਲੀ ਲਗਾਉਣ ਸਬੰਧੀ ਸਪੱਸ਼ਟ ਹਦਾਇਤਾਂ ਵਿਭਾਗ ਨੂੰ ਦਿੱਤੀਆਂ ਜਾਣ ਤਾਂ ਜੋ ਸੀਨੀਅਰ ਕਰਮਚਾਰੀਆਂ ਦਾ ਬਣਦਾ ਹੱਕ ਮਿਲ ਸਕੇ। ਇਸ ਤੋਂ ਇਲਾਵਾ ਸਨਿਓਰਟੀ ਲਿਸਟ ਵਿੱਚ 2016 ਵਿੱਚ ਭਰਤੀ ਅਧਿਆਪਕਾਂ/ਮੁਲਾਜ਼ਮਾਂ ਦੇ ਨਾਮ ਨਾ ਹੋਣ ਅਧਿਆਪਕ ਮਾਸਟਰ ਕੇਡਰ ਦੀਆਂ ਪ੍ਰਮੋਸ਼ਨ ਫਾਈਲਾਂ ਭਰਨ ਤੋਂ ਅਸਮਰਥ ਹਨ। ਬਲਾਕ ਪ੍ਰਧਾਨ ਸੋਨੂ ਕਪੂਰ ਤੇ ਜਗਮੀਤ ਸਿੰਘ ਢਾਬਾਂ ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਭਰੋਸਾ ਦਿੱਤਾ ਕਿ ਜਲਦੀ ਲਿਸਟਾਂ ਠੀਕ ਹੋ ਜਾਣਗੀਆਂ। 5 ਸਤੰਬਰ 2025 ਨੂੰ ਅਧਿਆਪਕ ਦਿਵਸ 'ਤੇ ਭੁੱਖ ਹੜਤਾਲ ਕਰਨ ਸਬੰਧੀ ਗੱਲਬਾਤ ਕੀਤੀ ਗਈ। ਇਸ ਮੀਟਿੰਗ ਵਿੱਚ ਤਹਿਸੀਲ ਪ੍ਰਧਾਨ ਸਗਨ ਸਿੰਘ ਟਾਲੀਵਾਲਾ ਤੇ ਬਲਾਕ ਪ੍ਰਧਾਨ ਸੋਨੂ ਕਪੂਰ ਜਲਾਲਾਬਾਦ-1, ਅੰਗਰੇਜ਼ ਸਿੰਘ ਮਹਾਲਮ ਬਲਾਕ ਜਲਾਲਾਬਾਦ-2, ਜਗਮੀਤ ਸਿੰਘ ਢਾਬਾਂ ਪ੍ਰਧਾਨ ਗੁਰੂ ਹਰਸਹਾਏ-3 ਤੇ ਮਾਲਵਾ ਜ਼ੋਨ ਜਨਰਲ ਸਕੱਤਰ ਸੰਦੀਪ ਕਾਲੜਾ, ਪ੍ਰਦੀਪ ਸਿੰਘ ਜਲਾਲਾਬਾਦ, ਰਮੇਸ਼ ਕੁਮਾਰ ਲਮੋਚੜ ਤੇ ਹੋਰ ਬਹੁਤ ਸਾਰੇ ਸਾਥੀਆਂ ਨੇ ਆਪੋ ਆਪਣੇ ਵਿਚਾਰ ਦਿੱਤੇ।

ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਢਾਬਾਂ ਨੇ ਪੰਜਾਬ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਹਰ ਵਰਗ ਤੁਹਾਡੇ ਝੂਠਾਂ ਤੋਂ ਜਾਣੂ ਹੋ ਚੁੱਕੇ ਹਨ। ਮੁਲਾਜ਼ਮ ਵਰਗ ਤਾਂ ਬਹੁਤ ਅੱਕ ਚੁੱਕੇ ਹਨ। ਐੱਨ ਪੀ ਐੱਸ ਕਰਮਚਾਰੀ ਪੰਜਾਬ ਸਰਕਾਰ ਨਾਲ ਆਰ-ਪਾਰ ਦੀ ਲੜਾਈ ਲਈ ਤਿਆਰ ਹਨ, ਜਿਸ ਤਹਿਤ ਤਹਿਸੀਲ ਪੱਧਰ 'ਤੇ 5 ਸਤੰਬਰ 2025 ਨੂੰ ਭੁੱਖ ਹੜਤਾਲ ਜਲਾਲਾਬਾਦ ਵਿੱਚ ਐੱਸ ਡੀ ਐੱਮ. ਜਲਾਲਾਬਾਦ ਦੇ ਦਫਤਰ ਸਾਹਮਣੇ ਰੱਖੀ ਜਾਵੇਗੀ, ਜਿਸ ਵਿੱਚ ਮੁਲਾਜ਼ਮਾਂ ਨੂੰ ਵੱਧ ਤੋਂ ਵੱਧ ਪਹੁੰਚਣ ਦੀ ਅਪੀਲ ਕੀਤੀ ਗਈ ਅਤੇ ਹੁਣ ਤੋਂ ਹੀ ਦਫਤਰਾਂ, ਸਕੂਲਾਂ ਵਿੱਚ ਜਾ ਕੇ ਮੁਲਾਜ਼ਮਾਂ ਤੇ ਅਧਿਆਪਕਾਂ ਨੂੰ ਲਾਮਬੰਦ ਕੀਤਾ ਜਾਵੇਗਾ।

ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਮਾਲਵਾ ਜ਼ੋਨ ਅਮਰਜੀਤ ਸਿੰਘ ਬਿੱਟੂ, ਜ਼ਿਲ੍ਹਾ ਪ੍ਰਧਾਨ ਸੁਨੀਲ ਕੁਮਾਰ ਗਾਬਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਲਮੋਚੜ, ਜ਼ਿਲ੍ਹਾ ਸਰਪ੍ਰਸਤ ਸੁਰਜੀਤ ਸਿੰਘ, ਤਹਿਸੀਲ ਪ੍ਰਧਾਨ ਸ਼ਗਨ ਸਿੰਘ, ਜਨਰਲ ਸਕੱਤਰ ਸੁਰਜੀਤ ਸਿੰਘ ਪਾਲੀਵਾਲੇ, ਸੋਨੂੰ ਕਪੂਰ ਬਲਾਕ ਪ੍ਰਧਾਨ, ਅੰਗਰੇਜ਼ ਸਿੰਘ ਜਨਰਲ ਮਹਾਲਮ ਬਲਾਕ ਪ੍ਰਧਾਨ, ਜਗਮੀਤ ਸਿੰਘ ਢਾਬਾਂ ਬਲਾਕ ਪ੍ਰਧਾਨ, ਰਾਜ ਕੁਮਾਰ ਟਰਿਆ, ਕੈਸ਼ੀਅਰ ਜਨਕ ਰਾਜ, ਬਲਵਿੰਦਰ ਸਿੰਘ ਬੂਸ਼, ਗੁਰਮੀਤ ਸਿੰਘ ਸੋਨੂੰ, ਲਾਲ ਸਿੰਘ, ਭਗਵਾਨ ਦਾਸ, ਸ਼ਮਸ਼ੇਰ ਸਿੰਘ, ਦਵਿੰਦਰਪਾਲ ਸਿੰਘ, ਗੁਰਵਿੰਦਰ ਸਿੰਘ, ਕੁਲਵੰਤ ਸਿੰਘ, ਚੰਬਾ ਰਾਮ, ਪਰਮਜੀਤ ਸਿੰਘ, ਮਨੀਸ਼ ਕੁਮਾਰ, ਰਾਹੁਲ ਕੁਮਾਰ ਆਦਿ ਮੌਜੂਦ ਸਨ।

# ਅਗਰਵਾਲ ਵੈੱਲਫੇਅਰ ਬੋਰਡ ਦੀ ਮੈਂਬਰੀ ਦਾ ਤਾਜ ਰਾਮ ਗੁਪਤਾ ਦੇ ਸਿਰ ਸਜਿਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਅਤੀ ਨਜ਼ਦੀਕੀਆਂ ਵਿੱਚੋਂ ਇਕ ਮੰਨੇ ਜਾਂਦੇ ਪਵਨ ਗੁਪਤਾ ਤੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਸ੍ਰੀਮਤੀ ਸੋਨੀਆ ਗੁਪਤਾ ਦੇ ਸਪੁੱਤਰ ਰਾਮ ਗੁਪਤਾ ਨੂੰ ਦੇ ਸਿਰ ਅਗਰਵਾਲ ਵੈੱਲਫੇਅਰ ਬੋਰਡ ਪੰਜਾਬ ਸਰਕਾਰ ਦੀ ਮੈਂਬਰੀ ਦਾ ਤਾਜ ਉਨ੍ਹਾਂ ਦੇ ਸਿਰ ਸਜਣ ਦੇ ਬਾਅਦ ਮੋਗਾ ਜ਼ਿਲ੍ਹੇ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਪਵਨ ਗੁਪਤਾ ਤੇ ਸੋਨੀਆ ਗੁਪਤਾ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ।ਜ਼ਿਕਰਯੋਗ ਹੈ ਕਿ ਰਾਮ ਗੁਪਤਾ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵੀ ਕੰਮਾਂ ਵਿੱਚ ਅਹਿਮ ਯੋਗਦਾਨ ਪਾਉਣ ਕਰ ਕੇ ਉਨ੍ਹਾਂ ਦਾ ਹਲਕਾ ਬਾਘਾ ਪੁਰਾਣਾ ਅੰਦਰ ਹੀ ਨਹੀਂ, ਸਗੋਂ ਮੋਗਾ ਜ਼ਿਲ੍ਹੇ ਦੇ ਚਾਰੋ ਵਿਧਾਨ ਸਭਾ ਹਲਕਿਆਂ ਅੰਦਰ ਗੁਪਤਾ ਪਰਿਵਾਰ ਦਾ ਵੱਡਾ ਨਾਮ ਹੈ ਅਤੇ ਹੁਣ ਰਾਮ ਗੁਪਤਾ ਦੇ ਸਿਰ ਅਗਰਵਾਲ ਵੈੱਲਫੇਅਰ ਬੋਰਡ ਪੰਜਾਬ ਸਰਕਾਰ ਦੀ ਮੈਂਬਰ ਦਾ ਤਾਜ ਸੱਜਣ ਦੇ ਬਾਅਦ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ।ਮੋਗਾ ਜ਼ਿਲ੍ਹੇ ਅੰਦਰ ਇਹ ਚਰਚਾਵਾਂ ਚੱਲ ਰਹੀਆਂ ਹਨ ਕਿ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਰਾਮ ਗੁਪਤਾ ਦੀ ਨਿਯੁਕਤੀ ਨੂੰ ਵੀ ਅਹਿਮ ਮੰਨਿਆ ਜਾ ਰਿਹਾ ਹੈ ਅਤੇ ਰਾਮ ਗੁਪਤਾ ਦੀ ਨਿਯੁਕਤੀ ਨਾਲ ਪੰਜਾਬ ਸਰਕਾਰ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਵੱਡਾ ਫਾਇਦਾ ਮਿਲੇਗਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ, ਨਗਰ ਕੌਂਸਲ ਪ੍ਰਧਾਨ ਸ੍ਰੀਮਤੀ ਸੋਨੀਆ ਗੁਪਤਾ ਤੇ ਅਗਰਵਾਲ ਵੈੱਲਫੇਅਰ ਬੋਰਡ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕੀਤਾ। ਰਾਮ ਗੁਪਤਾ ਨੇ ਆਖਿਆ ਕਿ ਮੈਂ ਪੰਜਾਬ ਸਰਕਾਰ ਦਾ ਕੋਟੀ ਕੋਟ ਸ਼ੁਕਰਗੁਜ਼ਾਰ ਹੈ, ਜਿਨ੍ਹਾਂ ਵੱਲੋਂ ਮੈਨੂੰ ਇਸ ਅਹੁਦੇ ਦੇ ਯੋਗ ਸਮਝਦਿਆਂ ਵੱਡੀ ਜ਼ਿੰਮੇਵਾਰੀ ਦਿੱਤੀ ਤੇ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਮੈਂ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਵਾਂਗਾ।ਇਸ ਮੌਕੇ ਗੁਪਤਾ ਪਰਿਵਾਰ ਨੂੰ ਨਗਰ ਕੌਂਸਲ ਉਪ ਪ੍ਰਧਾਨ ਰਣਜੀਤ ਸਿੰਘ ਟੀਟੂ ਬਰਾੜ, ਕੌਂਸਲਰ ਸੋਨੀਆ, ਕੌਂਸਲਰ ਕਿਰਨਪ੍ਰੀਤ ਕੌਰ, ਆਪ ਆਗੂ ਜਗਸੀਰ ਸਿੰਘ ਸੀਰਾ, ਜਸਵੰਤ ਮਿੰਟੂ, ਸੇਵਕ ਸਿੰਘ ਬਰਾੜ, ਕੌਂਸਲਰ ਪ੍ਰਿਥੀ ਸਿੰਘ, ਬਲਾਕ ਪ੍ਰਧਾਨ ਗਗਨ ਚੱਢਾ, ਕੌਂਸਲਰ ਮਨਦੀਪ ਕੱਕੜ ਦੇ ਇਲਾਵਾ ਆਪ ਆਗੂਆਂ ਨੇ ਵਧਾਈ ਦਿੱਤੀ।

## ਅੱਜ ਦੀ ਮੀਟਿੰਗ 'ਚ ਕੋਈ ਹੱਲ ਨਾ ਹੋਇਆ ਤਾਂ ਕਰਾਂਗੇ ਘਿਰਾਓ : ਵੋਕੇਸ਼ਨਲ ਫਰੰਟ

ਮਾਨਸਾ (ਆਤਮਾ ਸਿੰਘ ਪਮਾਰ)-ਐੱਨ ਐੱਸ ਕਿਊ ਐੱਫ ਵੋਕੇਸ਼ਨਲ ਟੀਚਰਜ਼ ਫਰੰਟ ਪੰਜਾਬ ਨੂੰ 20 ਅਗਸਤ ਨੂੰ ਚੰਡੀਗੜ੍ਹ ਵਿਖੇ ਸਬ ਕਮੇਟੀ ਨਾਲ ਪੈਨਲ ਮੀਟਿੰਗ ਮਿਲੀ ਹੋਈ ਹੈ। ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਭੀਖੀ ਨੇ ਕਿਹਾ ਜੇਕਰ ਇਸ ਮੀਟਿੰਗ ਵਿੱਚ ਵੀ ਟਾਲ ਮਟੋਲ ਦਾ ਰਵੱਈਆ ਅਪਣਾਇਆ ਜਾਂਦਾ ਹੈ ਤਾਂ ਫਰੰਟ ਵੱਲੋਂ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਦੇ ਸੁਨਾਮ ਵਿਖੇ ਘਰ ਦਾ ਘਿਰਾਓ ਕੀਤਾ ਜਾਵੇਗਾ। ਵਿੱਤ ਸਕੱਤਰ ਨਰਪਿੰਦਰ ਦਾ ਕਹਿਣਾ ਹੈ ਕਿ ਸਰਕਾਰ ਵਾਰ ਵਾਰ ਮੀਟਿੰਗ ਕਰ ਰਹੀ ਹੈ, ਪਰ ਸਾਡੇ ਮਸਲੇ ਦਾ ਕੋਈ ਵੀ ਹੱਲ ਨਹੀਂ ਕੀਤਾ ਜਾ ਰਿਹਾ। ਜਥੇਬੰਦੀ ਵੋਕੇਸ਼ਨਲ ਟੀਚਰ ਆਊਟਸੋਰਸ ਸਕੀਮ ਅਧੀਨ ਵੱਖ-ਵੱਖ ਕੰਪਨੀਆਂ ਵੱਲੋਂ ਕੀਤੇ ਜਾ ਰਹੇ ਸ਼ੋਸ਼ਣ ਦਾ ਸ਼ਿਕਾਰ ਹੋ ਰਹੇ ਹਨ। ਜਨਰਲ ਸਕੱਤਰ ਰਾਜ ਸਿੰਘ ਨੇ ਕਿਹਾ ਕਿ ਇਸ ਸਰਕਾਰ ਨੇ ਆਊਟਸੋਰਸ ਕਾਮਿਆਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਸੀ, ਪਰ ਅੱਜ ਵੀ ਐੱਨ ਐੱਸ ਕਿਊ ਐੱਫ ਵੋਕੇਸ਼ਨਲ ਟੀਚਰ ਬਹੁਤ ਘੱਟ ਤਨਖਾਹਾਂ 'ਤੇ ਆਪਣੇ ਘਰਾਂ ਤੋਂ 100-100 ਕਿਲੋਮੀਟਰ ਦੂਰ ਪਿਛਲੇ 11 ਸਾਲਾਂ ਤੋਂ ਨੌਕਰੀ ਕਰ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿੱਚ ਕਈ ਬਿਆਨ ਵੀ ਦਿੱਤੇ ਗਏ ਕਿ ਕੰਪਨੀਆਂ ਵੱਲੋਂ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ ਅਤੇ ਅਸੀਂ ਇਹ ਸਭ ਬੰਦ ਕਰਕੇ ਇਨ੍ਹਾਂ ਨੂੰ ਪੱਕੇ ਕਰਾਂਗੇ। ਜਥੇਬੰਦੀ ਦੇ ਸੀਨੀਅਰ ਆਗੂਆਂ ਸਰਬਜੀਤ ਸਿੰਘ ਬਾਜੇਵਾਲਾ, ਵਰਿੰਦਰ ਸ਼ਰਮਾ, ਜਸਪਾਲ ਸਿੰਘ ਦਾ ਕਹਿਣਾ ਹੈ ਕਿ ਸਰਕਾਰ ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰੇ ਤੇ ਆਊਟਸੋਰਸ ਤੋਂ ਕੱਢ ਕੇ ਵਿਭਾਗ ਦੇ ਕੰਟਰੈਕਟ 'ਤੇ ਲੈ ਕੇ ਆਉਣ ਦੀ ਨੀਤੀ ਬਣਾਈ ਜਾਵੇ। ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਬਲਜਿੰਦਰ ਸਿੰਘ ਭੀਖੀ ਪ੍ਰੈੱਸ ਸਕੱਤਰ, ਪ੍ਰਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਬਲਜੀਤ ਕੌਰ, ਕੁਲਵਿੰਦਰ ਕੌਰ, ਅਮਨਦੀਪ ਸਿੰਘ, ਮਨਜੀਤ ਸਿੰਘ, ਸੁਖਦੀਪ ਸਿੰਘ ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਦੇ ਹਰੇ ਪੈੱਨ ਦੀ ਸਿਆਹੀ ਨੇ ਮਨਰੇਗਾ ਮਜ਼ਦੂਰਾਂ ਦੇ ਚੁੱਲ੍ਹੇ ਠੰਢੇ ਕੀਤੇ : ਚੌਹਾਨ/ਉੱਡਤ

**ਪੰਜਾਬ ਖੇਤ ਮਜ਼ਦੂਰ ਯੂਨੀਅਨ ਤੇ ਏਟਕ ਵੱਲੋਂ ਜ਼ਿਲ੍ਹਾ ਪੱਧਰੀ ਪ੍ਰਦਰਸ਼ਨ 3 ਨੂੰ**



ਮਾਨਸਾ (ਆਤਮਾ ਸਿੰਘ ਪਮਾਰ)-ਸਥਾਨਕ ਸੁਤੰਤਰ ਭਵਨ ਵਿਖੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਤੇ ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਦੀ ਜ਼ਿਲ੍ਹਾ ਇਕਾਈਆਂ ਦੀ ਇੱਕ ਅਹਿਮ ਮੀਟਿੰਗ ਕ੍ਰਮਵਾਰ ਸੀਤਾ ਰਾਮ ਗੋਬਿੰਦਪੁਰਾ ਤੇ ਸਾਧੂ ਸਿੰਘ ਰਾਮਾਨੰਦੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਸਾਜ਼ਿਸ਼ੀ ਢੰਗ ਨਾਲ ਮਨਰੇਗਾ ਸਕੀਮ ਨੂੰ ਬੰਦ ਕਰਨ ਦੇ ਵਿਰੋਧ ਵਿੱਚ 3 ਸਤੰਬਰ ਨੂੰ ਜ਼ਿਲ੍ਹਾ ਹੈੱਡਕੁਆਰਟਰ 'ਤੇ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਮਨਰੇਗਾ ਮਜ਼ਦੂਰ ਪਰਵਾਰਾਂ ਸਮੇਤ ਸ਼ਾਮਲ ਹੋਣਗੇ।ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਕ੍ਰਿਸ਼ਨ ਚੌਹਾਨ ਤੇ ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਮਾਨ ਸਰਕਾਰ ਨੇ ਤੁਗਲਕੀ ਫਰਮਾਨ ਜਾਰੀ ਕਰਦਿਆਂ ਮਨਰੇਗਾ ਸਕੀਮ ਦਾ ਭੋਗ ਪਾਉਣ ਦੀ ਆਪਣੀ ਮਨਸ਼ਾ ਜ਼ਾਹਰ ਕਰ ਦਿੱਤੀ ਹੈ ਤੇ ਮੁੱਖ ਮੰਤਰੀ ਦੇ ਹਰੇ ਪੈੱਨ ਨੇ ਮਜ਼ਦੂਰਾਂ ਦੇ ਚੁੱਲ੍ਹੇ ਠੰਡੇ ਕਰਕੇ ਰੱਖ ਦਿੱਤੇ ਹਨ।ਆਗੂਆਂ ਨੇ ਕਿਹਾ ਕਿ 2005 ਵਿੱਚ ਲਾਲ ਝੰਡੇ ਦੀ ਪਾਰਲੀਮੈਂਟ 'ਚ ਤਾਕਤ ਦੇ ਬਲਬੂਤੇ ਹੋਂਦ ਵਿੱਚ ਆਏ ਮਨਰੇਗਾ ਕਾਨੂੰਨ ਨੂੰ ਸਮੇਂ ਦੇ ਹਾਕਮ ਨੂੰ ਖਤਮ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਤੇ ਸੰਘਰਸ਼ ਦੇ ਬਲਬੂਤੇ ਮਜ਼ਦੂਰਾਂ ਦੇ ਇਤਿਹਾਸਕ ਕਾਨੂੰਨ ਦੀ ਰਾਖੀ ਲਈ ਸੰਘਰਸ਼ ਕੀਤਾ ਜਾਵੇਗਾ।ਆਗੂਆਂ ਨੇ 3 ਸਤੰਬਰ ਦੇ ਪ੍ਰਦਰਸ਼ਨ ਵਿੱਚ ਸਮੂਹ ਮਨਰੇਗਾ ਮਜ਼ਦੂਰਾਂ ਨੂੰ ਪਰਵਾਰਾਂ ਸਮੇਤ ਕਾਫਲੇ ਬਣ ਕੇ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੇਦ ਪ੍ਰਕਾਸ਼ ਬੁਢਲਾਡਾ, ਜਗਗੀਰ ਸਿੰਘ ਰਾਏਕੇ, ਸਾਥੀ ਕੇਵਲ ਸਮਾਓਂ, ਰੂਪ ਸਿੰਘ ਢਿੱਲੋਂ, ਕਰਨੈਲ ਸਿੰਘ ਭੀਖੀ, ਗਰੀਬੂ ਸਿੰਘ, ਦੇਸਰਾਜ ਕੋਟ ਧਰਮੂ, ਬਲਵਿੰਦਰ ਸਿੰਘ ਕੋਟਧਰਮੂ, ਪੂਰਨ ਸਿੰਘ ਸਰਦੂਲਗੜ੍ਹ, ਬੂਟਾ ਸਿੰਘ ਬਾਜੇਵਾਲਾ, ਹਰਕੇਸ਼ ਮੰਡੇਰ, ਕਪੂਰ ਸਿੰਘ ਲੱਲੂਆਣਾ, ਬੰਬੂ ਸਿੰਘ, ਗੁਰਪਿਆਰ ਸਿੰਘ ਫੱਤਾ ਤੇ ਸ਼ੰਕਰ ਸਿੰਘ ਜਟਾਣਾ ਆਦਿ ਹਾਜ਼ਰ ਸਨ।

## ਮੰਗਾਂ ਸੰਬੰਧੀ ਬੀ ਕੇ ਯੂ ਅਜ਼ਾਦ ਦੀ ਮੀਟਿੰਗ ਹੋਈ



ਅਜੀਤਵਾਲ (ਨਛੱਤਰ ਸੰਧੂ)
ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਪਿੰਡ ਬੱਧਨੀ ਕਲਾਂ ਵਿਖੇ ਠਾਠਾਂ ਖੂਹੀ ਸਾਹਿਬ ਵਿੱਚ ਮੀਟਿੰਗ ਕੀਤੀ ਗਈ, ਜਿਸ ਵਿੱਚ ਜ਼ਿਲ੍ਹੇ ਦੇ ਆਗੂ ਜਗਰਾਜ ਦੱਦਾਹੂਰ, ਸੁਖਜੀਤ ਦੌਧਰ, ਰਾਜੂ ਪੱਤੋ ਆਦਿ ਆਗੂਆਂ ਤੋਂ ਇਲਾਵਾ ਵੱਖ-ਵੱਖ ਬਲਾਕਾਂ ਦੇ ਪ੍ਰਧਾਨਾਂ ਤੇ ਸਰਗਰਮ ਆਗੂਆਂ ਨੇ ਹਿੱਸਾ ਲਿਆ। ਮੀਟਿੰਗ 'ਚ ਸੂਬਾਈ ਆਗੂ ਲਖਵੀਰ ਸਿੰਘ ਜੰਗ ਦੌਧਰ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੂੰ ਪੰਜਾਬ ਦੇ ਲੋਕਾਂ ਦੇ ਪੱਖ ਵਿੱਚ ਖੜਦਿਆਂ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਬਿਜਲੀ ਬਿੱਲ 2025 ਦੇ ਵਿਰੋਧ ਵਿੱਚ ਵਿਧਾਨ ਸਭਾ ਵਿੱਚ ਮਤਾ ਪਾਸ ਕਰਨਾ ਚਾਹੀਦਾ ਹੈ ਤਾਂ ਜੁ ਪੂਰਨ ਰੂਪ ਵਿੱਚ ਬਿਜਲੀ ਦਾ ਨਿੱਜੀਕਰਨ ਨਾ ਕੀਤਾ ਜਾ ਸਕੇ ਤੇ ਚਿੱਪ ਵਾਲੇ ਮੀਟਰ 'ਤੇ ਵੀ ਪਾਬੰਦੀ ਲਾਈ ਜਾਵੇ। ਕਿਸਾਨ-ਮਜ਼ਦੂਰ ਮੋਰਚੇ ਦੇ ਸੱਦੇ ਤਹਿਤ ਪੰਜਾਬ ਭਰ 'ਚ 20 ਅਗਸਤ ਨੂੰ ਜ਼ਿਲ੍ਹਾ ਜਲੰਧਰ ਦੇ ਪਿੰਡ ਕੁੱਕੜ ਵਿੱਚ 'ਖੇਤ ਬਚਾਓ, ਪਿੰਡ ਬਚਾਓ, ਪੰਜਾਬ ਬਚਾਓ' ਮੁਹਿੰਮ ਤਹਿਤ ਵੱਡੀ ਮਹਾਂਪੰਚਾਇਤ ਹੋਵੇਗੀ, ਜਿਸ ਵਿੱਚ ਪੰਜਾਬ ਭਰ ਵਿੱਚੋਂ ਲੱਖਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਨੌਜਵਾਨ ਤੇ ਔਰਤਾਂ ਸ਼ਾਮਲ ਹੋਣਗੀਆਂ। ਪੰਜਾਬ ਸਰਕਾਰ ਉਕਤ ਮੰਗਾਂ ਤੋਂ ਇਲਾਵਾ ਸ਼ੰਭੂ ਤੇ ਖਨੌਰੀ ਵਿੱਚ ਚੱਲ ਰਹੇ ਮੋਰਚਿਆਂ ਨੂੰ ਲੁੱਟਣ ਤੇ ਤਬਾਹ ਕਰਨ ਦੀ ਸਾਜ਼ਿਸ਼ ਦੀ ਜ਼ਿੰਮੇਵਾਰ ਹੈ। ਜਨਤਕ ਖੇਤਰ ਦੇ ਅਦਾਰਿਆਂ ਨੂੰ ਬਚਾਉਣ ਤੇ ਇਨ੍ਹਾਂ ਵਿੱਚ ਪੱਕੀ ਭਰਤੀ ਕਰਾਉਣ ਸਮੇਤ ਮੋਰਚਿਆਂ ਦੇ ਹੋਏ ਨੁਕਸਾਨ ਦੀ ਪੂਰਤੀ ਲਈ ਕਿਸਾਨਾਂ ਨੂੰ 20 ਅਗਸਤ ਨੂੰ ਜਲੰਧਰ ਵਿਖੇ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ।

## ਪੁਰਾਣੀ ਦਾਣਾ ਮੰਡੀ ਵਿਖੇ ਧੂਮਧਾਮ ਨਾਲ ਮਨਾਇਆ ਜਨਮ ਅਸ਼ਟਮੀ ਦਾ ਤਿਓਹਾਰ



ਦੋਰਾਹਾ (ਹਰਮਿੰਦਰ ਸੇਠ)-ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ੍ਰੀ ਸਨਾਤਨ ਧਰਮ ਮੰਦਰ ਤੇ ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਨੇ ਸਾਂਝੇ ਤੌਰ 'ਤੇ ਸਮੂਹ ਦੋਰਾਹਾ ਸ਼ਹਿਰ ਨਿਵਾਸੀਆਂ, ਧਾਰਮਿਕ ਸੰਸਥਾਵਾਂ ਦੇ ਪੂਰੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਮਨਾਇਆ ਗਿਆ। ਸ੍ਰੀ ਜਨਮ ਅਸ਼ਟਮੀ ਦੇ ਤਿਉਹਾਰ ਮੌਕੇ ਸ਼ਹਿਰ ਦੇ ਵੱਖ-ਵੱਖ ਮੰਦਰਾਂ ਸਨਾਤਨ ਧਰਮ ਮੰਦਰ, ਸ਼ਿਵ ਦਿਆਲਾ ਮੰਦਰ, ਪ੍ਰਾਚੀਨ ਸ਼ਿਵ ਮੰਦਰ, ਆਦਿ ਨੂੰ ਪ੍ਰਬੰਧਕਾਂ ਵੱਲੋਂ ਬਹੁਤ ਮਨਮੋਹਕ ਤਰੀਕੇ ਨਾਲ ਸਜਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਸ਼ਰਧਾਲੂਆਂ ਨੇ ਮੰਦਰ 'ਚ ਪੁੱਜ ਕੇ ਆਪਣੀ ਸੁੱਖ ਸ਼ਾਂਤੀ ਲਈ ਕਾਮਨਾ ਕੀਤੀ।ਪੰਜਾਬ ਦੇ ਮਸ਼ਹੂਰ ਆਰਟਿਸਟਾਂ ਵੱਲੋਂ ਸ੍ਰੀ ਰਾਧਾ ਕ੍ਰਿਸ਼ਨ ਦੇ ਜੀਵਨ ਸਬੰਧੀ ਸੁੰਦਰ ਤੇ ਮਨਮੋਹਕ ਝਾਕੀਆਂ ਪੇਸ਼ ਕੀਤੀਆਂ ਗਈਆਂ। ਇਸ ਸਮਾਗਮ ਵਿੱਚ ਵੱਖ ਵੱਖ ਸਕੂਲਾਂ, ਡਾਂਸ ਅਕੈਡਮੀਆਂ ਦੇ ਬੱਚਿਆਂ ਤੇ ਕ੍ਰਿਸ਼ਨ ਭਗਤਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਗੁਣਗਾਣ ਕੀਤਾ। ਸਮਾਗਮ ਵਿੱਚ ਹਲਕਾ ਵਿਧਾਇਕ ਇੰਜੀ. ਮਨਵਿੰਦਰ ਸਿੰਘ ਗਿਆਸਪੁਰਾ, ਨਗਰ ਕੌਂਸਲ ਪ੍ਰਧਾਨ ਸੁਦਰਸ਼ਨ ਕੁਮਾਰ ਪੱਪੂ, ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਭਾਜਪਾ ਪੰਜਾਬ ਉੱਪ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ, ਚੇਅਰਮੈਨ ਬੰਤ ਸਿੰਘ ਦੋਬੁਰਜੀ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਇਸ ਮੌਕੇ ਸਨਾਤਨ ਮੰਦਰ ਦੇ ਪ੍ਰਧਾਨ ਡਾ. ਜੇ ਐੱਲ ਆਨੰਦ, ਅਵਤਾਰ ਕ੍ਰਿਸ਼ਨ ਟੰਡਨ, ਰਵੀ ਪ੍ਰਭਾਤ ਮਹਿਤਾ, ਵਿਜੈ ਮਕੋਲ, ਸ਼ਿਵ ਮੰਦਰ ਪੁਰਾਣਾ ਬਾਜ਼ਾਰ ਦੇ ਪ੍ਰਧਾਨ ਅਨੀਸ਼ ਅਬਲਿਸ਼, ਰਮਨ ਮਹਿਤਾ, ਸ਼ੇਖਰ ਜਿੰਦਲ, ਪ੍ਰਧਾਨ ਬੌਬੀ ਤਿਵਾੜੀ, ਯੂਥ ਆਗੂ ਰਿੱਕੀ ਬੈਕਟਰ, ਵਿਨੀਤ ਆਸ਼ਟ ਮਨਦੀਪ ਮਾਂਗਟ, ਕਾਕਾ ਮਠਾੜੂ, ਅਨੀਸ਼ ਬੈਕਟਰ, ਅਨੂਪ ਬੇਕਟਰ, ਕ੍ਰਿਸ਼ਨ ਵਿਨਾਇਕ, ਸੰਜੀਵ ਭਨੋਟ, ਸੰਜੀਵ ਬਾਂਸਲ, ਮਨੋਜ ਬਾਂਸਲ, ਪ੍ਰਿੰਸੀਪਲ ਜਤਿੰਦਰ ਸ਼ਰਮਾ ਆਦਿ ਤੋਂ ਇਲਾਵਾ ਕ੍ਰਿਸ਼ਨ ਭਗਤ ਹਾਜ਼ਰ ਸਨ।

## ਜਗਦੀਪ ਚੀਮਾ ਨੂੰ ਜਨਰਲ ਸਕੱਤਰ ਲਾਉਣ 'ਤੇ ਸਨਮਾਨ

ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਨੂੰ ਚੁਸਤ-ਦਰੁਸਤ ਕਰਨ ਤੇ ਪਾਰਟੀ ਦੇ ਟਕਸਾਲੀ ਅਕਾਲੀਆਂ ਨੂੰ ਨਵੇਂ ਪੱਧਰ 'ਤੇ ਦਿੱਤੀਆਂ ਜਾ ਰਹੀਆਂ ਅਹੁਦੇਦਾਰੀਆਂ ਦੌਰਾਨ ਹਲਕਾ ਫ਼ਤਿਹਗੜ੍ਹ ਸਾਹਿਬ ਦੇ ਇੰਚਾਰਜ ਜਗਦੀਪ ਸਿੰਘ ਚੀਮਾ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਜਨਰਲ ਸਕੱਤਰ ਬਣਾਏ ਜਾਣ 'ਤੇ ਭਾਰਤ ਭੂਸ਼ਣ ਟੋਨੀ ਪ੍ਰਧਾਨ ਸਟੀਲ ਸਿਟੀ ਫਰਨਿਸ਼ ਐਸਿਸੀਏਸ਼ਨ ਚੇਅਰਮੈਨ ਸਟੀਲ ਚੈਂਬਰ ਐਸੋਸੀਏਸ਼ਨ ਮੰਡੀ ਗੋਬਿੰਦਗੜ੍ਹ, ਹਰਮੀਤ ਸਿੰਘ ਖਾਲਸਾ ਐਗਜੈਕਟਿਵ ਮੈਂਬਰ ਸਟੀਲ ਚੈਂਬਰ ਮੰਡੀ ਗੋਬਿੰਦਗੜ੍ਹ ਤੇ ਭਗਵਾਨ ਦਾਸ ਸ਼ਰਮਾ ਪ੍ਰਧਾਨ ਸਕਰੈਪ ਐਸੋਸੀਏਸ਼ਨ ਮੰਡੀ ਗੋਬਿੰਦਗੜ੍ਹ ਵੱਲੋਂ ਮੂੰਹ ਮਿੱਠਾ ਕਰਾ ਕੇ ਵਿਸ਼ੇਸ ਸਨਮਾਨ ਕੀਤਾ ਗਿਆ।ਮੰਡੀ ਗੋਬਿੰਦਗੜ੍ਹ ਦੇ ਇਨ੍ਹਾਂ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਫ਼ਤਿਹਗੜ੍ਹ ਸਾਹਿਬ ਤੋਂ ਇੰਚਾਰਜ ਜਗਦੀਪ ਸਿੰਘ ਚੀਮਾ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦਾ ਜਨਰਲ ਸਕੱਤਰ ਲਾਏ ਜਾਣ ਨਾਲ ਪਾਰਟੀ ਵਰਕਰਾਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

## ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਏਟਕ ਦਾ ਵਫਦ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੂੰ ਮਿਲਿਆ



ਮੋਗਾ (ਇਕਬਾਲ ਸਿੰਘ ਖਹਿਰਾ)-ਹੱਕੀ ਮੰਗਾਂ ਨੂੰ ਲੈ ਕੇ ਆਲ ਇੰਡੀਆ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਏਟਕ ਦਾ ਇੱਕ ਵਫਦ ਜ਼ਿਲ੍ਹਾ ਪ੍ਰੋਗਰਾਮ ਅਫਸਰ ਮੋਗਾ ਨੂੰ ਮਿਲਿਆ। ਜਥੇਬੰਦੀ ਆਗੂਆਂ ਨੇ ਆਪਣੀਆਂ ਮੁਸ਼ਕਲਾਂ ਤੇ ਮੰਗਾਂ ਬਾਰੇ ਗੱਲਬਾਤ ਕੀਤੀ ਤੇ ਕਿਹਾ ਕਿ ਆਂਗਨਵਾੜੀ ਵਰਕਰਾਂ/ਹੈਲਪਰਾਂ ਨੂੰ ਸੈਂਟਰ ਤੋਂ ਮਿਲਣ ਵਾਲਾ ਮਾਣ ਭੱਤਾ ਪੰਜ ਮਹੀਨਿਆਂ ਤੋਂ ਅਜੇ ਤੱਕ ਨਹੀਂ ਮਿਲਿਆ।ਆਂਗਨਵਾੜੀ ਵਰਕਰਾਂ ਹੈਲਪਰਾਂ ਨੂੰ ਬਣਦਾ ਮਾਣ ਭੱਤਾ ਜਲਦੀ ਦਿੱਤਾ ਜਾਵੇ ਤੇ 10 ਸਾਲ ਤੋਂ ਕੰਮ ਕਰਦੇ ਆਂਗਨਵਾੜੀ ਹੈਲਪਰ ਨੂੰ ਵਰਕਰ ਪ੍ਰਮੋਟ ਕੀਤਾ ਜਾਵੇ।ਸਰਕਾਰ ਨੇ ਮਾਣ ਭੱਤੇ 'ਤੇ ਕੋਈ ਸਪਸ਼ਟੀਕਰਨ ਨਹੀਂ ਦਿੱਤਾ ਕਿ ਸੈਂਟਰ ਸਰਕਾਰ ਨੂੰ ਮਾਣ ਭੱਤੇ ਸਬੰਧੀ ਡਿਮਾਂਡ ਭੇਜੀ ਹੋਈ ਹੈ, ਜਦ ਕਿ ਆਂਗਨਵਾੜੀ ਵਰਕਰਾਂ ਤੋਂ 24 ਘੰਟੇ ਪੋਸ਼ਣ ਟਰੈਕਰ 'ਤੇ ਕੰਮ ਲਿਆ ਜਾਂਦਾ ਹੈ।ਉਨ੍ਹਾਂ ਨੂੰ ਮਿਲਣ ਵਾਲਾ ਨਗੁਣਾ ਜਿਹਾ ਮਾਣ ਭੱਤਾ ਵੀ ਨਹੀਂ ਦਿੱਤਾ ਜਾ ਰਿਹਾ, ਜਦ ਦੀ ਆਮ ਆਦਮੀ ਪਾਰਟੀ ਸਰਕਾਰ ਹੋਂਦ ਵਿੱਚ ਆਈ ਹੈ, ਕਿਸੇ ਟਾਈਮ ਵੀ ਉਨ੍ਹਾਂ ਨੂੰ ਸੈਂਟਰ ਤੇ ਪੰਜਾਬ ਸਰਕਾਰ ਦਾ ਮਾਣ ਭੱਤਾ ਇਕੱਠਾ ਨਹੀਂ ਮਿਲਿਆ, ਬਹੁਤ ਸਾਰੇ ਵਰਕਰਾਂ/ਹੈਲਪਰਾਂ ਦਾ ਗੁਜ਼ਾਰਾ ਇਸ ਮਾਣ ਭੱਤੇ 'ਤੇ ਚੱਲਦਾ ਹੈ।ਉਨ੍ਹਾਂ ਨੂੰ ਪਰਵਾਰ ਪਾਲਣਾ ਬਹੁਤ ਮੁਸ਼ਕਲ ਹੋ ਚੁੱਕਾ ਹੈ ਤੇ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ, ਦੂਸਰੇ ਪਾਸੇ ਦਫਤਰ ਵੱਲੋਂ ਹਮੇਸ਼ਾ ਇਹ ਦਬਾਅ ਬਣਾਇਆ ਜਾਂਦਾ ਹੈ ਕਿ ਪੋਸ਼ਨ ਟਰੈਕਟਰ 'ਤੇ ਕੰਮ ਜਲਦੀ ਤੋਂ ਜਲਦੀ ਕੀਤਾ ਜਾਵੇ, ਜਦਕਿ ਐਪ ਵਿੱਚ ਅਨੇਕਾਂ ਮੁਸ਼ਕਲਾਂ ਆ ਰਹੀਆਂ। ਜਥੇਬੰਦੀ ਸਰਕਾਰ ਤੋਂ ਮੰਗ ਕਰਦੀ ਹੈ ਕਿ ਆਂਗਨਵਾੜੀ ਵਰਕਰਾਂ ਨੂੰ ਸਰਕਾਰੀ ਨੰਬਰ ਤੇ ਡਾਟੇ ਸਮੇਤ ਫੋਨ ਦਿੱਤੇ ਜਾਣ। ਲਾਭਪਾਤਰੀਆਂ ਕੋਲ ਫੋਨ ਨਾ ਹੋਣ ਕਰਕੇ ਈ ਕੇ ਵਾਈ ਸੀ ਤੇ ਐੱਫ ਆਰ ਐੱਸ ਨਹੀਂ ਹੋ ਰਿਹਾ, ਇਸ ਲਈ ਜੋ ਰਾਸ਼ਨ ਲਾਭਪਾਤਰੀ ਨੂੰ ਮਿਲਦਾ ਹੈ, ਉਨ੍ਹਾਂ ਨੂੰ ਇਸ ਮਿਲਣ ਲਾਭ ਤੋਂ ਵਾਂਝੇ ਕੀਤਾ ਜਾ ਰਿਹਾ ਹੈ।ਇਸ ਲਈ ਰਾਸ਼ਨ ਆਫਲਾਈਨ ਹੀ ਦਿੱਤਾ ਜਾਵੇ।ਜੇਕਰ ਮਾਣ ਭੱਤਾ ਜਲਦੀ ਨਾ ਦਿੱਤਾ ਗਿਆ ਤਾਂ ਜਥੇਬੰਦੀ ਮਜਬੂਰਨ ਸੰਘਰਸ਼ ਕਰੇਗੀ, ਜਿਸ ਦੀ ਜ਼ਿੰਮੇਦਾਰ ਪੰਜਾਬ ਸਰਕਾਰ ਹੋਵੇਗੀ।

ਇਸ ਸਮੇਂ ਮਿਲਣ ਵਾਲੇ ਆਗੂ ਗੁਰਚਰਨ ਕੌਰ ਮੋਗਾ, ਸੂਬਾ ਵਿੱਤ ਸਕੱਤਰ ਛਿੰਦਰ ਕੌਰ ਦੁੱਨੇ ਕੇ, ਜ਼ਿਲ੍ਹਾ ਪ੍ਰਧਾਨ ਸੰਦੀਪ ਕੌਰ, ਬਲਵਿੰਦਰ ਕੌਰ ਆਦਿ ਹਾਜ਼ਰ ਸਨ।

## ਭਾਈਵਾਲ ਨੇ ਸਾਥੀ ਦੀ ਮੌਤ ਮਗਰੋਂ ਦੁਕਾਨ ਦਾ ਸਾਮਾਨ ਵੇਚਿਆ ਤੇ ਤਿਜੌਰੀ ਚੋਰੀ ਕੀਤੀ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਵਿਚ ਇਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇਕ ਕਾਰੋਬਾਰੀ ਭਾਈਵਾਲ 'ਤੇ ਆਪਣੇ ਹੀ ਪਾਰਟਨਰ ਨਾਲ ਵਿਸ਼ਵਾਸਘਾਤ ਕਰਨ ਤੇ ਦੁਕਾਨ ਵਿੱਚੋਂ ਕੀਮਤੀ ਸਮਾਨ ਤੇ ਤਿਜੌਰੀ ਚੋਰੀ ਕਰਨ ਦਾ ਦੋਸ਼ ਲੱਗਾ ਹੈ। ਘਟਨਾ ਉਸ ਸਮੇਂ ਵਾਪਰੀ ਜਦੋਂ ਦੁਕਾਨ ਦੇ ਇਕ ਹਿੱਸੇਦਾਰ ਦੀਪਾਂਸ਼ ਬਜਾਜ ਦੇ ਪਿਤਾ ਤੇ ਨਾਨੇ ਦੀ ਮੌਤ ਹੋ ਗਈ, ਜਿਸ ਤੋਂ ਬਾਅਦ ਦੂਜਾ ਭਾਈਵਾਲ ਗੁਰਮੇਜ ਸਿੰਘ ਪੂਰੀ ਦੁਕਾਨ ਦੀ ਦੇਖ-ਰੇਖ ਕਰਨ ਲੱਗਾ। ਇਸ ਮਾਮਲੇ ਵਿਚ ਪੁਲਸ ਨੇ ਇਕ ਜਾਂਚ ਰਿਪੋਰਟ ਦੇ ਆਧਾਰ 'ਤੇ ਗੁਰਮੇਜ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਇਹ ਪੂਰਾ ਮਾਮਲਾ ਇਕ ਸਾਂਝੇ ਗਾਰਡਵੇਅਰ ਦੇ ਕਾਰੋਬਾਰ ਨਾਲ ਜੁੜਿਆ ਹੋਇਆ ਹੈ। ਜਾਣਕਾਰੀ ਅਨੁਸਾਰ ਦੀਪਾਂਸ਼ ਬਜਾਜ ਤੇ ਗੁਰਮੇਜ ਸਿੰਘ ਮੁਲਤਾਨੀ ਗੇਟ ਫਿਰੋਜ਼ਪੁਰ ਵਿਖੇ ਇਕ ਦੁਕਾਨ ਵਿਚ ਭਾਈਵਾਲ ਸਨ। ਉਨ੍ਹਾਂ ਦੋਵਾਂ ਨੇ ਬਰਾਬਰ ਦੀ ਹਿੱਸੇਦਾਰੀ ਨਾਲ ਕੰਮ ਸ਼ੁਰੂ ਕੀਤਾ ਸੀ। ਦੁਕਾਨ ਵਿਚ ਦੋਵਾਂ ਧਿਰਾਂ ਵੱਲੋਂ ਗਾਰਡਵੇਅਰ ਦਾ ਕੰਮ ਕੀਤਾ ਜਾਂਦਾ ਸੀ। ਹਾਲਾਂਕਿ, ਕਾਰੋਬਾਰ ਦੀ ਇਹ ਸਾਂਝ ਉਦੋਂ ਤੱਕ ਠੀਕ ਚੱਲਦੀ ਰਹੀ ਜਦੋਂ ਤੱਕ ਦੀਪਾਂਸ਼ ਬਜਾਜ ਦੇ ਪਿਤਾ ਕੇਵਲ ਕ੍ਰਿਸ਼ਨ ਅਤੇ ਨਾਨਾ ਮਨੋਹਰ ਲਾਲ ਇਸ ਕਾਰੋਬਾਰ ਨੂੰ ਸੰਭਾਲ ਰਹੇ ਸਨ। ਉਨ੍ਹਾਂ ਦੀ ਮੌਤ ਤੋਂ ਬਾਅਦ ਗੁਰਮੇਜ ਸਿੰਘ ਨੇ ਖੁਦ ਹੀ ਪੂਰੀ ਦੁਕਾਨ ਦਾ ਕੰਮ ਸੰਭਾਲ ਲਿਆ। ਪੜਤਾਲੀਆ ਰਿਪੋਰਟ ਨੰਬਰ 68 ਅਨੁਸਾਰ ਗੁਰਮੇਜ ਸਿੰਘ ਨੇ ਦੀਪਾਂਸ਼ ਬਜਾਜ ਨੂੰ ਬਿਨਾਂ ਦੱਸੇ ਹੀ ਦੁਕਾਨ ਵਿਚ ਪਿਆ ਹੋਇਆ ਸਾਰਾ ਸਮਾਨ ਵੇਚਣਾ ਸ਼ੁਰੂ ਕਰ ਦਿੱਤਾ। ਉਸ ਨੇ ਦੁਕਾਨ ਵਿੱਚੋਂ ਦੀਪਾਂਸ਼ ਦੇ ਨਾਨੇ ਮਨੋਹਰ ਲਾਲ ਦੀ ਪੁਰਾਣੀ ਲੋਹੇ ਦੀ ਤਿਜੌਰੀ ਵੀ ਚੋਰੀ ਕਰ ਲਈ। ਪੁਲਸ ਜਾਂਚ ਵਿਚ ਇਹ ਗੱਲ ਸਾਹਮਣੇ ਆਈ ਹੈ ਕਿ ਗੁਰਮੇਜ ਸਿੰਘ ਨੇ ਇਹ ਸਭ ਕਰਕੇ ਆਪਣੇ ਭਾਈਵਾਲ ਨਾਲ ਵਿਸ਼ਵਾਸਘਾਤ ਕੀਤਾ ਹੈ। ਮਾਮਲੇ ਦੀ ਜਾਂਚ ਕਰ ਰਹੇ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਚੈਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੀਪਾਂਸ਼ ਬਜਾਜ ਪੁੱਤਰ ਕੇਵਲ ਕ੍ਰਿਸ਼ਨ ਬਜਾਜ ਵਾਸੀ ਪ੍ਰੀਤ ਨਗਰ ਫਿਰੋਜ਼ਪੁਰ ਸ਼ਹਿਰ ਦੇ ਬਿਆਨਾਂ ਦੇ ਆਧਾਰ 'ਤੇ ਦੋਸ਼ੀ ਗੁਰਮੇਜ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਅਜੀਤ ਨਗਰ ਫਿਰੋਜ਼ਪੁਰ ਖ਼ਿਲਾਫ਼ ਧਾਰਾ 406 ਅਤੇ 380 ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

## ਭਾਗੀਕੇ ਦੀ ਬਾਹਰਲੀ ਬਸਤੀ ਦੀ ਹਾਲਤ ਖਸਤਾ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਨਿਹਾਲ ਸਿੰਘ ਵਾਲਾ-ਬਰਨਾਲਾ ਰੋਡ 'ਤੇ ਪੈਂਦੀ



ਪਿੰਡ ਭਾਗੀਕੇ ਦੀ ਬਾਹਰਲੀ ਬਸਤੀ ਦੀ ਹਾਲਤ ਬਹੁਤ ਹੀ ਖਸਤਾ ਬਣੀ ਹੋਈ ਹੈ। ਇਸ ਬਸਤੀ ਵਿੱਚ ਹਰ ਬਰਾਦਰੀ ਦੇ ਲੋਕ ਰਹਿੰਦੇ ਹਨ। ਇਸ ਸੜਕ ਉੱਪਰ ਵੱਡੇ ਵੱਡੇ ਟੋਏ ਲੋਕਾਂ ਦੀ ਜਾਨ ਦਾ ਖਤਰਾ ਬਣੇ ਹੋਏ ਹਨ, ਪਰ ਪ੍ਰਸ਼ਾਸਨ ਦਾ ਇਸ ਟੁੱਟੀ ਹੋਈ ਸੜਕ ਵੱਲ ਕਦੋਂ ਧਿਆਨ ਜਾਵੇਗਾ, ਇਹ ਤਾਂ ਆਉਣ ਵਾਲੇ ਸਮੇਂ ਤੋਂ ਪਤਾ ਚੱਲੇਗਾ। ਇਸ ਸਬੰਧੀ ਪਿੰਡ ਦੇ ਸਰਪੰਚ ਸੁਖਦੀਪ ਸਿੰਘ ਸਾਧ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੁੱਝ ਸਮਾਂ ਪਹਿਲਾਂ ਇੱਥੇ ਇੱਕ ਦੋ ਮੋਟਰਸਾਈਕਲ ਵੀ ਡਿੱਗ ਚੁੱਕੇ ਹਨ ਅਤੇ ਇਸ ਜਗ੍ਹਾ ਇੱਕ ਕਾਰ ਵੀ ਪਲਟ ਗਈ, ਜਿਸ ਨਾਲ ਕਾਰ ਦਾ ਕਾਫੀ ਨੁਕਸਾਨ ਹੋਇਆ, ਪ੍ਰੰਤੂ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਸਾਰੇ ਬਸਤੀ ਵਾਸੀਆਂ ਤੇ ਸਰਪੰਚ ਸੁਖਦੀਪ ਸਿੰਘ ਨੇ ਸਬੰਧਤ ਮਹਿਕਮੇ ਤੋਂ ਮੰਗ ਕੀਤੀ ਹੈ ਕਿ ਸੜਕ ਨੂੰ ਜਲਦੀ ਤੋਂ ਜਲਦੀ ਬਣਾਇਆ ਜਾਵੇ ਤਾਂ ਜੋ ਕਿਸੇ ਦਾ ਹੋਰ ਨੁਕਸਾਨ ਹੋਣ ਤੋਂ ਬਚਿਆ ਜਾ ਸਕੇ।

## ਲਾਭ ਸਿੰਘ ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ



ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਆਪ ਵੱਲੋਂ ਜੱਥੇਬੰਦਕ ਢਾਂਚੇ ਦੇ ਕੀਤੇ ਗਏ ਐਲਾਨ ਵਿੱਚ ਹਲਕਾ ਧੂਰੀ ਦੇ ਰਹਿਣ ਵਾਲੇ ਲਾਭ ਸਿੰਘ ਨੂੰ ਐੱਸ.ਸੀ. ਵਿੰਗ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ।ਲਾਭ ਸਿੰਘ ਦਾ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਤੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ।ਇਸ ਮੌਕੇ ਲਾਭ ਸਿੰਘ ਨੇ ਆਪਣੀ ਨਿਯੁਕਤੀ ਬਦਲੇ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਸ਼ੋਧੀਆ, ਪੰਜਾਬ ਪ੍ਰਧਾਨ ਅਮਨ ਅਰੋੜਾ, ਸੀਐੱਮ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ਿਲ੍ਹਾ ਪ੍ਰਧਾਨ ਸ਼ਾਮ ਸਿੰਗਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਤਨਦੇਹੀ ਤੇ ਮਿਹਨਤ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਲੈ ਕੇ ਜਾਣਗੇ।

## ਵਿਧਾਇਕਾ ਮਾਣੂੰਕੇ ਦੇ ਯਤਨਾਂ ਸਦਕਾ ਅਪਾਹਜਾਂ ਨੂੰ ਮਿਲੇ ਟਰਾਈਸਾਈਕਲ

**ਲੋੜਵੰਦਾਂ ਦੀ ਸਹਾਇਤਾ ਲਈ ਹਮੇਸ਼ਾ ਉਪਰਾਲੇ ਕਰਦੀ ਰਹਾਂਗੀ : ਬੀਬੀ ਮਾਣੂੰਕੇ**



ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)-ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਯਤਨਾਂ ਸਦਕਾ ਹਲਕੇ ਦੇ ਲੋੜਵੰਦ ਅਪਾਹਜ ਵਿਅਕਤੀਆਂ ਨੂੰ ਟਰਾਈਸਾਈਕਲ ਵੰਡੇ ਗਏ। ਇਸ ਮੌਕੇ ਉਨ੍ਹਾ ਨਾਲ ਵਧੀਕ ਡਿਪਟੀ ਕਮਿਸ਼ਨਰ ਕੁਲਪ੍ਰੀਤ ਸਿੰਘ ਤੇ ਐੱਸ ਡੀ ਐੱਮ ਕਰਨਦੀਪ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਧਾਇਕਾ ਮਾਣੂੰਕੇ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਕਿ ਜਗਰਾਉਂ ਹਲਕੇ ਦੇ ਬਹੁਤ ਸਾਰੇ ਲੋੜਵੰਦ ਅਪਾਹਜ ਵਿਅਕਤੀਆਂ ਕੋਲ ਟਰਾਈਸਾਈਕਲ ਨਹੀਂ ਹਨ, ਜਿਸ ਕਾਰਨ ਉਨ੍ਹਾਂ ਨੂੰ ਆਪਣੇ ਰੋਜ਼ਮਰ੍ਹਾ ਦੇ ਕੰਮਕਾਜ ਕਰਨ ਤੇ ਇਧਰ-ਉਧਰ ਆਉਣ-ਜਾਣ ਵਿੱਚ ਭਾਰੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਲਈ ਸਾਡੀ ਟੀਮ ਵੱਲੋਂ ਲੋੜਵੰਦ ਅਪਾਹਜ ਵਿਅਕਤੀਆਂ ਤੱਕ ਪਹੁੰਚ ਕਰਕੇ ਉਨ੍ਹਾਂ ਦੀ ਲਿਸਟ ਤਿਆਰ ਕੀਤੀ ਗਈ ਤੇ ਸਿਹਤ ਵਿਭਾਗ ਵੱਲੋਂ ਜਾਰੀ ਅੰਗਹੀਣ ਸਰਟੀਫਿਕੇਟ ਮੰਗਵਾਏ ਗਏ, ਪ੍ਰੰਤੂ ਕੁੱਝ ਵਿਅਕਤੀਆਂ ਕੋਲ ਸਰਟੀਫਿਕੇਟ ਨਹੀਂ ਸਨ, ਉਨ੍ਹਾਂ ਵਿਅਕਤੀਆਂ ਦਾ ਮੈਡੀਕਲ ਚੈੱਕਅਪ ਕਰਵਾ ਕੇ ਅਪਾਹਜ ਸਰਟੀਫਿਕੇਟ ਬਣਵਾਏ ਗਏ।ਉਪਰੰਤ ਪੰਜਾਬ ਸਰਕਾਰ ਪਾਸੋਂ ਟਰਾਈਸਾਈਕਲ ਮੰਗਵਾਏ ਗਏ ਤੇ ਅੱਜ ਲੋੜਵੰਦ ਅਪਾਹਜ ਵਿਅਕਤੀਆਂ ਨੂੰ ਇਹ ਟਰਾਈਸਾਈਕਲ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕਾ ਮਾਣੂੰਕੇ ਵੱਲੋਂ ਅਪਾਹਜ ਵਿਅਕਤੀਆਂ ਦੀਆਂ ਨਿੱਜੀ ਸਮੱਸਿਆਵਾਂ ਵੀ ਸੁਣੀਆਂ ਗਈਆਂ ਤੇ ਮੌਕੇ 'ਤੇ ਹੀ ਹੱਲ ਵੀ ਕਰਵਾਇਆ ਗਿਆ।

ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਉਹ ਹਲਕੇ ਦੇ ਲੋੜਵੰਦ ਵਿਅਕਤੀਆਂ ਦੀ ਸਹਾਇਤਾ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀ.ਪੀ.ਈ.ਓ. ਸੁਰਿੰਦਰ ਕੁਮਾਰ, ਸੁਪਰਡੈਂਟ ਬਿਕਰਮ ਕੁਮਾਰ, ਕੁਲਵਿੰਦਰ ਸਿੰਘ ਕਾਲਾ, ਅਮਰਦੀਪ ਸਿੰਘ ਟੂਰੇ, ਮਾ. ਪਰਮਿੰਦਰ ਸਿੰਘ ਗਿੱਦੜਵਿੰਡੀ, ਸਰਪੰਚ ਗੀਤ ਕੌਰ ਅਗਵਾੜ ਲਧਾਈ, ਸਰਪੰਚ ਮਨਦੀਪ ਸਿੰਘ ਮੀਰਪੁਰ ਹਾਂਸ, ਮਾ. ਭੀਮ ਸੈਨ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ 'ਆਪ' ਵਲੰਟੀਅਰ ਹਾਜ਼ਰ ਸਨ

## 'ਆਪ' ਲੀਡਰਾਂ ਦੇ ਗੈਰ-ਸੰਵਿਧਾਨਕ ਭਾਸ਼ਣ ਉਨ੍ਹਾਂ ਦੇ ਮਨਸੂਬਿਆਂ ਨੂੰ ਉਜਾਗਰ ਕਰਦੇ : ਹਨੀ ਫੱਤਣਵਾਲਾ



ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)
ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ਼ ਮਨੀਸ਼ ਸਿਸੋਦੀਆ ਨੇ 15 ਅਗਸਤ ਸੁਤੰਤਰਤਾ ਦਿਵਸ ਦੇ ਸਬੰਧ 'ਚ ਦੇਸ਼ ਦੇ ਸ਼ਹੀਦਾਂ ਨੂੰ ਸ਼ਰਧਾਜ਼ਲੀਆਂ ਅਰਪਤ ਕਰਨ ਤੇ ਉਨ੍ਹਾਂ ਨੂੰ ਯਾਦ ਕਰਨ ਦੀ ਬਜਾਏ ਹਾਜ਼ਰੀਨ ਮਹਿਲਾਂ ਵਿੰਗ ਦੀ ਮੀਟਿੰਗ ਦੌਰਾਨ ਦਿੱਤਾ ਗਿਆ ਗੈਰ ਸੰਵਿਧਾਨਕ ਭਾਸ਼ਣ ਪੰਜਾਬ ਦੀ ਸ਼ਾਂਤੀ ਭੰਗ ਕਰ ਸਕਦਾ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਕੀਤਾ।

ਉਨ੍ਹਾਂ ਇਸ ਬਿਆਨ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਮੌਜੂਦਾ ਸਰਕਾਰ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਧਾਰੀ ਗਈ ਚੁੱਪੀ ਇਹ ਜ਼ਾਹਰ ਕਰਦੀ ਹੈ ਕਿ ਪੰਜਾਬ ਸਰਕਾਰ ਦਿੱਲੀ ਦੇ ਆਮ ਆਦਮੀ ਪਾਰਟੀ ਦੇ ਕੁਝ ਲੀਡਰਾਂ ਨੂੰ ਠੇਕੇ 'ਤੇ ਦਿੱਤੀ ਹੋਈ ਹੈ ਤੇ ਪੰਜਾਬ ਸਰਕਾਰ ਸਿੱਧੇ ਤੌਰ 'ਤੇ ਦਿੱਲੀ ਤੋਂ ਚੱਲ ਰਹੀ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਪੰਜਾਬ ਉਨ੍ਹਾਂ ਸ਼ਹੀਦਾਂ ਤੇ ਯੋਧਿਆਂ ਦੀ ਧਰਤੀ ਹੈ, ਜਿਨ੍ਹਾਂ ਨੇ ਆਪਣੀ ਅਣਖ ਤੇ ਮਾਤਰਭੂਮੀ ਦੀ ਖਾਤਰ ਆਪਣਾ ਖੂਨ ਡੋਲ ਕੇ ਅਜ਼ਾਦੀ ਲਈ ਹੈ ਤੇ ਕੋਈ ਵੀ ਬਾਹਰੋਂ ਆ ਕੇ ਪੰਜਾਬ ਦੀ ਏਕਤਾ ਨੂੰ ਭੰਗ ਕਰਕੇ ਰਾਜ ਨਹੀਂ ਕਰ ਸਕਦਾ।ਹਨੀ ਫੱਤਣਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਦਿੱਤੇ ਗਏ ਅਜਿਹੇ ਭਾਸ਼ਣ ਉਨ੍ਹਾਂ ਨੇ ਪੰਜਾਬੀਆਂ ਪ੍ਰਤਿ ਮਨਸੂਬਿਆਂ ਨੂੰ ਉਜਾਗਰ ਕਰਦੇ ਹਨ।

## ਝਾੜ ਸਾਹਿਬ ਕਾਲਜ ਵਿਖੇ ਸਿਰਜਣਾਤਮਕ ਮੁਕਾਬਲੇ ਕਰਵਾਏ



ਸਮਰਾਲਾ/ਮਾਛੀਵਾੜਾ ਸਾਹਿਬ (ਸੁਰਜੀਤ ਸਿੰਘ/ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਵਿਖੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਦੇ ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਡਾ. ਸੁਨੀਤਾ ਕੌਸ਼ਲ, ਐੱਨ.ਐੱਸ.ਐੱਸ. ਯੂਨਿਟ ਦੇ ਪ੍ਰੋਗਰਾਮ ਅਫਸਰ ਜਸਵੀਰ ਕੌਰ ਦੇ ਸਾਂਝੇ ਯਤਨਾਂ ਨਾਲ 79ਵੇਂ ਆਜ਼ਾਦੀ ਦਿਵਸ ਮੌਕੇ ਪੋਸਟਰ ਮੇਕਿੰਗ ਤੇ ਕਵਿਤਾ ਲਿਖਣ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਸਿਰਜਣਾਤਮਕ ਤੇ ਦੇਸ਼ ਭਗਤੀ ਦਾ ਪ੍ਰਦਰਸ਼ਨ ਕੀਤਾ।ਇਨ੍ਹਾਂ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਗੁਰਜਿੰਦਰ ਕੌਰ ਬੀ ਏ ਭਾਗ ਪਹਿਲਾ, ਦੂਜਾ ਸਥਾਨ ਰਮਨੀਤ ਕੌਰ ਬੀ. ਏ. ਭਾਗ ਪਹਿਲਾ ਤੇ ਤੀਜਾ ਸਥਾਨ ਜਸ਼ਨਦੀਪ ਕੌਰ ਬੀ.ਏ. ਭਾਗ ਦੂਜਾ ਅਤੇ ਕਵਿਤਾ ਲਿਖਣ ਮੁਕਾਬਲੇ ਵਿੱਚ ਪਹਿਲਾ ਸਥਾਨ ਪਰਮਜੀਤ ਕੌਰ ਬੀ.ਏ. ਭਾਗ ਦੂਜਾ ਅਤੇ ਦੂਜਾ ਸਥਾਨ ਅਮਨਦੀਪ ਕੌਰ ਬੀ ਏ ਭਾਗ ਪਹਿਲਾ ਨੇ ਪ੍ਰਾਪਤ ਕੀਤਾ।ਕਾਲਜ ਪ੍ਰਿੰਸੀਪਲ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀ ਦੇਣ ਵਾਲੇ ਸ਼ਹੀਦਾਂ ਨੂੰ ਸਿਜਦਾ ਕਰਦਿਆਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅਸੀਂ ਆਜ਼ਾਦੀ ਦਿਵਸ ਦਾ ਆਨੰਦ ਮਾਣਦੇ ਹਾਂ।ਉਨ੍ਹਾਂ ਆਜ਼ਾਦੀ ਤੇ ਏਕਤਾ ਦੇ ਮਹੱਤਵ 'ਤੇ ਚਾਨਣਾ ਪਾਉਂਦੇ ਹੋਏ ਇੱਕ ਜ਼ਿੰਮੇਵਾਰ ਨਾਗਰਿਕ ਦੀਆਂ ਦੇਸ਼ ਪ੍ਰਤੀ ਜ਼ਿੰਮੇਵਾਰੀਆਂ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਵਿਦਿਆਰਥਣਾਂ ਨੂੰ ਦੇਸ਼ ਦੀ ਵਿਰਾਸਤ ਨੂੰ ਸੰਭਾਲਣ ਲਈ ਪ੍ਰੇਰਿਤ ਕੀਤਾ।ਇਸ ਤੋਂ ਇਲਾਵਾ ਕਾਲਜ ਦੀ ਲੋਕਲ ਮੈਨੇਜਿੰਗ ਕਮੇਟੀ ਵੱਲੋਂ ਵੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

## ਨੈਸਲੇ ਕੰਟਰੈਕਟ ਕਾਮਿਆਂ ਤੇ ਲੇਬਰ ਠੇਕੇਦਾਰਾਂ ਦਰਮਿਆਨ ਹੋਈ ਮੀਟਿੰਗ

**ਮਸਲਿਆਂ ਦਾ ਸਮਾਧਾਨ ਆਪਸੀ ਰਜ਼ਾਮੰਦੀ ਨਾਲ ਕਰਨ ਦੀ ਰਿਵਾਇਤ ਨੂੰ ਯੂਨੀਅਨ ਕਾਇਮ ਰੱਖਣ ਦੀ ਕੋਸ਼ਿਸ਼ ਕਰੇਗੀ : ਵਿਜੇ ਧੀਰ**



ਮੋਗਾ (ਇਕਬਾਲ ਸਿੰਘ ਖਹਿਰਾ)-ਨੈਸਲੇ ਇੰਡੀਆ ਫੈਕਟਰੀ ਮੋਗਾ ਵਿੱਚ ਕੰਮ ਕਰਦੇ ਕੰਟਰੈਕਟ ਕਾਮਿਆਂ ਦੀ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਮੋਗਾ ਹਰ ਸਾਲ ਆਪਣੀਆਂ ਮੰਗਾਂ ਦਾ ਡਿਮਾਂਡ ਚਾਰਟਰ ਨੈਸਲੇ ਲੇਬਰ ਠੇਕੇਦਾਰਾਂ ਤੇ ਨੈਸਲੇ ਪ੍ਰਬੰਧਨ ਨੂੰ ਪੇਸ਼ ਕਰਦੀ ਹੈ ਅਤੇ ਹਰ ਸਾਲ ਦੋਨੋਂ ਧਿਰਾਂ ਦਰਮਿਆਨ ਕਈ ਦੌਰ ਦੀ ਟੇਬਲ ਟਾਕ ਰਾਹੀਂ ਆਪਸੀ ਰਜ਼ਾਮੰਦੀ ਨਾਲ ਨੈਗੋਸੀਏਸ਼ਨ ਹੋ ਜਾਂਦਾ ਹੈ।ਸਾਲ 2025-2026 ਦੇ ਯੂਨੀਅਨ ਵੱਲੋਂ ਪੇਸ਼ ਕੀਤੇ ਗਏ ਡਿਮਾਂਡ ਚਾਰਟਰ 'ਤੇ ਵਿਚਾਰ ਕਰਨ ਲਈ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਦੇ ਦਫਤਰ ਵਿੱਚ ਯੂਨੀਅਨ ਦੇ ਪ੍ਰਤੀਨਿਧੀਆਂ ਤੇ ਲੇਬਰ ਠੇਕੇਦਾਰਾਂ ਦਰਮਿਆਨ ਮੀਟਿੰਗ ਬਹੁਤ ਹੀ ਮਧੁਰ ਮਾਹੌਲ ਵਿੱਚ ਸੰਪੰਨ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਕੀਤੀ।ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੀਟਿੰਗ ਵਿੱਚ ਲੇਬਰ ਠੇਕੇਦਾਰਾਂ ਵੱਲੋਂ ਸੁਖਜਿੰਦਰ ਸਿੰਘ, ਨਰੇਸ਼ ਕੁਮਾਰ, ਸੁਮਿੱਤਰ ਸਿੰਘ, ਵਿਨੋਦ ਕੁਮਾਰ ਤੇ ਪ੍ਰਿਤਪਾਲ ਸਿੰਘ ਹਾਜ਼ਰ ਹੋਏ। ਨੈਸਲੇ ਠੇਕੇਦਾਰ ਲੇਬਰ ਯੂਨੀਅਨ ਵੱਲੋਂ ਸ਼ੰਕਰ ਪ੍ਰਧਾਨ, ਅਰੁਣ ਬੋਹਤ ਜਨਰਲ ਸਕੱਤਰ, ਕੁਲਵਿੰਦਰ ਸਿੰਘ ਮੀਤ ਪ੍ਰਧਾਨ, ਨਰਿੰਦਰ ਸਿੰਘ ਬਲਖੰਡੀ ਖਜ਼ਾਨਚੀ, ਗੁਰਮੀਤ ਸਿੰਘ ਜੁਆਇੰਟ ਸਕੱਤਰ, ਦਵਿੰਦਰ ਸਿੰਘ, ਰਾਜਬੀਰ ਸਿੰਘ, ਅੰਗਰੇਜ਼ ਸਿੰਘ ਹਾਜ਼ਰ ਹੋਏ।ਇਸ ਮੌਕੇ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਮੀਟਿੰਗ ਵਿੱਚ ਯੂਨੀਅਨ ਦੇ ਡਿਮਾਂਡ ਚਾਰਟਰਾਂ ਵਿੱਚ ਦਰਜ ਮੰਗਾਂ ਸਾਂਝੀਆਂ ਕੀਤੀਆਂ ਗਈਆਂ ਤੇ ਆਸ ਕੀਤੀ ਗਈ ਕਿ ਯੂਨੀਅਨ ਤੇ ਠੇਕੇਦਾਰਾਂ ਦਰਮਿਆਨ ਜਲਦ ਹੀ ਆਪਸੀ ਰਜ਼ਾਮੰਦੀ ਨਾਲ ਸਮਝੌਤਾ ਹੋ ਜਾਵੇਗਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਨੇ ਕਿਹਾ ਕਿ ਮਸਲਿਆਂ ਦਾ ਸਮਾਧਾਨ ਆਪਸੀ ਰਜ਼ਾਮੰਦੀ ਨਾਲ ਕਰਨ ਦੀ ਰਿਵਾਇਤ ਨੂੰ ਯੂਨੀਅਨ ਕਾਇਮ ਰੱਖਣ ਦੀ ਕੋਸ਼ਿਸ਼ ਕਰੇਗੀ।ਧੀਰ ਨੇ ਕਿਹਾ ਕਿ ਟੇਬਲ ਟਾਕ ਰਾਹੀਂ ਮਸਲਿਆਂ ਦੇ ਸਮਾਧਾਨ ਨੂੰ ਹੀ ਸਾਡੀਆਂ ਸਾਰੀਆਂ ਯੂਨੀਅਨਾਂ ਵੱਲੋਂ ਤਰਜੀਹ ਦਿੰਦੀ ਹੈ।

## ਜ਼ੂਗ ਇੰਟਰਨੈਸ਼ਨਲ ਬਿਊਟੀ ਸਟੂਡੀਓ 'ਚ ਆਜ਼ਾਦੀ ਦਿਵਸ ਤੇ ਤੀਜ ਤਿਉਹਾਰ ਮਨਾਇਆ



ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਜ਼ੂਗ ਇੰਟਰਨੈਸ਼ਨਲ ਬਿਊਟੀ ਸਟੂਡੀਓ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਰਫ਼ਤਾਰ ਤੇ ਸੈਂਟਰ ਹੈੱਡ, ਮੈਨੇਜਰ ਨਵਦੀਪ ਕੌਰ ਮਾਹਲਾ ਦੀ ਯੋਗ ਅਗਵਾਈ ਹੇਠ, ਆਜ਼ਾਦੀ ਦਿਵਸ ਤੇ ਤੀਜ ਦਾ ਪਵਿੱਤਰ ਤਿਉਹਾਰ ਬਹੁਤ ਸ਼ਰਧਾ ਨਾਲ ਮਨਾਇਆ ਗਿਆ।ਜ਼ੂਗ ਇੰਟਰਨੈਸ਼ਨਲ ਬਿਊਟੀ ਸਟੂਡੀਓ ਦੇ ਸੈਂਟਰ ਹੈੱਡ, ਮੈਨੇਜਰ ਨਵਦੀਪ ਕੌਰ ਮਾਹਲਾ ਨੇ ਕਿਹਾ ਕਿ ਜ਼ੂਗ ਇੰਟਰਨੈਸ਼ਨਲ ਬਿਊਟੀ ਸਟੂਡੀਓ ਦੇਸ਼-ਵਿਦੇਸ਼ ਵਿੱਚ ਲੋਕਾਂ ਦੀ ਸੁੰਦਰਤਾ ਤੇ ਸ਼ਖਸੀਅਤ ਨੂੰ ਨਿਖਾਰਨ ਦਾ ਵਧੀਆ ਕੰਮ ਕਰ ਰਿਹਾ ਹੈ ਤੇ ਇਸ ਦੇ ਨਾਲ ਹੀ ਇਹ ਸਮੇਂ ਅਨੁਸਾਰ ਸਟੂਡੀਓ ਦੇ ਵਿਦਿਆਰਥੀਆਂ ਨਾਲ ਹਰ ਤਿਉਹਾਰ ਮਨਾਉਣ ਦਾ ਕੰਮ ਵੀ ਕਰ ਰਿਹਾ ਹੈ।ਜ਼ੂਗ ਇੰਟਰਨੈਸ਼ਨਲ ਬਿਊਟੀ ਸਟੂਡੀਓ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਰਫਤਾਰ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਆਪਣੇ ਸੈਂਟਰ ਵਿੱਚ ਆਜ਼ਾਦੀ ਦਿਵਸ ਤੇ ਤੀਜ ਦੇ ਤਿਉਹਾਰ ਨੂੰ ਸਫਲ ਬਣਾਉਣ ਅਤੇ ਇਸ ਨੂੰ ਮਨਾਉਣ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਸਾਡੇ ਸੈਂਟਰ ਬਿਊਟੀ ਸਟੂਡੀਓ ਦੇ ਸੈਂਟਰ ਹੈੱਡ, ਮੈਨੇਜਰ ਨਵਦੀਪ ਕੌਰ ਮਾਹਲਾ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ।

## ਐੱਚਡੀਐੱਫਸੀ ਬੈਂਕ ਨੇ ਭਾਰਤਜੀਪੀਟੀ ਕ੍ਰੀਏਟਰ ਕੋਰੋਵਰ 'ਚ ਨਿਵੇਸ਼ ਕੀਤਾ

ਜਲੰਧਰ: ਭਾਰਤ ਦੇ ਪ੍ਰਮੁੱਖ ਨਿੱਜੀ ਖੇਤਰ ਦੇ ਬੈਂਕ ਐੱਚਡੀਐੱਫਸੀ ਬੈਂਕ ਨੇ ਇੱਕ ਪ੍ਰਮੁੱਖ ਗੱਲਬਾਤ ਕਰਨ ਵਾਲੀ ਏ. ਆਈ. ਕੰਪਨੀ, ਕੋਰੋਵਰ ਵਿੱਚ ਨਿਵੇਸ਼ ਦਾ ਐਲਾਨ ਕੀਤਾ ਹੈ। ਕੋਰੋਵਰ ਇੱਕ ਮੋਹਰੀ, ਸੰਪ੍ਰਭੂ ਅਤੇ ਉੱਦਮ-ਪੱਧਰੀ ਵੱਡੀ ਭਾਸ਼ਾ ਮਾਡਲ (ਐੱਲਐੱਮਐੱਲ) ਹੈ ਜਿਸਨੇ ਭਾਰਤਜੀਪੀਟੀ ਬਣਾਇਆ ਹੈ।ਐੱਚਡੀਐੱਫਸੀ ਬੈਂਕ ਦੇ ਸਮੂਹ ਮੁਖੀ ਖਜ਼ਾਨਾ, ਅਰੂਪ ਰਕਸ਼ਿਤ ਨੇ ਕਿਹਾ ਕਿ ਭਾਰਤਜੀਪੀਟੀ ਦੇ ਵਿਕਾਸ, ਜੋ ਭਾਰਤ ਵਰਗੇ ਵਿਭਿੰਨ ਦੇਸ਼ ਵਿੱਚ ਕਈ ਭਾਰਤੀ ਭਾਸ਼ਾਵਾਂ ਵਿੱਚ ਜਾਣਕਾਰੀ ਦੇ ਆਦਾਨ-ਪ੍ਰਦਾਨ ਨੂੰ ਸਮਰੱਥ ਬਣਾਉਂਦਾ ਹੈ, ਨੇ ਕੋਰੋਵਰ ਨੂੰ ਸਾਡੇ ਲਈ ਵਿਲੱਖਣ ਬਣਾਇਆ ਹੈ।ਸਾਨੂੰ ਕੋਰੋਵਰ ਰਾਹੀਂ ਇੰਡੀਆਏਆਈ ਸਟਾਰਟਅੱਪਸ ਗਲੋਬਲ ਐਕਸਲੇਟਰ ਪ੍ਰੋਗਰਾਮ ਵਿੱਚ ਇੱਕ ਅਰਥਪੂਰਨ ਭੂਮਿਕਾ ਨਿਭਾਉਣ ਦਾ ਸਨਮਾਨ ਪ੍ਰਾਪਤ ਹੈ।ਕੋਰੋਵਰ ਦੇ ਸੰਸਥਾਪਕ ਅਤੇ ਸੀਈਓ ਅੰਕੁਸ਼ ਸੱਭਰਵਾਲ ਨੇ ਕਿਹਾ ਕਿ ਸਾਨੂੰ ਐੱਚਡੀਐੱਫਸੀ ਬੈਂਕ ਅਤੇ ਹੋਰ ਨਿਵੇਸ਼ਕਾਂ ਦਾ ਵਿਸ਼ਵਾਸ ਅਤੇ ਸਮਰਥਨ ਪ੍ਰਾਪਤ ਕਰਨ 'ਤੇ ਮਾਣ ਹੈ ਕਿਉਂਕਿ ਅਸੀਂ ਭਾਰਤਜੀਪੀਟੀ ਦੀ ਪਹੁੰਚ ਅਤੇ ਪ੍ਰਭਾਵ ਨੂੰ ਵਧਾਉਂਦੇ ਹਾਂ।


AXIS BANK | Retail Asset Center "SCO-390,Sector-20, 2nd Floor, Panchkula, Haryana- 134117.
Corporate Office:- "Axis House", C-2, Wadia International Centre, Pandurang Budhkar Marg, Worli, Mumbai - 400025
Registered Office: "Trishul", 3rd Floor Opp. Samartheshwar Temple Law Garden, Ellisbridge Ahmedabad- 380006

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਦਲਬੀਰ ਸਿੰਘ ਪੁੱਤਰ ਰੇਸ਼ਮ ਸਿੰਘ (2) ਸ੍ਰੀ ਰੇਸ਼ਮ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ ਸਕਿਉਰਡ ਕ੍ਰੈਡਿਟਰ ਦੀ 18 ਅਗਸਤ 2025 ਨੂੰ ਬਕਾਇਆ ਰਕਮ ਰੁਪਏ 12,89,876/- (ਬਾਰਾਂ ਲੱਖ ਉਨਾਨਵੇਂ ਹਜ਼ਾਰ ਅੱਠ ਸੌ ਛਿਅੱਤਰ ਰੁਪਏ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 05 ਸਤੰਬਰ 2025 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 12,24,000/- (ਬਾਰਾਂ ਲੱਖ ਚੌਵੀ ਹਜ਼ਾਰ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 1,22,400/- (ਇੱਕ ਲੱਖ ਬਾਈ ਹਜ਼ਾਰ ਚਾਰ ਸੌ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਹੱਕ 'ਚ ਪੰਚਕੂਲਾ ਵਿਖੇ ਅਦਾਇਗੀਯੋਗ। |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ, ਐੱਸ ਸੀ ਓ-390, ਸੈਕਟਰ-20, ਦੂਜੀ ਮੰਜ਼ਲ, ਪੰਚਕੂਲਾ, ਹਰਿਆਣਾ-134117 ਵਿਖੇ 04 ਸਤੰਬਰ 2025 ਨੂੰ ਸ਼ਾਮ ਦੇ 5.00 ਵਜੇ ਤੱਕ ਨਿਤਿਸ਼ ਅੱਗਰਵਾਲ ਦੇ ਪਤੇ 'ਤੇ। |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 05 ਸਤੰਬਰ 2025 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

**ਸਾਰਣੀ-ਜਾਇਦਾਦ ਦਾ ਵੇਰਵਾ**

ਬੈਨਾਮਾ ਦਸਤਾਵੇਜ਼ ਨੰ. 2019-20/14/1/4351 ਮਿਤੀ 5 ਸਤੰਬਰ 2019 ਅਨੁਸਾਰ ਸ੍ਰੀ ਦਲਬੀਰ ਸਿੰਘ ਦੇ ਨਾਂਅ ਰਜਿਸਟਰਡ ਜਾਇਦਾਦ ਪਲਾਟ ਨੰ. 251 ਅਤੇ 252 ਰਕਬਾ 0 ਬਿਘਾ 4 ਬਿਸਵਾ (200 ਵਰਗ ਗਜ਼) ਖੇਵਟ ਖਤੌਨੀ ਨੰ. 44/70, 71,72,73,74, ਖਸਰਾ ਨੰ. 254 (4-12) 255 (4-12) 256 (4-12), 258 (4-0), 259 (4-0), 260 ਮਿੰਨ 838 (0-2) 1397/257 (1-0) 1396/257 (3-0), 260 ਮਿਨ (0-8), 261 (3-12) 262/2 (1-16), 263 (4-0), 264 (4-0), 266 (4-0), 265 (3-10), 267 (4-0), 262/1 (1-16), 839 (0-2), 253 (2-5) ਕਿੱਤੇ 20 ਜ਼ਮੀਨ ਰਕਬਾ 60 ਬਿਘੇ 9 ਬਿਸਵੇ ਹੱਦ ਹਿੱਸਾ, 80/24180 ਜੋ ਕਿ 0 ਬਿਘਾ 4 ਬਿਸਵੇ (ਆਕਾਰ 22 ਫੁੱਟ 6 ਇੰਚ ਚੌੜਾ × 40 ਫੁੱਟ ਲੰਬਾ = 100 ਵਰਗ ਗਜ਼ ਪਲਾਟ), ਮਾਡਰਨ ਕੰਪਲੈਕਸ ਪਿੰਡ ਦੱਪਰ ਅਤੇ (ਆਕਾਰ 22 ਫੁੱਟ 6 ਇੰਚ ਚੌੜਾ × 40 ਫੁੱਟ ਲੰਬਾ = 100 ਵਰਗ ਗਜ਼, ਮਾਡਰਨ ਕੰਪਲੈਕਸ ਪਿੰਡ ਦੱਪਰ ਵਿਖੇ ਸਥਿਤ, ਹੱਦਬਸਤ ਨੰ. 20 ਐੱਮ ਸੀ ਲਾਲੜੂ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਸੜਕ, ਪੱਛਮ : ਪਲਾਟ ਨੰ. 274 ਅਤੇ 275, ਉੱਤਰ : ਪਲਾਟ ਨੰ. 250, ਦੱਖਣ : ਪਲਾਟ ਨੰ. 253

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਨਿਤਿਸ਼ ਅੱਗਰਵਾਲ (ਮੋਬਾਈਲ ਨੰ. 9888889394) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 10 ਵਜੇ ਤੋਂ ਸ਼ਾਮ ਦੇ 4.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 20.08.2025 ਤੁਹਾਡਾ ਸ਼ੁੱਭਚਿੰਤਕ ਵਾਸਤੇ ਐਕਸਿਸ ਬੈਂਕ ਲਿਮਟਿਡ
ਸਥਾਨ : ਐੱਸ ਏ ਐੱਸ ਨਗਰ, ਮੋਹਾਲੀ (ਅਧਿਕਾਰਤ ਅਫਸਰ)


## ਸੂਬਾ ਪੱਧਰੀ ਮੁਕਾਬਲਿਆਂ 'ਚ ਹਿੱਸਾ ਲੈਣ ਜਾ ਰਹੇ ਬੱਚਿਆਂ ਦੀ ਕਲੱਬ ਨੇ ਕੀਤੀ ਆਰਥਿਕ ਮਦਦ



ਕੋਟਕਪੂਰਾ (ਰਛਪਾਲ ਭੁੱਲਰ)-ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਲਗਾਤਾਰ ਜਾਰੀ ਹਨ।ਬਾਬਾ ਦੀਪ ਸਿੰਘ ਗੱਤਕਾ ਸੁਸਾਇਟੀ ਦੇ ਸੰਸਥਾਪਕ ਗੁਰਪ੍ਰੀਤ ਸਿੰਘ ਖਾਲਸਾ ਜ਼ਿਲ੍ਹਾ ਗੱਤਕਾ ਕੋਚ ਨੇ ਆਪਣੀ ਟੀਮ ਸਮੇਤ ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੂੰ ਮਿਲ ਕੇ ਗੱਤਕਾ ਵਿਦਿਆਰਥੀਆਂ ਦੇ ਸੂਬਾ ਪੱਧਰੀ ਮੁਕਾਬਲਿਆਂ ਵਿੱਚ ਸ਼ਾਮਲ ਹੋਣ ਲਈ ਆਰਥਿਕ ਪੱਖ ਦੇ ਬਣੇ ਅੜਿੱਕੇ ਤੋਂ ਜਾਣੂ ਕਰਾਇਆ।ਉਨ੍ਹਾਂ ਦੱਸਿਆ ਕਿ ਆਰਥਿਕ ਪੱਖੋਂ ਕਮਜ਼ੋਰ ਪਰਵਾਰਾਂ ਦੇ 45 ਬੱਚਿਆਂ ਵਿੱਚੋਂ 25 ਬੱਚਿਆਂ ਦੀ 700 ਰੁਪਏ ਪ੍ਰਤੀ ਬੱਚੇ ਦੇ ਹਿਸਾਬ ਨਾਲ ਦਾਖਲਾ ਫੀਸ ਜਮ੍ਹਾਂ ਕਰਾ ਦਿੱਤੀ ਹੈ ਤੇ ਬਾਕੀ 20 ਬੱਚਿਆਂ ਦੀ ਦਾਖਲਾ ਫ਼ੀਸ ਦੀ ਜ਼ਰੂਰਤ ਹੈ।ਡਾ. ਮਨਜੀਤ ਸਿੰਘ ਢਿੱਲੋਂ ਨੇ ਤੁਰੰਤ 5 ਹਜ਼ਾਰ ਰੁਪਿਆ ਆਪਣੀ ਜੇਬ 'ਚੋਂ ਦੇ ਕੇ ਬਾਕੀ ਬਣਦੀ ਰਕਮ ਬਾਰੇ ਵਿਚਾਰ ਵਟਾਂਦਰਾ ਕੀਤਾ ਤਾਂ ਚੇਅਰਮੈਨ ਵਿਨੋਦ ਕੁਮਾਰ ਪੱਪੂ ਲਹੌਰੀਆ ਨੇ ਬਾਕੀ ਰਕਮ ਭਰਨ ਦੀ ਹਾਮੀ ਭਰ ਦਿੱਤੀ।ਕਾਰਜਕਾਰਨੀ ਦੇ ਮੈਂਬਰਾਂ 'ਚ ਸ਼ਾਮਲ ਪ੍ਰੋ. ਐੱਚ.ਐੱਸ.ਪਦਮ, ਸੁਨੀਲ ਕੁਮਾਰ ਬਿੱਟਾ ਗਰੋਵਰ, ਠੇਕੇਦਾਰ ਪ੍ਰੇਮ ਮੈਣੀ, ਜਸਕਰਨ ਸਿੰਘ ਭੱਟੀ, ਸੁਰਿੰਦਰ ਸਿੰਘ ਸਦਿਉੜਾ, ਗੁਰਿੰਦਰ ਸਿੰਘ ਮਹਿੰਦੀਰੱਤਾ, ਡਾ. ਦੇਵ ਰਾਜ, ਮੁਖਤਿਆਰ ਸਿੰਘ ਮੱਤਾ, ਓਮ ਪ੍ਰਕਾਸ਼ ਗੁਪਤਾ, ਰਵਿੰਦਰਪਾਲ ਕੋਛੜ, ਸਰਨ ਕੁਮਾਰ, ਮਾ. ਸੋਮਨਾਥ ਅਰੋੜਾ ਤੇ ਗੁਰਮੀਤ ਸਿੰਘ ਮੀਤਾ ਨੇ ਬਾਕੀ ਦੀ ਰਕਮ ਖੁਦ ਇਕੱਤਰ ਕਰਕੇ ਮੌਕੇ 'ਤੇ ਹੀ ਦੇ ਦਿੱਤੀ।ਡਾ. ਢਿੱਲੋਂ ਤੇ ਪੱਪੂ ਲਹੌਰੀਆ ਨੇ ਆਖਿਆ ਕਿ ਸੂਬਾ ਪੱਧਰੀ ਮੁਕਾਬਲਿਆਂ 'ਚ ਸਾਰੇ ਬੱਚਿਆਂ ਨੇ ਸ਼ਾਨਦਾਰ ਪੁਜ਼ੀਸ਼ਨਾਂ ਹਾਸਲ ਕਰਕੇ ਆਪਣੇ ਸ਼ਹਿਰ ਤੇ ਇਲਾਕੇ ਦਾ ਨਾਂਅ ਰੌਸ਼ਨ ਕਰਨਾ ਹੈ।ਗੱਤਕਾ ਕੋਚ ਗੁਰਪ੍ਰੀਤ ਸਿੰਘ ਖਾਲਸਾ ਨੇ ਦੱਸਿਆ ਕਿ ਪਹਿਲਾਂ ਵੀ 6 ਵਿਦਿਆਰਥਣਾਂ ਸੂਬਾ ਤੇ ਦੇਸ਼ ਪੱਧਰੀ ਮੁਕਾਬਲਿਆਂ ਵਿੱਚ ਗੋਲਡ ਮੈਡਲ ਜਿੱਤ ਕੇ ਸ਼ਹਿਰ ਦਾ ਨਾਂਅ ਰੌਸ਼ਨ ਕਰ ਚੁੱਕੀਆਂ ਹਨ ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਾਰੀਆਂ ਵਿਦਿਆਰਥਣਾਂ ਨੂੰ 51-51 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਤ ਕੀਤਾ ਜਾ ਚੁੱਕਾ ਹੈ ਤੇ ਇਸ ਵਾਰ ਵੀ ਇਹ ਵਿਦਿਆਰਥਣਾਂ ਜ਼ਰੂਰ ਗੋਲਡ ਮੈਡਲ ਹਾਸਲ ਕਰਕੇ ਵਾਪਸ ਪਰਤਣਗੀਆਂ।ਸੂਬਾ ਪੱਧਰੀ ਮੁਕਾਬਲਿਆਂ 'ਚ ਹਿੱਸਾ ਲੈਣ ਜਾ ਰਹੀਆਂ ਵਿਦਿਆਰਥਣਾਂ ਸਮੇਤ ਗੱਤਕਾ ਕੋਚ ਨੇ ਗੁੱਡ ਮੌਰਨਿੰਗ ਕਲੱਬ ਦੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ।

## ਕੈਬਨਿਟ ਸਬ-ਕਮੇਟੀ ਨੇ ਮੀਟਿੰਗਾਂ ਮੁਲਤਵੀ ਕਰਨ ਦਾ ਰਿਕਾਰਡ ਤੋੜਿਆ



ਮੋਗਾ (ਇਕਬਾਲ ਸਿੰਘ ਖਹਿਰਾ)
ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਮਸਲੇ ਹੱਲ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਬਣੀ ਕੈਬਨਿਟ ਸਬ ਕਮੇਟੀ ਕਿੰਨੀ ਕੁ ਸੰਜੀਦਾ ਹੈ, ਇਸ ਗੱਲ ਦੀ ਅੰਦਾਜ਼ਾ ਇਸ ਗੱਲ ਤੋਂ ਲਾਇਆ ਜਾ ਸਕਦਾ ਹੈ ਕਿ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਨੂੰ ਮੀਟਿੰਗਾਂ ਲਈ ਸਮਾਂ ਦੇ ਕੇ ਐਨ ਮੌਕੇ 'ਤੇ ਆ ਕੇ ਮੀਟਿੰਗਾਂ ਮੁਲਤਵੀ ਕਰਨ ਦਾ ਰਿਕਾਰਡ ਕੈਬਨਿਟ ਸਬ ਕਮੇਟੀ ਵੱਲੋਂ ਤੋੜਿਆ ਜਾ ਰਿਹਾ ਹੈ।

ਕੈਬਨਿਟ ਸਬ ਕਮੇਟੀ ਵੱਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਲੀਡਰਸ਼ਿਪ ਨਾਲ ਆਖਰੀ ਵਾਰ 25 ਅਪ੍ਰੈਲ ਨੂੰ ਮੀਟਿੰਗ ਕੀਤੀ ਗਈ ਸੀ। ਇਸ ਤੋਂ ਬਾਅਦ 30 ਅਪ੍ਰੈਲ, 26 ਜੂਨ, 15 ਜੁਲਾਈ, 29 ਜੁਲਾਈ ਨੂੰ ਮੀਟਿੰਗਾਂ ਨੀਯਤ ਕੀਤੀਆਂ ਗਈਆਂ। ਹਰ ਵਾਰ ਮੀਟਿੰਗਾਂ ਲਈ ਸਮਾਂ ਤੈਅ ਕਰਕੇ ਮੁਲਤਵੀ ਕਰਨ 'ਤੇ ਕੈਬਨਿਟ ਸਬ ਕਮੇਟੀ ਦੇ ਇਸ ਵਤੀਰੇ ਵਿਰੁੱਧ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਵੱਲੋਂ ਉਲੀਕੇ ਐਕਸ਼ਨ ਪ੍ਰੋਗਰਾਮ ਅਨੁਸਾਰ 5 ਅਗਸਤ ਤੋਂ 12 ਅਗਸਤ ਤੱਕ ਪੰਜਾਬ ਵਿੱਚ ਵੱਖ-ਵੱਖ ਤਹਿਸੀਲਾਂ ਤੇ ਜ਼ਿਲ੍ਹਾ ਪੱਧਰਾਂ ਤੇ ਰੋਸ ਪ੍ਰਦਰਸ਼ਨ ਕਰਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੁਤਲੇ ਵੀ ਫੂਕੇ ਜਾ ਚੁੱਕੇ ਹਨ। ਇਸ ਦੇ ਬਾਵਜੂਦ ਪੰਜਾਬ ਸਰਕਾਰ ਦੇ ਕੰਨਾਂ 'ਤੇ ਕੋਈ ਜੂੰ ਨਹੀਂ ਸਰਕ ਰਹੀ। ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਤੇ ਪੰਜਾਬ ਪੈਨਸ਼ਨਰਜ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਕਈ ਮੀਟਿੰਗਾਂ ਮਲਤਵੀ ਹੋਣ ਤੋਂ ਬਾਅਦ 20 ਅਗਸਤ ਨੂੰ ਮੀਟਿੰਗ ਦਾ ਲਿਖਤੀ ਸੱਦਾ ਦਿੱਤਾ ਗਿਆ ਸੀ ਅਤੇ ਅੱਜ ਪੰਜਾਬ ਸਰਕਾਰ ਨੇ ਲਿਖਤੀ ਪੱਤਰ ਜਾਰੀ ਕਰਕੇ 20 ਅਗਸਤ ਨੂੰ ਹੋਣ ਵਾਲੀ ਮੀਟਿੰਗ 29 ਅਗਸਤ ਦੀ ਤੈਅ ਕਰ ਦਿੱਤੀ ਗਈ ਹੈ।

ਆਗੂਆਂ ਨੇ ਕੈਬਨਿਟ ਸਬ ਕਮੇਟੀ ਪੰਜਾਬ ਸਰਕਾਰ ਦੇ ਇਸ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਵਤੀਰੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਮਾੜੇ ਵਤੀਰੇ ਵਿਰੁੱਧ ਅਗਲੇ ਐਕਸ਼ਨ ਪ੍ਰੋਗਰਾਮ ਉਲੀਕਣ ਲਈ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ 23 ਅਗਸਤ ਨੂੰ ਸੂਬਾਈ ਮੀਟਿੰਗ ਲੁਧਿਆਣਾ ਵਿਖੇ ਸੱਦੀ ਗਈ ਹੈ।

# ਕਲਾਸੀਫਾਈਡ ਇਸ਼ਤਿਹਾਰ

## Change of Name

I Gurpreet son of Surinder Pal, Resident of Ward No. 13, Noorpur Bedi Road Garhshankar, Tehsil - Garhshankar, District - Hoshiarpur, Punjab, have changed my name Gurpreet to Gurpreet Singh. Please note.

I, Nirmaljit Kaur W/o Ranjodh Singh R/o H. No. 400, Shanti Nagar, Near Shuhag Palace, Batala Distt Gurdaspur have changed my name from Nirmaljit Kaur to Nirmaljit . Concerned note.

I Amarjit Singh S/o Balwant Singh Village Buraj Rai Ke , Tehsil Patti District Tarn Taran Have Changed my Name From Amarjit Singh to Surname as Singh and my Givenname is Amarjit plz note it.

I, Ramesh Kumar S/o Darshan Kumar Resident of 27, Qilla Mandi Batala PO Batala Distt Gurdaspur Punjab-143505 declare that. I have changed my name from Ramesh Sharma to Ramesh Kumar. In future, I may be known as Ramesh Kumar for further documentation purpose. All concerned to note please.

I, Maninderpal Singh Rana S/o Jaspal Singh R/o Plot No.190, Gali No.2, Tej Nagar, Sultanwind Road, Amritsar have changed my name from Maninderpal Singh Rana to Maninderpal Singh

I, Kanwaljit Kaur w/o Gurditar Singh R/o VPO Bhikhiwind Tehsil Patti Distt Tarn Taran, Punjab 143303 have changed my name from Kanwaljit Kaur to Kanwaljeet Kaur

I Lovely Masih S/o Sarabjit Masih R/o VPO Gurala Tehsil Ajnala Amritsar have changed my name from Lovely Masih to Given Name Lovely Surname Masih.

I, Bachan Kaur Alias Jasvir Kaur R/o VPO Rode, Tehsil Baghapurana, District Moga declare that Bachan Kaur and Jasvir Kaur is one and the same person. All concerned please note.

I, Sarvnoor Grover D/o Sandeep Singh W/o Rakshit Mehra R/o 50, Green Avenue, Amritsar Punjab have changed my name after marriage from Sarvnoor Grover to Sarvnoor Mehra.

I, Savinder Singh S/o Makhan Singh R/o Baba Deep Singh Colony, Nangali Bhatha, Amritsar, Punjab have changed my name from Savinder Singh to Sawinder Singh.

I, Swaran Kaur W/o Sawinder Singh R/o Baba Deep Singh Colony, Nangali Bhatha, Amritsar, Punjab have changed my name from Swaran Kaur to Sawaran Kaur.

I, Ajay Arya S/o Sham Lal R/o H.No. 1001/8, Gali Bhagtan Wali, Namak Mandi, Amritsar, Punjab Have changed my name from Ajay Arya to Ajay Kumar.

I, Ekbal Chand S/o Gorkh Prashad R/o 3, Gali No. 1, New Jawahar Nagar, Majitha Road, Amritsar, Punjab have changed my name from Ekbal Chand to Iqbal Chand Sharma.

I, Dawinder Kaur W/o Ranjit Singh Sidhu R/o Othian, Amritsar, Punjab-143102 have changed my name from Dawinder Kaur to Dalwinder Kaur.

I, Inderbir Singh Bal S/o Sharanjit Singh R/o 77, Patel Nagar, Jalandhar Road, Mansurwal Dona, Kapurthala, Punjab, India, have changed my name from INDERBIR SINGH BAL to RAJBIR SINGH BAL. All concerned may please note.

Paramjit Kaur W/O Ajay Kumar R/O- Hno BXI 238/162, Mohalla Kot Ram Dass, Po Chogitti 144009,Jalandhar Pb Have Changed My Name Paramjit Kaur To Parmjit Kaur

I Sandeep Kumari W/o Harjit Kumar Rai R/o VPO Kot Badal Khan, Distt. Jalandhar --144039, have changed my name to given name as Sandeep Kumari & surname as Rai . All please note.

I, Monika W/O Sh. Anil Kumar R/O H.no. 71, New Dashmesh Nagar, Ghas Mandi, Basti Sheikh, Jalandhar, Punjab have changed my name from Monika to Monika Sharma. (After Marriage). All note.

I Charnjit Singh S/O Brij Lal R/O Vpo Patara, Jalandhar Punjab - 144101, Have Changed My Name Charnjit To Charnjit Singh. In Which Charnjit As Given Name And Singh As Surname. All Note

I Rani Kaur , W/O Charnjit Singh R/O Vpo Patara, Jalandhar, Punjab - 144101, Have Changed My Name Rani To Rani Kaur. In Which Rani As Given Name And Kaur As Surname. All Note

I, Raj Rani W/O Brij Lal Residence Of Vpo Patara , Jalandhar Pb - 144101, District-Jalandhar declare that RANI AND RAJ RANI is one and the same person. Please note.

I, Butta Singh S/o Dalip Singh R/o VPO Bagrian, Distt. Tarn Taran have changed my name to Buta Singh.

I, Tarun S/o Parvesh Kumar R/o H.No.219, New Amrik Nagar, Jalandhar, Punjab-144001 changed my name to Tarun Sharda (Sharda as Surname).

I, Amandeep Kaur Aulakh W/o Amardeep Singh Aulakh R/o Vill. Nandanpur, Distt. Jalandhar, Punjab have changed my name from Amandeep Kaur to Amandeep Kaur Aulakh. All Please Note.

I, Amardeep Singh Aulakh S/o Sukhdev Singh R/o Vill. Nandanpur, Distt. Jalandhar, Punjab have changed my name from Amardeep Singh to Amardeep Singh Aulakh. All Please Note.

I, Kamal Preet Singh Atwal @ Kamal Preet Singh s/o Amarjit Singh Atwal r/o VPO.Khurdpur, Jalandhar have changed my Name to Kamal Preet Singh Atwal. All Please Note.

I, Lovepreet Singh s/o Mohan Singh r/o Patti Uchi Dharamshala, VPO. Shankar, Teh.Nakodar, Distt.Jalandhar have changed my name to Given name as Lovepreet & Surname as Singh. All Please Note.

I, Ajay Kumar s/o Hukam Chand r/o 670, New Model House, Jalandhar, Punjab-144003, have changed the name of my minor Son Rehan Narang aged 14 years and he shall hereafter be known as Rudraksh Narang.

I, Charanjit Kaur w/o Sarbjit Singh r/o Vill. Hirapur, Po. Hailer, Distt. Jalandhar have changed my name to Kaur Charanjit (Surname as Kaur) All Please Note.

## Change of Name

I, Manpreet S/o Parkash Ram R/o Vill. Rasulpur Brahmna, Po. Rahimpur, Jalandhar, Punjab - 144801 have changed the name of my minor son Sohal Gill aged 17 years and he shall hereafter be known as Sohal Kumar.

I, hitherto known as Anoop Kumar S/o Braham Dutt R/o # 6-A, Main Lane, Opp. D.A.V College, Friends Colony, Jalandhar, Punjab-144008 have changed my name and shall hereafter be known as Anoop Agnish.

I, Simran W/o Late Banwari Lal R/o H.No.2498, Darzian Street, Kartarpur, Distt. Jalandhar, Punjab have changed my name from Simran to Simran Devi. All Please Note.

I, Kashmir Sohi W/o Sukhjinder Singh R/o VPO. Kala Sanghian, Patti Alamgir, Distt. Kapurthala, Punjab have changed my name from Kashmir Sohi to Kashmir Kaur. All Please Note.

I, Manoj Chanana S/o Vijay Kumar R/o H.No. 624, First Floor Sector 25 Panchkula, 134116 (Haryana), have changed my name from Manoj Chanana to Manoj Kumar. All concerned please note.

I, Sheetal Chanana W/o Manoj Kumar R/o H.No. 624, First Floor, Sector 25 Panchkula 134116 (Haryana) have changed my name from Sheetal Chanana to Sheetal Rani. All concerned please note.

I, Danny son of Sarabjit resident of Vill. Nangal Karar Khan, PO. Kukar Pind, Jalandhar, Punjab have changed my name to Danny Heer. All concerned please note.

I, Prabhjodhdial Singh S/o Balkar Singh R/o VPO. Tugalwala, Tehsil & District Gurdaspur, Punjab have changed my name from Prabhjodhdial Singh to Singh Prabhjodhdial. That Singh is Surname & Prabhjodhdial is Given Name. Concerned Note.

I, Jaswant Singh S/o Dilbag Singh R/o Village Malakpur, Tehsil Batala, Distt. Gurdaspur, Punjab have changed my name from Jaswant Cheema to Jaswant Singh. Concerned Note.

I, Jyoti D/o Rajinder Kumar Saggi R/o 1252, Urban Estate, Phase 2, Jalandhar have changed my name from Jyoti to Jyoti Saggi.

I, Sandeep Kaur W/o Ranjit Singh, resident of Ward No. 11, Lohian Khas (Jalandhar) do herby solemnlyaffirm and declare as under: That in some documents My name is mentioned Sandeep Kaur and some documents my name is mentioned Sandip Kaur. I hereby declared that Sandeep Kaur and Sandip Kaur is the name of one and the same person and all these name are mine.That the above facts are true and correct and i shall be liable for the same. Concerned May Note.

I, Narinderjit Kaur W/o Balwant Singh R/o Vill Kotli Kamboj, Tehsil Shahkot, Distt. Jalandhar, Have Changed My Name Narinderjit Kaur to Yasraj Kaur Concerned May Note.

## ਆਮ ਸੂਚਨਾ

ਮੈਂ, ਬਚਨ ਕੌਰ ਉਰਫ ਜਸਵੀਰ ਕੌਰ ਪਤਨੀ ਮੁਖਤਿਆਰ ਸਿੰਘ ਪਿੰਡ ਰੋਡੇ, ਤਹਿਸੀਲ ਬਾਘਾਪੁਰਾਣਾ ਜ਼ਿਲਾ ਮੋਗਾ ਬਿਆਨ ਕਰਦੀ ਹਾਂ ਕਿ ਇਹ ਦੋਨੋਂ ਨਾਮ ਮੇਰੇ ਹਨ ਅਤੇ ਮੈਨੂੰ ਦੋਵਾਂ ਨਾਵਾਂ ਨਾਲ ਜਾਣਿਆ ਜਾਵੇ।

ਮੈਂ, ਸੈਮ ਮੱਟੂ ਪੁੱਤਰ ਲੇਟ ਸਦਾਗਰ ਵਾਸੀ ਪਿੰਡ ਰਾਮ ਨਗਰ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ (ਪੰਜਾਬ)। ਮੇਰੇ ਪੜ੍ਹਾਈ ਦੇ ਦਸਤਾਵੇਜ਼ਾਂ ਵਿਚ ਮੇਰੇ ਪਿਤਾ ਦਾ ਨਾਂਅ ਸੁਦਾਗਰ ਲਾਲ ਦਰਜ ਹੈ ਅਤੇ ਮੇਰੇ ਬਾਕੀ ਦਸਤਾਵੇਜ਼ਾਂ ਵਿਚ ਮੇਰੇ ਪਿਤਾ ਦਾ ਨਾਂਅ ਸਦਾਗਰ ਦਰਜ ਹੈ। ਇਹ ਕਿ ਸੁਦਾਗਰ ਲਾਲ ਅਤੇ ਸਦਾਗਰ ਦੋਨੋਂ ਮੇਰੇ ਪਿਤਾ ਦੇ ਨਾਂਅ ਹਨ ਅਤੇ ਇਕ ਹੀ ਵਿਅਕਤੀ ਦੇ ਨਾਂਅ ਹਨ।

ਮੈਂ ਜਗਦੀਪ ਕੌਰ ਗਿੱਲ ਪਤਨੀ ਅਮਰਦੀਪ ਸਿੰਘ ਗਿੱਲ ਵਾਸੀ ਹਾਊਸ ਨੰਬਰ 11, ਮੂਨ ਐਵਨਿਊ, ਅੰਮ੍ਰਿਤਸਰ ਆਮ ਤੇ ਖਾਸ ਨੂੰ ਸੂਚਿਤ ਕਰਦੀ ਹਾਂ ਕਿ ਮੇਰੇ ਪਲਾਟ ਦਾ ਮੁਖਤਾਰਨਾਮਾ ਜਿਸ ਦੇ ਸਟਾਮ ਦੀ ਕੀਮਤ 300 ਰੁਪਏ ਨੰਬਰ 9793 ਮਿਤੀ 6/9/2006 ਮਾਲਕ ਦਾ ਨਾਮ ਨਿਸ਼ਟਾ ਕਹੇੜ ਹੈ। ਜੋ ਗਵਾਚ ਗਿਆ ਹੈ ਜਿਸ ਦੀ ਪੁਲਿਸ ਰਿਪੋਰਟ ਸੀਰੀਅਲ ਨੰਬਰ 615538/2025 ਕਰਵਾਈ ਗਈ ਹੈ। ਜੇ ਕਿਸੇ ਨੂੰ ਮਿਲਦਾ ਹੈ ਤਾਂ ਉਹ ਸਾਡੇ ਮੋਬਾਇਲ ਨੰਬਰ 852-8929292 ਤੇ ਸੰਪਰਕ ਕਰ ਸਕਦਾ ਹੈ।

ਅਸੀ, ਲਖਬੀਰ ਸਿੰਘ ਪੁੱਤਰ ਕਰਨੈਲ ਸਿੰਘ ਗਿੱਲ ਅਤੇ ਗੁਰਜੀਤ ਕੌਰ ਪਤਨੀ ਲਖਬੀਰ ਸਿੰਘ ਵਾਸੀਆਨ ਮਕਾਨ ਨੰ.64,ਗਲੀ ਨੰ.5,ਨਹਿਰੂ ਕਲੋਨੀ,ਮਜੀਠਾ ਰੋਡ,ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਅਸੀ ਆਪਣੇ ਲੜਕੇ ਮਨਪ੍ਰੀਤ ਸਿੰਘ ਅਤੇ ਉਸਦੀ ਪਤਨੀ ਨਿਸ਼ਾ ਅਤੇ ਉਨ੍ਹਾਂ ਦੇ ਲੜਕੇ ਗੁਰਫਤਿਹ ਸਿੰਘ ਨੂੰ ਸਾਡੇ ਕਹਿਣੇ ਤੋਂ ਬਾਹਰ ਹੋਣ ਕਰਕੇ 09.02.2021 ਨੂੰ ਨਵਾਂ ਜ਼ਮਾਨਾ ਅਤੇ ਉੱਤਮ ਹਿੰਦੂ ਅਖਬਾਰ ਰਾਹੀਂ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਅਸੀ ਆਪਣੇ ਪੋਤਰੇ ਗੁਰਫਤਿਹ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਸੰਬੰਧੀ ਦਿੱਤੀ ਬੇਦਖਲੀ ਨੂੰ ਆਪਣੀ ਮਰਜੀ ਨਾਲ ਵਾਪਸ ਲੈਂਦੇ ਹਾਂ। ਪਰ ਸਾਡੇ ਲੜਕੇ ਮਨਪ੍ਰੀਤ ਸਿੰਘ ਅਤੇ ਉਸਦੀ ਪਤਨੀ ਨਿਸ਼ਾ ਨੂੰ ਦਿੱਤੀ ਬੇਦਖਲੀ ਜਾਰੀ ਰਹੇਗੀ ।

ਹਰਨਾਮ ਦਾਸ ਪੁੱਤਰ ਸੰਤ ਰਾਮ, ਪਿੰਡ ਕੁੰਬੜਵਾਲ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ - 08/486 (20 ) ਨੂੰ ਸੁਖਵਿੰਦਰ ਸਿੰਘ ਪੁੱਤਰ ਜਗਰੂਪ ਸਿੰਘ, ਪਿੰਡ ਰੰਗੀਆਂ ਖੇਵਟਦਾਰ ਕੁੰਬੜਵਾਲ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਰੰਗੀਆਂ ਦੇ ਇਤਰਾਜ ਪੇਸ਼ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 36/568 ਹਰਭਜਨ ਸਿੰਘ ਪੁੱਤਰ ਸਹੇਲ ਸਿੰਘ ਵਾਸੀ ਮਹੇਮ ਤੋਂ ਨਾਂਅ ਬਦਲੀ ਕਰਕੇ ਜਗਜੀਤ ਕੌਰ ਪਤਨੀ ਹਰਪਾਲ ਸਿੰਘ ਪਿੰਡ ਮਹੇਮ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਇੱਕ ਟਿਊਬਵੈਲ ਕੁਨੈਕਸ਼ਨ ਜਿਸ ਦਾ ਖਾਤਾ ਨੰਬਰ AP- 33/8263/2 (10 BHP) ਜੋ ਕਿ ਚਰਨ ਸਿੰਘ ਪੁੱਤਰ ਨੱਥਾ ਸਿੰਘ ਦੇ ਨਾਮ ਤੇ ਜਮੀਨ ਕਿੱਲਾ ਨੰਬਰ 131/18 ਵਾਕਿਆ ਰਕਬਾ ਪਿੰਡ ਮੁਹਾਵਾ, ਸਬ ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਮ ਤੇ ਚੱਲ ਰਿਹਾ ਹੈ। ਇਹ ਰਕਬਾ ਸੁਖਵੰਤ ਸਿੰਘ ਪੁੱਤਰ ਲੇਟ ਅਜਾਇਬ ਦੇ ਹਿੱਸੇ ਘਰ ਵੰਡ ਰਾਹੀਂ ਆਇਆ ਹੈ। ਇਸ ਨੂੰ ਅਸੀਂ ਹੁਣ ਸੁਖਵੰਤ ਸਿੰਘ ਪੁੱਤਰ ਲੇਟ ਅਜਾਇਬ ਸਿੰਘ ਦੇ ਨਾਮ ਤੇ ਕਰਵਾਉਣਾ ਚਾਹੁੰਦੇ ਹਾਂ। ਕਿਸੇ ਵਿਅਕਤੀ ਨੂੰ ਜੇਕਰ ਇਸ ਵਿੱਚ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ ਦਰਜ ਕਰਵਾ ਸਕਦਾ ਹੈ।

ਮੈਂ, ਰਾਜ ਰਾਣੀ ਪਤਨੀ ਸ੍ਰੀ ਸੁਭਾਸ਼ ਚੰਦਰ ਵਾਸੀ ਪਿੰਡ ਬੋਦੇ ਦੀ ਖੂਹੀ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਪਲਵੀ ਨਾਲ ਮੇਰਾ ਕੋਈ ਵੀ ਤਲਕ ਵਾਸਤਾ ਨਹੀਂ ਹੈ। ਜੇਕਰ ਮੇਰੀ ਨੂੰਹ ਪਲਵੀ ਕਿਸੇ ਨਾਲ ਕਿਸੇ ਵੀ ਕਿਸਮ ਦਾ ਕੋਈ ਲੈਣ ਦੇਣ ਕਰਦੀ ਹੈ ਤਾਂ ਉਸ ਵਿੱਚ ਮੇਰੀ ਜਾਂ ਮੇਰੇ ਪਰਿਵਾਰਕ ਮੈਂਬਰਾਂ ਦੀ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਦਰਸ਼ਨਾ ਦੇਵੀ ਪੁੱਤਰੀ ਬਾਬੂ ਰਾਮ ਵਾਸੀ ਪਿੰਡ ਗਾਂਧੀਆਂ, ਡਾਕਖਾਨਾ ਪਨਿਆੜ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੈਂ ਰਕੇਸ਼ ਕੁਮਾਰ ਦੀ ਕੇਅਰ ਟੇਕਰ ਹਾਂ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੇਰਾ ਇਸ ਨਾਲ ਹੁਣ ਕੋਈ ਤਲਕ-ਵਾਸਤਾ ਨਹੀਂ ਰਿਹਾ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈ ਗਿਆਨ ਕੌਰ ਪਤਨੀ ਜਗਤਾਰ ਸਿੰਘ ਵਾਸੀ ਆਸਲ, ਤਹਿਸੀਲ ਪੱਟੀ ਜਿਲਾ ਤਰਨਤਾਰਨ ਦੀ ਰਹਿਣ ਵਾਲੀ ਹਾ । ਮੇਰਾ ਲੜਕਾ ਬਲਜੀਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ। ਮੈ ਆਪਣੇ ਲੜਕੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈ ਸਰਬੋ ਕੌਰ ਪਤਨੀ ਮਨਜੀਤ ਸਿੰਘ ਵਾਸੀ ਬੱਲਰਾਂ ਤਹਿ ਮੂਨਕ ਜਿਲਾ ਸੰਗਰੂਰ ਦੀ ਹਾ। ਮੇਰੀ ਹਕੀਕੀ ਲੜਕੀ ਸੰਦੀਪ ਕੌਰ ਜੋ ਗਲਤ ਸੰਗਤ ਵਿੱਚ ਪੈ ਗਈ ਹੈ। ਜੋ ਮੇਰੇ ਕਹਿਣੇ ਤੋਂ ਬਹਾਰ ਹੈ, ਇਸ ਨੂੰ ਮੈ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾ। ਜੋ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਖੁਦ ਜਿਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਵਿਨੋਦ ਕੁਮਾਰ ਪੁੱਤਰ ਪ੍ਰਕਾਸ਼ ਚੰਦ ਅਤੇ ਮੀਨਾਕਸ਼ੀ ਪਤਨੀ ਵਿਨੋਦ ਕੁਮਾਰ ਵਾਸੀ ਰਾਮ ਨਗਰ ਡਲਹੋਜੀ ਰੋਡ ਪਠਾਨਕੋਟ ਜਿਲ੍ਹਾ ਪਠਾਨਕੋਟ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਅਸ਼ੀਮ ਮਹਾਜਨ ਉਸਦੀ ਪਤਨੀ ਆਰਤੀ ਦੇਵੀ, ਜੋ ਸਾਡੇ ਕਹਿਣੇ ਤੋਂ ਬਾਹਰ ਹੈ, ਨੂੰ ਆਪਣੀ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ । ਅਸੀਂਅਤੇ ਅਤੇ ਸਾਡਾ ਪਰਿਵਾਰ ਉਨ੍ਹਾਂ ਦੇ ਕਿਸੇ ਵੀ ਚੰਗੇ ਮਾੜੇ ਕੰਮ ਲਈ ਜਿੰਮੇਦਾਰ ਨਹੀਂ। ਉਨ੍ਹਾਂ ਦੋਵਾਂ ਨਾਲ ਦੇਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ ।

ਮੈਂ, ਸਤਨਾਮ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਜੰਡ, ਤਹਿਸੀਲ ਪੱਟੀ ਜਿਲਾ ਤਰਨਤਾਰਨ ਦਾ ਰਹਿਣ ਵਾਲਾ ਹਾ । ਮੇਰਾ ਲੜਕਾ ਗੁਰਪ੍ਰੀਤ ਸਿੰਘ ਤੇ ਇਸਦੀ ਪਤਨੀ ਯਸਮਿੰਦਰ ਕੌਰ ਇਹਨਾਂ ਦੀ ਲੜਕੀ ਅਮਰੀਨ ਕੌਰ ਤਿੰਨੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈ ਆਪਣੇ ਲੜਕੇ,ਨੂੰਹ ਤੇ ਪੋਤਰੀ ਤਿੰਨਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਪੁੱਤਰ ਤਰਸੇਮ ਸਿੰਘ ਵਾਸੀ ਪਿੰਡ ਕੰਦੋਲਾ ਖੁਰਦ, ਫਰਵਾਲਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਚਮਕੌਰ ਮਹੇ ਅਤੇ ਤਰਨਵੀਰ ਮਹੇ ਦੋਨੋਂ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਤਰਸੇਮ ਲਾਲ ਪੁੱਤਰ ਲੇਟ ਪਾਖਰ ਰਾਮ ਵਾਸੀ ਪਿੰਡ ਕੰਦੋਲਾ ਖੁਰਦ, ਫਰਵਾਲਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਤੋਤਾ ਰਾਮ ਦੀ ਮੌਤ ਹੋ ਗਈ ਅਤੇ ਉਸ ਦੀ ਮੌਤ ਤੋਂ ਬਾਅਦ ਮੈਂ ਉਸ ਦੇ ਲੜਕੇ ਲੱਕੀ ਅਤੇ ਦਲਜੀਤ ਕੌਰ ਲੜਕੀ ਦੀ ਦੇਖ-ਭਾਲ ਕਰਦਾ ਹਾਂ। ਇਹ ਦੋਨੋਂ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਨਿਰਮਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਬਾਬਾ ਜੀਵਨ ਸਿੰਘ ਜੀ ਬਸਤੀ, ਪਿੰਡ ਡਗਰੂ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜਿੰਦਰ ਸਿੰਘ ਉਰਫ ਮਨੀ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਾਲੁਕ ਵਾਸਤਾ ਨਹੀਂ ਹੈ।

ਅਸੀਂ, ਸੁਰਿੰਦਰ ਸਿੰਘ ਪੁੱਤਰ ਬਲਵੰਤ ਸਿੰਘ ਅਤੇ ਸਰਬਜੀਤ ਕੌਰ ਪਤਨੀ ਸੁਰਿੰਦਰ ਸਿੰਘ ਵਾਸੀਆਨ ਮਕਾਨ ਨੰਬਰ 6/1328 ਬੀ, ਗਲੀ ਨੰਬਰ 2, ਮਿੰਨ ਸ਼ਹੀਦ ਉਧਮ ਸਿੰਘ ਨਗਰ, ਅੰਮ੍ਰਿਤਸਰ-1, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਦੀਪ ਸਿੰਘ ਅਤੇ ਉਸ ਦੀ ਪਤਨੀ ਅੰਮ੍ਰਿਤਪਾਲ ਕੌਰ ਅਤੇ ਉਨ੍ਹਾਂ ਦਾ ਪੁੱਤਰ ਅਗਮਦੀਪ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸਰਬਜੀਤ ਕੌਰ ਪਤਨੀ ਜਸਵਿੰਦਰ ਸਿੰਘ ਵਾਸੀ ਮਕਾਨ ਨੰ: 716, ਡਾਇਮੰਡ ਐਵੇਨਿਊ ਮਜੀਠਾ ਰੋਡ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਵਿੰਦਰ ਸਿੰਘ ਅਤੇ ਨੂੰਹ ਸਿਮਰਨਜੀਤ ਕੌਰ ਪਤਨੀ ਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਪਿਆਰਾ ਸਿੰਘ ਪੁੱਤਰ ਇੰਦਰ ਸਿੰਘ ਅਤੇ ਪਰਮਜੀਤ ਕੌਰ ਪਤਨੀ ਪਿਆਰਾ ਸਿੰਘ ਵਾਸੀ ਮਕਾਨ ਨੰਬਰ 336, ਪਿੰਡ ਗੁਰੂਵਾਲੀ, ਸੈਲੀਬਰੇਸ਼ਨ ਇਨਕਲੇਵ, ਤਰਨ ਤਾਰਨ ਰੋਡ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਪ੍ਰੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਕਮਲਜੀਤ ਕੌਰ ਪਤਨੀ ਕਮਲਜੀਤ ਸਿੰਘ ਵਾਸੀ ਮਕਾਨ ਨੰਬਰ ਐੱਚ. ਐੱਮ. 38, ਹਕੀਮਾਂ ਵਾਲਾ, ਅਮਨ ਐਵੀਨਿਊ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੇ ਪਹਿਲੇ ਵਿਆਹ ਦਾ ਲੜਕਾ ਰਾਜਬੀਰ ਸਿੰਘ ਪੁੱਤਰ ਗੁਰਬਚਨ ਸਿੰਘ ਬੀਰ ਅਤੇ ਉਸ ਦੀ ਪਤਨੀ ਨਵਜੋਤ ਕੌਰ ਅਤੇ ਉਨ੍ਹਾਂ ਦੀ ਲੜਕੀ ਮੇਹਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਮਾੜਾ ਵਰਤਾਓ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਨਜੀਤ ਕੌਰ ਪਤਨੀ ਕਮਲ ਕਿਸ਼ੋਰ ਵਾਸੀ ਈ-4/937, ਜਵਾਹਰ ਨਗਰ, 1/ਐੱਸ ਜਪਾਨੀ ਮਿੱਲ, ਛੇਹਰਟਾ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਤੀਸ਼ ਕੁਮਾਰ ਅਤੇ ਉਸ ਦੀ ਪਤਨੀ ਨੈਂਸੀ ਅਤੇ ਇਨ੍ਹਾਂ ਦਾ ਲੜਕਾ ਦਿਵਆਂਸ਼ੂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਨਜੀਤ ਕੌਰ ਪਤਨੀ ਗੁਰਦੀਪ ਸਿੰਘ, ਵਾਸੀ ਪਿੰਡ ਢੱਪਈ, ਤਹਿਸੀਲ ਵਾ ਜਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੇਰਾ ਪਤੀ ਗੁਰਦੀਪ ਸਿੰਘ ਪੁੱਤਰ ਕਰਮਜੀਤ ਸਿੰਘ, ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਦਾ ਹੈ ਤਾਂ ਇਸਦਾ ਜਿੰਮੇਵਾਰ ਉਹ ਖੁਦ ਹੋਵੇਗਾ। ਮੈਂ ਜਾਂ ਮੇਰੇ ਪਰਿਵਾਰ ਦਾ ਹੋਰ ਕੋਈ ਮੈਂਬਰ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਦਵਿੰਦਰ ਸਿੰਘ ਗੰਭੀਰ ਪੁੱਤਰ ਦਰਸ਼ਨ ਸਿੰਘ ਗੰਭੀਰ ਵਾਸੀ ਮਕਾਨ ਨੰਬਰ 450, ਗੁਰੂ ਤੇਗ ਬਹਾਦਰ ਨਗਰ, ਜਲੰਧਰ ਐਲਾਨ ਕਰਦਾ ਹਾਂ ਕਿ ਮੇਰਾ ਪੁੱਤਰ ਮਨਕੀਰਤ ਸਿੰਘ ਪਰਿਵਾਰਕ ਕੰਟਰੋਲ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਆਪਣੇ ਪੁੱਤਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਸੰਬੰਧਤ ਰੱਖਣ ਵਾਲਾ ਅਤੇ ਲੈਣ ਦੇਣ ਕਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ, ਮੈਂ ਜਾਂ ਮੇਰਾ ਪਰਿਵਾਰ ਨਹੀਂ।

ਮੈਂ ਦਿਲਬਾਗ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਡਿਆਲ ਰਾਜਪੂਤਾਂ ਤਹਿ ਜ਼ਿਲ੍ਹਾ ਤਰਨ ਤਾਰਨ ਦਾ ਰਹਿਣ ਵਾਲਾ ਹਾਂ,ਹੇਠ ਲਿਖਿਆ ਬਿਆਨ ਕਰਦਾ ਹਾਂ।ਮੇਰਾ ਲੜਕਾ ਅਵਤਾਰ ਸਿੰਘ ਜੋ ਕਿ ਬੁਰੀ ਸੰਗਤ ਅਤੇ ਨਸ਼ਿਆਂ ਆਦੀ ਹੈ,ਮੈਂ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਸੰਬੰਧਿਤ ਨੋਟ ਕਰਨ।

ਮੈਂ, ਸੁਰਜੀਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਓਠੀਆਂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਮੈਂ ਤੇ ਮੇਰਾ ਪਰਵਾਰ ਇਸ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਦਿਆਲ ਸਿੰਘ ਪੁੱਤਰ ਰਾਂਝਾ ਸਿੰਘ ਵਾਸੀ ਰਾਏਪੁਰ ਅਰਾਈਆਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬੂਟਾ ਸਿੰਘ ਅਤੇ ਨੂੰਹ ਮਨਜੀਤ ਕੌਰ ਸਮੇਤ ਪਰਵਾਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤੁਅਲਕ-ਵਾਸਤਾ ਨਹੀਂ ਹੈ।

ਮੈਂ ਬਲਜੀਤ ਕੌਰ ਵਿਧਵਾ ਤਰਸੇਮ ਸਿੰਘ, ਵਾਸੀ ਠੱਠੀਆਂ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ), ਆਪਣੇ ਲੜਕੇ ਸਿਮਰਨਜੀਤ ਸਿੰਘ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਹਿੰਦਰ ਕੌਰ ਪਤਨੀ ਪ੍ਰਕਾਸ਼ ਸਿੰਘ ਵਾਸੀ ਮਕਾਨ ਨੰ. 6495- ਬੀ-34, ਜਗਤ ਨਗਰ, ਜੱਸੀਆਂ ਰੋਡ, ਹੈਬੋਵਾਲ ਕਲਾਂ, ਲੁਧਿਆਣਾ ਹਾਲ ਵਾਸੀ ਪਿੰਡ ਤੇ ਡਾਕਖਾਨਾ ਜੌਹਲ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ 'ਤੇ ਵਿਸ਼ੇਸ਼

# ਪੰਜਾਬ 'ਚ ਅਮਨ ਤੇ ਸਦਭਾਵਨਾ ਚਾਹੁੰਦੇ ਸਨ ਸੰਤ ਲੌਂਗੋਵਾਲ

ਮੋਟੇ ਤੌਰ 'ਤੇ ਜ਼ਿੰਦਗੀ ਜਿਉਣ ਦੇ ਦੋ ਢੰਗ ਹੁੰਦੇ ਹਨ, ਪਹਿਲਾ ਆਪਣੇ ਹਿੱਤਾਂ ਲਈ ਜਿਉਣਾ, ਦੂਜਾ ਪਰਾਏ ਹਿੱਤਾਂ ਲਈ ਪਰਉਪਕਾਰ ਲਈ ਜਿਉਣਾ। ਆਪਣੇ ਹਿੱਤਾਂ ਲਈ ਹਰ ਕੋਈ ਜਿਉਂਦਾ ਹੈ, ਪਰਉਪਕਾਰ ਲਈ ਜਿਉਣ ਵਾਲਿਆਂ ਦੀ ਕਥਾ ਨਿਰਾਲੀ ਹੁੰਦੀ ਹੈ। ਉਨ੍ਹਾਂ ਦੀ ਹਰ ਅਦਾ, ਹਰ ਅਮਲ ਤੇ ਹਰ ਕਰਤੱਵ ਵੱਖਰਾ ਹੁੰਦਾ ਹੈ। ਕਦੇ-ਕਦੇ ਹੀ ਕਿਸੇ ਜਣਨੀ ਦੀ ਕੁੱਖ ਤੋਂ ਅਜਿਹੇ ਹੀਰੇ ਪੈਦਾ ਹੁੰਦੇ ਹਨ। 20 ਅਗਸਤ 1985 ਨੂੰ ਪੰਜਾਬ ਦੀ ਤਰੱਕੀ, ਪੰਜਾਬੀਆਂ ਦੀ ਖੁਸ਼ਹਾਲੀ ਤੇ ਦੇਸ਼ ਦੀ ਅਖੰਡਤਾ ਲਈ ਜਾਮ-ਏ-ਸ਼ਹਾਦਤ ਪੀਣ ਵਾਲੇ ਮਹਾਨ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਆਪਣੇ ਧਾਰਮਿਕ ਤੇ ਸਿਆਸੀ ਜੀਵਨ ਦੀਆਂ ਯਾਦਾਂ ਸਾਡੇ ਲਈ ਇੱਕ ਆਦਰਸ਼ ਦੇ ਰੂਪ ਵਿਚ ਛੱਡ ਗਏ ਹਨ। ਉਨ੍ਹਾਂ ਦੇ ਅਮਨ-ਸ਼ਾਂਤੀ ਦੇ ਨਾਅਰੇ ਦੀ ਬਦੌਲਤ ਪੰਜਾਬ 'ਚ ਆਈ ਖੁਸ਼ਹਾਲੀ ਤੇ ਜਮਹੂਰੀਅਤ ਪਸੰਦ ਅਕਾਲੀ ਸਰਕਾਰ ਇਸ ਗੱਲ ਦੀ ਗਵਾਹ ਸੀ ਕਿ ਇਸ ਮਹਾਨ ਵਿਅਕਤੀ ਨੂੰ ਕਤਲ ਨਹੀਂ ਕੀਤਾ ਜਾ ਸਕਦਾ। ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਨੇ ਇੱਕ ਗਰੀਬ ਪੇਂਡੂ ਪਰਿਵਾਰ ਵਿੱਚ ਪੈਦਾ ਹੋ ਕੇ ਜਿਸ ਤਰ੍ਹਾਂ ਧਰਮ ਤੇ ਰਾਜਨੀਤੀ ਦੇ ਖੇਤਰ ਵਿੱਚ ਬੁਲੰਦੀਆਂ ਨੂੰ ਛੋਹਿਆ, ਅੱਜ ਦੇ ਦਿਨ ਜਦੋਂ ਹਰ ਆਮ ਤੇ ਖਾਸ ਪੰਜਾਬੀ ਉਨ੍ਹਾਂ ਨੂੰ ਯਾਦ ਕਰ ਰਿਹਾ ਹੈ ਤਾਂ ਇਨ੍ਹਾਂ ਦਾ ਜ਼ਿਕਰ ਕਰਨਾ ਵਿਸ਼ੇਸ਼ ਮਹੱਤਵ ਰੱਖਦਾ ਹੈ। ਸੰਤ ਹਰਚੰਦ ਸਿੰਘ ਲੌਂਗੋਵਾਲ ਦਾ ਨਿਮਾਣਾ ਸੇਵਕ ਹੋਣ ਦੇ ਨਾਤੇ ਮੈਨੂੰ ਲੰਮਾ ਅਰਸਾ ਉਨ੍ਹਾਂ ਦੇ ਨੇੜੇ ਰਹਿਣ ਦਾ ਮਾਣ ਮਿਲਿਆ। ਇਸ ਦੌਰਾਨ ਮੈਂ ਦੇਖਿਆ ਕਿ ਉਹ ਸਭ ਤੋਂ ਪਹਿਲਾਂ ਆਪਣੇ ਆਪ ਨੂੰ ਸਿੱਖ ਧਰਮ ਦਾ ਨਿਮਾਣਾ ਜਿਹਾ ਸੇਵਕ ਸਮਝਦੇ ਸਨ। ਉਨ੍ਹਾਂ ਇੱਕ ਸਿਰਮੌਰ ਰਾਜਨੀਤਕ ਨੇਤਾ ਹੁੰਦੇ ਹੋਏ ਆਪਣੇ-ਆਪ ਨੂੰ ਧਰਮ ਦੇ ਰਸਤੇ ਤੋਂ ਲਾਂਭੇ ਨਹੀਂ ਹੋਣ ਦਿੱਤਾ। ਸੰਤ ਲੌਂਗੋਵਾਲ ਨੇ ਮਾਲਵੇ 'ਚ ਸਿੱਖੀ ਦੇ ਪ੍ਰਸਾਰ ਲਈ ਪਿੰਡ-ਪਿੰਡ ਜਾ ਕੇ ਅੰਮ੍ਰਿਤ ਸੰਚਾਰ ਕਰਵਾਇਆ। ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਹੁੰਦਿਆ ਤਾਂ ਉਨ੍ਹਾਂ ਅੰਮ੍ਰਿਤ ਸੰਚਾਰ ਦੀ ਮੁਹਿੰਮ ਨੂੰ ਕੈਨੇਡਾ, ਅਮਰੀਕਾ ਤੇ ਹੋਰ ਵਿਦੇਸ਼ੀ ਮੁਲਕਾਂ ਤੱਕ ਵਧਾ ਦਿੱਤਾ ਸੀ।



ਮਾਲਵੇ ਦੇ ਅਨੇਕਾਂ ਪਿੰਡ ਅਜਿਹੇ ਸਨ, ਜਿੱਥੇ ਗੁਰਦੁਆਰਾ ਸਹਿਬ ਹੀ ਨਹੀਂ ਸਨ, ਉਥੇ ਆਪ ਨੇ ਕਾਰਸੇਵਾ ਸੰਭਾਲ ਕੇ ਲੋਕਾਂ ਦੇ ਸਹਿਯੋਗ ਨਾਲ ਗੁਰਦੁਆਰਿਆਂ ਦੀ ਸਥਾਪਨਾ ਲਈ ਕਾਰਸੇਵਾ ਕਰਵਾਈ। ਪੰਥ ਦੀ ਨਿਰਸਵਾਰਥ ਸੇਵਾ ਨੂੰ ਪਹਿਲ 1960 'ਚ ਸ਼੍ਰੋਮਣੀ ਕਮੇਟੀ ਦੀ ਚੋਣ ਲਈ ਮਿਲੀ ਪਾਰਟੀ ਦੀ ਟਿਕਟ ਵੀ ਠੁਕਰਾ ਦਿੱਤੀ ਸੀ। ਸੰਤ ਲੌਂਗਵਾਲ ਦੀ ਨਿਸ਼ਕਾਮ ਸੇਵਾ ਦਾ ਹੀ ਫਲ ਸੀ ਕਿ ਸੰਗਤ ਨੇ ਉਨ੍ਹਾਂ ਨੂੰ ਸਿੱਖਾਂ ਦੇ ਪੰਜਵੇਂ ਤਖਤ ਸ੍ਰੀ ਦਮਦਮਾ ਸਾਹਿਬ ਲਈ 1963 ਵਿੱਚ ਜਥੇਦਾਰ ਥਾਪ ਦਿੱਤਾ। ਉਨ੍ਹਾਂ ਸਾਲ ਭਰ ਇਹ ਸੇਵਾ ਬਾਖੂਬੀ ਨਿਭਾਈ। 1979 ਵਿੱਚ ਸੰਤ ਲੌਂਗੋਵਾਲ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸੀਨੀਅਰ ਮੀਤ ਪ੍ਰਧਾਨ ਚੁਣ ਲਿਆ ਗਿਆ। ਸੰਤ ਲੌਂਗੋਵਾਲ ਰਾਜਨੀਤੀ ਦੀ ਜਿਲ੍ਹਣ 'ਚ ਕਦੀ ਫਸਣਾ ਨਹੀਂ ਚਾਹੁੰਦੇ, ਪਰ ਪੰਥ ਤੇ ਸਮਾਜ ਸੇਵਾ ਦੀ ਤਾਂਘ ਉਨ੍ਹਾਂ ਨੂੰ ਇੱਧਰ ਲੈ ਆਈ ਸੀ। ਹਮੇਸ਼ਾ ਧਰਮ ਦੇ ਮਾਰਗ 'ਤੇ ਚਲਦਿਆਂ ਰਾਜਨੀਤੀ ਵਿੱਚ ਵਿਚਰਨ ਕਰਕੇ ਉਹ ਦਿੱਕਤ ਵਿੱਚ ਖਿਲੇ ਕਮਲ ਦੇ ਫੁੱਲ ਵਾਂਗ ਬੇਦਾਗ ਰਹੇ। ਇਹੀ ਕਾਰਨ ਸੀ ਕਿ ਸ਼ੁਰੂ ਤੋਂ ਅੰਤ ਦੀ ਅਗਵਾਈ ਵਿੱਚ ਭਰੋਸਾ ਪ੍ਰਗਟਾਇਆ। ਨਿਮਰ ਸੁਭਾਅ ਤੇ ਮਿਲਣਸਾਰ ਉਨ੍ਹਾਂ ਦੇ ਵਿਸ਼ੇਸ਼ ਗੁਣ ਸਨ। ਉਹ ਹਰ ਛੋਟੇ ਤੋਂ ਛੋਟੇ ਵਰਕਰ ਨਾਲ ਏਨੀਆ ਨਿੱਘੀਆਂ ਗੱਲਾਂ ਕਰਦੇ ਸਨ ਕਿ ਹਰ ਅਕਾਲੀ ਵਰਕਰ ਸਮਝਦਾ ਸੀ ਕਿ ਸੰਤ ਲੌਂਗੋਵਾਲ ਉਸ ਦੇ ਸਭ ਤੋਂ ਨੇੜੇ ਹਨ। ਉਨ੍ਹਾਂ ਨੂੰ ਪੰਜਾਬ ਤੇ ਪੰਜਾਬੀਆਂ ਦੇ ਹੱਕਾਂ ਲਈ ਲੜਦਿਆਂ ਅਨੇਕਾਂ ਵਾਰ ਜੇਲ੍ਹ ਵੀ ਜਾਣਾ ਪਿਆ, 1953 ਵਿੱਚ ਪੈਪਸੂ ਦੀ ਸਰਕਾਰ ਸਮੇਂ ਲੱਗੇ ਮੋਰਚੇ ਵਿੱਚ ਉਹ ਪਹਿਲੀ ਵਾਰ ਜੇਲ੍ਹ ਗਏ। ਤਿੰਨ ਮਹੀਨੇ ਜੇਲ੍ਹ ਕੱਟਣੀ ਪਈ। 1955 ਵਿੱਚ ਪੰਜਾਬੀ ਸੂਬੇ ਲਈ ਲੱਗੇ ਮੋਰਚੇ ਵਿੱਚ ਸੰਤ ਲੌਂਗੋਵਾਲ ਨੂੰ ਦੋ ਵਾਰ ਗ੍ਰਿਫਤਾਰ ਕਰਕੇ ਜੇਲ੍ਹ ਰੱਖਿਆ ਗਿਆ। 1969 ਵਿੱਚ ਉਨ੍ਹਾਂ ਪਹਿਲੀ ਵਾਰ ਅਸੈਂਬਲੀ ਚੋਣ ਲਹਿਰਾਗਾਗਾ ਹਲਕੇ ਤੋਂ ਲੜੀ ਜਿੱਥੇ ਉਨ੍ਹਾਂ ਕਾਂਗਰਸ ਦੇ ਥੰਮ੍ਹ ਕਹੇ ਜਾਂਦੇ ਪੈਪਸੂ ਦੇ ਮੁੱਖ ਮੰਤਰੀ ਬਾਬੂ ਬ੍ਰਿਸ਼ਭਾਨ ਨੂੰ ਕਰਾਰੀ ਹਾਰ ਦਿੱਤੀ। 1975 ਵਿੱਚ ਐਮਰਜੈਂਸੀ ਵਿਰੁੱਧ ਮਨੁੱਖੀ ਹੱਕਾਂ ਦੀ ਰਾਖੀ ਲਈ ਆਵਾਜ਼ ਬੁਲੰਦ ਕਰਦੇ ਹੋਏ ਮੋਰਚਾ ਲਗਾਇਆ, ਜਿਸ ਵਿੱਚ ਲੱਖਾਂ ਪੰਜਾਬੀ ਸੰਤ ਲੌਂਗੋਵਾਲ ਦੀ ਕਮਾਂਡ ਹੇਠ ਇਸ ਅਨਿਆ ਵਿਰੁੱਧ ਲੜੇ। ਅਖੀਰ ਉਨ੍ਹਾਂ ਨੇ ਸਰਕਾਰੀ ਜ਼ੁਲਮ 'ਤੇ ਜਿੱਤ ਪ੍ਰਾਪਤ ਕੀਤੀ ਤੇ ਦੇਸ਼ ਵਿੱਚ ਆਮ ਚੋਣਾਂ ਦਾ ਐਲਾਨ ਹੋ ਗਿਆ। 20 ਅਗਸਤ 1980 ਨੂੰ ਸੰਤ ਲੌਂਗੋਵਾਲ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਚੁਣ ਲਿਆ ਗਿਆ।

1982 ਵਿੱਚ ਉਨ੍ਹਾਂ ਪੰਜਾਬ ਤੇ ਪੰਥ ਦੇ ਹਿੱਤਾਂ ਲਈ ਧਰਮ ਯੁੱਧ ਮੋਰਚਾ ਲਗਾਇਆ, ਪ੍ਰੰਤੂ ਬਦਕਿਸਮਤੀ ਨਾਲ ਅਮਨਪੂਰਵਕ ਆਪਣੇ ਨਿਸ਼ਚੇ ਵੱਲ ਵਧ ਰਹੇ ਇਸ ਹੱਕੀ ਸੰਘਰਸ਼ ਦੇ ਰੂਪ ਨੂੰ ਕੁਝ ਹੋਰਨਾਂ ਨੇ ਗਰਮ ਨਾਅਰੇ ਦੇ ਕੇ ਵਿਗਾੜਨਾ ਸ਼ੁਰੂ ਕਰ ਦਿੱਤਾ। ਹਾਲਾਤ ਤੇਜੀ ਨਾਲ ਵਿਗੜਦੇ ਗਏ, ਪਰ ਸੰਤ ਲੌਂਗੋਵਾਲ ਬੇਵੱਸ ਤੇ ਚਿੰਤਾ ਵਿੱਚ ਸਨ। ਉਨ੍ਹਾਂ ਦੀ ਇਹ ਚਿੰਤਾ ਕਿਸੇ ਅਨਹੋਣੀ ਦੇ ਡਰ ਵਿੱਚੋਂ ਉਪਜ ਰਹੀ ਸੀ, ਜੋ ਉਸ ਵੇਲੇ ਸੱਚ ਹੋ ਗਈ, ਜਦੋਂ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿੱਚ ਗਰਮ ਖਿਆਲੀਆਂ ਨੂੰ ਕੱਢਣ ਬਹਾਨੇ ਕੇਂਦਰ ਦੀ ਕਾਂਗਰਸੀ ਸਰਕਾਰ ਨੇ ਸ੍ਰੀ ਅਕਾਲ ਤਖਤ ਸਾਹਿਬ ਉੱਪਰ ਫੌਜੀ ਹਮਲਾ ਬੋਲ ਦਿੱਤਾ। 6 ਜੂਨ 1984 ਨੂੰ ਇਸੇ ਦੌਰਾਨ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ 'ਚੋਂ ਗ੍ਰਿਫਤਾਰ ਕਰਕੇ ਜੋਧਪੁਰ ਜੇਲ੍ਹ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ। ਇਨ੍ਹਾਂ ਘਟਨਾਵਾਂ ਨੇ ਸੰਤ ਲੌਂਗੋਵਾਲ ਦਾ ਹਿਰਦਾ ਵਿੰਨ ਸੁੱਟਿਆ ਸੀ। ਉਹ ਕਿਸੇ ਵੀ ਤਰ੍ਹਾਂ ਪੰਜਾਬ ਨੂੰ ਬਾਰੂਦ ਦੀ ਅੱਗ 'ਚ ਬਚਾਉਣਾ ਚਾਹੁੰਦੇ ਸਨ ਤੇ ਨਾਲ ਹੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਸਿੱਖ ਪੰਥ ਦੀ ਸ਼ਾਖ ਨੂੰ ਵੀ ਮੁੜ ਉਭਾਰਨਾ ਲੋਚਦੇ ਸਨ। ਇਸੇ ਇੱਛਾ ਕਾਰਨ ਉਨ੍ਹਾਂ 21 ਜੁਲਾਈ 1984 ਨੂੰ ਪੰਜਾਬ ਸਮਝੌਤੇ ਵਰਗਾ ਦਲੇਰਾਨਾ ਕਦਮ ਚੁੱਕਿਆ, ਜਿਸ ਲਈ ਉਸ ਵੇਲੇ ਹਰ ਕੋਈ ਆਗੂ ਗੱਲ ਕਰਨ ਤੋਂ ਡਰਦਾ ਸੀ। ਉਨ੍ਹਾਂ ਇਸ ਅਮਨ ਸਮਝੌਤੇ ਦੀ ਕੀਮਤ ਆਪਣੀ ਜਾਨ ਦੇ ਕੇ ਚੁਕਾਉਣੀ ਪਈ। ਫਿਰ ਵੀ ਉਨ੍ਹਾਂ ਦਾ ਬਲੀਦਾਨ ਬੇਅਰਥ ਨਹੀਂ ਗਿਆ ਬਲਕਿ ਅੱਗ 'ਚ ਬਲਦੇ ਪੰਜਾਬ ਨੂੰ ਅਮਨ-ਸ਼ਾਂਤੀ ਤੇ ਖੁਸ਼ਹਾਲੀ ਦੀਆਂ ਬਹਾਰਾਂ ਬਖਸ਼ ਗਿਆ। ਉਹ ਕੁਰਬਾਨੀ ਤੇ ਉਪਕਾਰ ਵਾਲੇ ਰਾਹ ਦੇ ਯਾਤਰੀ ਸਨ, ਉਹ ਚਾਨਣ ਮੁਨਾਰੇ ਵਾਂਗ ਸਦਾ ਲਈ ਗੁਰਮਤਿ ਦੇ ਆਦਰਸ਼ਾਂ ਦੀ ਰੋਸ਼ਨੀ ਤੇ ਅਗਵਾਈ ਦਿੰਦੇ ਰਹਿਣਗੇ।

**-ਭਾਈ ਗੋਬਿੰਦ ਸਿੰਘ ਲੌਂਗੋਵਾਲ**
**ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ**

## ਬੇਦਖਲੀ ਨੋਟਿਸ

ਮੈਂ, ਮਹਿੰਦਰ ਕੌਰ ਪਤਨੀ ਗੁਲਜਾਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਕਾਹਰੀ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਲਜੀਤ ਸਿੰਘ ਅਤੇ ਉਸਦੀ ਪਤਨੀ ਬਲਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਇਕਬਾਲ ਮਸੀਹ ਪੁੱਤਰ ਸਾਧੂ ਰਾਮ ਵਾਸੀ ਮਲਸੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਜੇ ਕੁਮਾਰ ਵਾ ਮੇਰੀ ਨੂੰਹ ਪਰਮਜੀਤ ਕੋਰ ਵਾ ਮੇਰਾ ਪੋਤਾ ਗੁਰਵਿੰਦਰ ਸਿੰਘ ਤੇ ਜਸਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਦਲੇਰ ਸਿੰਘ ਉਰਫ ਦਲੇਰ ਸਿੰਘ ਪੁੱਤਰ ਗੱਜਣ ਸਿੰਘ ਵਾਸੀ ਪਿੰਡ ਤਰਪਾਲਾ, ਡਾਕਖਾਨਾ ਸਮਰਾਏ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ। ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਇੰਦਰਜੀਤ ਸਿੰਘ ਅਤੇ ਮੇਰੀ ਨੂੰਹ ਹਰਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਦਲੇਰ ਸਿੰਘ ਉਰਫ ਦਲੇਰ ਸਿੰਘ ਪੁੱਤਰ ਗੱਜਣ ਸਿੰਘ ਵਾਸੀ ਪਿੰਡ ਤਰਪਾਲਾ, ਡਾਕਖਾਨਾ ਸਮਰਾਏ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ। ਮੇਰੀ ਲੜਕੀ ਰੁਪਿੰਦਰ ਕੌਰ ਉਰਫ ਖੁਸ਼ਪ੍ਰੀਤ ਕੌਰ ਪਤਨੀ ਕੁਲਵਿੰਦਰ ਸਿੰਘ, ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਵਤਾਰ ਚੰਦ ਪੁੱਤਰ ਮਹਿੰਗਾ ਰਾਮ ਵਾਸੀ ਲਾਗੜੀਆ ਮੁੱਹਲਾ, ਗੁਰਾਇਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਰਜੀਤ ਅਤੇ ਉਸਦੀ ਪਤਨੀ ਬੇਬੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਗੁਰਦਿਆਲ ਬਸਰਾ ਪੁੱਤਰ ਸਤਨਾਮ ਵਾਸੀ ਪਿੰਡ ਮੂੰਨਾ ਤਹਿਸੀਲ ਬੰਗਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਨਾਬਾਲਗ ਬੇਟੇ ਨੈਤਿਕ ਦਾ ਨਾਂਅ ਬਦਲ ਕੇ ਨੈਤਿਕ ਬਸਰਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਹਰਜੀਤ ਕੌਰ ਪਤਨੀ ਨਵਤੇਜ ਸਿੰਘ ਵਾਸੀ ਪਿੰਡ ਕੁੱਕੜਾਂ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਮ ਹਰਜੀਤ ਕੌਰ ਤੋਂ ਬਦਲ ਕੇ ਹਰਜੀਤ ਚੌਹਾਨ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਨਵਤੇਜ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਕੁੱਕੜਾਂ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਮ ਨਵਤੇਜ ਸਿੰਘ ਤੋਂ ਬਦਲ ਕੇ ਨਵਤੇਜ ਚੌਹਾਨ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਹਰਜਿੰਦਰ ਕੌਰ ਪਤਨੀ ਦਿਲਬਾਗ ਸਿੰਘ ਵਾਸੀ ਪਿੰਡ ਭੱਠਲ ਸਹਿਜਾ ਸਿੰਘ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰੀ ਪੁੱਤਰੀ ਦਾ ਨਾਮ ਪਹਿਲਾਂ ਜਸਨਦੀਪ ਕੌਰ ਸੀ, ਹੁਣ ਉਸ ਦਾ ਨਾਮ ਜਸ਼ਨਦੀਪ ਕਰ ਦਿੱਤਾ ਹੈ। ਅਗਾਂਹ ਤੋਂ ਉਸ ਨੂੰ ਜਸ਼ਨਦੀਪ ਨਾਮ ਨਾਲ ਹੀ ਜਾਣਿਆ ਜਾਵੇ।

ਮੈਂ, ਪਰਵੀਨ ਵਰਮਾ ਪੁੱਤਰ ਦੇਵ ਰਾਜ, ਵਾਸੀ ਵਾਰਡ ਨੰਬਰ 2, ਜਨਤਾ ਨਗਰ ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਪਰਵੀਨ ਕੁਮਾਰ ਰੱਖ ਲਿਆ ਹੈ।

ਮੈਂ, ਦਿਵਯ ਜੋਤੀ ਪੁੱਤਰ ਹਰਿਬੰਸ਼ ਮਿਸ਼ਰਾ, ਵਾਸੀ ਐੱਲ-7/2732, ਗਲੀ ਮੁਰੱਬੇ ਵਾਲੀ, ਕ੍ਰਿਸ਼ਨਾ ਨਗਰ, ਤਰਨ ਤਾਰਨ ਰੋਡ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਂਅ ਦਿਵਯ ਜੋਤੀ ਤੋਂ ਬਦਲ ਕੇ ਦਿਵਯ ਜਯੋਤੀ ਮਿਸ਼ਰਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਚੰਦਰ ਕੁਮਾਰ ਪੁੱਤਰ ਚੇਤ ਰਾਮ ਵਾਸੀ E.S. 646, ਅਬਾਦਪੁਰਾ ਜਲੰਧਰ, ਨੇ ਆਪਣੀ ਨਾਬਾਲਗ ਪੁੱਤਰੀ ਦਾ ਨਾਮ ਬਦਲ ਕੇ ਕੈਰਵੀ ਤੋਂ ਕੈਰਵੀ ਜੱਸਲ ਰੱਖ ਲਿਆ ਹੈ।

ਮੈਂ, ਸੁਖਵਿੰਦਰ ਕੌਰ ਪਤਨੀ ਰਜਿੰਦਰ ਸਿੰਘ ਵਾਸੀ ਪਿੰਡ ਕੋਟਲੀ ਅਰਾਈਆਂ, ਡਾਕਖਾਨਾ ਸਾਰੋਬਾਦ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨੇ ਆਪਣੇ ਨਾਬਾਲਗ ਲੜਕੇ ਦਾ ਨਾਮ ਅਮਨਜੋਤ ਤੋਂ ਅਮਨਜੋਤ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਹਰਜੀਤ ਕੌਰ ਪੁੱਤਰੀ ਗੁਰਬਖਸ਼ ਸਿੰਘ ਹਾਲ ਪਤਨੀ ਗੁਰਨਾਮ ਸਿੰਘ ਵਾਸੀ ਪਿੰਡ ਖੁਨਣ, ਤਹਿਸੀਲ ਰਤੀਆਂ, ਜ਼ਿਲ੍ਹਾ ਫਤਿਹਾਬਾਦ, ਹਰਿਆਣਾ ਘੋਸ਼ਣਾ ਕਰਦੀ ਹਾਂ ਕਿ ਮੇਰਾ ਨਾਂਅ ਜਮ੍ਹਾਂਬੰਦੀ ਵਿਚ ਸੁਰਿੰਦਰਜੀਤ ਕੌਰ ਚੱਲ ਰਿਹਾ ਹੈ, ਮੈਂ ਹੁਣ ਆਪਣਾ ਨਾਂਅ ਹਰਜੀਤ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## PUBLIC NOTICE

I Gurwinder Kaur w/o Manga singh village marauri tehsil samana district patiala That I have Life insurance policy no 132003537 from LIC life insurance corporation of India. That in life insurance policy my name is Gulwinder Kaur w/o Manjit Singh both name & Gurwinder Kaur w/o Manga singh are mine. That undertake Gulwinder Kaur w/o Manjit Singh & Gurwinder Kaur w/o Manga Singh is one and same person and I shall be fully liable in case of obligation.

We, Ashok Kumar S/o Tulla Ram and Lakshmi W/o Ashok Kumar both R/o H.No. 911-B, Arjun Nagar, Jalandhar, Punjab declare that our daughter Mishu & her husband Avnish Kumar are out of our control. We disinherit them from our movable and immovable properties. We and our family shall not be held responsible for any of their acts deeds and things. All please note.

I, Manjik Kaur W/o Balwinder Singh R/o Village Sarai, PO Chor Sidhwan, Tehsil/Distt. Gurdaspur Pin-143521, Punjab, India. Declare that my given name as Manjik and my surname as Kaur.

I, Gurwinder Singh S/o Jaswant Singh R/o VPO Jaura Singha, Batala, Distt. Gurdaspur-143505, Punjab, India. Declare that my given name as Gurwinder and my surname as Singh.

I, Balwinder Singh S/o Thakur Singh R/o Village Sarai, PO. Chor Sidhwan, Tehsil/Distt. Gurdaspur, Pin-143521, Punjab, India. Declare that my given name as Balwinder and my surname as Singh.

## ਦਫ਼ਤਰ ਨਗਰ ਪੰਚਾਇਤ, ਲੋਹੀਆਂ ਖਾਸ

### ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤੀ ਜਾਂਦਾ ਹੈ, ਕਿ ਇਹ ਪ੍ਰੋਪਰਟੀ (ਰਿਹਾਇਸ਼ੀ) ਦਫ਼ਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰੋਪਰਟੀ ਟੈਕਸ ਰਿਕਾਰਡ ਵਿੱਚ ਸ਼੍ਰੀ ਰਾਜ ਕੁਮਾਰ ਪੁੱਤਰ ਸਾਧੂ ਰਾਮ ਵਾਸੀ ਲੋਹੀਆਂ ਖਾਸ ਤੇ ਦਰਜ ਹੈ। ਜਿਸ ਦਾ ਪੀ.ਟੀ ਨੰਬਰ ਪੀ.ਟੀ.1007-2030017 ਹੈ। ਜਿਸ ਦਾ ਰਕਬਾ ਕਰੀਬ 00 ਕ 6 ਮ 00 ਸ ਮਰਲੇ (ਕਵਰਡ ਏਰੀਆਂ 1500 ਫੁੱਟ) ਹੈ। ਇਹ ਪ੍ਰੋਪਰਟੀ ਵਾਰਡ ਨੰ.10 ਜਿਸ ਦੀਆ ਹੱਦਾ ਚੜਦੇ ਰਮੇਸ਼ ਕੁਮਾਰ, ਲਹਿੰਦੇ ਸ਼ਿਗਾਰਾ ਸਿੰਘ, ਪਹਾੜ ਕੁਲਦੀਪ ਸਿੰਘ ਦਖਣ ਰਸਤਾ ਸ਼ਹੀਦ ਉਧਮ ਸਿੰਘ ਲੋਹੀਆ ਖਾਸ ਹੈ। ਸ਼੍ਰੀ ਰਾਜ ਕੁਮਾਰ ਪੁੱਤਰ ਸਾਧੂ ਰਾਮ ਵਾਸੀ ਲੋਹੀਆਂ ਖਾਸ ਵੱਲੋਂ ਇਹ ਪ੍ਰੋਪਰਟੀ ਸ਼੍ਰੀ ਮਤੀ ਗੁਰਪ੍ਰੀਤ ਕੋਰ ਪਤਨੀ ਬਲਜੀਤ ਸਿੰਘ ਪੁੱਤਰ ਤੀਰਥ ਸਿੰਘ ਵਾਸੀ ਪਿੰਡ ਮੁਸੇਵਾਲ ਤਹਿ: ਨਕੋਦਰ ਹਾਲ ਲੋਹੀਆ ਖਾਸ ਦਸਤਾਵੇਜ਼ ਨੰਬਰ 916 ਮਿਤੀ 02-02-2025 ਰਜਿਸਟਰੀ ਕਰਵਾਈ ਗਈ ਹੈ। ਇਹ ਪ੍ਰੋਪਰਟੀ ਜਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀਮਤੀ ਗੁਰਪ੍ਰੀਤ ਕੋਰ ਪਤਨੀ ਬਲਜੀਤ ਸਿੰਘ ਪੁੱਤਰ ਤੀਰਥ ਸਿੰਘ ਵਾਸੀ ਪਿੰਡ ਮੁਸੇਵਾਲ ਤਹਿ: ਨਕੋਦਰ ਹਾਲ ਲੋਹੀਆਂ ਖਾਸ ਵੱਲੋਂ ਇਹ ਸੈਵ-ਘੋਸ਼ਣਾਂ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਿਵਾਰਕ ਝਗੜਾ ਨਹੀ ਹੈ ਅਤੇ ਨਾਂ ਹੀ ਕੋਈ ਅਦਾਲਤੀ ਕੇਸ ਚਲਦਾ ਹੈ। ਇਸ ਲਈ ਇਹ ਪ੍ਰੋਪਰਟੀ (ਰਿਹਾਇਸ਼ੀ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀਮਤੀ ਗੁਰਪ੍ਰੀਤ ਕੋਰ ਪਤਨੀ ਬਲਜੀਤ ਸਿੰਘ ਪੁੱਤਰ ਤੀਰਥ ਸਿੰਘ ਵਾਸੀ ਪਿੰਡ ਮੁਸੇਵਾਲ ਤਹਿ: ਨਕੋਦਰ ਹਾਲ ਲੋਹੀਆ ਖਾਸ ਦੇ ਨਾਮ ਤਬਦੀਲ ਕਰ ਦਿਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫ਼ਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ, 30 ਦਿਨਾਂ ਦਾ ਸਮਾਂ ਖਤਮ ਹੋਣ ਤੋ ਬਾਅਦ ਇਹ ਪ੍ਰੋਪਰਟੀ ਸ੍ਰੀਮਤੀ ਗੁਰਪ੍ਰੀਤ ਕੋਰ ਪਤਨੀ ਬਲਜੀਤ ਸਿੰਘ ਪੁੱਤਰ ਤੀਰਥ ਸਿੰਘ ਵਾਸੀ ਪਿੰਡ ਮੁਸੇਵਾਲ ਤਹਿ: ਨਕੋਦਰ ਹਾਲ ਲੋਹੀਆ ਖਾਸ, ਤਹਿਸੀਲ ਸ਼ਾਹਕੋਟ ਦੇ ਨਾਮ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜਰ ਜਾਂ ਸੁਝਾਅ ਨਹੀ ਸੁਣਿਆ ਜਾਵੇਗਾ।

ਕਾਰਜ ਸਾਧਕ ਅਫ਼ਸਰ, ਨਗਰ ਪੰਚਾਇਤ ਲੋਹੀਆਂ ਖਾਸ।
ਨੰ.747, ਮਿਤੀ 18-08-2025

## COURT NOTICE

(U/o 5 Rule 20 CPC)
In The Court of
Ms. Etu Sodhi
Additional Civil Judge Senior Division -2, Moga
CNR No. PBMO02-000026-2025
Next Date:- 17-10-2025
State Bank of India
Vs.
Nirmal Singh
Publication Issued To:
Kulbir Singh
:- Suba Singh
Residing Village Katora, Tehsil Zira, District Ferozepur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 17-10-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge Senior Division -2, Moga

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਦਸੂਹਾ।
Email I.D. tehsildasuya@gmail.com
ਵਿਸ਼ਾ: ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬਧੀ।
ਨੋਟਿਸ ਬਨਾਮ ਜਨਰਲ ਪਬਲਿਕ

ਨਿਮਨ ਹਸਤਾਖਰ ਪਾਸ ਸ੍ਰੀਮਤੀ ਸੀਮਾ ਦੇਵੀ ਪਤਨੀ ਸ੍ਰੀ ਸ਼ਾਮ ਸਿੰਘ ਪਿੰਡ ਸਹਿਗਾ, ਤਹਿਸੀਲ ਦਸੂਹਾ, ਸ੍ਰੀਮਤੀ ਸੁਸ਼ਮਾ ਪਤਨੀ ਸ੍ਰੀ ਹਰਮੇਸ਼ ਸਿੰਘ ਵਾਸੀ ਗਾਂਧੀ ਵਿਹਾਰ, ਜ਼ਿਲ੍ਹਾ ਨਾਰਥ ਦਿੱਲੀ, ਸ੍ਰੀਮਤੀ ਆਸ਼ਾ ਰਾਣੀ ਪਤਨੀ ਸਵਰਨ ਸਿੰਘ ਵਾਸੀ ਪਿੰਡ ਉੜਮੁੜ, ਤਹਿਸੀਲ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਇਕ ਦਰਖਾਸਤ ਦਿੱਤੀ ਹੈ ਕਿ ਮਾਲ ਰਿਕਾਰਡ ਵਾਕਿਆ ਰਕਬਾ ਪਿੰਡ ਪੱਸੀ ਕੰਡੀ/159 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਨ੍ਹਾਂ ਦਾ ਨਾਂਅ ਲੜੀਵਾਰ ਤਰਿਸ਼ਲਾ ਕੁਮਾਰੀ ਪੁੱਤਰੀ ਹੰਸ ਰਾਜ, ਕ੍ਰਿਸ਼ਨਾ ਕੁਮਾਰੀ ਪੁੱਤਰੀ ਹੰਸ ਰਾਜ ਅਤੇ ਅਵਤਾਰ ਕੁਮਾਰੀ ਪੁੱਤਰੀ ਹੰਸ ਰਾਜ ਗਲਤ ਚੱਲਿਆ ਆ ਰਿਹਾ ਹੈ, ਜਦ ਕਿ ਉਨ੍ਹਾਂ ਦਾ ਅਸਲ ਨਾਂਅ ਸੀਮਾ ਦੇਵੀ ਪੁੱਤਰੀ ਹੰਸ ਰਾਜ, ਸੁਸ਼ਮਾ ਪੁੱਤਰੀ ਹੰਸ ਰਾਜ ਅਤੇ ਆਸ਼ਾ ਰਾਣੀ ਪੁੱਤਰੀ ਹੰਸ ਰਾਜ ਹੈ। ਪ੍ਰਾਰਥੀ ਵੱਲੋਂ ਦਰਖਾਸਤ ਨਾਲ ਆਪਣੇ ਆਧਾਰ ਕਾਰਡ, ਫੋਟੋ ਕਾਪੀ ਸਬੂਤ ਵਜੋਂ ਪੇਸ਼ ਕੀਤੀਆਂ ਹਨ। ਬਿਨੈਕਾਰਾਂ ਦੀ ਦਰਖਾਸਤ ਅਤੇ ਦਸਤਾਵੇਜ਼ਾਂ ਦੇ ਆਧਾਰ 'ਤੇ ਮਾਲ ਰਿਕਾਰਡ ਪਿੰਡ ਪੱਸੀ ਕੰਡੀ/159 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੰਜਾਬ ਸਰਕਾਰ ਮਾਲ ਪੁਨਰਵਾਸ ਅਤੇ ਡਿਜਾਸਟਰ ਮੈਨੇਜਮੈਂਟ ਵਿਭਾਗ, ਚੰਡੀਗੜ੍ਹ ਦੇ ਮੀਮੋ ਨੰਬਰ 25/78/2012-ਭ.ਮ.-2/12445-71 ਮਿਤੀ 26.07.2013 ਮੁਤਾਬਕ ਨਾਂਅ ਦੀ ਸੋਧ ਕੀਤੀ ਜਾਣੀ ਹੈ। ਇਸ ਨਾਂਅ ਦੀ ਸੋਧ ਦੇ ਸੰਬੰਧ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ ਸਮਾਇਤ ਨਾ ਹੋਵੇਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 19.8.2025 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਦੇ ਨਾਲ ਜਾਰੀ ਹੋਇਆ।

ਸਹੀ/- ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਦਸੂਹਾ।
ਨੰ:1666/ਰੀਡਰ-1 ਮਿਤੀ : 19.08.25

## COURT NOTICE

In The Court of
Sh. Bikramdeep Singh
Judicial Magistrate-1st Class - 2, Patiala
CNR No. PBPT03-003534-2022
Next Date:- 29-09-2025
Axis Bank Ltd.
Vs.
Gurmel Singh
Detail of offence :- 138 NI ACT
Notice To:
Gurmel Singh
Village Kularan, Tehsil Samana, Patiala, Punjab

In above titled case, the accused could not be served. It is ordered that accused should appear in person or through counsel on 29-09-2025 at 10:00 a.m.

For details logon to https://highcourtchd.gov.in/?mod=district_notice&district=patiala

Judicial Magistrate-1st Class - 2, Patiala
Dated, this day of-13-08-2025

# ਚੰਨੀ ਰਿਜ਼ੌਰਟ ਰਾਹੋਂ ਵਿਖੇ ਵਿਸ਼ਾਲ ਪੰਥਕ ਇਕੱਠ 21 ਨੂੰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਜਥੇਬੰਦੀ ਸ਼੍ਰੋਮਣੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਮੁੱਖ ਸੇਵਾਦਾਰ ਹਲਕਾ ਖਡੂਰ ਸਾਹਿਬ ਦੇ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਅਤੇ ਮੈਂਬਰ ਪਾਰਲੀਮੈਂਟ ਫਰੀਦਕੋਟ ਭਾਈ ਸਰਬਜੀਤ ਸਿੰਘ ਅਤੇ ਉਨ੍ਹਾਂ ਦੇ ਨਾਲ ਹੋਰ ਸਿੰਘ ਸਾਹਿਬਾਨ ਵੱਡੀ ਗਿਣਤੀ 'ਚ ਜੋ ਕੇ 21 ਅਗਸਤ ਦਿਨ ਵੀਰਵਾਰ ਨੂੰ ਰਾਹੋਂ ਨਗਰ ਵਿਖੇ ਚੰਨੀ ਰਿਜ਼ੌਰਟ 'ਚ ਪੁੱਜ ਰਹੇ ਹਨ, ਉਹਨਾਂ ਦੀ ਆਮਦ ਨੂੰ ਲੈ ਕੇ ਤਿਆਰੀ ਸੰਬੰਧੀ ਪ੍ਰਭਜੋਤ ਸਿੰਘ ਭਾਰਟਾ ਦੀ ਅਗਵਾਈ 'ਚ ਫਾਰਮ ਰਾਹੋਂ ਵਿਖੇ ਇਲਾਕੇ ਦੇ ਲੋਕਾਂ ਦੀ ਮੀਟਿੰਗ ਹੋਈ। ਜਿਸ ਵਿਚ ਇਸ ਸਮਾਗਮ ਨੂੰ ਸਫਲਤਾ ਨਾਲ ਨੇਪਰੇ ਚਾੜ੍ਹਣ ਅਤੇ ਵੱਧ ਤੋਂ ਵੱਧ ਇਲਾਕਾ ਨਿਵਾਸੀਆਂ ਨੂੰ ਜਥੇਬੰਦੀ ਸ਼੍ਰੋਮਣੀ ਅਕਾਲੀ ਦੱਲ ਵਾਰਿਸ ਪੰਜਾਬ ਦਾ ਹਿੱਸਾ ਬਣਾਉਣ ਸੰਬੰਧੀ ਭਰਤੀ ਮੁਹਿੰਮ ਬਾਰੇ ਚਰਚਾ ਕੀਤੀ ਗਈ।



## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਗੁਰਸਿਮਰਨਜੀਤ ਸਿੰਘ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ (ਜਲੰਧਰ)

ਵਿਸ਼ਾ:- ਰਿਕਾਰਡ ਮਾਲ ਵਾਕਿਆ ਰਕਬਾ ਪਿੰਡ ਨੰਗਲ ਫੀਦਾ ਹ:ਬ:30, ਸਬ-ਤਹਿਸੀਲ ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਵਿੱਚ ਪ੍ਰਾਰਥੀ ਦਾ ਨਾਂਅ ਜ਼ੋਗਿੰਦਰ ਪਾਲ, ਸ਼ਿੰਦਰਪਾਲ, ਸਿੰਦਰਪਾਲ ਸਿੰਘ ਪੁੱਤਰ ਸੋਹਣ ਲਾਲ ਪੁੱਤਰ ਉਜਾਗਰ ਰਾਮ ਦਰਜ ਹੈ ਜਿਸ ਦੀ ਦਰੁਸਤੀ ਰਿਕਾਰਡ ਮਾਲ ਵਿੱਚ ਜ਼ੋਗਿੰਦਰ ਪਾਲ ਪੁੱਤਰ ਸੋਹਣ ਲਾਲ ਪੁੱਤਰ ਉਜਾਗਰ ਰਾਮ ਦੇ ਨਾਂਅ ਦਾ ਅੰਦਰਾਜ਼ ਕਰਨ ਸੰਬੰਧੀ। ਜਿਸ ਦੀ ਦਰੁਸਤੀ ਕਰਨ ਸੰਬੰਧੀ।

ਉਪਰੋਕਤ ਲਿਖੇ ਅਨੁਵਾਦ ਦੇ ਕੇਸ ਵਿੱਚ ਅਦਾਲਤ ਨੂੰ ਸ੍ਰੀ ਜ਼ੋਗਿੰਦਰ ਪਾਲ ਪੁੱਤਰ ਸੋਹਣ ਲਾਲ ਪੁੱਤਰ ਉਜਾਗਰ ਰਾਮ ਵਾਸੀ ਪਿੰਡ ਨੰਗਲ ਫੀਦਾ ਜ਼ਿਲ੍ਹਾ ਜਲੰਧਰ ਪਾਸੋਂ ਇੱਕ ਦਰਖਾਸਤ ਪ੍ਰਾਪਤ ਹੋਈ ਹੈ ਕਿ ਉਕਤ ਰਿਕਾਰਡ ਮਾਲ ਵਾਕਿਆ ਰਕਬਾ ਪਿੰਡ ਨੰਗਲ ਫੀਦਾ ਹ:ਬ:30 ਸਬ-ਤਹਿ. ਭੋਗਪੁਰ, ਤਹਿਸੀਲ ਆਦਮਪੁਰ ਜ਼ਿਲ੍ਹਾ ਜਲੰਧਰ ਵਿੱਚ ਪ੍ਰਾਰਥੀ ਦਾ ਨਾਂਅ ਜ਼ੋਗਿੰਦਰ ਪਾਲ, ਸ਼ਿੰਦਰਪਾਲ, ਸਿੰਦਰਪਾਲ ਸਿੰਘ ਪੁੱਤਰ ਸੋਹਣ ਲਾਲ ਪੁੱਤਰ ਉਜਾਗਰ ਰਾਮ ਦਰਜ ਹੈ। ਜਿਸ ਦੀ ਦਰੁਸਤੀ ਸੰਬੰਧੀ ਬਿਨੈ-ਪੱਤਰ ਪ੍ਰਾਪਤ ਹੋਇਆ ਹੈ ਕਿ ਪ੍ਰਾਰਥੀ ਦਾ ਅਸਲ ਅਤੇ ਸਹੀ ਨਾਂਅ ਜੋਗਿੰਦਰ ਪਾਲ ਪੁੱਤਰ ਸੋਹਣ ਲਾਲ ਪੁੱਤਰ ਉਜਾਗਰ ਰਾਮ ਹੈ।ਜੇਕਰ ਇਸ ਨਾਂਅ ਦਰੁਸਤੀ ਪ੍ਰਕਾਸ਼ਨਾ ਦੇ ਸੰਬੰਧ ਵਿੱਚ ਕਿਸੇ ਵੀ ਵਿਅਕਤੀ ਆਮ ਜਾਂ ਖਾਸ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 29.08.25 ਤੱਕ ਦੁਪਹਿਰ 2.00 ਵਜੇ ਤੱਕ ਨਿਮਨਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਕੇ ਆਪਣਾ ਇਤਰਾਜ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਇਹ ਨੋਟਿਸ ਅੱਜ ਨ. 428/ਰੀਡਰ ਮਿਤੀ 13:08. 25 ਨੂੰ ਮੋਹਰ ਅਦਾਲਤ ਤੇ ਨਿਮਨਹਸਤਾਖਰ ਹੇਠ ਜਾਰੀ ਹੋਇਆ ਹੈ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ

## COURT NOTICE

(U/o 5 Rule 20 CPC)
IN The Court of Garima Gupta
Civil Judge (Junior Division), Amritsar
CS/5018/2024 RECOVERY
CNR No. PBAS02-004696-2024
Next Date:- 20-09-2025

1. Daya Singh S/o Dharam Singh S/o Massa Singh, Not Resident Indian 2. Harbhajan Kaur S/o Daya Singh, A Not Resident Indian, Both Residents of Village Joga Singh Wala, Bundala, Post office Khabbe Dogran, Tehsil and Distt. Amritsar.

Vs.

Amritpal Singh & Ors.

Publication Issued To:
1. Amritpal Singh S/o Gurmej Singh Village Joga Singh Wala, Bundala, Sub Tehsil Jandiala Guru Amritsar, 2. Punjab National Bank, Branch office At Village Mallian, District Tarn Taran, Through Its Branch Manager.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-09-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 18-08-2025

## ਸ਼ਾਪਿੰਗ ਕੰਪਲੈਕਸ 58 ਆਰਮਡ ਬ੍ਰਿਗੇਡ

1. ਸ਼ਾਪਿੰਗ ਕੰਪਲੈਕਸ 58 ਆਰਮਡ ਬ੍ਰਿਗੇਡ ਵਿੱਚ 09 ਦੁਕਾਨਾਂ ਲਈ ਅਰਜੀਆਂ ਮੰਗੀਆਂ ਗਈਆਂ ਹਨ। ਬਿਊਟੀ ਪਾਰਲਰ, ਕਨਫੈਕਸ਼ਨਰੀ, ਬੁਟੀਕ, ਆਰਟੀਫੀਸ਼ੀਅਲ ਜਿਊਲਰੀ, ਜੁੱਤੀਆਂ ਦੀ ਮੁਰੰਮਤ, ਮਨਿਆਰੀ, ਸਾਈਕਲ ਮੁਰੰਮਤ, ਨਾਨ-ਵੈਜ, ਰੁਸਟਰ ਪੁਆਇੰਟ। 2. ਅਰਜੀ ਫਾਰਮ ਸ਼ਾਪਿੰਗ ਕੰਪਲੈਕਸ ਦੁਕਾਨ ਨੰਬਰ 31 (ਦੁੱਧ ਦੀ ਦੁਕਾਨ) ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ। 3. ਅਰਜੀਆਂ 03 ਸਿਤੰਬਰ 2025 ਤੱਕ ਸ਼ਾਪਿੰਗ ਕੰਪਲੈਕਸ ਦੁਕਾਨ ਨੰਬਰ 31 (ਦੁੱਧ ਦੀ ਦੁਕਾਨ) ਤੇ ਪਹੁੰਚ ਜਾਣੀਆਂ ਚਾਹੀਦੀਆਂ ਹਨ। ਆਧਾਰ ਕਾਰਡ ਅਤੇ ਪੈਨ ਕਾਰਡ ਦੀ ਇੱਕ ਕਾਪੀ ਨੱਥੀ ਕਰੋ। 4. ਸਾਬਕਾ ਸੈਨਿਕਾਂ, ਆਸ਼ਰਿਤਾਂ, ਫੌਜ ਦੀਆਂ ਵਿਧਵਾਵਾਂ ਨੂੰ ਤਰਜੀਹ ਦਿੱਤੀ ਜਾਵੇਗੀ। ਯੋਗਤਾ ਮਾਪਦੰਡਾ ਨੂੰ ਪੂਰਾ ਕਰਨ ਤੇ ਸਭ ਤੋਂ ਵੱਧ ਬੋਲੀ ਲਗਾਉਣ ਵਾਲੇ ਨੂੰ ਠੇਕਾ ਦਿੱਤਾ ਜਾਵੇਗਾ। 5. ਹੋਰ ਸ਼ਰਤਾਂ ਲਈ 58 ਆਰਮਡ ਬ੍ਰਿਗੇਡ ਹੈਡਕੁਆਰਟਰ ਨਾਲ ਸੰਪਰਕ ਕਰੋ।

## Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

### ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਮਿਤੀ 22.07.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਓ ਡੀ 'ਚ ਕਰਜ਼ਦਾਰ) : ਮੈਸਰਜ਼ ਏ ਬੀ ਇੰਡਸਟ੍ਰੀਜ਼ ਮਕਾਨ ਨੰ. 839, ਗਲੀ ਨੰ. 2, ਮੁਰਾਦਪੁਰਾ ਮੁਹੱਲਾ, ਮਿਲਰਗੰਜ, ਲੁਧਿਆਣਾ-141003 ਰਾਹੀਂ ਇਸ ਦੇ ਮਾਲਕ ਭਿੰਦਰ ਸਿੰਘ
2. (ਏ ਬੀ ਇੰਡਸਟ੍ਰੀਜ਼ 'ਚ ਮਾਲਕ) : ਸ੍ਰੀ ਭਿੰਦਰ ਸਿੰਘ ਪੁੱਤਰ ਸਾਦੀ ਰਾਮ ਵਾਸੀ ਮਕਾਨ ਨੰ. 839, ਗਲੀ ਨੰ. 2, ਵਾਰਡ ਨੰ. 33, ਮੁਰਾਦਪੁਰਾ ਮੁਹੱਲਾ, ਮਿਲਰਗੰਜ, ਲੁਧਿਆਣਾ, ਪੰਜਾਬ-141003
3. (ਓ ਡੀ 'ਚ ਗਰੰਟਰ) : ਸ੍ਰੀ ਅਮਰਦੀਪ ਸਿੰਘ ਪੁੱਤਰ ਭਿੰਦਰ ਸਿੰਘ ਵਾਸੀ ਮਕਾਨ ਨੰ. 839, ਗਲੀ ਨੰ. 2, ਮੁਰਾਦਪੁਰਾ, ਲੁਧਿਆਣਾ-141003

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.07.2025 ਤੋਂ ਬਿਨਾਂ ਵਿਆਜ) |
|---|---|---|
| OD/071400000073 | Rs. 23,80,000/- | Rs. 24,76,203.60 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ :- ਬੈਨਾਮਾ ਦਸਤਾਵੇਜ਼ ਨੰ. 25054 ਮਿਤੀ 28.01.2005 ਅਨੁਸਾਰ ਸ੍ਰੀ ਭਿੰਦਰ ਸਿੰਘ ਪੁੱਤਰ ਸਾਦੀ ਰਾਮ ਦੀ ਮਲਕੀਅਤ ਜਾਇਦਾਦ ਰਕਬਾ 100 ਵਰਗ ਗਜ਼, ਗਿੱਲ ਨੰ. 1, ਅਬਾਦੀ ਪ੍ਰੀਤ ਨਗਰ, ਤਹਿ. ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮਿਲਰਗੰਜ, ਲੁਧਿਆਣਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 20.08.2025 | ਸਥਾਨ : ਲੁਧਿਆਣਾ | ਅਧਿਕਾਰਤ ਅਫਸਰ


ੴ ਵਾਹਿਗੁਰੂ ਜੀ ਕੀ ਫ਼ਤਹਿ॥

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

## ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ

## ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਧੋਬੜੀ ਸਾਹਿਬ (ਅਸਾਮ) ਤੋਂ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤਕ

# ਸ਼ਹੀਦੀ ਨਗਰ ਕੀਰਤਨ

ਆਰੰਭਤਾ : ਮਿਤੀ 21 ਅਗਸਤ, 2025 (ਦਿਨ ਵੀਰਵਾਰ) ਨੂੰ ਸਵੇਰੇ 10:00 ਵਜੇ

### ਨਗਰ ਕੀਰਤਨ ਦਾ ਰੂਟ

ਇਹ ਨਗਰ ਕੀਰਤਨ 21 ਅਗਸਤ 2025 ਨੂੰ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਆਰੰਭ ਹੋਣ ਮਗਰੋਂ 22 ਅਗਸਤ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਿਲੀਗੁੜੀ ਬੰਗਾਲ ਤੋਂ, 23 ਅਗਸਤ ਨੂੰ ਗੁਰਦੁਆਰਾ ਗੁਰੂ ਕਾ ਬਾਗ ਮੰਗਲਵਾੜ ਮਾਲਦਾ ਬੰਗਾਲ ਤੋਂ ਕਲਕੱਤੇ ਲਈ ਰਵਾਨਾ ਹੋਵੇਗਾ। 24 ਅਗਸਤ ਨੂੰ ਨਗਰ ਕੀਰਤਨ ਕਲਕੱਤਾ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਜਾਵੇਗਾ। 25 ਅਗਸਤ ਨੂੰ ਕਲਕੱਤਾ ਤੋਂ ਆਸਨਸੋਲ, 26 ਅਗਸਤ ਨੂੰ ਗੁਰਦੁਆਰਾ ਗੁਰੂ ਨਾਨਕ ਆਸਨਸੋਲ ਬੰਗਾਲ ਤੋਂ, 27 ਅਗਸਤ ਨੂੰ ਸੈਂਟਰਲ ਗੁਰਦੁਆਰਾ ਸਾਕਚੀ ਜਮਸ਼ੇਦਪੁਰ ਟਾਟਾ ਨਗਰ ਝਾਰਖੰਡ ਤੋਂ, 28 ਅਗਸਤ ਨੂੰ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਝਾਰਖੰਡ ਤੋਂ, 29 ਅਗਸਤ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਤੋਂ, 30 ਅਗਸਤ ਨੂੰ ਗੁਰਦੁਆਰਾ ਚਾਚਾ ਫੱਗੂ ਮੱਲ ਜੀ ਰੋਹਤਾਸ ਬਿਹਾਰ ਤੋਂ ਅਤੇ 31 ਅਗਸਤ ਨੂੰ ਗੁਰਦੁਆਰਾ ਗੁਰੂ ਬਾਗ ਬਨਾਰਸ ਉਤਰ ਪ੍ਰਦੇਸ਼ ਤੋਂ ਅਗਲੇ ਪੜਾਅ ਵੱਲ ਰਵਾਨਾ ਹੋਵੇਗਾ। ਇਸੇ ਤਰ੍ਹਾਂ ਇਹ ਨਗਰ ਕੀਰਤਨ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਵੇਗਾ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਸਿੱਖ ਪੰਥ ਦੀਆਂ ਸਿਰਮੌਰ ਸ਼ਖ਼ਸੀਅਤਾਂ ਅਤੇ ਸਿੱਖ ਜਥੇਬੰਦੀਆਂ ਦੇ ਆਗੂ ਸ਼ਮੂਲੀਅਤ ਕਰਨਗੇ।
ਵਿਸ਼ੇਸ਼ ਸਹਿਯੋਗ: ਪ੍ਰਬੰਧਕ ਕਮੇਟੀ, ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਧੋਬੜੀ ਸਾਹਿਬ ਅਸਾਮ।

ਸਮੂਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ ਆਓ, ਪਰਿਵਾਰਾਂ ਸਮੇਤ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੀਏ।

ਗੁਰੂ ਪੰਥ ਦਾ ਦਾਸ

## ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।

20 Aug Page 8.qxd 8/19/2025 10:43 PM Page 1



# ਬੱਸ ਨੇ ਮਿੰਨੀ ਟਰੱਕ ਨੂੰ ਮਾਰੀ ਟੱਕਰ, 3 ਦੀ ਮੌਤ



**ਸੁਲਤਾਨਪੁਰ ਲੋਧੀ/ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਮੰਗਲਵਾਰ ਸਵੇਰੇ ਕਪੂਰਥਲਾ - ਜਲੰਧਰ ਰੋਡ 'ਤੇ ਮੰਡ ਪਿੰਡ ਨੇੜੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ। ਇਸ ਹਾਦਸੇ 'ਚ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਚਸ਼ਮਦੀਦਾਂ ਮੁਤਾਬਕ, ਇੱਕ ਤੇਜ਼ ਰਫ਼ਤਾਰ ਬੱਸ ਉਲਟ ਦਿਸ਼ਾ ਤੋਂ ਆ ਰਹੀ ਸੀ ਤੇ ਅਚਾਨਕ ਸਾਹਮਣੇ ਤੋਂ ਆ ਰਹੀ ਇੱਕ ਛੋਟੀ ਹਾਥੀ ਗੱਡੀ ਨਾਲ ਟਕਰਾ ਗਈ। ਪ੍ਰਤੱਖਦਰਸ਼ੀਆਂ ਮੁਤਾਬਕ ਟੱਕਰ ਇੰਨੀ ਜ਼ੋਰਦਾਰ ਸੀ ਕਿ ਛੋਟਾ ਹਾਥੀ ਗੱਡੀ (ਮਿੰਨੀ ਟਰੱਕ) ਚਕਨਾਚੂਰ ਹੋ ਗਿਆ ਤੇ ਇਸ ਵਿੱਚ ਸਵਾਰ ਤਿੰਨਾਂ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਕਪੂਰਥਲਾ ਸਬਜ਼ੀ ਮੰਡੀ ਨਾਲ ਜੁੜੇ ਵਪਾਰੀ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਸਵੇਰੇ ਸਬਜ਼ੀਆਂ ਲੈ ਕੇ ਜਲੰਧਰ ਵੱਲ ਜਾ ਰਹੇ ਸਨ। ਹਾਦਸੇ ਦੀ ਖ਼ਬਰ ਫੈਲਦੇ ਹੀ ਇਲਾਕੇ ਵਿੱਚ ਹਫੜਾ-ਦਫੜੀ ਮਚ ਗਈ ਅਤੇ ਵੱਡੀ ਗਿਣਤੀ ਵਿੱਚ ਲੋਕ ਮੌਕੇ 'ਤੇ ਇਕੱਠੇ ਹੋ ਗਏ। ਗੁੱਸੇ ਵਿੱਚ ਆਏ ਪਰਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਕਪੂਰਥਲਾ-ਜਲੰਧਰ ਸੜਕ 'ਤੇ ਧਰਨਾ ਦੇ ਕੇ ਸੜਕ ਜਾਮ ਕਰ ਦਿੱਤੀ ਅਤੇ ਦੋਸ਼ੀ ਬੱਸ ਡਰਾਈਵਰ ਵਿਰੁੱਧ ਪ੍ਰਸ਼ਾਸਨ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ। ਮੌਕੇ 'ਤੇ ਪਹੁੰਚੀ ਪੁਲਸ ਨੇ ਹਾਲਾਤ ਕਾਬੂ ਕੀਤੇ। ਪੁਲਸ ਅਧਿਕਾਰੀਆਂ ਨੇ ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਗਿਆ ਕਿ ਮਾਮਲੇ ਦੀ ਪੂਰੀ ਜਾਂਚ ਕੀਤੀ ਜਾਵੇਗੀ। ਲਾਸ਼ਾਂ ਨੂੰ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤਾ ਗਿਆ ਹੈ ਅਤੇ ਬੱਸ ਡਰਾਈਵਰ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦਰਦਨਾਕ ਹਾਦਸੇ ਕਾਰਨ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਸ ਸੜਕ 'ਤੇ ਲੰਬੇ ਸਮੇਂ ਤੋਂ ਹਾਦਸੇ ਹੋ ਰਹੇ ਹਨ, ਪਰ ਪ੍ਰਸ਼ਾਸਨ ਇਸ ਸਬੰਧੀ ਕੋਈ ਠੋਸ ਕਦਮ ਨਹੀਂ ਚੁੱਕ ਰਿਹਾ।

# ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਬਣਨ 'ਤੇ ਗੁਰਵਿੰਦਰ ਸਿੰਘ ਬਾਹਰਾ ਸਨਮਾਨਿਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਅਤੇ ਚੇਅਰਮੈਨ ਜੇ. ਬੀ. ਬਹਿਲ ਦੀ ਅਗਵਾਈ ਹੇਠ ਰਿਆਤ ਬਾਹਰਾ ਗਰੁੱਪ ਆਫ ਇੰਸਟੀਚਿਊਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੂੰ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦਾ ਦਰਜਾ ਮਿਲਣ 'ਤੇ ਮੂੰਹ ਮਿੱਠਾ ਕਰਵਾ ਕੇ ਅਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਇਹ ਯੂਨੀਵਰਸਿਟੀ ਹਿੰਦੁਸਤਾਨ ਦੀ ਪਹਿਲੀ ਯੂਨੀਵਰਸਿਟੀ ਹੋਵੇਗੀ ਜਿਸ ਦੇ ਦਾਖ਼ਲਾ ਫਾਰਮ ਵਿੱਚ ਅੰਗਦਾਨ ਸੰਬੰਧੀ ਕਾਲਮ ਦਿੱਤਾ ਜਾਵੇਗਾ। ਇਸ ਨੂੰ ਭਰਨਾ ਲਾਜ਼ਮੀ ਹੋਵੇਗਾ ਪਰ ਇਹ ਵਿਦਿਆਰਥੀ ਦੀ ਆਪਣੀ ਇੱਛਾ 'ਤੇ ਨਿਰਭਰ ਕਰੇਗਾ ਕਿ ਉਹ ਮਰਨ ਉਪਰੰਤ ਅੰਗਦਾਨ ਕਰਨਾ ਚਾਹੁੰਦਾ ਹੈ ਜਾਂ ਨਹੀਂ। ਸ. ਬਾਹਰਾ ਨੇ ਕਿਹਾ ਕਿ ਹੁਣ ਸਮੇਂ ਦੀ ਲੋੜ ਹੈ ਕਿ ਬੱਚਿਆਂ ਨੂੰ ਨੇਤਰਦਾਨ ਅਤੇ ਅੰਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਆਪਣੇ ਘਰ ਜਾ ਕੇ ਮਾਤਾ-ਪਿਤਾ, ਗੁਆਂਢੀਆਂ, ਦੋਸਤਾਂ ਅਤੇ ਹੋਰ ਲੋਕਾਂ ਨੂੰ ਵੀ ਅੰਗਦਾਨ ਬਾਰੇ ਜਾਗਰੂਕ ਕਰ ਸਕਣ। ਇਸ ਮੌਕੇ ਚੇਅਰਮੈਨ ਜੇ. ਬੀ. ਬਹਿਲ ਅਤੇ ਪ੍ਰਧਾਨ ਸੰਜੀਵ ਅਰੋੜਾ ਨੇ ਕਿਹਾ ਕਿ ਹੁਸ਼ਿਆਰਪੁਰ ਵਾਸੀਆਂ ਲਈ ਇਹ ਮਾਣ ਦੀ ਗੱਲ ਹੈ ਕਿ ਰਿਆਤ ਬਾਹਰਾ ਗਰੁੱਪ ਆਫ ਇੰਸਟੀਚਿਊਟ ਨੂੰ ਯੂਨੀਵਰਸਿਟੀ ਦਾ ਦਰਜਾ ਪ੍ਰਦਾਨ ਕੀਤਾ ਗਿਆ ਹੈ। ਅਰੋੜਾ ਨੇ ਕਿਹਾ ਕਿ ਸਭ ਤੋਂ ਵੱਧ ਲਾਭ ਹੁਸ਼ਿਆਰਪੁਰ ਵਾਸੀਆਂ ਨੂੰ ਹੋਵੇਗਾ ਕਿਉਂਕਿ ਉਨ੍ਹਾਂ ਦੇ ਬੱਚੇ ਬਾਹਰ ਦੇ ਨੇੜੇ ਹੀ ਪੜ੍ਹ ਸਕਣਗੇ। ਉਨ੍ਹਾਂ ਬਾਹਰਾ ਗਰੁੱਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾਖ਼ਲਾ ਫਾਰਮ ਵਿੱਚ ਅੰਗਦਾਨ ਦਾ ਕਾਲਮ ਦੇਣਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਇਸ ਮੌਕੇ ਕੈਂਪਸ ਡਾਇਰੈਕਟਰ ਚੰਦਰ ਮੋਹਨ, ਸਕੱਤਰ ਵੀਨਾ ਚੋਪੜਾ, ਮਦਨ ਲਾਲ ਮਹਾਜਨ, ਪ੍ਰੋ. ਦਲਜੀਤ ਸਿੰਘ, ਜਸਬੀਰ ਕੰਵਰ, ਅਸ਼ਵਨੀ ਕੁਮਾਰ ਦੱਤਾ, ਪ੍ਰੋ. ਕ੍ਰਿਸ਼ਨ ਕਿਸ਼ੋਰ ਆਦਿ ਹਾਜ਼ਰ ਸਨ।

# ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਕੌਂਸਲ ਕਪੂਰਥਲਾ ਦੀ ਮੀਟਿੰਗ ਹੋਈ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਕੁੱਲ ਹਿੰਦ ਕਿਸਾਨ ਸਭਾ ਕਪੂਰਥਲਾ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰੈਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਹੋਈ ਜਿਸ 'ਚ ਕੁੱਲ ਹਿੰਦ ਕਿਸਾਨ ਸਭਾ ਦੀ ਡੈਲੀਗੇਟ ਕਾਨਫਰੰਸ ਦੀ ਰਿਪੋਰਟਿੰਗ, ਲੈਂਡ ਪੂਲਿੰਗ ਪਾਲਸੀ ਵਾਪਸੀ ਤੇ ਜਿੱਤ, 24 ਅਗਸਤ ਦੀ ਸਮਰਾਲਾ ਰੈਲੀ ਅਤੇ ਹੜ੍ਹ ਪ੍ਰਭਾਵਿਤ ਇਲਾਕਾ ਸੁਲਤਾਨਪੁਰ ਲੋਧੀ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਐਡਵੋਕੇਟ ਰਜਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਅੱਜ ਆਲ ਇੰਡੀਆ ਕਿਸਾਨ ਸਭਾ ਕਪੂਰਥਲਾ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਵੱਲੋਂ ਮੀਟਿੰਗ ਕੀਤੀ ਗਈ ਹੈ ਅਤੇ ਜਿਸ ਵਿੱਚ ਲੈਂਡ ਪੂਲਿੰਗ ਪਾਲਸੀ ਜੋ ਸਰਕਾਰ ਵੱਲੋਂ ਰੱਦ ਕੀਤੀ ਗਈ ਹੈ ਉਸ ਦੀ ਸ਼ਲਾਘਾ ਕਰਦੇ ਹਾਂ। ਉਹਨਾਂ ਕਿਹਾ ਕਿ ਸਮੂਹ ਕਿਸਾਨ ਜਥੇਬੰਦੀਆਂ ਦੇ ਦਬਾਅ ਹੇਠ ਆ ਕੇ ਸਰਕਾਰ ਨੇ ਇਹ ਪਾਲਸੀ ਵਾਪਸ ਲਈ ਹੈ ਉਸ ਲਈ ਜ਼ਿਲ੍ਹੇ ਦੇ ਕਿਸਾਨਾਂ ਨੂੰ ਵਧਾਈ ਦਿੰਦੇ ਹਾਂ। ਸਰਕਾਰ ਨੇ ਕਿਸਾਨਾਂ ਦੇ ਦਬਾਅ ਹੇਠ ਆ ਕੇ ਇਸ ਪਾਲਸੀ ਨੂੰ ਵਾਪਸ ਲਿਆ ਹੈ ਅਤੇ ਜਥੇਬੰਦੀ ਵੱਲੋਂ 24 ਅਗਸਤ ਨੂੰ ਸਮਰਾਲਾ ਵਿਖੇ ਜੇਤੂ ਰੈਲੀ ਵੀ ਕੱਢੀ ਜਾ ਰਹੀ ਹੈ। ਸਮੂਹ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੁਲਤਾਨਪੁਰ ਲੋਧੀ ਦੇ ਮੰਡ ਖੇਤਰ ਬਾਊਪੁਰ ਵਿੱਚ ਜੋ ਦਰਿਆ ਬਿਆਸ ਦੇ ਪਾਣੀ ਵਧਣ ਕਾਰਨ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ ਉਸ ਵਿੱਚ ਲੋਕਾਂ ਨੂੰ ਬਣਦੀਆਂ ਬੇਹਤਰ ਸਹੂਲਤਾਂ ਸਰਕਾਰ ਜਲਦੀ ਤੋਂ ਜਲਦੀ ਪ੍ਰਦਾਨ ਕਰੇ ਅਤੇ ਹਰੇਕ ਹੋਏ ਨੁਕਸਾਨ ਤੋਂ ਜਲਦੀ ਪਾਣੀ ਕਿਲੀਅਰ ਕੀਤਾ ਜਾਵੇ ਤਾਂ ਜੋ ਪੀੜਤ ਕਿਸਾਨ ਸੁਖ ਦਾ ਸਾਹ ਲੈ ਸਕਣ। ਇਸ ਮੌਕੇ ਮੀਟਿੰਗ ਨੂੰ ਹੋਰ ਵੀ ਵੱਖ-ਵੱਖ ਆਗੂਆਂ ਨੇ ਸੰਬੋਧਨ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਟਿੱਬਾ, ਸਰਪ੍ਰਸਤ ਮਾਸਟਰ ਚਰਨ ਸਿੰਘ ਹੈਬਤਪੁਰ, ਸੈਕਟਰੀ ਤਰਲੋਕ ਸਿੰਘ, ਨਰਿੰਦਰਜੀਤ ਸਿੰਘ ਟੋਂਟਾ ਨਵਾਂ, ਮਾਸਟਰ ਜਸਵਿੰਦਰ ਸਿੰਘ ਟਿੱਬਾ ਵਿੱਤ ਸਕੱਤਰ, ਹਰਜਿੰਦਰ ਸਿੰਘ ਟਿੱਬਾ, ਦਿਆਲ ਸਿੰਘ ਦੀਪੇਵਾਲ, ਬਲਵਿੰਦਰ ਸਿੰਘ ਟਿੱਬਾ, ਕੇਵਲ ਸਿੰਘ ਬਿਧੀਪੁਰ, ਹਰਬੰਸ ਲਾਲ ਟਿੱਬਾ, ਮਲਕੀਤ ਸਿੰਘ, ਰਾਜਵੀਰ ਸਿੰਘ, ਜਗਜੀਤ ਸਿੰਘ, ਰੇਸ਼ਮ ਸਿੰਘ, ਗਿਰਾਜ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

## ਬਿਜਲੀ ਮੰਤਰੀ ਵੱਲੋਂ ਵੱਖ-ਵੱਖ ਯੂਨੀਅਨਾਂ ਨਾਲ ਮੁਲਾਕਾਤ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਇੱਥੇ ਪੀ ਐਸ ਪੀ ਸੀ ਐਲ/ਪੀ ਐਸ ਟੀ ਸੀ ਐਲ ਦੀਆਂ ਵੱਖ-ਵੱਖ ਯੂਨੀਅਨਾਂ ਨਾਲ ਮੁਲਾਕਾਤ ਕੀਤੀ ਗਈ। ਇਸ ਮੁਲਾਕਾਤ ਦੌਰਾਨ ਯੂਨੀਅਨ ਆਗੂਆਂ ਨੇ ਆਪਣੀਆਂ ਮੰਗਾਂ ਸੰਬੰਧੀ ਬਿਜਲੀ ਮੰਤਰੀ ਨੂੰ ਜਾਣੂ ਕਰਵਾਇਆ। ਯੂਨੀਅਨ ਆਗੂਆਂ ਨੇ ਇਸ ਮੌਕੇ ਮੁੱਖ ਮੰਤਰੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੀਤੇ ਦਿਨੀਂ ਤਨਖ਼ਾਹਾਂ ਵਿੱਚ ਕੀਤੇ ਗਏ 10 ਫ਼ੀਸਦੀ ਵਾਧੇ ਲਈ ਸੂਬਾ ਸਰਕਾਰ ਦਾ ਧੰਨਵਾਦ ਵੀ ਕੀਤਾ ਗਿਆ।

## ਭਾਗੀਆਂ ਵਿਖੇ ਜਨਮ ਅਸ਼ਟਮੀ ਮਨਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਭਾਗੀਆਂ ਵਿਖੇ ਬਾਬਾ ਪੂਰਨ ਜੀ ਦੇ ਦਰਬਾਰ 'ਤੇ ਗੱਦੀ ਨਸ਼ੀਨ ਬਾਬਾ ਸ਼ੰਕਰ ਜੀ ਦੀ ਰਹਿਨੁਮਾਈ ਹੇਠ ਸ੍ਰੀ ਕ੍ਰਿਸ਼ਨ ਜੀ ਦੀ ਜਨਮ ਅਸ਼ਟਮੀ ਮਨਾਈ ਗਈ। ਇਸ ਮੌਕੇ ਨਗਰ ਦੀਆਂ ਸੰਗਤਾਂ ਨੇ ਵੱਧ ਚੜ੍ਹ ਕੇ ਹਾਜ਼ਰੀ ਲਗਵਾਈ ਅਤੇ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਭਜਨ ਮੰਡਲੀ ਭਾਗੀਆਂ ਨੇ ਕੀਤਾ ਅਤੇ ਇਸ ਮੌਕੇ ਮਟਕੀ ਫੋੜ ਪ੍ਰਤੀਯੋਗਤਾ ਵੀ ਕਰਵਾਈ ਗਈ। ਇਸ ਮੌਕੇ ਫਰੂਟਾਂ ਦਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਜੁਗਲ ਕਿਸ਼ੋਰ ਭਾਗੀਆਂ, ਸੰਦੀਪ ਕੁਮਾਰ, ਸਾਹਿਲ ਸ਼ਰਮਾ, ਕੁਲਵੀਰ ਸ਼ਰਮਾ, ਬਲਵੀਰ ਰਮਨ ਕੁਮਾਰ, ਅਕਾਸ਼, ਕਨਵ, ਐਰੀ, ਕਰਮਵੀਰ ਬਾਸਿਤ, ਕੇਤਨ ਆਦਿ ਸੰਗਤਾਂ ਹਾਜ਼ਰ ਸਨ।

## ਸਾਲਾਨਾ ਛਿੰਝ ਮੇਲਾ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਪਿੰਡ ਡਾਂਡੀਆਂ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬਾਬਾ ਗੁੱਗਾ ਜਾਹਰ ਦੀ ਯਾਦ ਵਿੱਚ ਨੌਵੀਂ ਨੂੰ ਸਮਰਪਿਤ ਮਾਲ ਡੰਗਰ ਅਤੇ ਨਗਰ ਦੀ ਸੁੱਖ ਸ਼ਾਂਤੀ ਲਈ ਸਾਲਾਨਾ ਛਿੰਝ ਮੇਲਾ ਅਤੇ ਧਾਰਮਿਕ ਸਮਾਗਮ 20 ਅਗਸਤ ਨੂੰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਮੁੱਖ ਸੇਵਾਦਾਰ ਮਾਸਟਰ ਮੋਹਣ ਸਿੰਘ ਡਾਂਡੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਭ ਤੋਂ ਪਹਿਲਾਂ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਪੂਜਾ ਅਰਚਨਾ ਕੀਤੀ ਜਾਵੇਗੀ। ਉਪਰੰਤ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਚੌਂਕੀ ਲਗਾਈ ਜਾਵੇਗੀ।

## ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਵੱਲੋਂ ਪਿੰਡ ਚਾੜ੍ਹਾ ਨੂੰ 'ਪੰਜ ਬੂਟੇ ਮੋਟਰ 'ਤੇ' ਮੁਹਿੰਮ ਤਹਿਤ ਬੂਟੇ ਵੰਡੇ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ



ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 'ਗਰੀਬ ਦਾ ਮੂੰਹ, ਗੁਰੂ ਦੀ ਗੋਲਕ' ਸੰਸਥਾ (ਰਜਿ.) ਅਜਨੋਹਾ ਵੱਲੋਂ ਪੰਜ ਬੂਟੇ ਮੋਟਰ ਤੇ ਮੁਹਿੰਮ ਤਹਿਤ ਪਿੰਡ ਚਾੜ੍ਹਾ ਨੂੰ ਬੂਟੇ ਦਿੱਤੇ ਗਏ। ਇਸ ਮੌਕੇ ਹਾਜ਼ਰ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਪ੍ਰਦੀਪ ਸਿੰਘ ਫੌਜੀ, ਕੁਲਵੀਰ ਸਿੰਘ, ਸ਼ਮਸ਼ੇਰ ਸਿੰਘ, ਪਰਮਵੀਰ ਸਿੰਘ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ, ਅਨਮੋਲ ਸਿੰਘ, ਪੰਚ ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਜਰਨੈਲ ਸਿੰਘ, ਦਰਬਾਰਾ ਸਿੰਘ ਖਾਲਸਾ ਆਦਿ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਵਿਰਸਾ ਵਿਹਾਰ ਤੇ ਗੁਰੂ ਨਾਨਕ ਦੇਵ ਡਿਜੀਟਲ ਲਾਇਬ੍ਰੇਰੀ ਦਾ ਨਿਰੀਖਣ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸ਼ਹਿਰ ਵਿਖੇ ਵਿਰਸਾ ਵਿਹਾਰ ਅਤੇ ਗੁਰੂ ਨਾਨਕ ਦੇਵ ਡਿਜੀਟਲ ਲਾਇਬ੍ਰੇਰੀ ਸਮੇਤ ਦੋ ਪ੍ਰਮੁੱਖ ਜਨਤਕ ਥਾਵਾਂ ਦਾ



ਨਿਰੀਖਣ ਕੀਤਾ ਗਿਆ। ਸ਼ਹਿਰ ਦੇ ਸੱਭਿਆਚਾਰਕ ਕੇਂਦਰ ਵਿਰਸਾ ਵਿਹਾਰ ਦੇ ਦੌਰੇ ਦੌਰਾਨ ਡਾ. ਅਗਰਵਾਲ ਨੇ ਅਧਿਕਾਰੀਆਂ ਨੂੰ ਇਸ ਦੀ ਢੁਕਵੀਂ ਦੇਖਭਾਲ ਅਤੇ ਰੱਖ-ਰਖਾਅ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਐਲਾਨ ਕੀਤਾ ਕਿ ਇਸ ਇਮਾਰਤ ਨੂੰ 'ਰੰਗਲਾ ਪੰਜਾਬ' ਤਹਿਤ ਸੱਭਿਆਚਾਰਕ ਗਤੀਵਿਧੀਆਂ ਨੂੰ ਉਤਸਾਹਿਤ ਕਰਨ ਲਈ ਪ੍ਰਮੁੱਖ ਸਥਾਨ ਵਜੋਂ ਵਰਤਿਆ ਜਾਵੇਗਾ। ਵਿਰਸਾ ਵਿਹਾਰ ਦੇ ਆਪਣੇ ਦੌਰੇ ਤੋਂ ਬਾਅਦ ਡਿਪਟੀ ਕਮਿਸ਼ਨਰ ਗੁਰੂ ਨਾਨਕ ਦੇਵ ਜਿਲ੍ਹਾ ਲਾਇਬ੍ਰੇਰੀ ਗਏ, ਜਿਥੇ ਉਨ੍ਹਾਂ ਨੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਤੇ ਹੋਰਨਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਅਤੇ ਚੁਣੌਤੀਆਂ ਨੂੰ ਸੁਣਿਆ।

## ਸੰਯੁਕਤ ਕਿਸਾਨ ਮੋਰਚੇ ਦੀ ਸਮਰਾਲਾ 'ਚ ਹੋਣ ਵਾਲੀ ਮਹਾਂ ਰੈਲੀ ਲਈ ਲੋਕਾਂ 'ਚ ਭਾਰੀ ਉਤਸ਼ਾਹ : ਡਾ. ਅਜਨਾਲਾ, ਸੰਧੂ

**ਜਲੰਧਰ (ਸ਼ੈਲੀ ਐਲਬਰਟ, ਰਾਜੇਸ਼ ਥਾਪਾ)** ਸੰਯੁਕਤ ਕਿਸਾਨ ਮੋਰਚੇ ਵੱਲੋਂ ਲੁਧਿਆਣਾ ਦੀ ਤਹਿਸੀਲ ਸਮਰਾਲਾ ਦੀ ਦਾਣਾ ਮੰਡੀ 'ਚ ਕਿਰਤੀ ਕਿਸਾਨਾਂ ਦੀ 24 ਅਗਸਤ ਨੂੰ ਹੋਣ ਵਾਲੀ ਮਹਾਂ ਰੈਲੀ ਲਈ ਪੰਜਾਬ ਦੇ ਲੋਕਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਮਹਾਂ ਰੈਲੀ ਅਗਲੇ ਸੰਘਰਸ਼ਾਂ 'ਚ ਨਵੀ ਜਾਨ ਭਰ ਦੇਵੇਗੀ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਅਤੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਸੂਬਾ ਦਫ਼ਤਰ ਸ਼ਹੀਦ ਸਰਵਣ ਸਿੰਘ ਸਿੰਘ ਚੀਮਾ ਭਵਨ ਗੜ੍ਹਾ, ਜਲੰਧਰ ਤੋਂ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਉਹਨਾਂ ਕਿਹਾ ਕਿ ਜ਼ਬਰਦਸਤੀ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਨੀਤੀ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਭਾਰੀ ਵਿਰੋਧ ਕਾਰਨ ਸਰਕਾਰ ਵੱਲੋ ਰੱਦ ਕੀਤੇ ਜਾਣ ਤੇ ਸਮਰਾਲਾ ਦੀ ਦਾਣਾ ਮੰਡੀ ਵਿੱਚ ਜੇਤੂ ਮਹਾਂ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਦੀ ਤਿਆਰੀ ਸਬੰਧੀ ਸੂਬਾ ਦਫ਼ਤਰ ਤੇ ਪੁੱਜੀਆਂ ਰੀਪੋਰਟਾ ਮੁਤਾਬਕ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਹਜ਼ਾਰਾਂ ਕਾਰਕੁੰਨ ਕਾਫ਼ਲੇ ਬੰਨ ਕੇ ਸਮਰਾਲਾ ਦੀ ਦਾਣਾ ਮੰਡੀ 'ਚ ਪਹੁੰਚਣਗੇ।

# ਵਧੀਆ ਕਾਰਗੁਜ਼ਾਰੀ ਦਿਖਾਉਣ 'ਤੇ ਰੇਡੂਪੱਤੀ ਸਕੂਲ ਸਨਮਾਨਿਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਿੱਖਿਆ ਵਿਭਾਗ ਪੰਜਾਬ ਵੱਲੋਂ ਅਕਾਦਮਿਕ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਸਰਕਾਰੀ ਸਕੂਲ ਰੇਡੂਪੱਤੀ ਨੂੰ ਸਨਮਾਨਿਤ ਕੀਤਾ ਗਿਆ ਹੈ। ਪੰਜਾਬ ਭਰ ਦੇ 20 ਪ੍ਰਾਇਮਰੀ ਸਕੂਲ ਮੁਖੀਆਂ ਨੂੰ ਵਿਭਾਗ ਨੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਇਆਂ ਸਕੂਲ ਮੁਖੀ ਜਸਵੀਰ ਸਿੰਘ ਤਲਵਾੜਾ ਨੇ ਦੱਸਿਆ ਕਿ ਸਿੱਖਿਆ ਵਿਭਾਗ ਪੰਜਾਬ ਵੱਲੋਂ ਵਿਦਿਆਰਥੀਆਂ ਦਾ



ਸਿੱਖਿਆ ਪੱਧਰ ਉੱਚਾ ਚੁੱਕਣ ਲਈ ਮਿਸ਼ਨ ਸਮਰੱਥ ਪੂਰੇ ਸੂਬੇ ਵਿੱਚ ਚਲਾਇਆ ਗਿਆ ਸੀ। ਇਸ ਮਿਸ਼ਨ ਦੀ ਜ਼ਮੀਨੀ ਪੱਧਰ 'ਤੇ ਜਾਂਚ ਲਈ ਸਿੱਖਿਆ ਵਿਭਾਗ ਵੱਲੋਂ ਸੈਲਫ ਨੌਮੀਨੇਸ਼ਨ ਦਾ ਮੌਕਾ ਦਿੱਤਾ ਗਿਆ ਸੀ। ਜਿਸ ਦੀ ਜਾਂਚ ਅੰਤਰ ਬਲਾਕ ਵੱਲੋਂ ਕਰਵਾਈ ਗਈ। ਸਿੱਖਿਆ ਕਮਾਈ ਦੇਵੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਰੇਡੂਪੱਤੀ ਦੀ ਸਿਸਟਮ ਸਮਰੱਥ ਅਧੀਨ ਤੀਸਰੀ, ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦੀ ਪੰਜਾਬੀ, ਗਿਣਤੀ ਅਤੇ ਅੰਗਰੇਜ਼ੀ ਪੱਧਰ ਦੀ ਜਾਂਚ ਕੀਤੀ ਗਈ ਸੀ। ਪੰਜਾਬ ਭਰ ਦੇ 925 ਪ੍ਰਾਇਮਰੀ ਅਤੇ 940 ਸੈਕੰਡਰੀ ਸਕੂਲਾਂ ਦੀ ਜਾਂਚ ਕੀਤੀ ਗਈ। ਸਿਰਫ਼ 38 ਸਕੂਲ ਹੀ ਵਧੀਆ ਅਕਾਦਮਿਕ ਕਾਰਗੁਜ਼ਾਰੀ ਦਿਖਾਉਣ ਵਾਲੇ ਚੁਣੇ ਗਏ। ਜਿਸ ਵਿੱਚ 18 ਸੈਕੰਡਰੀ ਅਤੇ 20 ਪ੍ਰਾਇਮਰੀ ਸਕੂਲ ਸ਼ਾਮਲ ਸਨ। ਤਲਵਾੜਾ ਨੇ ਸਕੂਲ ਦੇ ਵਧੀਆ ਨਤੀਜਿਆਂ ਦੀ ਕਾਮਯਾਬੀ ਦਾ ਸਿਹਰਾ ਆਪਣੇ ਮਿਹਨਤੀ ਅਧਿਆਪਕ ਚਮਨ ਲਾਲ, ਸਰੋਜ ਕੁਮਾਰੀ, ਭੁਵਨੇਸ਼ਵਰੀ ਅਤੇ ਮਮਤਾ ਦੇਵੀ ਨੂੰ ਦਿੱਤਾ। ਉੱਥੇ ਹੀ ਬੀ.ਐਨ.ਓ. ਅਮਿਤ ਰਾਣਾ, ਸੀ.ਐਚ.ਟੀ ਸਰਵਜੀਤ ਪਾਲ, ਬੀ.ਆਰ.ਸੀ. ਅਜੇ ਕੁਮਾਰ ਤੇ ਸੁਨੀਲ ਕੁਮਾਰ ਵੱਲੋਂ ਦਿੱਤੇ ਵਿਸ਼ੇਸ਼ ਸਹਿਯੋਗ ਲਈ ਧਨਵਾਦ ਕੀਤਾ।

## ਆਈ ਟੀ ਆਈਜ਼ ਵਿਖੇ ਵੱਖ-ਵੱਖ ਟਰੇਡਾਂ 'ਚ ਸਾਲ 2025-2026 ਲਈ ਦਾਖਲਾ ਪ੍ਰਕਿਰਿਆ ਸ਼ੁਰੂ

**ਮੋਹਾਲੀ (ਗੁਰਜੀਤ ਬਿੱਲਾ)** ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਆਈ ਟੀ ਆਈਜ਼ ਵਿਖੇ ਵੱਖ-ਵੱਖ ਟਰੇਡਾਂ ਵਿੱਚ ਸਾਲ 2025-2026 ਲਈ ਦਾਖਲਾ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ, ਜਿਸ ਵਿੱਚ ਲੋੜੀਂਦੀ ਯੋਗਤਾ ਦਸਵੀਂ ਅਤੇ ਬਾਰ੍ਹਵੀਂ ਪਾਸ ਅਤੇ ਉਮਰ ਸੀਮਾ- ਘੱਟੋ-ਘੱਟ ਉਮਰ 14 ਸਾਲ ਹੈ। ਵਿਦਿਆਰਥੀ ਆਪਣੀ ਨਜ਼ਦੀਕੀ ਆਈ ਟੀ ਆਈ ਵਿੱਚ ਦਾਖਲੇ ਲਈ ਅਪਲਾਈ ਕਰ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆ ਵੱਲੋਂ ਦੱਸਿਆ ਗਿਆ ਕਿ ਆਈ ਟੀ ਆਈਜ਼ ਵੱਲੋਂ ਵੱਖ-ਵੱਖ ਟਰੇਡਾਂ ਸੰਬੰਧੀ ਕੋਰਸ ਜਿਵੇਂ ਕਿ ਵੈਲਡਰ, ਫੀਟਰ, ਮੋਟਰ ਮਕੈਨਿਕ, ਇਲਕੈਟ੍ਰੀਕਲ, ਕੋਪਾ ਅਤੇ ਸਿਲਾਈ, ਕਢਾਈ ਆਦਿ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਆਈ.ਟੀ.ਆਈਜ਼ ਵਿੱਚ ਲੜਕੇ ਅਤੇ ਲੜਕੀਆਂ ਦੋਵੇਂ ਦਾਖਲਾ ਲੈ ਸਕਦੇ ਹਨ।

# ਡੇਰਾ ਪੰਡਵਾਂ ਵਿਖੇ ਧਾਰਮਿਕ ਸਮਾਗਮ ਕਰਵਾਇਆ



**ਬੰਗਾ (ਅਵਤਾਰ ਕਲੇਰ)**- ਡੇਰਾ 108 ਸੰਤ ਬਾਬਾ ਹੰਸ ਰਾਜ ਜੀ, ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵਿਖੇ 56ਵੇਂ ਬਰਸੀ ਸਮਾਗਮ 108 ਸੰਤ ਬਾਬਾ ਹੰਸ ਰਾਜ ਜੀ, 22ਵੇਂ ਸਰੋਵਰ ਸਥਾਪਨਾ ਦਿਵਸ ਅਤੇ ਪਿਤਾ ਪ੍ਰੀਤਮ ਦਾਸ, ਮਾਤਾ ਦਲੀਪ ਕੌਰ ਦੇ ਬਰਸੀ ਸਮਾਗਮ ਨੂੰ ਸਮਰਪਤ ਧਾਰਮਿਕ ਸਮਾਗਮ ਡੇਰਾ ਪੰਡਵਾਂ ਵਿਖੇ ਗੱਦੀਨਸ਼ੀਨ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ, ਸੰਤ ਬੀਬੀ ਬਿਮਲਾ ਰਾਣੀ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਲੜੀਵਾਰ ਜਾਪ ਕਰਵਾਏ ਗਏ। ਡੇਰੇ ਵਿਖੇ ਸੰਗਤਾਂ ਲਈ ਨਵੀਂ ਬਿਲਡਿੰਗ ਦਾ ਉਦਘਾਟਨ ਸੰਤ ਮਹਿੰਦਰ ਪਾਲ ਵਲੋਂ ਕੀਤਾ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਜਸਵਿੰਦਰ ਸਿੰਘ ਡਾਂਡੀਆਂ, ਸੰਤ ਟਹਿਲ ਨਾਥ ਨੰਗਲ ਖੇੜਾ, ਸੰਤ ਕਪੂਰ ਦਾਸ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਕੀਰਤਨੀ ਜਥਿਆਂ ਸੰਤ ਜਸਬੀਰ ਸਿੰਘ ਪਿੱਪਲ ਮਜਾਰਾ, ਸੰਤ ਜਸਵੀਰ ਸਿੰਘ ਕੰਧੋਲਾ, ਸੰਤ ਜਸਵਿੰਦਰ ਪਾਲ ਧੁੱਗਾਵਾਲਾ, ਭਾਈ ਚਰਨਜੀਤ ਸਿੰਘ ਆਦਿ ਨੇ ਸੰਗਤਾਂ ਨੂੰ ਬਾਣੀ ਨਾਲ ਜੋੜਿਆ। ਸੰਤ ਮਹਿੰਦਰ ਪਾਲ ਵੱਲੋਂ ਪਹੁੰਚੇ ਸੰਤ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਤ ਮਹਿੰਦਰ ਪਾਲ, ਸੰਤ ਬੀਬੀ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ, ਸੰਤ ਮੋਹਣ ਪਾਲ, ਬਾਲ ਕ੍ਰਿਸ਼ਨ, ਹਰੀ ਪਾਲ ਪੰਡਵਾਂ, ਜਥੇਦਾਰ ਸਰੂਪ ਸਿੰਘ ਖਲਵਾੜਾ, ਅਸ਼ੋਕ ਸੰਧੂ, ਸੋਮ ਰਾਜ, ਪਰਗਟ ਸਿੰਘ, ਭੁਪਿੰਦਰ ਕੁਮਾਰ, ਮਾਸਟਰ ਗੁਰਨਾਮ, ਸਰਬਜੀਤ ਸਿੰਘ, ਹਰਦੇਵ, ਸੁਦਰਸ਼ਨ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਜ਼ਾਹਰ ਪੀਰ ਨੂੰ ਸਮਰਪਤ ਸਾਲਾਨਾ ਛਿੰਝ ਮੇਲਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਭਾਨ ਮਜਾਰਾ ਸ੍ਰੀ ਗੁੱਗਾ ਜ਼ਾਹਰ ਪੀਰ ਨੂੰ ਸਮਰਪਤ ਸਾਲਾਨਾ ਛਿੰਝ ਮੇਲਾ ਦੰਗਲ ਗੁੱਗਾ ਮਾੜੀ ਪ੍ਰਬੰਧਕ ਕਮੇਟੀ ਗਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਪਿੰਡ ਭਾਨ ਮਜਾਰਾ ਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਕੁਸ਼ਤੀ ਦੰਗਲ ਛਿੰਝ ਮੇਲਾ ਬੜੀ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਪ੍ਰਬੰਧਕ ਕਮੇਟੀ ਗਰਾਮ ਪੰਚਾਇਤ ਮਹਾ ਸਿੰਘ ਲੰਬੜਦਾਰ ਨੇ ਦੱਸਿਆ ਕਿ ਜਿਸ ਵਿੱਚ 200 ਪਹਿਲਵਾਨਾਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚ ਪੰਜਾਬ ਤੋਂ ਇਲਾਵਾ ਹੋਰ ਸਟੇਟਾਂ ਤੋਂ ਆਏ ਹੋਏ ਪਹਿਲਵਾਨਾਂ ਨੇ ਆਪਣੀ ਕਲਾ ਦੇ ਜੌਹਰ ਵਿਖਾਏ। ਇੱਕ ਨੰਬਰ ਦੀ ਪਟਕੇ ਦੀ ਕੁਸ਼ਤੀ ਬੱਗਾ ਕੁਹਾਲੀ ਤੇ ਰੋਸ਼ਨ ਕਿਰਲਗੜ੍ਹ ਦੇ ਦਰਮਿਆਨ ਹੋਈ। ਬੱਗਾ ਕੁਹਾਲੀ ਨੇ ਝੰਡੀ ਦੀ ਕੁਸ਼ਤੀ ਜਿੱਤੀ। ਪ੍ਰਬੰਧਕ ਕਮੇਟੀ ਵੱਲੋਂ ਵੱਡੀ ਮਾਲੀ ਦੇ ਜੇਤੂ ਪਹਿਲਵਾਨਾਂ ਨੂੰ 4 ਝੋਟੀਆਂ ਦਿਤੀਆਂ ਗਈਆਂ ਜਦ ਕਿ ਬਾਕੀ ਕੁਸ਼ਤੀਆਂ ਦੇ ਜੇਤੂਆਂ ਨੂੰ ਵੀ ਇਨਾਮ ਦਿੱਤੇ ਗਏ। ਇਸ ਦੰਗਲ ਮੇਲੇ 'ਤੇ ਪੁੱਜੇ ਪਹਿਲਵਾਨਾਂ ਅਤੇ ਆਏ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਗ੍ਰਾਮ ਪੰਚਾਇਤ ਅਤੇ ਛਿੰਝ ਕਮੇਟੀ ਵਲੋਂ ਕਰਵਾਏ ਗਏ ਛਿੰਝ ਮੇਲੇ 'ਚ ਪ੍ਰਬੰਧਕ ਕਮੇਟੀ ਗਰਾਮ ਪੰਚਾਇਤ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਕੁਰਾਹੇ ਪੈ ਰਹੀ ਹੈ, ਜੋ ਕਿ ਇਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਸਾਨੂੰ ਗੁਰੂਆਂ ਅਤੇ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਖੇਡਾਂ ਰਾਹੀਂ ਹੀ ਨੌਜਵਾਨ ਪੀੜ੍ਹੀ ਨੂੰ ਨਸ਼ੇ ਦੀ ਦਲਦਲ ਤੋਂ ਤਾਂ ਹੀ ਬਚਾਇਆ ਜਾ ਸਕਦਾ ਹੈ। ਜੇਕਰ ਅਸੀਂ ਨੌਜਵਾਨਾਂ ਦਾ ਧਿਆਨ ਖੇਡਾਂ ਵੱਲ ਲਗਾਵਾਂਗੇ ਤਾਂ ਉਨ੍ਹਾਂ ਨੂੰ ਨਸ਼ੇ ਤੋਂ ਦੂਰ ਰੱਖਿਆ ਜਾ ਸਕਦਾ ਹੈ ਜਿਸ ਲਈ ਅਜਿਹੇ ਖੇਡ ਮੇਲਿਆਂ ਦੇ ਪ੍ਰਬੰਧਕਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ। ਗ੍ਰਾਮ ਪੰਚਾਇਤ ਅਤੇ ਛਿੰਝ ਕਮੇਟੀ ਵਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

# ਸੂਰਤ ਸਿੰਘ ਧਰਮਕੋਟ ਵੱਲੋਂ ਮਹਾਂ ਸੰਮੇਲਨ ਲਈ ਇੱਕ ਲੱਖ ਦਾ ਯੋਗਦਾਨ

**● ਗਿਆਨੀ ਗੁਰਦੇਵ ਸਿੰਘ ਦੇ ਪਰਵਾਰ ਵੱਲੋਂ 11 ਹਜ਼ਾਰ ਭੇਟ**



**ਸ਼ਾਹਕੋਟ (ਗਿਆਨ ਸੈਦਪੁਰੀ)**- ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਲਈ ਚੱਲ ਰਹੀ ਫੰਡ ਅਤੇ ਤਿਆਰੀ ਮੁਹਿੰਮ ਦੌਰਾਨ ਕੁੱਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਸੂਰਤ ਸਿੰਘ ਧਰਮਕੋਟ ਨੇ 1 ਲੱਖ ਰੁਪਏ ਦਾ ਸਨਮਾਨਯੋਗ ਯੋਗਦਾਨ ਪਾਇਆ ਹੈ। ਪਾਰਟੀ ਨੇ ਉਹਨਾਂ ਦਾ ਧੰਨਵਾਦ ਕੀਤਾ ਹੈ। ਇਸੇ ਦੌਰਾਨ ਕਾਮਰੇਡ ਸੂਰਤ ਸਿੰਘ ਧਰਮਕੋਟ ਆਪਣੀ ਸਿਹਤ ਸਮੱਸਿਆ ਦੇ ਸਬੰਧ ਵਿੱਚ ਕਾਮਰੇਡ ਗਿਆਨੀ ਗੁਰਦੇਵ ਸਿੰਘ ਦੇ ਬੇਟਿਆਂ ਡਾ. ਸੰਦੀਪ ਜੌੜਾ ਅਤੇ ਖੇਤੀਬਾੜੀ ਅਫਸਰ ਡਾ. ਨਵਦੀਪ ਜੌੜਾ ਦੇ ਘਰ ਗਏ। ਪਾਰਟੀ ਦੀ 25ਵੀਂ ਕਾਂਗਰਸ ਅਤੇ ਗਿਆਨੀ ਗੁਰਦੇਵ ਸਿੰਘ ਦੀਆਂ ਯਾਦਾਂ ਸਾਂਝੀਆਂ ਕਰਨ ਦੇ ਸੰਦਰਭ ਵਿੱਚ ਗੱਲਾਬਾਤਾਂ ਕਰਨ ਉਪਰੰਤ ਸਾਥੀ ਸੂਰਤ ਸਿੰਘ ਨੇ ਜਾਣ ਦੀ ਇਜਾਜ਼ਤ ਮੰਗੀ ਤਾਂ ਮਾਤਾ ਰਖਸ਼ਾ ਦੇਵੀ ਜੀ ਨੇ ਦੋ ਮਿੰਟ ਹੋਰ ਰੁਕਣ ਲਈ ਕਿਹਾ। ਉਨ੍ਹਾਂ ਉਤਸ਼ਾਹੀ ਰੌਂਅ ਵਿੱਚ ਪਾਰਟੀ ਦੇ ਮਹਾਂ ਸੰਮੇਲਨ ਲਈ 11000 ਰੁਪਏ ਸੌਂਪਦੇ ਹੋਏ ਮਹਾਂ ਸੰਮੇਲਨ ਦੀ ਸਫਲਤਾ ਦੀ ਕਾਮਨਾ ਕੀਤੀ। ਕਾਮਰੇਡ ਸੂਰਤ ਸਿੰਘ ਨੇ ਕਿਹਾ ਕਿ ਗਿਆਨੀ ਗੁਰਦੇਵ ਸਿੰਘ ਦੇ ਪਰਵਾਰ ਦੀ ਸੀ ਪੀ ਆਈ ਪ੍ਰਤੀ ਸਮਰਪਣ ਭਾਵਨਾ ਦਰਸਾਉਂਦੀ ਹੈ ਕਿ ਪਰਵਾਰ ਦੇ ਸੰਸਕਾਰਾਂ ਵਿੱਚ ਗਿਆਨੀ ਹੁਰੀ ਅੱਜ ਵੀ ਜ਼ਿੰਦਾ ਹਨ। ਉਹਨਾਂ ਕਿਹਾ ਕਿ ਗਿਆਨੀ ਜੀ ਦੀ ਮਿਕਨਾਤੀਸੀ ਸ਼ਖਸੀਅਤ ਵਾਲੀ ਖਿੱਚ ਉਹਨਾਂ ਦੇ ਸਾਥੀਆਂ ਲਈ ਅੱਜ ਵੀ ਪ੍ਰੇਰਨਾ ਸਰੋਤ ਹੈ।

# ਕਾਮਰੇਡ ਦੇਵ ਫ਼ਿਲੌਰ ਦੀ ਤੀਸਰੀ ਬਰਸੀ 22 ਨੂੰ

**ਫਿਲੌਰ (ਨਿਰਮਲ)**- ਲੋਕ ਆਗੂ ਕਾਮਰੇਡ ਦੇਵ ਫ਼ਿਲੌਰ ਦੀ ਤੀਸਰੀ ਬਰਸੀ 22 ਅਗਸਤ ਨੂੰ ਬਾਅਦ ਦੁਪਹਿਰ 4 ਵਜੇ ਸ੍ਰੀ ਗੁਰੂ ਰਵਿਦਾਸ ਮੰਦਰ ਨੂਰ ਮਹਿਲ ਰੋਡ ਫ਼ਿਲੌਰ ਵਿਖੇ ਪਰਵਾਰ ਤੇ ਲੋਕ



ਇਨਸਾਫ ਮੰਚ ਵਲੋਂ ਵੱਡੇ ਪੱਧਰ ਤੇ ਮਨਾਈ ਜਾ ਰਹੀ ਹੈ। ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫ਼ਿਲੌਰ ਨੇ ਦੱਸਿਆ ਕਿ ਬਰਸੀ ਮੌਕੇ ਲੋਕ ਇਨਸਾਫ਼ ਮੰਚ ਤੇ ਪਰਵਾਰ ਵਲੋਂ ਵੱਡਾ ਤੇ ਸਾਦਾ ਸਮਾਗਮ ਕੀਤਾ ਜਾ ਰਿਹਾ ਹੈ। ਇਸ ਸਮਾਗਮ ਨੂੰ ਵੱਖ ਵੱਖ ਭਰਾਤਰੀ ਜਥੇਬੰਦੀਆਂ ਦੇ ਆਗੂ ਸੰਬੋਧਨ ਕਰਨ ਲਈ ਪਹੁੰਚ ਰਹੇ ਹਨ। ਉਹਨਾਂ ਦੱਸਿਆ ਕਿ ਸਮਾਗਮ ਵਿੱਚ ਸ਼ਿਰਕਤ ਕਰਨ ਵਾਲਿਆਂ ਲਈ ਪਰਵਾਰ ਵਲੋਂ ਸ਼ਾਮ ਦੇ ਭੋਜਨ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਆਗੂਆਂ, ਸਕੱਤਰ ਪ੍ਰਸ਼ੋਤਮ ਫ਼ਿਲੌਰ, ਮਾਸਟਰ ਹੰਸ ਰਾਜ ਸੰਤੋਖਪੁਰਾ, ਰਾਮਜੀ ਦਾਸ ਗੰਨਾ ਪਿੰਡ, ਡਾਕਟਰ ਸੰਦੀਪ ਕੁਮਾਰ, ਰਾਜਵਿੰਦਰ ਮੁਠੱਡਾ, ਸਾਬਕਾ ਸਰਪੰਚ ਸਰਬਜੀਤ ਸਾਬੀ, ਰਵੀ ਦਲੇਰ, ਡਾਕਟਰ ਅਸ਼ੋਕ ਕੁਮਾਰ, ਹਨੀ ਸੰਤੋਖਪੁਰਾ, ਸੰਦੀਪ ਕੁਮਾਰੀ ਸਰਪੰਚ ਰਾਮਗੜ੍ਹ, ਸੁਨੀਤਾ ਫ਼ਿਲੌਰ, ਹੰਸ ਕੌਰ ਕਲੇਰ, ਸੁਨੀਲ ਗੰਨਾਪਿੰਡ, ਸਰੂਪ ਕਲੇਰ, ਮੱਘਰ ਜਗਤਪੁਰ, ਹੈਪੀ ਸੰਗੋਆਲ, ਸੁਨੀਲ ਖਹਿਰਾ, ਆਦਿ ਹਾਜ਼ਰ ਸਨ।

# ਸੰਧੂ ਹਸਪਤਾਲ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੰਧੂ ਹਸਪਤਾਲ, ਚੰਡੀਗੜ੍ਹ ਰੋਡ, ਨਵਾਂਸ਼ਹਿਰ ਵੱਲੋਂ ਡੇਰਾ ਬਾਬਾ ਪੀਰ, ਪਿੰਡ ਭਾਨ ਮਜਾਰਾ ਵਿਖੇ ਮੁਫ਼ਤ ਬਹੁ-ਵਿਸ਼ੇਸ਼ਤਾ ਮੈਡੀਕਲ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਪਿੰਡਾਂ ਦੇ ਨਿਵਾਸੀਆਂ ਤੱਕ ਵਿਸ਼ੇਸ਼ੱਗੀ ਚਿਕਿਤਸਾ ਸੇਵਾਵਾਂ ਅਤੇ ਸਿਹਤ ਜਾਗਰੂਕਤਾ ਪਹੁੰਚਾਉਣਾ ਸੀ।



ਮੈਡੀਕਲ ਟੀਮ ਵਿੱਚ ਡਾ. ਕਣਵ ਟੰਡਨ (ਕਨਸਲਟੈਂਟ ਔਰਥੋਪੈਡਿਕ ਸਰਜਨ), ਡਾ. ਸੰਦੀਪ ਅਗਰਵਾਲ (ਸਲਾਹਕਾਰ ਮੈਡੀਸਨ ਮਾਹਿਰ), ਡਾ. ਅਨੁਜ (ਮੈਡੀਕਲ ਅਫ਼ਸਰ), ਡਾ. ਸਿਮਰਨ (ਮੈਡੀਕਲ ਅਫ਼ਸਰ) ਨੇ ਕੈਂਪ ਦੌਰਾਨ ਮਰੀਜ਼ਾਂ ਨੂੰ ਮੁਫ਼ਤ ਮੈਡੀਕਲ ਸਲਾਹਾਂ, ਮੁਫ਼ਤ ਦਵਾਈਆਂ, ਸੰਧੂ ਹਸਪਤਾਲ ਵਿੱਚ ਐਕਸ-ਰੇ ਲਈ ਮੁਫ਼ਤ ਕੂਪਨ ਅਤੇ ਰਿਆਇਤੀ ਦਰਾਂ 'ਤੇ ਖੂਨ ਦੇ ਟੈਸਟ ਉਪਲਬਧ ਕਰਵਾਏ ਗਏ। ਇਸ ਮੌਕੇ 'ਤੇ ਪਿੰਡ ਦੇ ਚੇਅਰਮੈਨ ਚਮਨ ਸਿੰਘ ਭਾਨ ਮਜਾਰਾ ਵੀ ਮੌਜੂਦ ਰਹੇ। ਉਨ੍ਹਾਂ ਨੇ ਸੰਧੂ ਹਸਪਤਾਲ ਦੀ ਮੈਡੀਕਲ ਟੀਮ ਦਾ ਤਹਿ-ਦਿਲੋਂ ਸਵਾਗਤ ਕੀਤਾ ਅਤੇ ਪਿੰਡ ਪੱਧਰ 'ਤੇ ਸਿਹਤ ਸੇਵਾਵਾਂ ਦੀ ਪਹੁੰਚ ਵਧਾਉਣ ਲਈ ਹਸਪਤਾਲ ਦੇ ਯਤਨਾਂ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਇਸ ਕੈਂਪ ਰਾਹੀਂ ਸੰਧੂ ਹਸਪਤਾਲ ਨੇ ਇਕ ਵਾਰ ਫਿਰ ਆਪਣੀ ਵਚਨਬੱਧਤਾ ਜਤਾਈ ਕਿ ਉਹ ਪਿੰਡਾਂ ਦੇ ਲੋਕਾਂ ਨੂੰ ਸਸਤੀ, ਪਹੁੰਚਯੋਗ ਅਤੇ ਵਿਸ਼ੇਸ਼ਗੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਹਮੇਸ਼ਾਂ ਅੱਗੇ ਰਹੇਗਾ।

## ਹਾਦਸੇ ਦੇ ਸ਼ਿਕਾਰ ਨੌਜਵਾਨ ਨੂੰ ਪ੍ਰਵਾਸੀ ਭਾਰਤੀ ਵੱਲੋਂ ਆਰਥਿਕ ਮਦਦ

**ਕਾਲਾ ਸੰਘਿਆਂ (ਮਨਜੀਤ ਮਾਨ)**- ਕਸਬਾ ਕਾਲਾ ਸੰਘਿਆਂ ਵਿਖੇ ਰੰਗ ਰੋਗਨ ਦਾ ਕੰਮ ਕਰ ਰਿਹਾ ਨੌਜੁਆਨ ਮੰਗਾ ਪੁੱਤਰ ਲਛਮਣ ਦਾਸ ਵਾਸੀ ਖ਼ਾਸ ਕਾਲਾ ਬਿਜਲੀ ਦਾ ਕਰੰਟ ਲੱਗਣ ਕਾਰਨ ਬੁਰੀ ਤਰ੍ਹਾਂ ਝੁਲਸ ਗਿਆ ਸੀ। ਇਸ ਭਿਆਨਕ ਹਾਦਸੇ ਵਿੱਚ ਪੀੜਤ ਨੌਜੁਆਨ ਦੀਆਂ ਦੋਨੇ ਬਾਹਾਂ ਕੱਟਣੀਆਂ ਪਈਆਂ ਤੇ ਦੋਨੇ ਪੈਰ ਵੀ ਬੁਰੀ ਤਰ੍ਹਾਂ ਝੁਲਸ ਗਏ ਸਨ। ਪੀੜਤ



ਨੌਜੁਆਨ ਦੇ ਦੋ ਛੋਟੇ ਛੋਟੇ ਮਾਸੂਮ ਬੱਚੇ ਹਨ। ਅੱਜ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਤੇ ਉੱਘੇ ਸਮਾਜ ਸੇਵਕ ਸੰਜੀਵ ਕੌਂਡਲ ਦੀ ਅਗਵਾਈ ਹੇਠ ਪ੍ਰਵਾਸੀ ਭਾਰਤੀ ਸਾਬਕਾ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਮੋਹਣ ਸਿੰਘ ਮੋਹਣਾ ਵੱਲੋਂ ਹਸਪਤਾਲ ਜਾ ਕੇ 50 ਰੁਪਏ ਦੀ ਆਰਥਿਕ ਮਦਦ ਕੀਤੀ ਗਈ। ਇਸ ਮੌਕੇ ਸਤਨਾਮ ਸਿੰਘ ਸੰਘਾ ਤੇ ਸੰਜੀਵ ਕੌਂਡਲ ਤੇ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ ਨੇ ਸਮਾਜ ਸੇਵਕ ਜਥੇਬੰਦੀਆਂ ਤੇ ਐਨ ਆਰ ਆਈਜ਼ ਵੀਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੀੜਤ ਪਰਵਾਰ ਦੀ ਆਰਥਿਕ ਤੇ ਮਾਲੀ ਮਦਦ ਕੀਤੀ ਜਾਵੇ। ਪੀੜਤ ਨੌਜੁਆਨ ਇਸ ਵਕਤ ਯੂਨੀਟੀ ਕ੍ਰਿਟੀਕਲ ਕੇਅਰ ਹਸਪਤਾਲ ਜਲੰਧਰ ਵਿਖੇ ਜ਼ੇਰੇ ਇਲਾਜ ਹੈ।

## ਹੁਸ਼ਿਆਰਪੁਰ ਪੁਨਰਵਾਸ ਕੇਂਦਰ ਨੂੰ ਨਸ਼ਾ ਛੁਡਾਊ ਸੇਵਾਵਾਂ ਲਈ ਮਿਲਿਆ ਰਾਜ ਪੱਧਰੀ ਸਨਮਾਨ

**ਹੁਸ਼ਿਆਰਪੁਰ (ਓ ਪੀ ਰਾਣਾ)** ਹੁਸ਼ਿਆਰਪੁਰ ਦੇ ਮੁੜ ਵਸੇਬਾ ਕੇਂਦਰ ਨੇ ਆਪਣੀਆਂ ਸ਼ਾਨਦਾਰ ਸਿਹਤ ਸੇਵਾਵਾਂ ਅਤੇ ਨਸ਼ਾ ਛੁਡਾਉਣ ਲਈ ਪ੍ਰਦਾਨ ਕੀਤੀਆਂ ਉੱਚ ਪੱਧਰੀ ਸਹੂਲਤਾਂ ਲਈ ਰਾਜ ਪੱਧਰ 'ਤੇ ਇਕ ਵਿਸ਼ੇਸ਼ ਸਥਾਨ ਪ੍ਰਾਪਤ ਕੀਤਾ ਹੈ। 79ਵੇਂ ਆਜ਼ਾਦੀ



ਦਿਵਸ ਦੇ ਰਾਜ ਪੱਧਰੀ ਸਮਾਗਮ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿਵਲ ਸਰਜਨ ਡਾ. ਪਵਨ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਅਤੇ ਨੋਡਲ ਅਫ਼ਸਰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਡਾ. ਹਰਬੰਸ ਕੌਰ, ਮਨੋਵਿਗਿਆਨੀ ਡਾ. ਰਾਜ ਕੁਮਾਰ, ਮੈਡੀਕਲ ਅਫ਼ਸਰ ਡਾ. ਮਹਿਮਾ ਮਿਨਹਾਸ ਅਤੇ ਮੈਨੇਜਰ ਨਿਸ਼ਾ ਰਾਣੀ ਨੂੰ ਸਰਟੀਫਿਕੇਟ, ਮੈਡਲ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ। ਡਿਪਟੀ ਕਮਿਸ਼ਨਰ ਨੂੰ ਮਿਲਣ ਆਈ ਪੂਰੀ ਟੀਮ ਨੂੰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਸ ਪ੍ਰਾਪਤੀ ਲਈ ਵਧਾਈ ਦਿੱਤੀ।

## ਗਹੂੰਣ ਵਿਖੇ ਕਰਵਾਇਆ ਛਿੰਝ ਮੇਲਾ

**ਬਲਾਚੌਰ (ਜਸਵਿੰਦਰ ਬੈਂਸ)** ਗੁੱਗਾ ਨੌਮੀ ਵਾਲੇ ਦਿਨ ਕਾਫੀ ਪੁਰਾਣੇ ਸਮੇਂ ਤੋਂ ਹੀ ਚੱਲਿਆ ਆਉਂਦਾ ਪਿੰਡ ਗਹੂੰਣ ਦਾ ਪੁਰਾਤਨ ਛਿੰਝ ਮੇਲਾ ਨੰਬਰਦਾਰ ਕੇਹਰ ਸਿੰਘ ਰਾਏ ਤੇ ਨੰਬਰਦਾਰ ਰਾਮ ਕਿਸ਼ਨ ਸ਼ੀਹਮਾਰ ਦੀ ਅਗਵਾਈ ਵਿੱਚ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ



ਸਹਿਯੋਗ ਨਾਲ ਕਰਵਾਇਆ ਗਿਆ। ਜਿਸ ਵਿਚ ਸਰਪੰਚ ਗੁਰਦੀਪ ਕੌਰ ਤੇ ਹਰਵਿੰਦਰ ਸਿੰਘ ਸੰਨੀ ਦਿਆਲ ਦੇ ਪਰਿਵਾਰ, ਮੈਂਬਰ ਪੰਚਾਇਤ ਰੇਵਲ ਕੌਰ ਤੇ ਕੈਪਟਨ ਕੁਲਦੀਪ ਸਿੰਘ ਅਤੇ ਪਿੰਡ ਦੇ ਹੋਰ ਪਤਵੰਤਿਆਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਛੋਟੀ ਝੰਡੀ ਦੀ ਕੁਸ਼ਤੀ ਸ਼ੰਮੀ ਡੂਮਛੇੜੀ ਨੇ ਸੰਦੀਪ ਜਲੰਧਰ ਨੂੰ ਹਰਾ ਕੇ ਜਿੱਤੀ। ਜਦਕਿ ਵੱਡੀ ਪੱਟਕੇ ਦੀ ਕੁਸ਼ਤੀ ਸੁੱਖ ਮੰਡ ਚੌਂਤਾ ਨੇ ਕਾਠਗੜ੍ਹ ਆਖਾੜੇ ਦੇ ਸ਼ੇਰੂ ਪਹਿਲਵਾਨ ਨੂੰ ਚਿੱਤ ਕਰਕੇ ਜਿੱਤੀ। ਜੇਤੂ ਪਹਿਲਵਾਨ ਨੂੰ ਭਜਨ ਸਿੰਘ ਦਿਆਲ ਦੇ ਪਰਿਵਾਰ ਵੱਲੋਂ ਸੋਨੇ ਦੀ ਮੁੰਦਰੀ ਪਹਿਨਾਈ ਗਈ।

## ਮਕਰੈੜ ਮੰਦਰ 'ਚ ਰਾਜਾ ਭਰਥਰੀ ਅਸਥਾਨ 'ਤੇ ਲੱਗਿਆ ਮੇਲਾ

**ਭਲਾਣ (ਹਰਭਜਨ ਢਿੱਲੋਂ)** ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਊਨਾਂ ਦੀ ਤਹਿਸੀਲ ਬਗਾਣਾ ਵਿੱਚ ਪੈਂਦੇ ਪਿੰਡ ਮਕਰੈੜ ਵਿੱਚ ਰਾਜਾ ਭਰਥਰੀ ਤਪ ਅਸਥਾਨ 'ਤੇ ਮੰਦਰ ਬਣਿਆ ਹੋਇਆ। ਪੰਜ ਸਦੀਆਂ ਤੋਂ ਵੱਧ ਸਮਾਂ ਬੀਤਣ ਤੋਂ ਬਾਅਦ ਵੀ ਰਾਜਾ 'ਭਰਥਰੀ' ਦੀ ਲੋਕ ਗਾਥਾ ਪੰਜਾਬੀਆਂ ਦੇ ਹਿਰਦੇ 'ਤੇ ਉਕਰੀ ਹੋਈ ਹੈ। ਇਸ ਅਸਥਾਨ ਤੇ ਰੱਖੜੀ ਵੇਲੇ ਕਾਰਾਂ ਮੰਗਣ ਤੋਂ ਬਾਅਦ ਰੋਟ ਵਾਲੇ ਦਿਨ ਹਿਮਾਚਲ ਅਤੇ ਪੰਜਾਬ ਦੇ



ਲੋਕ ਭਗਵੇਂ ਕੱਪੜੇ ਪਾ ਕੇ ਖੇਲਦੇ ਹਨ, ਪੂਜਾ ਕਰਦੇ ਹਨ ਅਤੇ ਰੋਟ ਚੜ੍ਹਾਉਂਦੇ ਹਨ। ਸ਼ਾਮ ਦੀ ਸਮਾਪਤੀ ਤੋਂ ਬਾਅਦ ਆਪਣੇ ਘਰਾਂ ਨੂੰ ਜਾਂਦੇ ਹਨ। ਲੱਖਾਂ ਦੀ ਗਿਣਤੀ ਵਿੱਚ ਪਹੁੰਚੇ ਸ਼ਰਧਾਲੂਆਂ ਲਈ ਅਤੁੱਟ ਲੰਗਰ ਵਰਤਾਇਆ ਜਾਂਦਾ ਹੈ।

## ਪ੍ਰਵਾਸੀ ਬੱਚਿਆਂ ਨੂੰ ਮਿਲੇਗਾ ਇਨਾਮ, ਜੋ ਸੁਣਾਏਗਾ ਰਾਸ਼ਟਰ ਗਾਨ : ਸੰਜੀਵ ਅਰੋੜਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਪ੍ਰਧਾਨ ਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਦੀ ਅਗਵਾਈ 'ਚ 79ਵਾਂ ਆਜ਼ਾਦੀ ਦਿਵਸ ਸਲਮ ਬਸਤੀ ਝੁੱਗੀ-ਝੌਂਪੜੀ 'ਚ ਪ੍ਰਵਾਸੀ ਬੱਚਿਆਂ ਨਾਲ ਮਨਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਰਾਸ਼ਟਰ-ਗਾਣ ਗਾ ਕੇ ਕੀਤੀ ਗਈ। ਸੰਜੀਵ ਅਰੋੜਾ ਨੇ ਬੱਚਿਆਂ ਨਾਲ ਆਜਾਦੀ ਦਿਵਸ ਸਬੰਧੀ ਸਵਾਲ-ਜਵਾਬ ਕੀਤੇ। ਇਸ ਤੋਂ ਬਾਅਦ ਉਨ੍ਹਾਂ ਨੂੰ ਰਾਸ਼ਟਰੀ ਗਾਨ ਸੁਣਾਉਣ ਲਈ ਕਿਹਾ ਗਿਆ ਅਤੇ 10 ਦਿਨ ਦਾ ਸਮਾਂ ਦਿੱਤਾ ਗਿਆ ਕਿ ਜੋ ਬੱਚਾ ਅਗਲੇ 10 ਦਿਨਾਂ ਵਿੱਚ ਰਾਸ਼ਟਰ ਗਾਨ ਯਾਦ ਕਰਕੇ ਸੁਣਾਵੇਗਾ, ਉਸਨੂੰ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ 1100 ਰੁਪਏ ਅਤੇ ਜੋ ਬੱਚਾ 'ਵੰਦੇ ਮਾਤਰਮ' ਸੁਣਾਵੇਗਾ ਉਸਨੂੰ 2100 ਰੁਪਏ ਨਗਦ ਇਨਾਮ ਦਿੱਤਾ ਜਾਵੇਗਾ। ਇਸ ਮੌਕੇ ਰਜਿੰਦਰ ਮੋਦਗਿਲ, ਐਚ. ਕੇ. ਨਾਕੜਾ, ਲੋਕੇਸ ਖੰਨਾ, ਅਜੇ ਚਾਵਲਾ, ਐਨ. ਕੇ. ਗੁਪਤਾ, ਦੀਪਕ ਮੈਨਦੀਰੱਤਾ, ਪ੍ਰਿੰ. ਡੀ. ਕੇ. ਸ਼ਰਮਾ, ਜਗਦੀਸ਼ ਅਗਰਵਾਲ, ਵਿਜੇ ਅਰੋੜਾ, ਤਰਸੇਮ ਮੋਦਗਿਲ, ਅਸਵਨੀ ਕੁਮਾਰ ਦੱਤਾ, ਪਵਨ ਅਰੋੜਾ, ਰਾਜ ਕੁਮਾਰ ਮਲਿਕ, ਪਰਵੀਨ ਖੁਰਾਨਾ, ਅਮਰਜੀਤ ਸਰਮਾ, ਰਵਿੰਦਰ ਭਾਟੀਆ ਅਤੇ ਹੋਰ ਹਾਜ਼ਰ ਸਨ।

# ਮਗਨਰੇਗਾ ਵਰਕਰਜ਼ ਯੂਨੀਅਨ ਪੰਜਾਬ ਪਿੰਡ ਖਾਨਖਾਨਾ ਇਕਾਈ ਦੀ ਚੋਣ



**ਬੰਗਾ (ਅਵਤਾਰ ਕਲੇਰ)**- ਮਗਨਰੇਗਾ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਖਾਨਖਾਨਾ ਦੀ ਇਕਾਈ ਦੀ ਚੋਣ ਕਰਵਾਈ ਗਈ। ਇਹ ਚੋਣ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ, ਹਰੀਬਿਲਾਸ ਹੀਓਂ, ਜਸਵੀਰ ਸਿੰਘ ਮੋਰੋਂ ਦੀ ਅਗਵਾਈ ਵਿੱਚ ਕੀਤੀ ਗਈ। ਸਰਬਸੰਮਤੀ ਨਾਲ ਕੀਤੀ ਗਈ ਚੋਣ 'ਚ ਪਿੰਡ ਖਾਨਖਾਨਾ ਇਕਾਈ ਦੇ ਪ੍ਰਧਾਨ ਅਮਰਜੀਤ ਕੌਰ, ਮੀਤ ਪ੍ਰਧਾਨ ਚਰਨ ਕੌਰ ਅਤੇ ਊਸ਼ਾ ਰਾਣੀ, ਸਕੱਤਰ ਸੁਖਵਿੰਦਰ ਕੌਰ, ਸਹਾਇਕ ਸਕੱਤਰ ਬੇਬੀ, ਵਿੱਤ ਸਕੱਤਰ ਸੀਮਾ, ਜਥੇਬੰਧਕ ਸਕੱਤਰ ਮਹਿੰਦਰ ਪਾਲ, ਪ੍ਰੈਸ ਸਕੱਤਰ ਸ਼ਾਦੀ ਲਾਲ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਬੁਲਾਰਿਆਂ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਮਗਨਰੇਗਾ ਵਰਕਰਾਂ ਦੀ ਦਿਹਾੜੀ ਵਿੱਚ ਵਾਧਾ ਕਰਕੇ 700 ਰੁਪਏ ਕੀਤਾ ਜਾਵੇ, ਕੰਮ ਸਾਰਾ ਸਾਲ ਮੁਹੱਈਆ ਕਰਵਾਇਆ ਜਾਵੇ, ਫਰੀ ਮੈਡੀਕਲ ਸਹੂਲਤਾਂ ਦਿੱਤੀਆਂ ਜਾਣ, ਵਰਕਰਾਂ ਦਾ ਬੀਮਾ ਕਰਵਾਇਆ ਜਾਵੇ, ਕੋਅਪਰੇਟਿਵ ਸੋਸਾਇਟੀਆਂ ਵਲੋਂ ਮਜ਼ਦੂਰਾਂ ਨੂੰ ਨੋਟਿਸ ਭੇਜਣੇ ਬੰਦ ਕੀਤੇ ਜਾਣ। ਮਗਨਰੇਗਾ ਕਾਮਿਆਂ ਦੀਆਂ ਮੁਸ਼ਕਲਾਂ ਨੂੰ ਸਰਕਾਰ ਤੱਕ ਪਹੁੰਚਾਉਣ ਹਿੱਤ 28 ਅਗਸਤ ਨੂੰ ਤਹਿਸੀਲ ਪੱਧਰ 'ਤੇ ਬੰਗਾ ਵਿਖੇ ਮੰਗ ਪੱਤਰ ਭੇਜ ਕੇ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ।

# ਸਿਵਲ ਹਸਪਤਾਲ ਮਾਹਿਲਪੁਰ 'ਚ ਚੱਲੀਆਂ ਕਿਰਪਾਨਾਂ

**ਮਾਹਿਲਪੁਰ (ਸਫਰੀ)**- ਸਿਵਲ ਹਸਪਤਾਲ ਮਾਹਿਲਪੁਰ ਦੇ ਅਹਾਤੇ ਵਿਚ ਕਰੀਬ ਇਕ ਦਰਜਨ ਵਿਅਕਤੀਆਂ ਨੇ ਇਕ ਨੌਜਵਾਨ 'ਤੇ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਜ਼ਖਮੀ ਨੇ ਕੋਈ ਵੀ ਕਾਰਵਾਈ ਨਾ ਕਰਨ ਲਈ ਕਿਹਾ। ਇਕੱਤਰ ਜਾਣਕਾਰੀ ਅਨੁਸਾਰ ਬੀਤੇ ਦਿਨ ਕੋਈ ਗਿਆਰਾਂ ਕੁ ਵਜੇ ਉਸ ਵੇਲੇ ਹਫੜਾ ਦਫੜੀ ਮੱਚ ਗਈ ਜਦੋਂ ਕੋਈ ਇਕ ਦਰਜਨ ਦੇ



ਕਰੀਬ ਹਮਲਾਵਰਾਂ ਨੇ ਸਿਵਲ ਹਸਪਤਾਲ ਦੇ ਅੰਦਰ ਹੀ ਇਕ ਨੌਜਵਾਨ 'ਤੇ ਹਮਲਾ ਕਰ ਦਿੱਤਾ। ਜ਼ਖਮੀ ਨੌਜਵਾਨ ਨੂੰ ਤੁਰੰਤ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਜ਼ਖਮੀ ਨੌਜਵਾਨ ਨੇ ਕੋਈ ਵੀ ਪੁਲਸ ਕਾਰਵਾਈ ਕਰਨ ਤੋਂ ਨਾਂਹ ਕਰ ਦਿੱਤੀ। ਜਦੋਂ ਇਸ ਵਾਰੇ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਦੱਸਿਆ ਕਿ ਇਹ ਕੋਈ ਨਵੀਂ ਗੱਲ ਨਹੀਂ, ਇਸ ਤਰਾਂ ਦੀਆਂ ਘਟਨਾਵਾਂ ਆਏ ਦਿਨ ਹੁੰਦੀਆਂ ਹੀ ਰਹਿੰਦੀਆਂ ਹਨ। ਉਹਨਾਂ ਕਿਹਾ ਕਿ ਹਸਪਤਾਲ ਅੰਦਰ ਖੁੱਲ੍ਹੇ ਨਸਾ ਛੁਡਾਊ ਕੇਂਦਰ ਵਿਚ ਨਸ਼ੇੜੀ ਕਿਸਮ ਦੇ ਗੱਭਰੂ ਨੌਜਵਾਨ ਆਏ ਦਿਨ ਆਪਸ ਵਿੱਚ ਭਿੜਦੇ ਰਹਿੰਦੇ ਹਨ ਜਿਸ ਵਾਰੇ ਅਸੀਂ ਕਈ ਵਾਰੀ ਥਾਣਾ ਮੁਖੀ ਮਾਹਿਲਪੁਰ ਦੇ ਧਿਆਨ ਵਿੱਚ ਲਿਖਤੀ ਅਤੇ ਜ਼ਬਾਨੀ ਵੀ ਲਿਆ ਚੁੱਕੇ ਹਾਂ ਪਰ ਕੋਈ ਅਸਰ ਨਹੀਂ ਹੋਇਆ। ਰੋਜ਼ਾਨਾ ਸਵੇਰੇ ਸਿਵਲ ਹਸਪਤਾਲ ਮਾਹਿਲਪੁਰ ਦੇ ਨਸ਼ਾ ਛੁਡਾਊ ਕੇਂਦਰ ਮੋਹਰੇ ਨਸ਼ੇੜੀਆਂ ਦਾ ਪੂਰੀ ਤਰਾਂ ਨਾਲ ਹੜ੍ਹ ਆਇਆ ਰਹਿੰਦਾ ਹੈ, ਜਿਸ ਨਾਲ ਸਕੂਲ ਜਾਣ ਵਾਲੀਆਂ ਲੜਕੀਆਂ ਨੂੰ ਕਾਫੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਜਦੋਂ ਇਸ ਵਾਰੇ ਡਿਊਟੀ ਅਫਸਰ ਏ ਐਸ ਆਈ ਰਛਪਾਲ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਸਾਡੇ ਕੋਲ ਅਜੇ ਤੱਕ ਇਸ ਤਰ੍ਹਾਂ ਦੀ ਕੋਈ ਦਰਖਾਸਤ ਨਹੀਂ ਆਈ।

# ਮਾਤਾ ਸਵਰਨ ਕੌਰ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ

**ਅੱਡਾ ਸਰਾਂ (ਜਸਵੀਰ ਕਾਜਲ)**- ਮਾਤਾ ਸਵਰਨ ਕੌਰ ਪਤਨੀ ਸਵ. ਅਮਰ ਸਿੰਘ ਰਿਟਾਇਰ, ਪਿੰਡ ਰਾਪੁਰ ਨੇੜੇ ਅੱਡਾ ਚੋਲਾਂਗ ਟਾਂਡਾ ਹੁਸ਼ਿਆਰਪੁਰ ਵਿਖੇ ਅੰਤਿਮ ਅਰਦਾਸ ਅਤੇ ਭੋਗ ਪਾਏ ਗਏ। ਜਿਸ ਵਿੱਚ ਵੱਖ ਵੱਖ



ਧਾਰਮਿਕ, ਰਾਜਨੀਤਿਕ ਅਤੇ ਸਮਾਜ ਸੇਵੀ ਸ਼ਖਸੀਅਤਾਂ ਨੇ ਹਾਜ਼ਰੀ ਭਰ ਸ਼ਰਧਾ ਦੇ ਫੁੱਲ ਭੇਟ ਕੀਤੇ। ਸੰਦੀਪ ਸਿੰਘ ਸੀਕਰੀ ਹਲਕਾ ਇੰਚਾਰਜ ਸ਼ਾਮ 84 ਦੇ ਨਾਨੀ ਸਵ. ਮਾਤਾ ਸਵਰਨ ਕੌਰ ਦੀ ਅੰਤਿਮ ਅਰਦਾਸ ਵਿੱਚ ਟਾਂਡਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਹਰਮੀਤ ਸਿੰਘ ਔਲਖ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ, ਲਖਵਿੰਦਰ ਸਿੰਘ ਲੱਖੀ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ, ਸਰਬਜੀਤ ਸਿੰਘ ਮੋਮੀ ਯੂਥ ਅਕਾਲੀ ਦਲ ਆਗੂ ਅਤੇ ਹੋਰ ਧਾਰਮਿਕ ਰਾਜਨੀਤਿਕ ਸ਼ਖਸੀਅਤਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਮਾਤਾ ਸਵਰਨ ਕੌਰ ਦੀ ਫੁਲਵਾੜੀ ਚੋਂ ਉਹਨਾਂ ਦੇ ਪੁੱਤਰ ਪਰਮਜੀਤ ਸਿੰਘ ਰਿਟਾਇਰ ਐਲ ਆਈ ਸੀ ਅਫਸਰ ਅਤੇ ਬਾਸਦੇਵ ਸਿੰਘ ਬੱਗਾ ਸਾਬਕਾ ਸਰਪੰਚ ਰਾਪੁਰ ਨੇ ਆਏ ਸਭ ਰਿਸ਼ਤੇਦਾਰ, ਸਾਕ ਸਬੰਧੀ ਅਤੇ ਸਾਰੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਐਡਵੋਕੇਟ ਦਮਨਦੀਪ ਸਿੰਘ ਬਿੱਲਾ, ਪਟਵਾਰੀ ਯੂਥ ਆਗੂ ਆਮ ਪਾਰਟੀ, ਮਾਸਟਰ ਜਰਨੈਲ ਸਿੰਘ ਸੀਕਰੀ, ਚਰਨਜੀਤ ਪੜਬੱਗਾ ਕੰਧਾਲਾ ਜੱਟਾਂ, ਸਰਪੰਚ ਸਾਹਿਬ ਅਤੇ ਸਮੂਹ ਗ੍ਰਾਮ ਪੰਚਾਇਤ ਪਿੰਡ ਰਾਪੁਰ, ਨਗਰ ਨਿਵਾਸੀ ਰਿਸ਼ਤੇਦਾਰ ਸਾਕ ਸਬੰਧੀ ਹਾਜ਼ਰ ਸਨ।

## ਕਾਸੋ ਅਪਰੇਸ਼ਨ ਦੌਰਾਨ 2 ਮੁਕੱਦਮੇ ਦਰਜ ਤੇ 2 ਗ੍ਰਿਫ਼ਤਾਰ

**ਜਲੰਧਰ, (ਸ਼ੈਲੀ ਐਲਬਰਟ)**- ਨਸ਼ਾ ਤਸਕਰੀ ਅਤੇ ਅਪਰਾਧਿਕ ਤੱਤਾਂ ਵਿਰੁੱਧ ਚਲ ਰਹੀ ਸਖ਼ਤ ਰੋਕਥਾਮ ਮੁਹਿੰਮ ਦੇ ਤਹਿਤ ਜਲੰਧਰ ਦਿਹਾਤੀ ਪੁਲਸ ਵੱਲੋਂ ਇੱਕ ਵੱਡੀ ਕਾਰਵਾਈ ਅੰਜਾਮ ਦਿੱਤੀ ਗਈ।ਸੀਨੀਅਰ ਪੁਲਸ ਕਪਤਾਨ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪੁਲਸ ਕਪਤਾਨ (ਇਨਵੈਸਟੀਗੇਸ਼ਨ) ਸਰਬਜੀਤ ਰਾਏ ਦੀ ਅਗਵਾਈ ਹੇਠ 18 ਅਗਸਤ ਨੂੰ ਜ਼ਿਲ੍ਹੇ ਦੇ ਵੱਖ-ਵੱਖ ਨਸ਼ਾ ਪ੍ਰਭਾਵਿਤ ਇਲਾਕਿਆਂ ਵਿੱਚ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ ਜ਼ਿਲ੍ਹੇ ਦੇ 18 ਹੌਟਸਪੌਟ ਤੇ, ਜਿਵੇਂ ਕਿ ਥਾਣਾ ਫਿਲੌਰ ਦੇ ਗੰਨਾ ਪਿੰਡ, ਇੰਦਰਾ ਕਲੋਨੀ, ਮੁਹੱਲਾ ਸੰਤੋਖਪੁਰਾ, ਉੱਚੀ ਘਾਟੀ, ਸਮਰਾੜੀ ਅਤੇ ਸੇਲਖਿਆਣਾ, ਥਾਣਾ ਗੁਰਾਇਆ ਦੇ ਗੁਹਾਵਰ ਅਤੇ ਮੁਹੱਲਾ ਲਾਂਗੜੀਆਂ, ਥਾਣਾ ਬਿਲਗਾ ਦਾ ਪਿੰਡ ਭੋਡੇ, ਥਾਣਾ ਕਰਤਾਰਪੁਰ ਦੇ ਨਾਹਰਪੁਰ ਅਤੇ ਦਿਆਲਪੁਰ, ਥਾਣਾ ਮਕਸੂਦਾ ਦੇ ਨੂਰਪੁਰ ਅਤੇ ਭੂਤ ਕਲੋਨੀ (ਨੂਰਪੁਰ), ਥਾਣਾ ਮਹਿਤਪੁਰ ਦੇ ਧਰਮੇ ਦੀਆਂ ਛੰਨਾ ਅਤੇ ਬੂਟੇ ਦੀਆਂ ਛੰਨਾ, ਥਾਣਾ ਆਦਮਪੁਰ ਦੇ ਮੁਹੱਲਾ ਸਗਰਾਨ ਅਤੇ ਆਦਮਪੁਰ ਅਤੇ ਥਾਣਾ ਭੋਗਪੁਰ ਦੇ ਕਿੰਗਰਾ ਚੋਅ ਵਾਲਾ ਵਿੱਚ ਖਾਸ ਤੌਰ 'ਤੇ ਘੇਰਾਬੰਦੀ ਕਰਕੇ ਤਲਾਸ਼ੀਆਂ ਕੀਤੀਆਂ ਗਈਆਂ। ਇਸ ਕਾਰਵਾਈ ਦੌਰਾਨ 02 ਐਫ ਆਈ ਆਰ ਦਰਜ ਕੀਤੀਆਂ ਗਈਆਂ ਅਤੇ 2 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਪੁਲਸ ਵੱਲੋਂ ਸਫਲਤਾ ਹਾਸਲ ਕੀਤੀ ਗਈ।

## ਵੈਟਰਨਰੀ ਇੰਸਪੈਕਟਰਜ਼ ਐਸੋਸੀਏਸ਼ਨ ਵੱਲੋਂ ਮੁਹਾਲੀ ਵਿਖੇ 24 ਨੂੰ ਰੋਸ ਮੁਜ਼ਾਹਰੇ ਤੇ ਸਕੱਤਰਰੇਤ ਵੱਲ ਮਾਰਚ ਦਾ ਐਲਾਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਵੱਲੋਂ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਅਣਗੌਲਿਆਂ ਕਰਨ ਦੇ ਰੋਸ ਵਜੋਂ 24 ਅਗਸਤ ਨੂੰ ਡਾਇਰੈਕਟਰ ਲਾਈਵ ਸਟਾਕ ਕੰਪਲੈਕਸ ਦੇ ਅੱਗੇ ਸੂਬਾ ਪੱਧਰੀ ਰੋਸ ਮੁਜ਼ਾਹਰਾ ਕਰਦਿਆਂ ਪੰਜਾਬ ਸਿਵਲ ਸਕੱਤਰੇਤ ਵੱਲ ਮਾਰਚ ਕਰਨ ਦਾ ਫੈਸਲਾ ਲਿਆ ਹੈ। ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਅਤੇ ਸੂਬਾ ਜਨਰਲ ਸਕੱਤਰ ਵਿਪਨ ਕੁਮਾਰ ਗੋਇਲ ਨੇ ਦੱਸਿਆ ਕੇ ਪਸ਼ੂ ਪਾਲਣ ਵਿਭਾਗ ਦੇ ਵਜੀਰ ਅਤੇ ਅਫਸਰਸ਼ਾਹੀ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਅਤੇ ਮਸਲਿਆਂ ਸਬੰਧੀ ਸੁਹਿਰਦ ਨਹੀਂ । ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਨੇ ਇਨਾਂ ਮੰਗਾਂ ਸਬੰਧੀ ਪਸ਼ੂ ਪਾਲਣ ਮੰਤਰੀ ਅਤੇ ਅਫਸਰਸ਼ਾਹੀ ਨਾਲ ਕੀਤੀਆਂ ਵਿਭਾਗੀ ਮੀਟਿੰਗਾਂ ਬੇਸਿੱਟਾ ਰਹਿਣ ਦੇ ਰੋਸ ਵਜੋਂ ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ਼ ਐਸੋਸੀਏਸ਼ਨ ਨੇ ਸੰਘਰਸ਼ ਦਾ ਰਾਹ ਅਖਤਿਆਰ ਕਰਨ ਦਾ ਫੈਸਲਾ ਲਿਆ ਹੈ।ਇਸ ਸੂਬਾ ਪੱਧਰੀ ਰੋਸ ਰੈਲੀਆਂ ਦੀ ਲੜੀ ਵਜੋਂ ਲਾਈਵ ਸਟਾਕ ਕੰਪਲੈਕਸ ਮੁਹਾਲੀ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਸਿਵਲ ਸਕੱਤਰੇਤ ਵੱਲ ਮਾਰਚ ਕਰਨਗੇ।ਇਸ ਮੌਕੇ ਹਾਜ਼ਰ ਸੂਬਾਈ ਅਹੁਦੇਦਾਰ ਗੁਰਦੀਪ ਸਿੰਘ ਛੰਨਾਂ, ਰਾਜੀਵ ਮਲਹੋਤਰਾ, ਦਲਜੀਤ ਸਿੰਘ ਚਾਹਲ ਪਰਮਜੀਤ ਸਿੰਘ ਸੋਹੀ, ਧਰਮਵੀਰ ਸਿੰਘ ਸਰਾਂ, ਸੂਬਾ ਪਰੈਸ ਸਕੱਤਰ ਗੁਰਜੀਤ ਸਿੰਘ ਹੁਸ਼ਿਆਰਪੁਰ ਨੇ ਕਿਹਾ ਕਿ ਡਾਇਰੈਕਟੋਰੇਟ ਪਸ਼ੂ ਪਾਲਣ ਵੈਟਨਰੀ ਇੰਸਪੈਕਟਰ ਕੇਡਰ ਨਾਲ ਮਤਰੇਆ ਵਿਹਾਰ ਕਰ ਰਿਹਾ ਹੈ। ਪੰਜਾਬ ਦੇ ਵੈਟਨਰੀ ਅਫਸਰਾਂ ਦੀਆਂ ਗਲਤੀਆਂ 'ਤੇ ਪੜਦਾ ਪਾਉਣ ਲਈ ਵੈਟਨਰੀ ਇੰਸਪੈਕਟਰ ਕੇਡਰ ਨੂੰ ਨਜਾਇਜ਼ ਤੌਰ 'ਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਪਰਵੇਸ਼ਨ ਪੀਰੀਅਡ ਕਲੀਅਰ ਕਰਨ ਵਿਚ ਜਾਣਬੁੱਝ ਕੇ ਅੜਿੱਕੇ ਖੜ੍ਹੇ ਕੀਤੇ ਜਾ ਰਹੇ ਹਨ। ਇਸ ਧੱਕੇਸ਼ਾਹੀ ਦੇ ਖਿਲਾਫ ਵੈਟਨਰੀ ਇੰਸਪੈਕਟਰ ਕੇਡਰ ਲਗਾਤਾਰ ਸੰਘਰਸ਼ ਦੇ ਰਾਹ ਤੁਰੇਗਾ ਅਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਖਿਲਾਫ ਲੜਾਈ ਲੜੇਗਾ। ਇਸ ਮੌਕੇ ਹਰਦੀਪ ਸਿੰਘ ਗਿਆਨਾ, ਸਤਿਨਾਮ ਸਿੰਘ ਅਮ੍ਰਿਤਸਰ, ਦਮਨਦੀਪ ਸਿੰਘ ਗਿੱਲ ਰੋਪੜ, ਪਰਵੀਨ ਕੁਮਾਰ ਗੁਰਦਾਸਪੁਰ, ਜਗਜੀਤ ਸਿੰਘ ਦੁੱਲਟ ਸੰਗਰੂਰ, ਗੁਰਮੀਤ ਸਿੰਘ ਮਹਿਤਾ, ਅਮ੍ਰਿਤਪਾਲ ਸਿੰਘ ਮਲੇਰਕੋਟਲਾ, ਵਿਜੇ ਕੁਮਾਰ ਕੰਬੋਜ, ਰਜਿੰਦਰ ਕੰਬੋਜ ਜਲੰਧਰ, ਰਾਕੇਸ਼ ਸੈਣੀ ਪਠਾਨਕੋਟ, ਸੁਖਜਿੰਦਰ ਸਿੰਘ ਫਰੀਦਕੋਟ, ਹਰਦੀਪ ਸਿੰਘ ਮੋਗਾ ਸਮੇਤ ਸਮੂਹ ਸੂਬਾਈ ਲੀਡਰਸ਼ਿਪ ਹਾਜ਼ਰ ਸੀ।

## 'ਤੀਆਂ ਤੀਜ ਦੀਆਂ' ਪ੍ਰੋਗਰਾਮ ਕਰਵਾਇਆ



**ਮੋਹਾਲੀ (ਗੁਰਜੀਤ ਬਿੱਲਾ)**

ਪੰਜਾਬੀ ਕਲਚਰਲ ਅਤੇ ਵੈਲਫੇਅਰ ਸੁਸਾਇਟੀ (ਰਜਿ.) ਐਸ ਏ ਐਸ ਨਗਰ ਵੱਲੋਂ ਰਬਾਬ ਮਿਊਜ਼ਿਕ ਅਤੇ ਜੇ ਐਨ ਰਿਕਾਰਡਜ਼ ਦੇ ਸਹਿਯੋਗ ਨਾਲ 'ਤੀਆਂ' ਦੇ ਸੰਬੰਧ 'ਚ ਰੰਗਾਰੰਗ ਪ੍ਰੋਗਰਾਮ 'ਤੀਆਂ ਤੀਜ ਦੀਆਂ' ਕਰਵਾਇਆ ਗਿਆ।ਸੁਸਾਇਟੀ ਦੇ ਪ੍ਰਧਾਨ ਅਕਵਿੰਦਰ ਸਿੰਘ ਗੋਸਲ, ਜਨਰਲ ਸਕੱਤਰ ਦਵਿੰਦਰ ਸਿੰਘ ਜੁਗਨੀ ਅਤੇ ਵਿੱਤ ਸਕੱਤਰ ਜਗਤਾਰ ਸਿੰਘ ਜੱਗੀ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਸਮਾਗਮ ਵਿੱਚ ਪੰਜਾਬ ਦੇ ਸੱਭਿਆਚਾਰਕ ਵਿਰਸੇ ਦੀਆਂ ਅਲੋਪ ਹੋ ਰਹੀਆਂ ਵਸਤੂਆਂ ਦੀ ਪ੍ਰਦਰਸ਼ਨੀ ਲਗਾਈ ਗਈ। ਰੰਗਾਰੰਗ ਪ੍ਰੋਗਰਾਮ ਦੀ ਸ਼ੁਰੂਆਤ ਓਮਿੰਦਰ ਓਮਾ ਕੁਰਾਲੀ ਅਤੇ ਰਤਨ ਬਾਈ ਵੱਲੋਂ ਗਾਏ ਸੱਭਿਆਚਾਰਕ ਗੀਤਾਂ ਨਾਲ ਹੋਈ।ਤਾਨੀਆ ਸਿਤਾਰਾ, ਸਰਬੀ ਰਤਨ, ਹਰਪ੍ਰੀਤ ਹਨੀ, ਇੰਦੂ ਵਰਮਾ ਅਤੇ ਸੋਨੂ ਸ਼ਾਹ ਨੇ ਆਪਣੇ ਗੀਤਾਂ ਰਾਹੀਂ ਹਾਜ਼ਰ ਦਰਸ਼ਕਾਂ ਦਾ ਮਨੋਰੰਜਨ ਕੀਤਾ।ਗਾਇਕ ਜੋੜੀ ਮਿਸ ਨੀਲਮ ਅਤੇ ਦਿਲਰਾਜ ਨੇ ਆਪਣੇ ਹਿੱਟ ਗੀਤਾਂ ਨਾਲ ਮੇਲੇ ਨੂੰ ਸਿਖਰ 'ਤੇ ਪਹੁੰਚਾ ਦਿੱਤਾ। ਸੁਸਾਇਟੀ ਵੱਲੋਂ ਮਿਸ ਨੀਲਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਮੁੱਖ ਮਹਿਮਾਨ ਸ਼੍ਰੀਮਤੀ ਜਸਵੰਤ ਕੌਰ ਧਰਮ ਪਤਨੀ ਵਿਧਾਇਕ ਕੁਲਵੰਤ ਸਿੰਘ ਅਤੇ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਬੀਬੀ ਪਰਮਜੀਤ ਕੌਰ ਲਾਂਡਰਾਂ, ਪਵਨਦੀਪ ਕੌਰ ਗਿੱਲ, ਗੁਰਪ੍ਰੀਤ ਕੌਰ ਨੇ ਪਤਵੰਤੇ ਸੱਜਣਾਂ ਅਤੇ ਗਾਇਕ ਕਲਾਕਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਰਮਨਪ੍ਰੀਤ ਕੌਰ ਐਮ ਸੀ, ਗੁਰਮੀਤ ਕੌਰ ਐਮਸੀ, ਅਸ਼ਵਨੀ ਕੁਮਾਰ ਸ਼ਰਮਾ ਸੰਭਾਲਕੀ, ਹਰੀ ਮੋਹਨ ਸ਼ਰਮਾ, ਗੁਰਮੁਖ ਸਿੰਘ ਸੋਹਲ, ਹਰਪਾਲ ਸਿੰਘ ਚੰਨਾ ਅਤੇ ਸ਼ੀਤਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ।ਸਮੁੱਚੇ ਪ੍ਰੋਗਰਾਮ ਦੀ ਸਫਲਤਾ ਲਈ ਪਰਮਿੰਦਰ ਸਿੰਘ ਭਿੰਦਾ, ਇੰਜੀਨੀਅਰ ਗੁਰਜੰਟ ਸਿੰਘ, ਬਿਕਰਮਜੀਤ ਸਿੰਘ ਵਿੱਕੀ, ਗੁਰਵਿੰਦਰ ਸਿੰਘ ਬਿੱਟੀ ਸੋਹਲ, ਡਾਕਟਰ ਕੁਲਦੀਪ ਸਿੰਘ, ਦਰਸ਼ਨ ਸਿੰਘ ਦਰਸ਼ੀ, ਗੁਰਿੰਦਰ ਸਿੰਘ ਲੰਬੜ, ਸਵਰਨ ਸਿੰਘ, ਸੁਰਿੰਦਰ ਸਿੰਘ ਬਿੰਨੀ, ਪਰਮਜੀਤ ਸਿੰਘ, ਬਲਵਿੰਦਰ ਸਿੰਘ ਭਾਊ, ਸਰਬਜੀਤ ਸਿੰਘ ਸੈਬੀ, ਸੁਦਾਗਰ ਸਿੰਘ ਸੈਮੀ, ਜੇਪੀ ਸਿੰਘ ਗੱਬਰ ਅਤੇ ਅਮਰੀਕ ਸਿੰਘ ਵਿਰਕ ਨੇ ਵਿਸ਼ੇਸ਼ ਤੌਰ 'ਤੇ ਯੋਗਦਾਨ ਪਾਇਆ।

## ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸਮਾਗਮ ਵੱਡੇ ਪੱਧਰ 'ਤੇ ਮਨਾਏਗੀ : ਸੌਂਦ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸਮਾਗਮ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ ਮਨਾਏ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਯਾਦਗਾਰੀ ਸਮਾਗਮ ਕਰਕੇ ਮਨਾਉਣ ਦੇ ਲਏ ਅਹਿਮ ਫੈਸਲੇ ਤਹਿਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਬਕਾਲਾ ਅਤੇ ਪਟਿਆਲਾ ਵਿਖੇ ਪ੍ਰਸ਼ਾਸਨਕ ਅਤੇ ਹੋਰ ਅਹਿਮ ਸ਼ਖਸੀਅਤਾਂ ਨਾਲ ਮੀਟਿੰਗਾਂ ਮੁਕੰਮਲ ਕਰ ਲਈਆਂ ਹਨ। ਤਰੁਨਪ੍ਰੀਤ ਸਿੰਘ ਸੌਂਦ ਤੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਸਬੰਧਤ ਜ਼ਿਲ੍ਹਿਆਂ ਦੇ ਵਿਧਾਇਕਾਂ, ਅਧਿਕਾਰੀਆਂ, ਕੌਂਸਲਰਾਂ, ਵਪਾਰਕ ਪ੍ਰਤੀਨਿਧੀਆਂ ਅਤੇ ਹੋਰ ਪਤਵੰਤਿਆਂ ਨਾਲ ਅਹਿਮ ਬੈਠਕਾਂ ਕੀਤੀਆਂ ਹਨ। ਸੌਂਦ ਨੇ ਦੱਸਿਆ ਕਿ 350ਵਾਂ ਸ਼ਹੀਦੀ ਦਿਹਾੜਾ 19 ਨਵੰਬਰ ਤੋਂ 25 ਨਵੰਬਰ 2025 ਤੱਕ ਰਾਜ ਪੱਧਰੀ ਸਮਾਗਮ ਕਰਵਾ ਕੇ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ 'ਚ 135 ਅਸਥਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਹਨ, ਜਿਨ੍ਹਾਂ 'ਚੋਂ ਸਭ ਤੋਂ ਵਧੇਰੇ 35 ਅਸਥਾਨ ਪਟਿਆਲਾ ਜ਼ਿਲ੍ਹੇ ਅੰਦਰ ਸਥਿਤ ਹਨ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਕੁਰਬਾਨੀ ਵਰਗੀ ਮਿਸਾਲ ਦੁਨੀਆਂ ਵਿੱਚ ਹੋਰ ਕਿਧਰੇ ਨਹੀਂ ਮਿਲਦੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮੂਹ ਸੰਗਤ ਦੇ ਸਹਿਯੋਗ ਨਾਲ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਵੱਡੇ ਪ੍ਰੋਗਰਾਮ ਉਲੀਕ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਚਾਰ ਸਥਾਨਾਂ ਤੋਂ ਯਾਤਰਾਵਾਂ ਸ੍ਰੀ ਅਨੰਦਪੁਰ ਸਾਹਿਬ ਪੁੱਜਣਗੀਆਂ, ਜੋ ਸੂਬੇ ਦੇ ਲਗਭਗ ਸਾਰੇ ਜ਼ਿਲ੍ਹਿਆਂ ਅਤੇ ਪ੍ਰਮੁੱਖ ਸ਼ਹਿਰਾਂ ਤੋਂ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣਗੀਆਂ। ਉਨ੍ਹਾਂ ਦੱਸਿਆ ਕਿ ਵਿਰਾਸਤ-ਏ-ਖਾਲਸਾ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ, ਜਿਸ ਵਿਚ ਦੇਸ਼ ਵਿਦੇਸ਼ ਤੋਂ ਪ੍ਰਮੁੱਖ ਹਸਤੀਆਂ, ਧਾਰਮਿਕ ਸ਼ਖਸੀਅਤਾਂ ਹਾਜ਼ਰੀ ਲਗਵਾਉਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਉਣ ਵਾਲੀ ਸੰਗਤ ਦੇ ਰਹਿਣ ਲਈ ਟੈਂਟ ਸਿਟੀ ਅਤੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਆਉਣ ਜਾਣ ਵਾਸਤੇ ਈ-ਰਿਕਸ਼ਾ ਦੇ ਪ੍ਰਬੰਧ ਹੋਣਗੇ। ਇਸ ਤੋਂ ਇਲਾਵਾ ਪੰਜਾਬ ਦੇ ਚਾਰ ਵੱਡੇ ਸ਼ਹਿਰਾਂ ਸ੍ਰੀ ਆਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਬਕਾਲਾ ਅਤੇ ਪਟਿਆਲਾ ਨੂੰ ਪੂਰੀ ਤਰ੍ਹਾਂ ਲਾਈਟਾਂ ਨਾਲ ਸਜਾਇਆ ਜਾਵੇਗਾ।

## ਸ਼ਹੀਦ ਬਾਬਾ ਮੱਤੀ ਮੈਮੋਰੀਅਲ ਸਾਲਾਨਾ ਖੇਡ ਮੇਲਾ ਹੋਇਆ ਸੰਪੰਨ



**ਆਦਮਪੁਰ, (ਪਰਮਜੀਤ ਸਿੰਘ)**

ਸ਼ਹੀਦ ਬਾਬਾ ਮਤੀ ਮੈਮੋਰੀਅਲ ਯਾਦਗਾਰੀ ਸੱਤ ਰੋਜ਼ਾ ਪੇਂਡੂ ਖੇਡ ਮੇਲਾ ਆਪਣੀਆਂ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ।ਇਸ ਖੇਡ ਮੇਲੇ ਦੌਰਾਨ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ, ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਵਿਧਾਇਕ ਪ੍ਰਗਟ ਸਿੰਘ, ਵਿਧਾਇਕ ਹਲਕਾ ਆਦਮਪੁਰ ਸੁਖਵਿੰਦਰ ਸਿੰਘ ਕੋਟਲੀ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਅਤੇ ਹੋਰ ਰਾਜਨੀਤਿਕ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਕਰਵਾਏ ਗਏ ਵੱਖ-ਵੱਖ ਫੁੱਟਬਾਲ ਖੇਡ ਮੁਕਾਬਲਿਆਂ ਦੌਰਾਨ ਸ਼ਹੀਦ ਬਾਬਾ ਮਤੀ ਸਪੋਰਟਸ ਕਲੱਬ, ਬ੍ਰਹਮ ਸਪੋਰਟਸ ਕਲੱਬ ਡਰੋਲੀ ਕਲਾਂ, ਲੁਟੇਰਾ, ਪਾਸਟਾ, ਡਰੋਲੀ ਸਾਂਝੇ ਤੌਰ 'ਤੇ ਜੇਤੂ ਰਹੇ। ਇਸ ਦੌਰਾਨ ਕਬੱਡੀ ਅਤੇ ਅਥਲੈਟਿਕਸ ਦੇ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਖਿਡਾਰੀਆਂ ਨੇ ਪੂਰੇ ਉਤਸਾਹ ਨਾਲ ਭਾਗ ਲਿਆ। ਇਸ ਮੌਕੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਵੱਲੋਂ ਟੂਰਨਾਮੈਂਟ ਕਮੇਟੀ ਨੂੰ 05 ਲੱਖ ਰੁਪਏ ਦੀ ਮਾਲੀ ਸਹਾਇਤਾ ਦੇਣ ਦਾ ਵੀ ਐਲਾਨ ਕੀਤਾ।ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਪਤਵੰਤੇ ਸੱਜਣਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਕੁਲਵਿੰਦਰ ਸਿੰਘ, ਉਪ ਪ੍ਰਧਾਨ ਗੁਰਮੀਤ ਸਿੰਘ, ਹਰਜਿੰਦਰ ਸਿੰਘ ਮਿਨਹਾਸ, ਹਰਮਿੰਦਰ ਸਿੰਘ ਦੋਨੋਂ ਸੈਕਟਰੀ, ਮੁੱਖ ਪ੍ਰਬੰਧਕ ਅਮਰਜੀਤ ਸਿੰਘ ਕੁੱਕੂ, ਜਥੇਦਾਰ ਮਨੋਹਰ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ, ਜਸਵਿੰਦਰ ਕੁਮਾਰ, ਰਣਵੀਰ ਸਿੰਘ ਰਾਣਾ, ਕੈਪਟਨ ਗੁਰਦੇਵ ਸਿੰਘ, ਦਵਿੰਦਰ ਸਿੰਘ ਚਾਰੋਂ ਮੁੱਖ ਸੰਚਾਲਕ, ਸਰਪੰਚ ਰਸ਼ਪਾਲ ਸਿੰਘ, ਹਰਜਾਪ ਸਿੰਘ ਸਟੇਜ ਸੈਕਟਰੀ, ਮਨਦੀਪ ਸਿੰਘ, ਚਰਨਪ੍ਰੀਤ ਸਿੰਘ ਸਹਾਇਕ ਸੈਕਟਰੀ, ਗੁਰਦੀਪ ਸਿੰਘ ਕਾਲਰਾ, ਹਰਪ੍ਰੀਤ ਸਿੰਘ (ਬਬਲਾ), ਗੁਰਪ੍ਰੀਤ ਸਿੰਘ (ਮਨੀ), ਚਰਨਪ੍ਰੀਤ ਸਿੰਘ, ਗੁਰਜੀਤ ਸਿੰਘ , ਅਵਤਾਰ ਸਿੰਘ (ਤਾਰੂ) ਕਬੱਡੀ, ਫੁੱਟਬਾਲ ਇੰਚਾਰਜ, ਜੀਵਨ ਸਿੰਘ ਕਾਲਾ, ਅਮਰਜੀਤ ਸਿੰਘ, ਕੁਲਵਰਨ ਸਿੰਘ, ਜਸਵੰਤ ਸਿੰਘ, ਜੀਵਨ ਸਿੰਘ, ਅਸ਼ਵਨੀ ਕੁਮਾਰ, ਜੁਝਾਰ ਸਿੰਘ, ਦਵਿੰਦਰ ਸਿੰਘ, ਬਾਬੂ, ਗੁਰਦੀਪ ਸਿੰਘ ਕਮੇਟੀ ਮੈਂਬਰ, ਸੁਖਜੀਤ ਸਿੰਘ ਡਰੋਲੀ, ਪ੍ਰਦੀਪ ਸਿੰਘ ਯੂ.ਐਸ.ਏ, ਭਿੰਦਾ ਯੂ.ਐਸ.ਏ, ਡਾਕਟਰ ਰਣਧੀਰ ਸਿੰਘ ਰੰਧਾਵਾ, ਗੁਰਦੀਪ ਯੂ.ਐਸ.ਏ, ਜੋੜਾ ਯੂ.ਐਸ.ਏ ਦਰਸਕ ਅਤੇ ਇਲਾਕਾ ਨਿਵਾਸੀ ਹਾਜਰ ਸਨ।

## ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਡਾ. ਬਲਜੀਤ ਕੌਰ ਨੂੰ ਮੰਗ ਪੱਤਰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਦੇ ਨਵਾਂਸ਼ਹਿਰ ਦੇ ਜਨਰਲ ਸਕੱਤਰ ਬਿਕਰਮਜੀਤ ਸਿੰਘ, ਪ੍ਰਧਾਨ ਬਲਬੀਰ ਸਿੰਘ, ਕੈਸ਼ੀਅਰ ਅੰਮ੍ਰਿਤਪਾਲ ਸਿੰਘ, ਜਰਨੈਲ ਰਾਮ ਸਾਥੀਆਂ ਵੱਲੋਂ ਆਜ਼ਾਦੀ ਦਿਹਾੜੇ ਮੌਕੇ ਡਾ. ਬਲਜੀਤ ਕੌਰ ਸਮਾਜਿਕ ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੂੰ ਮੰਗ-ਪੱਤਰ ਦਿੱਤਾ ਗਿਆ। ਪੁਰਾਣੀ ਪੈਨਸ਼ਨ 1972 ਦੇ ਰੂਲਾਂ ਅਨੁਸਾਰ ਬਹਾਲ ਕਰਨ ਲਈ ਕਿਹਾ ਗਿਆ। ਆਗੂ ਨੇ ਮੁਲਾਜ਼ਮਾਂ ਦੀ ਇਸ ਵਾਜਬ ਮੰਗ ਸਬੰਧੀ ਕਮਿਸ਼ਨਰ ਸਾਹਿਬ ਨਾਲ ਚਰਚਾ ਕੀਤੀ। ਭਰੋਸਾ ਦਿੱਤਾ ਗਿਆ ਕਿ ਆਪ ਦੀ ਨੂੰ ਜਲਦ ਮੀਟਿੰਗ ਦੇ ਦਿੱਤੀ ਜਾਵੇਗੀ ਅਤੇ ਜਲਦ ਹੀ ਮੰਗ ਪੱਤਰ ਸਰਕਾਰ ਤੱਕ ਪਹੁੰਚਾ ਦਿੱਤਾ ਜਾਵੇਗਾ।

## 15 ਭਗਤਾਂ ਨੂੰ ਸਮਰਪਤ 16 ਰੋਜ਼ਾ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਦੇ ਜ਼ੋਨ ਹੁਸ਼ਿਆਰਪੁਰ ਵੱਲੋਂ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ 15 ਭਗਤਾਂ ਦੀ ਬਾਣੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ 16 ਰੋਜ਼ਾ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ ਹੋਈ। ਪਹਿਲਾ ਸਮਾਗਮ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵਿਖੇ ਭਗਤ ਕਬੀਰ ਜੀ ਨੂੰ ਸਮਰਪਤ ਕਰਵਾਇਆ ਗਿਆ। ਜਿਸ ਵਿੱਚ ਭਾਈ ਹਰਜਿੰਦਰ ਸਿੰਘ ਅਸਲਾਮਾਬਾਦ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਅਤੇ ਪ੍ਰਿੰਸੀਪਲ ਮਨਿੰਦਰਪਾਲ ਸਿੰਘ ਸਾਹਿਬਜ਼ਾਦਾ ਜੁਝਾਰ ਸਿੰਘ ਚੌਤਾ ਕਲਾਂ ਰੋਪੜ ਵਾਲਿਆਂ ਨੇ ਭਗਤ ਕਬੀਰ ਜੀ ਦੀ ਬਾਣੀ ਦੀ ਵਿਚਾਰਧਾਰਾ ਅਤੇ ਉਹਨਾਂ ਦੇ ਜੀਵਨ ਇਤਿਹਾਸ ਬਾਰੇ ਚਾਨਣਾ ਪਾਇਆ। ਉਹਨਾਂ ਕਿਹਾ ਕਿ ਭਗਤ ਸਾਹਿਬਾਨ ਅਕਾਲ ਪੁਰਖ ਨਾਲ ਇਕਮਿਕ ਹੋਏ ਸਨ, ਇਸ ਲਈ ਇਹ ਭਗਤ ਪਰਮਾਤਮਾ ਦਾ ਰੂਪ ਸਨ ਤੇ ਉਨ੍ਹਾਂ ਮਨੁੱਖਤਾ ਨੂੰ ਕਰਮਕਾਂਡਾਂ ਵਿੱਚੋਂ ਕੱਢਣ ਲਈ ਸਹੀ ਮਾਰਗ ਦੱਸਿਆ। ਇਸ ਮੌਕੇ ਪ੍ਰਿੰਸੀਪਲ ਹਰਜਿੰਦਰ ਸਿੰਘ ਨੇ ਸਟੇਜ ਸਕੱਤਰ ਦੀ ਸੇਵਾ ਨਿਭਾਈ। ਇਸ ਮੌਕੇ ਅਵਤਾਰ ਸਿੰਘ ਜ਼ੋਨਲ ਆਰਗੇਨਾਈਜਰ ਜ਼ੋਨ ਹੁਸ਼ਿਆਰਪੁਰ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਵਤਾਰ ਸਿੰਘ ਲਾਇਲ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

## ਜ਼ਿਲ੍ਹਾ ਪੱਧਰੀ ਕਲਾ ਉਤਸਵ 'ਚ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਲੋਧੀਪੁਰ ਦੇ ਵਿਦਿਆਰਥੀਆਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**

ਜ਼ਿਲ੍ਹਾ ਪੱਧਰੀ ਕਲਾ ਉਤਸਵ 2025-26 ਵਿੱਚ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਲੋਧੀਪੁਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੀ ਕਲਾ, ਮਿਹਨਤ ਅਤੇ ਹੁਨਰ ਦਾ ਲੋਹਾ ਮਨਵਾਇਆ।ਜ਼ਿਲ੍ਹਾ ਸਿੱਖਿਆ ਅਫਸਰ ਰੂਪਨਗਰ (ਸੈ: ਸਿ:) ਸ੍ਰੀ ਪ੍ਰੇਮ ਕੁਮਾਰ ਮਿੱਤਲ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਰੂਪਨਗਰ ਵਿੱਚ 7 ਅਤੇ 8 ਅਗਸਤ ਨੂੰ ਹੋਏ ਮੁਕਾਬਲਿਆਂ ਵਿੱਚ ਸਕੂਲ ਨੇ ਕੁੱਲ 7 ਇਨਾਮ ਜਿੱਤ ਕੇ ਜ਼ਿਲ੍ਹੇ ਵਿੱਚ ਆਪਣੀ ਵੱਖਰੀ ਪਛਾਣ ਬਣਾਈ।ਜਿਸ ਵਿੱਚ ਇੰਸਟਰੂਮੈਂਟਲ ਮਿਊਜ਼ਿਕ (ਮੈਲੋਡਿਕ) , ਇੰਸਟਰੂਮੈਂਟਲ ਮਿਊਜ਼ਿਕ ਗਰੁੱਪ (ਫੋਕ ਆਰਕੈਸਟਰਾ) ਅਤੇ ਪਰੰਪਰਾਗਤ ਕਹਾਣੀ ਕਹਿਣਾ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਵੋਕਲ ਮਿਊਜ਼ਿਕ (ਕਲਾਸੀਕਲ), ਵਿਜ਼ੂਅਲ ਆਰਟ 24, ਵਿਜ਼ੂਅਲ ਆਰਟ ਗਰੁੱਪ (ਖਿਡੌਣੇ ਅਤੇ ਖੇਡਾਂ) , ਥੀਏਟਰ ਗਰੁੱਪ (ਛੋਟਾ ਨਾਟਕ) ਵਿੱਚ ਜ਼ਿਲ੍ਹੇ ਵਿੱਚ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਇੰਚਾਰਜ ਚਰਨਜੀਤ ਸਿੰਘ ਸੈਣੀ ਨੇ ਸਾਰੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਰਗਦਰਸ਼ਕ ਅਧਿਆਪਕਾ ਮੈਡਮ ਅਜਵਿੰਦਰ ਕੌਰ ਅਤੇ ਰਾਜਵੀਰ ਕੌਰ ਨੂੰ ਵਧਾਈ ਦਿੱਤੀ।ਇਸ ਮੌਕੇ ਲੈਕ ਬਲਕਾਰ ਸਿੰਘ, ਲੈਕ ਮਨਿੰਦਰ ਕੌਰ, ਲੈਕ ਬਲਜੀਤ ਕੌਰ, ਲੈਕ ਮੁਕੇਸ਼ ਕੁਮਾਰ, ਲੈਕ ਗੁਰਚਰਨ ਸਿੰਘ, ਲੈਕ ਸੋਹਨ ਸਿੰਘ ਚਾਹਲ, ਲੈਕ ਪਵਨ ਕੁਮਾਰ, ਲੈਕ ਰਜਨੀਸ਼ ਕੁਮਾਰ, ਤਪਿੰਦਰ ਕੌਰ, ਹਰਸਿਮਰਨ ਸਿੰਘ, ਗੁਰਪ੍ਰੀਤ ਕੌਰ, ਅਜਵਿੰਦਰ ਕੌਰ, ਕਮਲਜੀਤ ਕੌਰ, ਰੋਮਿਲ, ਪਰੇਹਾ, ਸੁਰਿੰਦਰ ਪਾਲ ਸਿੰਘ, ਕਮਲਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਚੱਕ ਦੋਨਾ ਦੇ ਦਰਜਨਾਂ ਪਰਵਾਰ ਸੰਗਠਨ ਆਪ 'ਚ ਸ਼ਾਮਿਲ



**ਕਾਲਾ ਸੰਘਿਆਂ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਅਧੀਨ ਪੈਂਦੇ ਪਿੰਡ ਚੱਕ ਦੋਨਾ ਵਿਖੇ ਉੱਘੇ ਸਮਾਜ ਸੇਵਕ ਸੁਖਵਿੰਦਰ ਸਿੰਘ ਨਾਗਰਾ, ਸਰਪੰਚ ਪ੍ਰੇਮ ਪਾਲ ਦੀ ਅਗਵਾਈ ਹੇਠ ਭਾਰੀ ਇਕੱਠ ਕੀਤਾ ਗਿਆ, ਜਿਸ ਵਿਚ ਸੰਗਠਨ ਇੰਚਾਰਜ ਪਰਮਿੰਦਰ ਸਿੰਘ ਢੋਟ, ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ, ਉੱਘੇ ਸਮਾਜ ਸੇਵਕ ਸੰਜੀਵ ਕੌਂਡਲ, ਦਲਵੀਰ ਸਿੰਘ ਰਾਣਾ ਸੁੰਨੜਵਾਲ, ਸਰਪੰਚ ਸੁਖਵਿੰਦਰ ਸਿੰਘ ਨੇਕੀ ਇੰਚਾਰਜ ਸੱਭਿਆਚਾਰ ਵਿੰਗ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਦੀ ਅਗਵਾਈ ਹੇਠ ਦਰਜਨਾਂ ਪਰਵਾਰ ਆਪ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਸੰਗਠਨ ਇੰਚਾਰਜ ਪਰਮਿੰਦਰ ਸਿੰਘ ਢੋਟ ਵੱਲੋਂ ਆਪ ਵਿੱਚ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਭਰਵਾਂ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿਚ ਪੂਰਾ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਸੰਗਠਨ ਇੰਚਾਰਜ ਪਰਮਿੰਦਰ ਸਿੰਘ ਢੋਟ ਨੇ ਕਿਹਾ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਦੇਸ਼ ਦਾ ਭਲਾ ਕਰਨ ਵਾਲੇ ਇਮਾਨਦਾਰ ਲੋਕਾਂ ਨੂੰ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਬੁਢਾਪਾ, ਅੰਗਹੀਣ ਤੇ ਵਿਧਵਾ ਪੈਨਸ਼ਨਾਂ ਵਿੱਚ ਵਾਧਾ ਕੀਤਾ ਜਾਵੇਗਾ। 1000 ਹਜ਼ਾਰ ਰੁਪਏ ਔਰਤਾਂ ਦੇ ਖਾਤਿਆਂ ਵਿੱਚ ਪਾਏ ਜਾਣਗੇ। ਇਸ ਮੌਕੇ ਦਲਵੀਰ ਸਿੰਘ ਰਾਣਾ ਸੁੰਨੜਵਾਲ ਬਲਾਕ ਪ੍ਰਧਾਨ, ਪਰਮਜੀਤ ਸਿੰਘ ਖਾਲਸਾ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ, ਐਡਵੋਕੇਟ ਸਾਹਿਬ ਸਿੰਘ, ਹਰਵਿੰਦਰ ਸਿੰਘ ਵਾਇਸ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਨਸ਼ਿਆਂ ਵਿਰੁੱਧ, ਸੁਖਵਿੰਦਰ ਸਿੰਘ ਨਾਗਰਾ, ਪ੍ਰੇਮ ਪਾਲ ਸਰਪੰਚ ਚੱਕ ਦੋਨਾ, ਸੀਮਾ ਕੌਰ ਪੰਚ, ਜੀਤ ਸਿੰਘ, ਗੁਰਜੀਤ ਸਿੰਘ, ਨੰਬਰਦਾਰ ਪ੍ਰਤਾਪ ਸਿੰਘ, ਅਮਰੀਕ ਸਿੰਘ, ਜਸਪਾਲ ਸਿੰਘ, ਤਰਸੇਮ ਸਿੰਘ, ਸੰਤੋਖ ਸਿੰਘ, ਸਰਬਨ ਸਿੰਘ, ਬਲਵਿੰਦਰ ਸਿੰਘ ਜੱਲੋਵਾਲ, ਪਰਮਜੀਤ ਸਿੰਘ ਤੋਂ ਇਲਾਵਾ ਪਿੰਡ ਤੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਹਾਜ਼ਰ ਸਨ।

## ਬਬਲੂ ਨੇ ਕੇਜਰੀਵਾਲ ਨੂੰ ਮਿਲ ਕੇ ਦਿੱਤੀ ਜਨਮ ਦਿਨ ਦੀ ਵਧਾਈ



**ਜਲੰਧਰ, (ਸ਼ੈਲੀ ਐਲਬਰਟ)**- ਆਮ ਆਦਮੀ ਪਾਰਟੀ ਜਲੰਧਰ ਦੇ ਜ਼ੋਨ ਮੀਡੀਆ ਸਕੱਤਰ ਆਤਮ ਪ੍ਰਕਾਸ਼ ਸਿੰਘ ਬਬਲੂ ਨੇ ਦਿੱਲੀ ਦੇ ਮੁੱਖ ਮੰਤਰੀ ਅਤੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਮਾਨਯੋਗ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਜਨਮ ਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਆਤਮ ਪ੍ਰਕਾਸ਼ ਸਿੰਘ ਬਬਲੂ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਸਾਫ-ਸੁਥਰੀ ਰਾਜਨੀਤੀ, ਇਮਾਨਦਾਰੀ ਅਤੇ ਲੋਕ ਸੇਵਾ ਪ੍ਰਤੀ ਨਿੱਡਰ ਸੋਚ ਦੇਸ਼ ਦੇ ਕਰੋੜਾਂ ਲੋਕਾਂ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਨੇ ਉਨ੍ਹਾਂ ਦੀ ਲੰਬੀ ਉਮਰ, ਚੰਗੀ ਸਿਹਤ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਨਿਰੰਤਰ ਸਫਲਤਾ ਦੀ ਕਾਮਨਾ ਕੀਤੀ।ਮੁਲਾਕਾਤ ਦੌਰਾਨ ਦੋਵਾਂ ਨੇ ਪਾਰਟੀ ਦੇ ਆਉਣ ਵਾਲੇ ਪ੍ਰੋਗਰਾਮਾਂ ਅਤੇ ਜਨ-ਹਿਤ ਲਈ ਬਣਾਈਆਂ ਜਾ ਰਹੀਆਂ ਯੋਜਨਾਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ।

## ਬਰਨਾਲਾ 'ਚ ਸਾਲਾਨਾ ਵਿਸ਼ਾਲ ਕੁਸ਼ਤੀ ਦੰਗਲ ਕਰਵਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪਿੰਡ ਬਰਨਾਲਾ ਵਿਖੇ ਸਾਲਾਨਾ ਛਿੰਝ ਮੇਲਾ ਗੁੱਗਾ ਮਾੜੀ ਦੰਗਲ ਪ੍ਰਬੰਧਕ ਕਮੇਟੀ ਬਰਨਾਲਾ ਗੇਟ ਸਮੂਹ ਗਰਾਮ ਪੰਚਾਇਤ ਅਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਕੁਸ਼ਤੀ ਦੰਗਲ ਬਰਨਾਲਾ ਗੇਟ ਖੇਤਾਂ ਵਿੱਚ ਕਰਵਾਇਆ ਗਿਆ। ਬਾਬਾ ਧਰਮਪਾਲ, ਬਲਦੇਵ ਸਿੰਘ, ਹਰਦਿਆਲ ਸਿੰਘ, ਬਹਾਦਰ ਸਿੰਘ ਗੁਰਨੇਕ ਸਿੰਘ, ਸਰਪੰਚ ਹਰਮਨਜੀਤ ਸਿੰਘ ਨੇ ਦੱਸਿਆ ਕਿ ਵੱਡੀ ਗਿਣਤੀ ਪਹਿਲਵਾਨਾਂ ਨੇ ਹਿੱਸਾ ਲਿਆ । ਇਸ ਛਿੰਝ ਦੌਰਾਨ ਝੰਡੀ ਦੀ ਕੁਸ਼ਤੀ ਜੱਸਾ ਪੱਟੀ, ਲੱਡੂ ਜੰਮੂ ਦਰਮਿਆਨ ਹੋਈ। । ਗਹਿਗੱਚਵੇਂ ਮੁਕਾਬਲੇ ਵਿੱਚ ਜੱਸਾ ਪੱਟੀ ਨੇ ਝੰਡੀ ਦੀ ਕੁਸ਼ਤੀ ਜਿੱਤੀ। ਪ੍ਰਬੰਧਕ ਕਮੇਟੀ ਵੱਲੋਂ ਵੱਡੀ ਮਾਲੀ ਦੇ ਜੇਤੂ ਜੱਸਾ ਪੱਟੀ ਨੂੰ ਡੇਢ ਲੱਖ ਰੁਪਏ ਅਤੇ ਲੱਡੂ ਜੰਮੂ ਪਹਿਲਵਾਨ ਨੂੰ ਇੱਕ ਲੱਖ ਰੁਪਏ ਦਾ ਨਗਦ ਇਨਾਮ ਦਿੱਤਾ ਗਿਆ। ਜਦ ਕਿ ਬਾਕੀ ਕੁਸ਼ਤੀਆਂ ਦੇ ਜੇਤੂਆਂ ਨੂੰ ਵੀ ਇਨਾਮ ਦਿੱਤੇ ਗਏ। ਇਸ ਦੰਗਲ ਮੇਲੇ ਦੇ ਪੁੱਜੇ ਪਹਿਲਵਾਨਾਂ ਅਤੇ ਆਏ ਮੁੱਖ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਛਿੰਝ ਮੇਲੇ 'ਚ ਸਰਪੰਚ ਹਰਮਨਜੀਤ ਸਿੰਘ ਬਾਬਾ ਧਰਮਪਾਲ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ੇ ਦੀ ਦਲਦਲ ਤੋਂ ਤਾਂ ਹੀ ਬਚਾਇਆ ਜਾ ਸਕਦਾ ਹੈ ਜੇਕਰ ਅਸੀਂ ਨੌਜਵਾਨਾਂ ਦਾ ਧਿਆਨ ਖੇਡਾਂ ਵੱਲ ਲਗਾਵਾਂਗੇ, ਜਿਸ ਲਈ ਅਜਿਹੇ ਖੇਡ ਮੇਲਿਆਂ ਦੇ ਪ੍ਰਬੰਧਕਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ।

## ਪੁਲਸ ਨੇ ਧਾਰਮਿਕ ਅਸਥਾਨ 'ਤੇ ਸ਼ੈੱਡ ਪਵਾਈ




**ਮਾਹਿਲਪੁਰ (ਸਫਰੀ)** - ਥਾਣਾ ਮਾਹਿਲਪੁਰ ਦੀ ਹਦੂਦ ਅੰਦਰ ਬਹੁਤ ਸਾਲ ਪੁਰਾਣੀ ਇਕ ਜਗ੍ਹਾ ਹੈ ਜਿਸ ਨਾਂਅ ਦਰਗਾਹ ਪੀਰ ਬਾਬਾ ਕਿੱਸਾ ਸ਼ਾਹ ਜੀ ਹੈ। ਮਾਹਿਲਪੁਰ ਇਲਾਕੇ ਦੇ ਲੋਕ ਇਸ ਜਗ੍ਹਾ ਦਾ ਬਹੁਤ ਸਤਿਕਾਰ ਕਰਦੇ ਹਨ । ਹਰ ਵੀਰਵਾਰ ਨੂੰ ਇਥੇ ਇਲਾਕਾ ਵਾਸੀ ਅਤੇ ਪੁਲਸ ਮੁਲਾਜ਼ਮ ਸੇਵਾ ਇਕੱਠੀ ਕਰਕੇ ਪੀਲੇ ਰੰਗ ਦਾ ਪ੍ਰਸ਼ਾਦ ਵੰਡਦੇ ਹਨ ਅਤੇ ਹਰ ਜੇਠੇ ਵੀਰਵਾਰ ਨੂੰ ਲੰਗਰ ਵੀ ਲਾਇਆ ਜਾਂਦਾ ਹੈ। ਇਸ ਜਗ੍ਹਾ ਉਤੇ ਛੱਤ ਨਾ ਹੋਣ ਕਰਕੇ ਥਾਣਾ ਮਾਹਿਲਪੁਰ ਦੀ ਪੁਲਸ ਅਤੇ ਇਲਾਕਾ ਵਾਸੀਆਂ ਨੇ ਚਾਰ ਲੱਖ ਰੁਪਏ ਇਕੱਠੇ ਕਰਕੇ ਜਗ੍ਹਾ ਉਤੇ ਇਕ ਬਹੁਤ ਵੱਡੀ ਸ਼ੈੱਡ ਬਣਵਾਈ ਹੈ ਤਾਂ ਕਿ ਇਸ ਜਗ੍ਹਾ ਤੇ ਆਉਣ ਵਾਲੇ ਸ਼ਰਧਾਲੂ ਮੀਂਹ ਕਿਣੀ ਅਤੇ ਧੁੱਪ ਤੋਂ ਬਚ ਸਕਣ। ਥਾਣੇਦਾਰ ਸੁਖਵਿੰਦਰ ਸਿੰਘ, ਮੁਨਸ਼ੀ ਸੁਖਵਿੰਦਰ ਸਿੰਘ ਅਤੇ ਸਾਥੀ ਕਰਮਚਾਰੀ ਸੁਖਪ੍ਰੀਤ ਸਿੰਘ ਨੇ ਕਿਹਾ ਕਿ ਬਹੁਤ ਜਲਦੀ ਅਸੀਂ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਇਕ ਵਿਸ਼ਾਲ ਲੰਗਰ ਸ਼ੈੱਡ ਵੀ ਤਿਆਰ ਕਰਵਾ ਰਹੇ ਹਾਂ।

## ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਵੱਲੋਂ ਸਮੂਹ ਮਾਨਤਾ ਪ੍ਰਾਪਤ ਪਾਰਟੀਆਂ ਨਾਲ ਮੀਟਿੰਗ

**ਮੋਹਾਲੀ, (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਕੋਮਲ ਮਿੱਤਲ ਵੱਲੋਂ ਜ਼ਿਲ੍ਹੇ ਦੀ ਸਮੂਹ ਮਾਨਤਾ ਪ੍ਰਾਪਤ ਪਾਰਟੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹਰੇਕ ਪੋਲਿੰਗ ਸਟੇਸ਼ਨ ਤੇ ਬੀ ਐਲ ਏ ਲਗਾਏ ਜਾਣ ਹਨ। ਬੀ ਐਲ ਏ-1 ਸਬੰਧੀ ਪ੍ਰੋਫਾਰਮਾ ਪਾਰਟੀ ਦੇ ਪ੍ਰਧਾਨ/ਸੈਕਟਰੀ ਵੱਲੋਂ ਭਰਿਆ ਜਾਣਾ ਹੈ। ਇਸ ਪ੍ਰੋਫਾਰਮੇ ਵਿੱਚ ਪ੍ਰਧਾਨ/ਸੈਕਟਰੀ ਜ਼ਿਲ੍ਹਾ ਹਲਕਾ ਪੱਧਰ ਤੇ ਬੀ.ਐਲ.ਏ ਨਿਯੁਕਤ ਕਰਨ ਲਈ ਅਧਿਕਾਰਿਤ ਵਿਅਕਤੀ ਦੀ ਨਿਯੁਕਤੀ ਕਰੇਗਾ।ਬੀ.ਐਲ.ਏ-1 ਪ੍ਰੋਫਾਰਮੇ ਵਿੱਚ ਨਿਯੁਕਤ ਕੀਤੇ ਗਏ ਅਧਿਕਾਰਿਤ ਵਿਅਕਤੀ ਵੱਲੋਂ ਬੀ.ਐਲ.ਏ-2 ਪ੍ਰੋਫਾਰਮਾ ਭਰਕੇ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ। ਜਿਸ ਵਿੱਚ ਉਹ ਬੂਥ ਲੈਵਲ ਤੇ ਬੀ.ਐਲ.ਏ ਦੀ ਨਿਯੁਕਤੀ ਕਰੇਗਾ।



## ਡਾ. ਮਲਕਪੁਰ ਵਿਖੇ ਬੂਟਿਆਂ ਦਾ ਲੰਗਰ ਲਗਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ (ਰਜਿ.) ਅਜਨੋਹਾ ਵਲੋਂ ਪੰਜ ਬੂਟੇ ਮੋਟਰ 'ਤੇ ਮੁਹਿੰਮ ਤਹਿਤ ਬੂਟਿਆਂ ਦਾ ਲੰਗਰ ਪਿੰਡ ਮਲਕਪੁਰ ਵਿਖੇ ਲਗਾਇਆ ਗਿਆ। ਬੂਟਿਆਂ ਵਿੱਚ ਟਾਹਲੀ, ਨਿੰਮ, ਸੁਹਾਜਣਾ, ਛਤਰੀ ਵਾਲੀ ਡੇਕ, ਅਰਜੁਨ, ਅੰਬ, ਆੜੂ, ਅਮਰੂਦ, ਜਾਮਣ, ਕੜੀ ਪੱਤਾ, ਪਿੱਪਲ, ਬਹੇੜਾ, ਅਮਰੀਕਨ ਡੇਕ, ਆਂਵਲਾ, ਲਾਲ ਬੱਤੀ, ਆਲੂ ਬੁਖਾਰਾ, ਕਿੱਕਰ, ਇੰਸੋਲੀਨ ਸ਼ੂਗਰ ਦਾ ਬੂਟਾ, ਫੁੱਲਾਂ ਵਾਲੇ ਅਤੇ ਸਜਾਵਟੀ ਬੂਟੇ ਵੰਡੇ ਗਏ। ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਹਰਭਜਨ ਸਿੰਘ ਬਾਜਵਾ, ਸਰਪੰਚ ਸ਼ੇਰ ਸਿੰਘ, ਹਰਦੀਪ ਸਿੰਘ ਨਸੀਰਾਬਾਦ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ, ਉਂਕਾਰ ਸਿੰਘ ਖਾਲਸਾ ਨਰੂੜ, ਬਲਜੀਤ ਸਿੰਘ ਬਿੱਲਾ ਖਾਲਸਾ ਅਜਨੋਹਾ, ਅਨਮੋਲ ਸਿੰਘ, ਪੰਚ ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਅਰਸਦੀਪ ਸਿੰਘ ਅਰਸ਼ੀ ਅਜਨੋਹਾ, ਦਿਲਪ੍ਰੀਤ ਸਿੰਘ, ਜਰਨੈਲ ਸਿੰਘ ਅਜਨੋਹਾ, ਦਰਬਾਰਾ ਸਿੰਘ ਖਾਲਸਾ, ਅਮਰ ਸਿੰਘ, ਰੇਸ਼ਮ ਸ਼ਿਘ, ਸੁਖਵਿੰਦਰ ਸਿੰਘ, ਹਰਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਦੀਪ ਕੁਮਾਰ ,ਕੁਲਦੀਪ ਸਿੰਘ,ਮਨਜੀਤ ਕੌਰ, ਪਰਮਜੀਤ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਕੁਲਦੀਪ ਕੌਰ, ਰਾਜਵਿੰਦਰ ਕੌਰ ਅਤੇ ਰਾਮ ਆਸਰਾ ਆਦਿ ਹਾਜ਼ਰ ਸਨ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇਨੋਵਾਲ ਕਲਾਂ 'ਚ ਟੀਚਰ ਘੱਟ, ਆਰ ਟੀ ਆਈ ਰਾਹੀਂ ਖੁਲਾਸਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਸਰਕਾਰੀ ਸਕੂਲਾਂ ਵਿਚ ਪੜ੍ਹਦੇ ਬੱਚੇ ਲਗਭਗ 2000 ਤੋ ਬਾਅਦ ਹਮੇਸ਼ਾ ਵਿਤਕਰੇ ਅਤੇ ਟੀਚਰਾਂ ਸਬੰਧੀ ਘਾਟਾਂ ਕਾਰਨ ਆਦਿ ਮੁਸ਼ਕਲਾਂ ਨਾਲ ਜੂਝਦੇ ਆ ਰਹੇ ਹਨ। ਟੀਚਰਾਂ ਦੀ ਘਾਟ ਨੇ ਸਕੂਲਾਂ ਵਿਚ ਸਿੱਖਿਆ ਦੇ ਮਿਆਰ ਵਿਚ ਬਹੁਤ ਵੱਡੀ ਗਿਰਾਵਟ ਦਰਜ ਕੀਤੀ ਹੈ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਆਰ ਟੀ ਆਈ ਤਹਿਤ ਇਸ ਦਾ ਖੁਲਾਸਾ ਕਰਦਿਆਂ ਵਿਧਾਨ ਸਭਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇਨੋਵਾਲ ਕਲਾਂ ਵਿਚ ਟੀਚਰਾਂ ਦੀ ਘਾਟ ਨਾਲ ਜੂਝਦੇ ਬੱਚਿਆਂ ਦੀਆਂ ਮੁਸ਼ਕਲਾਂ ਸਬੰਧੀ ਦੱਸਿਆ ਕਿ ਸਕੂਲ ਵਿਚ 6ਵੀਂ ਤੋਂ ਲੈ ਕੇ 12ਵੀਂ ਤੱਕ ਕੁਲ 108 ਬੱਚੇ ਪੜ੍ਹਦੇ ਹਨ। ਧੀਮਾਨ ਨੇ ਦੱਸਿਆ ਕਿ 6ਵੀਂ ,7ਵੀਂ ਅਤੇ 8ਵੀਂ ਕਲਾਸ ਦੇ ਬੱਚੇ ਆਰ ਟੀ ਈ ਐਕਟ ਅਧੀਨ ਆਉਂਦੇ ਹੋਣ ਕਾਰਨ ਇਨ੍ਹਾਂ ਤੋਂ ਕੋਈ ਫੀਸ ਨਹੀਂ ਲਈ ਜਾਂਦੀ ਅਤੇ 9ਵੀਂ ਤੇ 10 ਵੀਂ ਕਲਾਸ ਦੇ ਬੱਚਿਆਂ ਤੋਂ ਪੀ ਟੀ ਏ ਫੰਡ 15 ਰੁਪਏ ਪ੍ਰਤੀ ਵਿਦਿਆਰਥੀ ਪ੍ਰਤੀ ਮਹੀਨਾ, ਸਪੋਰਟਸ ਫੰਡ 15 ਰੁਪਏ ਪ੍ਰਤੀ ਵਿਦਿਆਰਥੀ ਪ੍ਰਤੀ ਮਹੀਨਾ, ਸੀ ਏ ਐਫ ਫੰਡ ਪ੍ਰਤੀ ਵਿਦਿਆਰਥੀ ਤੇ ਪ੍ਰਤੀ ਮਹੀਨਾ 5 ਰੁ:, ਅਮਲਗਾਮੇਟਿਡ ਫੰਡ ਪ੍ਰਤੀ ਵਿਦਿਆਰਥੀ ਤੇ ਪ੍ਰਤੀ ਮਹੀਨਾ 20 ਰੁ: ਲਿਆ ਜਾਂਦਾ ਹੈ। 11ਵੀਂ ਅਤੇ 12 ਵੀਂ ਕਲਾਸ ਦੇ ਬੱਚਿਆਂ ਤੋਂ ਪੀ ਟੀ ਏ ਫੰਡ ਪ੍ਰਤੀ ਵਿਦਿਆਰਥੀ ਤੋਂ ਪ੍ਰਤੀ ਮਹੀਨਾ 20 ਰੁ:, ਸਪੋਰਟਸ ਫੰਡ ਪ੍ਰਤੀ ਵਿਦਿਆਰਥੀ ਪ੍ਰਤੀ ਮਹੀਨਾ 20 ਰੁ:, ਸੀ ਐਫ ਫੰਡ ਪ੍ਰਤੀ ਮਹੀਨਾ ਪ੍ਰਤੀ ਵਿਦਿਆਰਥੀ 8 ਰੁ: ਅਤੇ ਅਮਲਗਾਮੇਟਿਡ ਫੰਡ ਪ੍ਰਤੀ ਮਹੀਨਾ ਪ੍ਰਤੀ ਵਿਦਿਆਰਥੀ 25 ਰੁ: ਲਿਆ ਜਾਂਦਾ ਹੈ। ਧੀਮਾਨ ਨੇ ਕਿਹਾ ਕਿ ਸਰਕਾਰੀ ਸਕੂਲ ਹਾਲੇ ਵੀ ਉਥੇ ਪੜ੍ਹਦੇ ਬੱਚਿਆਂ ਨਾਲ ਸੰਵਿਧਾਨਕ ਵਿਤਕਰੇ ਕੀਤੇ ਜਾ ਰਹੇ ਹਨ। ਇਹ ਵਿਤਕਰੇ ਮੂਲ ਸੰਵਿਧਾਨਕ ਅਧਿਕਾਰਾਂ ਦੀ ਧਾਰਾ 15 ਦੀ ਘੋਰ ਉਲੰਘਣਾ ਕਰਦੇ ਹਨ, ਜਦੋਂ ਕਿ ਕਿਸੇ ਵੀ ਬੱਚੇ ਨਾਲ ਭੇਦਭਾਵ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਦਸਿਆ ਕਿ 6ਵੀਂ ਤੋਂ 8 ਵੀਂ ਤੱਕ ਵਰਦੀਆਂ ਸਾਰੀਆਂ ਲੜਕੀਆਂ ਨੂੰ ਅਤੇ ਐਸ ਸੀ ਤੇ ਬੀ ਪੀ ਐਲ ਲੜਕਿਆਂ ਨੂੰ ਦਿੱਤੀਆਂ ਜਾਂਦੀਆਂ ਹਨ ਤੇ ਪ੍ਰਤੀ ਵਿਦਿਆਰਥੀ ਦੀ ਵਰਦੀ ਲਈ 600 ਰੁ: ਮਿਲਦਾ ਹੈ ਤੇ ਜਨਰਲ ਕੈਟਾਗਰੀ ਵਾਲੇ ਬੱਚਿਆਂ ਨੂੰ ਕੋਈ ਵਰਦੀ ਨਹੀਂ ਦਿੱਤੀ ਜਾਂਦੀ ਤੇ ਇਹ ਅਪਣੇ ਆਪ ਵਿਚ ਅਜ਼ਾਦੀ ਦੇ 77 ਸਾਲ ਬਾਅਦ ਵੀ ਬੱਚੇ ਭੇਦਭਾਵ ਦੇ ਸ਼ਿਕਾਰ ਹਨ। ਧੀਮਾਨ ਨੇ ਦੱਸਿਆ ਕਿ ਸਕੂਲ ਵਿਚ ਕੁਲ 21 ਅਸਾਮੀਆਂ ਹਨ ਜਿਨ੍ਹਾਂ ਵਿਚੋਂ 8 ਖਾਲੀ ਰੱਖੀਆਂ ਹੋਈਆਂ ਹਨ ਤੇ ਜਿਨ੍ਹਾਂ ਵਿਚ ਪ੍ਰਿੰਸੀਪਲ, ਲੈਕਚਰਾਰ ਅੰਗਰੇਜ਼ੀ, ਪੰਜਾਬੀ ਟੀਚਰ, ਡੀ ਪੀ ਆਈ, ਆਰਟ ਐਂਡ ਕਰਾਫਟ, ਬੇਲਦਾਰ, ਮਾਲੀ ਕਮ ਚੌਕੀਦਾਰ ਅਤੇ ਸੇਵਾਦਾਰ ਆਦਿ, ਇਹ ਸਾਰੀਆਂ ਪੋਸਟਾਂ ਪੰਜਾਬ ਸਰਕਾਰ ਵਲੋਂ ਸਿੱਖਿਆ ਕ੍ਰਾਂਤੀ ਨੀਤੀਆਂ ਦੇ ਤਹਿਤ ਜਾਣਬੁੱਝ ਕੇ ਖਾਲੀ ਰੱਖੀਆਂ ਹੋਈਆਂ ਹਨ, ਤਾਂ ਕਿ ਪਿੰਡਾਂ ਦੇ ਬੱਚੇ ਗਿਆਨ ਨਾ ਹਾਸਲ ਕਰ ਲੈਣ। ਸਕੂਲ ਸੀਨੀਅਰ ਸੈਕੰਡਰੀ ਹੋਵੇ ਤੇ ਸਕੂਲ ਵਿਚ ਨਾ ਤਾਂ ਲਾਇਬ੍ਰੇਰੀ ਅਤੇ ਨਾ ਹੀ ਲੈਬੋਰੇਟਰੀ ਅਤੇ ਨਾ ਹੀ ਤਕਨੀਕੀ ਸਿੱਖਿਆ ਲਈ ਅਸਾਮੀਆਂ ਮਨਜ਼ੂਰ ਹਨ ਤੇ ਭਰਨੀਆਂ ਤਾਂ ਬਹੁਤ ਦੂਰ ਦੀ ਗੱਲ ਹੈ । ਉਨ੍ਹਾਂ ਦਸਿਆ ਕਿ ਸਿੱਖਿਆ ਦੇ ਖੇਤਰ ਵਿਚ ਗਿਰਾਵਟ ਆਉਣ ਦਾ ਮੂਲ ਕਾਰਨ ਸਕੂਲਾਂ ਵਿਚ ਸਟਾਫ ਦੀ ਲਗਾਤਾਰ ਘਟ ਰਹੀ ਗਿਣਤੀ ਹੈ।

## ਲੈਂਡ ਪੂਲਿੰਗ ਨੀਤੀ ਦੇ ਵਿਰੁੱਧ ਕਿਸਾਨਾਂ ਦੀ ਜਿੱਤ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਾਬਕਾ ਚੇਅਰਮੈਨ ਸਤਵੀਰ ਸਿੰਘ ਪੱਲੀ ਝਿੱਕੀ ਨੇ ਕਿਹਾ ਕਿ ਇਹ ਕਿਸਾਨਾਂ ਦੀ ਜਿੱਤ ਹੈ ਅਤੇ ਉਨ੍ਹਾਂ ਨੂੰ ਇਸ ਨੀਤੀ ਦੇ ਵਿਰੁੱਧ ਡਟ ਕੇ ਖੜ੍ਹੇ ਹੋਣ ਲਈ ਵਧਾਈ ਦਿੱਤੀ, ਜਿਸ ਦਾ ਸਪੱਸ਼ਟ ਉਦੇਸ਼ ਕਿਸਾਨਾਂ ਨੂੰ ਬਿਨਾਂ ਕਿਸੇ ਮੁਆਵਜ਼ੇ ਜਾਂ ਉਨ੍ਹਾਂ ਦੀ ਸਹਿਮਤੀ ਦੇ ਲੱਖਾਂ ਕਰੋੜਾਂ ਰੁਪਏ ਦੀ ਜ਼ਮੀਨ ਲੁੱਟਣਾ ਸੀ। ਕਾਂਗਰਸ ਪ੍ਰਧਾਨ ਨੇ ਹਜ਼ਾਰਾਂ ਕਾਂਗਰਸੀ ਵਰਕਰਾਂ ਦਾ ਨੀਤੀ ਦਾ ਵਿਰੋਧ ਕਰਨ ਅਤੇ ਕਿਸਾਨਾਂ ਦੇ ਨਾਲ ਖੜ੍ਹੇ ਹੋਣ ਅਤੇ ਰਾਜ ਭਰ ਵਿੱਚ ਨਿਯਮਤ ਵਿਰੋਧ ਪ੍ਰਦਰਸ਼ਨ ਕਰਨ ਲਈ ਧੰਨਵਾਦ ਵੀ ਕੀਤਾ। ਪਿਛਲੇ ਕੁਝ ਹਫਤਿਆਂ ਵਿੱਚ, ਕਿਸਾਨ ਯੂਨੀਅਨਾਂ, ਵਿਰੋਧੀ ਪਾਰਟੀਆਂ ਅਤੇ ਸਥਾਨਕ ਲੋਕਾਂ ਦੁਆਰਾ ਨੀਤੀ ਦੇ ਵਿਰੋਧ ਵਿੱਚ ਟਰੈਕਟਰ ਮਾਰਚ, ਘਰ-ਘਰ ਮੁਹਿੰਮਾਂ ਅਤੇ ਪ੍ਰਦਰਸ਼ਨ ਕੀਤੇ ਗਏ ।

## ਡਾ. ਅੰਬੇਡਕਰ ਪੁਸਤਕ ਪ੍ਰੀਖਿਆ 'ਚੋਂ ਪਹਿਲੇ ਸਥਾਨ 'ਤੇ ਰਹੀ ਵਿਦਿਆਰਥਣ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪ੍ਰਬੁੱਧ ਭਾਰਤ ਫਾਊਂਡੇਸ਼ਨ ਵਲੋਂ ਡਾ. ਅੰਬੇਡਕਰ ਸਾਹਿਬ ਦੇ ਜੀਵਨ, ਮਿਸ਼ਨ ਅਤੇ ਸਿੱਖਿਆਵਾਂ ਉੱਤੇ ਹਰ ਸਾਲ ਕਰਵਾਈ ਜਾਂਦੀ ਪੁਸਤਕ ਪ੍ਰੀਖਿਆ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀ ਪਿੰਡ ਓਢਰਾ ਦੀ ਵਿਦਿਆਰਥਣ ਨੂੰ ਕੱਲ੍ਹ ਪਿੰਡ ਵਾਸੀਆਂ ਵਲੋਂ ਸਨਮਾਨਤ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆ ਡਾ.ਬੀ.ਆਰ. ਅੰਬੇਡਕਰ ਸੋਸ਼ਲ ਅਵੇਅਰਨੈਸ ਐਂਡ ਐਜੂਕੇਸ਼ਨ ਮਿਸ਼ਨ ਪੰਜਾਬ ਦੇ ਆਗੂਆਂ ਇੰਦਰ ਸੁਖਦੀਪ ਸਿੰਘ ਓਢਰਾ, ਮਨਜੀਤ ਸਿੰਘ ਦਸੂਹਾ, ਅਜੇ ਨਈਅਰ ਅਤੇ ਡਾ. ਸੰਦੀਪ ਕੁਮਾਰ ਨੇ ਦੱਸਿਆ ਕਿ ਪਿਛਲੇ ਵਰ੍ਹੇ ਕਰਵਾਈ ਇਸ ਪ੍ਰੀਖਿਆ ਵਿੱਚੋਂ ਪ੍ਰੀਖਿਆ ਸੈਂਟਰ ਪਿੰਡ ਓਢਰਾ ਵਿੱਚੋਂ ਰਮਨਪ੍ਰੀਤ ਕੌਰ ਵਾਸੀ ਪਿੰਡ ਓਢਰਾ ਨੇ ਪਹਿਲਾ ਸਥਾਨ ਹਾਸਲ ਕੀਤਾ ਸੀ ਜਿਸ ਨੂੰ ਡੇਰਾ ਬਾਬਾ ਬੰਨਾ ਰਾਮ ਜੀ ਵਿਖੇ ਗੱਦੀਨਸ਼ੀਨ ਸੰਤ ਜਸਪਾਲ ਸਿੰਘ, ਬਾਬਾ ਸੁਖਵਿੰਦਰ ਸਿੰਘ, ਬਾਬੂ ਹਰਬੰਸ ਲਾਲ ਅਤੇ ਬੀਬੀ ਕਰਮਜੀਤ ਕੌਰ ਓਢਰਾ ਵਲੋਂ ਇਨਾਮੀ ਰਾਸ਼ੀ, ਡਾ. ਅੰਬੇਡਕਰ ਸਾਹਿਬ ਦੀ ਤਸਵੀਰ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮਿਸ਼ਨ ਦੇ ਆਗੂ ਇੰਦਰ ਸੁਖਦੀਪ ਸਿੰਘ ਓਢਰਾ ਨੇ ਦੱਸਿਆ ਕਿ ਇਸ ਵਰ੍ਹੇ ਵੀ 24 ਅਗਸਤ ਨੂੰ ਦੇਸ਼ ਭਰ ਵਿੱਚ ਇਹ ਪੁਸਤਕ ਪ੍ਰੀਖਿਆ ਕਰਵਾਈ ਜਾ ਰਹੀ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਇਸ ਪ੍ਰੀਖਿਆ ਵਿੱਚ ਭਾਗ ਲੈਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਕਾਸ਼ ਸਿੰਘ, ਜਰਨੈਲ ਸਿੰਘ, ਸੂਬੇਦਾਰ ਅਸ਼ੋਕ ਕੁਮਾਰ, ਬਲਵਿੰਦਰ ਸਿੰਘ, ਸੂਬੇਦਾਰ ਅਮਰਜੀਤ ਸਿੰਘ, ਗੁਰਮੇਲ ਸਿੰਘ, ਜਸਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

## ਪੰਜਾਬ 'ਚ ਆਉਣ ਵਾਲਾ ਸਮਾਂ ਭਾਰਤੀ ਜਨਤਾ ਪਾਰਟੀ ਦਾ : ਨਾਭਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਚਾਇਤੀ ਰਾਜ ਸੈੱਲ ਭਾਜਪਾ ਦੇ ਸੂਬਾ ਜਨਰਲ ਸਕੱਤਰ ਨਾਭਾ ਹਲਕਾ ਤੋ ਅਣਥੱਕ ਮਿਹਨਤਕਸ਼ ਜਨਤਾ ਦੇ ਹਰਮਨ ਪਿਆਰੇ ਆਗੂ ਜਸਵਿੰਦਰ ਸਿੰਘ ਨਾਭਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਦੱਬੇ ਕੁੱਚਲੇ ਲੋਕਾ ਨੂੰ ਉਨ੍ਹਾਂ ਦੇ ਹੱਕ ਦਿਵਾਉਣ ਲਈ ਬਹੁਤ ਸਾਰੀਆਂ ਸਕੀਮਾਂ ਚਲਾਈਆਂ ਹਨ ਅਤੇ ਉਨ੍ਹਾਂ ਨੂੰ ਆਨਲਾਈਨ ਕੀਤਾ ਹੈ ਤਾਂ ਜੋ ਲੋੜਵੰਦ ਲੋਕਾਂ ਦੇ ਸਿੱਧੇ ਬੈਂਕ ਖਾਤਿਆਂ ਵਿੱਚ ਪੈਸੇ ਪਾਏ ਜਾਣ ।ਉਨ੍ਹਾਂ ਕਿਹਾ ਕਿ ਜਿਵੇਂ ਕੱਚੇ ਮਕਾਨ ਦੇ ਪੈਸੇ, ਆਯੂਸ਼ਮਨ ਕਾਰਡ ਵਰਗੀਆਂ ਅਨੇਕਾਂ ਸਕੀਮਾਂ ਦਾ ਲਾਭ ਕਿਸੇ ਦਲਾਲੀ ਤੋਂ ਬਿਨਾਂ ਸਿੱਧਾ ਉਨਾਂ ਨੂੰ ਮਿਲੇ ।ਉਨ੍ਹਾਂ ਕਿਹਾ ਕਿ ਮੈਂ ਵਿਧਾਨ ਸਭਾ ਹਲਕਾ ਨਾਭਾ 'ਚ ਦਿਨ ਰਾਤ ਹਲਕੇ ਦੇ ਲੋਕਾਂ ਦੀ ਸੇਵਾ ਲਈ ਹਾਜ਼ਰ ਹਾਂ, ਕੋਈ ਵੀ ਲੋੜਵੰਦ ਵਿਅਕਤੀ ਮੈਨੂੰ ਸਿੱਧਾ ਆ ਕੇ ਮਿਲੇ ਸਕਦਾ ਹੈ।ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਭਾਜਪਾ ਆਗੂ ਜਸਵਿੰਦਰ ਸਿੰਘ ਨਾਭਾ ਨੇ ਕਿਹਾ ਕਿ ਇਹ ਫੈਸਲਾ ਹਾਈਕਮਾਂਡ ਨੇ ਕਰਨਾ ਹੈ ਕਿ ਨਾਭਾ ਵਿਧਾਨ ਸਭਾ ਹਲਕੇ ਤੋਂ ਟਿਕਟ ਕਿਸ ਨੂੰ ਦੇਣੀ ਹੈ। ਉਨ੍ਹਾਂ ਕਿਹਾ ਕਿ ਮੇਰਾ ਮਕਸਦ ਹੈ ਕਿ ਗਰੀਬ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਹੱਕ ਮਿਲਣ ।ਭਾਜਪਾ ਆਗੂ ਜਸਵਿੰਦਰ ਸਿੰਘ ਨਾਭਾ ਨੇ ਕਿਹਾ ਕਿ ਆਉਣ ਵਾਲਾ ਸਮਾਂ ਭਾਰਤੀ ਜਨਤਾ ਪਾਰਟੀ ਦਾ ਹੈ ਕਿਉਂਕਿ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਪੰਜਾਬ ਵਿੱਚ ਅਤੇ ਕੇਂਦਰ ਵਿੱਚ ਡਬਲ ਇੰਜਨ ਸਰਕਾਰ ਨਾਲ ਹੀ ਪੰਜਾਬ ਨੂੰ ਮੁੜ ਲੀਹਾਂ ਤੇ ਖੜਾ ਕਰਨਾ ਹੈ ਤਾਂ ਜੋ ਪੰਜਾਬ ਦੇ ਹਰੇਕ ਲੋੜਵੰਦ ਨੂੰ ਉਸਦਾ ਬਣਦਾ ਮਾਣ-ਸਨਮਾਨ ਮਿਲ ਸਕੇ ।

20-AUG-PAGE-10.qxd 8/19/2025 10:37 PM Page 1



## ਸ਼ਿਸ਼ੂ ਵਾਟਿਕਾ 'ਚ ਮਨਾਇਆ ਕ੍ਰਿਸ਼ਨ ਜਨਮ ਅਸ਼ਟਮੀ ਦਾ ਸਮਾਗਮ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦੀ ਸ਼ਿਸ਼ੂ ਵਾਟਿਕਾ 'ਚ ਪ੍ਰਿੰਸੀਪਲ ਰਧਿਰ ਪਟਿਆਲ ਦੀ ਅਗਵਾਈ ਹੇਠ ਅਰੁਣ, ਉਦੇ ਤੇ ਪ੍ਰਭਾਤ ਕਲਾਸਾਂ ਦੇ ਛੋਟੇ ਬੱਚਿਆਂ ਨੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪ੍ਰੋਗਰਾਮ ਬਹੁਤ ਖੁਸ਼ੀ ਨਾਲ ਮਨਾਇਆ।ਬੱਚੇ ਸ੍ਰੀ ਕ੍ਰਿਸ਼ਨ, ਰਾਧਾ, ਸੁਦਾਮਾ ਤੇ ਜਾਨਕੀ ਦੇ ਰੂਪ ਵਿੱਚ ਸਜੇ ਹੋਏ ਸਟੇਜ 'ਤੇ ਆਏ ਅਤੇ ਆਪਣੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਸਾਰਿਆਂ ਦਾ ਦਿਲ ਜਿੱਤ ਲਿਆ।ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਉਨ੍ਹਾਂ ਦੀ ਪਤਨੀ, ਮੈਨੇਜਰ ਗੁਰਪ੍ਰੀਤ ਸਿੰਘ ਅਤੇ ਉਨ੍ਹਾਂ ਦੀ ਪਤਨੀ, ਮੈਂਬਰ ਰਵੀ ਕੁਮਾਰ, ਸੰਸਕਾਰ ਕੇਂਦਰਾਂ ਦੇ ਪੰਜਾਬ ਪ੍ਰਾਂਤ ਪ੍ਰਮੁੱਖ ਰਮੇਸ਼ ਕੁਮਾਰ, ਉਪ ਪ੍ਰਿੰਸੀਪਲ ਵਿਕਰਮਜੀਤ ਸਿੰਘ, ਯੋਗਾ ਪ੍ਰਮੁੱਖ ਵਿਪਿਨ ਕੁਮਾਰ, ਸ਼ਿਸ਼ੂ ਵਾਟਿਕਾ ਇੰਚਾਰਜ ਨਿਰਮਲਜੀਤ ਕੌਰ ਤੇ ਸਾਰੇ ਸ਼ਿਸ਼ੂ ਵਾਟਿਕਾ ਇੰਚਾਰਜ ਅਧਿਆਪਕ ਪ੍ਰੋਗਰਾਮ ਵਿੱਚ ਮੌਜੂਦ ਸਨ।ਬੱਚਿਆਂ ਨੇ ਤਿਲਕ ਲਾ ਕੇ ਪ੍ਰਬੰਧਕ ਕਮੇਟੀ ਦਾ ਸਵਾਗਤ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਮਾਂ ਸਰਸਵਤੀ ਦੇ ਸਾਹਮਣੇ ਦੀਪ ਜਗਾਉਣ ਤੇ ਦੀਪ ਮੰਤਰ ਦੇ ਜਾਪ ਨਾਲ ਹੋਈ।ਇਸ ਤੋਂ ਬਾਅਦ ਭਗਵਾਨ ਕ੍ਰਿਸ਼ਨ ਬਾਲ ਗੋਪਾਲ ਨੂੰ ਭੋਗ ਚੜ੍ਹਾਇਆ ਗਿਆ ਤੇ ਝੂਲਾ ਝੁਲਾਇਆ ਗਿਆ।

## ਵਰਲਡ ਕੈਂਸਰ ਕੇਅਰ ਸੁਸਾਇਟੀ ਵੱਲੋਂ ਜਾਗਰੂਕਤਾ ਕੈਂਪ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਵਰਲਡ ਕੈਂਸਰ ਕੇਅਰ ਸੁਸਾਇਟੀ ਵੱਲੋਂ ਐਸਬੀਆਈ ਕਾਰਡਜ਼ ਐਂਡ ਪੇਮੈਂਟ ਸਰਵਿਸਿਜ਼ ਦੇ ਸਹਿਯੋਗ ਨਾਲ ਸਟੀਫਨ ਇੰਟਰਨੈਸ਼ਨਲ ਸਕੂਲ, ਮਹਿਲਨ ਵਿਖੇ ਵਿਸ਼ੇਸ਼ ਮੁਫ਼ਤ ਜਾਂਚ ਤੇ ਜਾਗਰੂਕਤਾ ਕੈਂਪ ਲਾਇਆ ਗਿਆ।ਕੈਂਪ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ 'ਚ ਲਗਭਗ 500 ਲੋਕ ਮੁਫ਼ਤ ਡਾਕਟਰੀ ਸੇਵਾਵਾਂ ਦਾ ਲਾਭ ਲੈਣ ਲਈ ਆਏ।ਵਰਲਡ ਕੈਂਸਰ ਕੇਅਰ ਸੁਸਾਇਟੀ ਦੇ ਮਾਹਰ ਡਾਕਟਰਾਂ ਦੀ ਇੱਕ ਟੀਮ ਨੇ ਪੂਰੀ ਜਾਂਚ ਕੀਤੀ ਤੇ ਕੈਂਸਰ ਦੀ ਰੋਕਥਾਮ, ਪਤਾ ਲਾਉਣ ਤੇ ਇਲਾਜ ਬਾਰੇ ਕੀਮਤੀ ਮਾਰਗ ਦਰਸ਼ਨ ਪ੍ਰਦਾਨ ਕੀਤਾ।ਡਾਕਟਰਾਂ ਨੇ ਜਲਦੀ ਪਤਾ ਲਾਉਣ ਦੀ ਮਹੱਤਤਾ ਤੇ ਉਪਲਬਧ ਇਲਾਜ ਦੇ ਵਿਕਲਪਾਂ ਬਾਰੇ ਵੀ ਜਾਗਰੂਕਤਾ ਪੈਦਾ ਕੀਤੀ।ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਕੈਂਪ ਦੇ ਆਯੋਜਨ ਲਈ ਵਰਲਡ ਕੈਂਸਰ ਕੇਅਰ ਦੇ ਗਲੋਬਲ ਅੰਬੈਸਡਰ ਕੁਲਵੰਤ ਸਿੰਘ ਤੇ ਵਰਲਡ ਕੈਂਸਰ ਕੇਅਰ, ਚੈਪਟਰ ਪੰਜਾਬ ਦੇ ਡਾਇਰੈਕਟਰ ਜਗਜੀਤ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ।ਕੈਂਪ ਵਿੱਚ ਮਹੱਤਵਪੂਰਨ ਸਫਲਤਾ ਸੀ, ਜਿਸ 'ਚ ਬਹੁਤ ਸਾਰੇ ਹਾਜ਼ਰੀਨ ਨੇ ਮੁਫ਼ਤ ਸੇਵਾਵਾਂ ਤੇ ਪ੍ਰਦਾਨ ਕੀਤੀ ਕੀਮਤੀ ਜਾਣਕਾਰੀ ਲਈ ਆਪਣੀ ਪ੍ਰਸੰਸਾ ਜ਼ਾਹਰ ਕੀਤੀ।ਵਰਲਡ ਕੈਂਸਰ ਕੇਅਰ ਸੋਸਾਇਟੀ ਦੀ ਪਹਿਲ ਕਦਮੀ ਨੇ ਖੇਤਰ 'ਚ ਕੈਂਸਰ ਜਾਗਰੂਕਤਾ ਤੇ ਰੋਕਥਾਮ ਨੂੰ ਉਤਸ਼ਾਹਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ।

## ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ 'ਚ ਮਨਾਇਆ ਅਜ਼ਾਦੀ ਦਿਹਾੜਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਦੀ ਅਗਵਾਈ ਹੇਠ ਸੁਤੰਤਰਤਾ ਦਿਵਸ ਬੜੇ ਹੀ ਦੇਸ਼ਭਗਤੀ ਨਾਲ ਮਨਾਇਆ ਗਿਆ।ਇਸ ਦਿਨ ਸਕੂਲ ਨੂੰ ਝੰਡੇ, ਗੁਬਾਰੇ, ਚਾਰਟਾਂ ਆਦਿ ਨਾਲ ਸਜਾਇਆ ਗਿਆ।ਸਵੇਰੇ 8 ਵਜੇ ਸਾਰੇ ਅਧਿਆਪਕ ਵਿਦਿਆਰਥੀ ਇਕੱਠੇ ਹੋਏ। ਪ੍ਰਿੰਸੀਪਲ ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਦੁਆਰਾ ਝੰਡਾ ਲਹਿਰਾਉਣ ਦੀ ਰਸਮ ਨਿਭਾਈ। ਵਿਦਿਆਰਥੀਆਂ ਵੱਲੋਂ ਪੀ.ਟੀ.ਸ਼ੋਅ ਤੇ ਮਾਰਚ ਪਾਸ ਕੀਤਾ ਗਿਆ। ਪ੍ਰਾਇਮਰੀ ਕੋਆਰਡੀਨੇਟਰ ਮੈਡਮ ਰੀਤਾ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਭਾਸ਼ਣ ਕਵਿਤਾਵਾਂ ਅਤੇ ਡਾਂਸ ਆਦਿ ਪੇਸ਼ ਕੀਤੇ ਗਏ।ਪ੍ਰਿੰਸੀਪਲ ਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਨੇ ਪ੍ਰੇਰਕ ਭਾਸ਼ਣ ਦਿੱਤਾ। ਸੁਤੰਤਰਤਾ ਦਿਵਸ ਦੀ ਮੁਬਾਰਕ ਦਿੰਦੇ ਹੋਏ ਕਿ ਦਿਨ 15 ਅਗਸਤ 1947 ਭਾਰਤ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦ ਹੋ ਗਿਆ ਤੇ ਸਾਡੇ ਅਜ਼ਾਦੀ ਘੁਲਾਟੀਆਂ ਨੇ ਆਪਣੇ ਜੀਵਨ ਨੂੰ ਸਾਡੇ ਦੇਸ਼ ਦੀ ਆਜ਼ਾਦੀ ਲਈ ਸਮਰਪਤ ਕੀਤਾ, ਇਸ ਲਈ ਅਸੀਂ ਉਨ੍ਹਾਂ ਦੀ ਕੁਰਬਾਨੀ ਨੂੰ ਭੁੱਲ ਨਹੀਂ ਸਕਦੇ।

## ਗੁੰਮਟੀ 'ਚ ਮੇਲਾ ਤੀਆਂ ਤੀਜ ਦੀਆਂ ਧੂਮਧਾਮ ਨਾਲ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਗੁੰਮਟੀ (ਬਰਨਾਲਾ) 'ਚ ਪਿੰਡ ਦੀਆਂ ਔਰਤਾਂ ਵੱਲੋਂ ਇਸਤਰੀ ਆਗੂ ਪਰਮਜੀਤ ਕੌਰ ਗੁੰਮਟੀ ਦੀ ਦੇਖ-ਰੇਖ ਹੇਠ ਮੇਲਾ ਤੀਆਂ ਤੀਜ ਦਾ ਪੂਰੇ ਉਤਸ਼ਾਹ ਤੇ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਮੈਡਮ ਪੂਨਮ ਕਾਂਗੜਾ, ਮੁੱਖ ਸਰਪ੍ਰਸਤ ਭਾਰਤ ਅੰਬੇਡਕਰ ਮਿਸ਼ਨ, ਭਾਰਤ ਨੇ ਸ਼ਮੂਲੀਅਤ ਕੀਤੀ।ਮੇਲੇ ਵਿੱਚ ਬੀਬੀਆਂ ਨੇ ਪੀਂਘਾਂ ਝੂਟੀਆਂ ਗਈਆਂ, ਗਿੱਧਾ ਪਾਇਆ ਤੇ ਪੰਜਾਬੀ ਬੋਲੀਆਂ-ਗੀਤਾਂ ਰਾਹੀਂ ਸੱਭਿਆਚਾਰਕ ਰੰਗ ਬਿਖੇਰਿਆ।ਬੱਚਿਆਂ ਨੇ ਵੀ ਵੱਧ-ਚੜ੍ਹ ਕੇ ਹਿੱਸਾ ਲਿਆ ਤੇ ਖੂਬ ਆਨੰਦ ਮਾਣਿਆ।ਇਸ ਮੌਕੇ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਤੀਆਂ ਤੀਜ ਦਾ ਤਿਉਹਾਰ ਸਾਡੇ ਸੱਭਿਆਚਾਰ ਦਾ ਅਹਿਮ ਹਿੱਸਾ ਹੈ।ਇਹ ਦਿਨ ਦੂਰ-ਦੁਰਾਡੇ ਵਿਆਹੀਆਂ ਸਹੇਲੀਆਂ ਨੂੰ ਇਕੱਠਾ ਕਰਦਾ ਹੈ ਤੇ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਦਿੰਦਾ ਹੈ।ਉਨ੍ਹਾਂ ਪਿੰਡ ਦੀਆਂ ਕੁੜੀਆਂ ਨਾਲ ਗਿੱਧਾ ਪਾ ਕੇ ਵੀ ਤੀਆਂ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ।ਸਮਾਗਮ ਦੌਰਾਨ ਪ੍ਰਬੰਧਕਾਂ ਵੱਲੋਂ ਮੈਡਮ ਪੂਨਮ ਕਾਂਗੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਰਮਨਦੀਪ ਕੌਰ ਮੈਂਬਰ ਬਲਾਕ ਸੰਮਤੀ, ਮਨਦੀਪ ਕੌਰ, ਕਿਰਨਜੀਤ ਕੌਰ, ਹਰਦੀਪ ਕੌਰ, ਹਰਪ੍ਰੀਤ ਕੌਰ, ਬਸੰਤ ਕੌਰ, ਮਹਿੰਦਰ ਕੌਰ, ਹਰਜਿੰਦਰ ਕੌਰ, ਕਰਨੈਲ ਕੌਰ, ਅਮਰਜੀਤ ਕੌਰ, ਕਮਲਜੀਤ ਕੌਰ, ਚਰਨਜੀਤ ਕੌਰ ਤੇ ਪਿੰਡ ਦੀਆਂ ਸਾਰੀਆਂ ਔਰਤਾਂ ਹਾਜ਼ਰ ਸਨ।

## ਅਕਾਲੀ ਦਲ ਨੂੰ ਝਟਕਾ, ਸੈਂਕੜੇ ਪਰਵਾਰ ਕਾਂਗਰਸ 'ਚ ਸ਼ਾਮਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਕਾਲੀ ਦਲ ਪਾਰਟੀ ਨੂੰ ਉਦੋਂ ਵੱਡਾ ਝਟਕਾ ਲੱਗਾ, ਜਦੋਂ ਸੈਂਕੜੇ ਲੋਕ ਅਕਾਲੀ ਦਲ ਛੱਡ ਕਾਂਗਰਸ 'ਚ ਸ਼ਾਮਲ ਹੋ ਗਏ। ਜਾਣਕਾਰੀ ਸਾਂਝੀ ਕਰਦਿਆਂ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਦੱਸਿਆ ਕਿ ਲਗਭਗ 100 ਅਕਾਲੀ ਪਰਵਾਰ ਕਾਂਗਰਸ 'ਚ ਸ਼ਾਮਲ ਹੋਏ ਹਨ।ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਤੇ ਦੀਪਿੰਦਰ ਸਿੰਘ ਢਿੱਲੋਂ ਬਹੁਤ ਪਹੁੰਚੇ, ਜਿੱਥੇ ਕਿਹਾ ਕਿ ਅਕਾਲੀ ਦਲ ਤੇ ਆਮ ਆਦਮੀ ਪਾਰਟੀ ਦੀਆਂ ਮਾੜੀਆਂ ਨੀਤੀਆਂ ਤੋਂ ਤੰਗ ਹੋ ਕੇ ਬਹੁਤ ਇਲਾਕੇ ਦੇ ਲਗਭਗ 400 ਤੋਂ 500 ਪਰਵਾਰਾਂ ਨੇ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਨੂੰ ਅਲਵਿਦਾ ਆਖ ਦਿੱਤਾ ਤੇ ਕਾਂਗਰਸ ਪਾਰਟੀ 'ਚ ਸ਼ਾਮਲ ਹੋ ਗਏ।ਸਮਾਗਮ ਸਾਬਕਾ ਵਿਧਾਇਕ ਰਾਜਪੁਰਾ ਹਰਦਿਆਲ ਸਿੰਘ ਕੰਬੋਜ ਦੀ ਅਗਵਾਈ 'ਚ ਹੋਇਆ, ਜਿਨ੍ਹਾਂ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਨੂੰ ਸਿਰੋਪਾ ਪਾ ਕੇ ਪਾਰਟੀ 'ਚ ਸਨਮਾਨਤ ਤਰੀਕੇ ਨਾਲ ਸ਼ਾਮਲ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਪੰਜਾਬ ਵਿੱਚ ਕੀਤੇ ਝੂਠੇ ਵਾਅਦੇ ਤੇ ਮਾੜੀ ਨੀਤੀਆਂ ਤੋਂ ਅੱਕ ਕੇ ਕਾਂਗਰਸ ਪਾਰਟੀ ਨੂੰ ਲੋਕ ਹਿਤੈਸ਼ੀ ਪਾਰਟੀ ਦੱਸਦਿਆਂ ਹਰ ਵਰਗ ਦਾ ਭਰੋਸਾ ਪਾਰਟੀ ਵੱਲ ਵਧ ਰਿਹਾ ਹੈ।ਲੰਮੇ ਸਮੇਂ ਤੋਂ ਅਕਾਲੀ ਦਲ ਵਿੱਚ ਸੇਵਾ ਨਿਭਾਅ ਰਹੇ ਸਰਬੱਤ ਲਛਮਣ ਸਿੰਘ ਚੰਗੇਰਾ ਆਪਣੇ ਪਰਵਾਰ ਤੇ ਵਰਕਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਹਨ, ਜਿਸ ਤੋਂ ਸਾਬਕਾ ਅਕਾਲੀ ਦਲ ਨੂੰ ਬਹੁਤ ਵੱਡਾ ਝਟਕਾ ਲੱਗਿਆ ਹੈ।

## ਐੱਨ ਸੀ ਸੀ ਵਿੰਗ ਵੱਲੋਂ ਵਾਇਬ੍ਰੈਂਟ ਵਿਲਿਜ ਪ੍ਰੋਗਰਾਮ



**ਜਲਾਲਾਬਾਦ (ਜੀਤ ਕੁਮਾਰ)**-13 ਪੰਜਾਬ ਬਟਾਲੀਅਨ ਫਿਰੋਜ਼ਪੁਰ ਦੁਆਰਾ ਵਾਈਬ੍ਰੈਂਟ ਵਿਲਿਜ ਪ੍ਰੋਗਰਾਮ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੰਡੀ ਕਦੀਮ ਵਿਖੇ ਕੀਤਾ ਗਿਆ, ਜਿਸਦਾ ਪ੍ਰਬੰਧ ਸਕੂਲ ਆਫ ਐਮੀਨੈਂਸ ਦੇ ਐਨ.ਸੀ.ਸੀ. ਵਿੰਗ ਦੇ ਏ.ਐਨ.ਓ. ਫਲਿੰਦਰ ਸਿੰਘ ਦੀ ਅਗੁਵਾਈ ਵਿੱਚ ਕੀਤਾ ਗਿਆ। ਪ੍ਰੋਗਰਾਮ ਦਾ ਮਨੋਰਥ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਮਾਜ ਦੇ ਵਿਕਾਸ ਤੇ ਦੇਸ਼ ਦੀ ਸੇਵਾ ਵਿੱਚ ਯੋਗਦਾਨ ਪਾਉਣ ਦੇ ਯੋਗਦਾਨ ਬਾਰੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਗਿਆ। ਹਰ ਘਰ ਤਿਰੰਗਾ ਰੈਲੀ ਦਾ ਖਾਸ ਤੌਰ 'ਤੇ ਆਯੋਜਨ ਕੀਤਾ ਗਿਆ। ਇਸ ਤੋਂ ਇਲਾਵਾ ਮਹਿਲਾ ਸਸ਼ਕਤੀਕਰਨ, ਖੋ-ਖੋ, ਕਬੱਡੀ ਤੇ ਡੰਸਾਬਜ਼ੀ ਆਦਿ ਗਤੀਵਿਧੀਆਂ ਕਰਾਈਆਂ ਗਈਆਂ। ਇਸ ਮੌਕੇ 13 ਪੰਜਾਬ ਬਟਾਲੀਅਨ ਐਨ.ਐਸ.ਸੀ.ਸੀ. ਫਿਰੋਜ਼ਪੁਰ ਦੇ ਕਰਨਲ ਅਰਵਿੰਦ ਸੂਬੇਦਾਰ ਮੇਜਰ ਨਰਿੰਦਰ ਸਿੰਘ ਤੇ ਏ.ਐਨ.ਓ. ਫਲਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 'ਐੱਨ ਸੀ ਏ ਐੱਚ ਪੀ 2021 ਐਕਟ ਤੇ ਇਸ ਦੇ ਪ੍ਰਭਾਵ ਦੀ ਸਮਝ' ਵਿਸ਼ੇ 'ਤੇ ਸੈਮੀਨਾਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਫਿਜ਼ੀਓਥੈਰੇਪੀ ਵਿਭਾਗ ਨੇ 'ਐੱਨਸੀਏਐੱਚਪੀ 2021 ਐਕਟ ਅਤੇ ਇਸ ਦੇ ਪ੍ਰਭਾਵ ਦੀ ਸਮਝ' ਵਿਸ਼ੇ 'ਤੇ ਇੱਕ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ, ਜਿਸ ਵਿੱਚ ਉੱਘੇ ਨੀਤੀ ਨਿਰਮਾਤਾਵਾਂ, ਬੁੱਧੀਜੀਵੀਆਂ ਤੇ ਸਿਹਤ ਸੰਭਾਲ ਪੇਸ਼ੇਵਰਾਂ ਨੂੰ ਵਿਚਾਰ-ਵਟਾਂਦਰਾ ਕਰਨ ਲਈ ਇਕੱਠਾ ਕੀਤਾ ਗਿਆ।ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਡਾ. ਯੰਗੀਨਾ ਉਨਮੇਸ਼ ਸ਼ੁਕਲਾ, ਚੇਅਰਪਰਸਨ, ਨੈਸ਼ਨਲ ਕਮਿਸ਼ਨ ਫਾਰ ਅਲਾਈਡ ਐਂਡ ਹੈਲਥਕੇਅਰ ਪ੍ਰੋਫੈਸ਼ਨਜ਼ (ਐੱਨ ਸੀ ਏ ਐੱਚ ਪੀ), ਭਾਰਤ ਸਰਕਾਰ ਨੇ ਸ਼ਿਰਕਤ ਕੀਤੀ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਪਤਵੰਤਿਆਂ ਦਾ ਸਵਾਗਤ ਕੀਤਾ ਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਐੱਨਸੀਏਐੱਚਪੀ ਐਕਟ 2021, ਸਿਰਫ਼ ਇੱਕ ਵਿਧਾਨਕ ਢਾਂਚਾ ਨਹੀਂ ਹੈ, ਸਗੋਂ ਸਹਿਯੋਗੀ ਸਿਹਤ ਸਿੱਖਿਆ ਤੇ ਅਭਿਆਸ ਵਿੱਚ ਨੈਤਿਕ ਉੱਤਮਤਾ ਲਈ ਇੱਕ ਦੂਰਦਰਸ਼ੀ ਰੋਡਮੈਪ ਹੈ।ਮੁੱਖ ਭਾਸ਼ਣ ਵਿੱਚ ਡਾ. ਸ਼ੁਕਲਾ ਨੇ ਐਕਟ ਦੇ ਉਦੇਸ਼ਾਂ, ਦਾਇਰੇ ਤੇ ਲਾਗੂ ਕਰਨ ਦੀਆਂ ਰਣਨੀਤੀਆਂ 'ਤੇ ਇੱਕ ਵਿਆਪਕ ਦ੍ਰਿਸ਼ਟੀਕੋਣ ਪੇਸ਼ ਕੀਤਾ।ਉਨ੍ਹਾਂ ਨੇ ਪੇਸ਼ੇਵਰ ਮਾਨਤਾ ਵਧਾਉਣ, ਇਕਸਾਰ ਗੁਣਵੱਤਾ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਅਤੇ ਸਹਿਯੋਗੀ ਤੇ ਸਿਹਤ ਸੰਭਾਲ ਪੇਸ਼ੇਵਰਾਂ ਲਈ ਢਾਂਚਾਗਤ ਕੈਰੀਅਰ ਮਾਰਗ ਬਣਾਉਣ ਵਿੱਚ ਇਸ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ।ਸੰਗਠਤ ਸ਼ਾਸਨ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਇੱਕ ਰਾਜ ਪ੍ਰੀਸ਼ਦ ਦੀ ਸਥਾਪਨਾ ਦਾ ਸੱਦਾ ਦਿੱਤਾ।ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਪ੍ਰਧਾਨਗੀ ਭਾਸ਼ਣ ਦਿੰਦੇ ਹੋਏ ਸਿਹਤ ਸੰਭਾਲ ਸੁਧਾਰਾਂ ਨੂੰ ਮਰੀਜ਼ਾਂ ਦੀ ਦੇਖਭਾਲ ਤੇ ਪੇਸ਼ੇਵਰ ਵਿਕਾਸ ਵਿੱਚ ਠੋਸ ਤਰੱਕੀ ਵਿੱਚ ਬਦਲਣ 'ਚ ਦੂਰਦਰਸ਼ੀ ਲੀਡਰਸ਼ਿਪ ਦੀ ਭੂਮਿਕਾ 'ਤੇ ਜ਼ੋਰ ਦਿੱਤਾ।ਸੈਮੀਨਾਰ ਦਾ ਇੱਕ ਮੁੱਖ ਆਕਰਸ਼ਣ 'ਨੀਤੀ ਤੋਂ ਅਭਿਆਸ ਤੱਕ : ਐੱਨਸੀਏਐੱਚਪੀ ਐਕਟ, 2021 ਦੇ ਵਿਜ਼ਨ ਨੂੰ ਸਾਕਾਰ ਕਰਨ' 'ਤੇ ਪੈਨਲ ਚਰਚਾ ਸੀ, ਜਿਸ ਦਾ ਸੰਚਾਲਨ ਡਾ. ਸੁਪ੍ਰੀਤ ਬਿੰਦਰਾ ਐਸੋਸੀਏਟ ਪ੍ਰੋਫੈਸਰ ਤੇ ਮੁਖੀ ਫਿਜ਼ੀਓਥੈਰੇਪੀ ਵਿਭਾਗ ਦੁਆਰਾ ਕੀਤਾ ਗਿਆ।ਇਸ ਵਿਸ਼ੇਸ਼ ਪੈਨਲ ਵਿੱਚ ਡਾ. ਸ਼ੁਕਲਾ, ਪ੍ਰੋ. (ਡਾ.) ਏ.ਜੀ.ਕੇ. ਸਿਨਹਾ (ਪੰਜਾਬੀ ਯੂਨੀਵਰਸਿਟੀ, ਪਟਿਆਲਾ), ਡਾ. ਵੀ. ਪੀ. ਗੁਪਤਾ (ਐਮ.ਆਰ.ਆਈ.ਆਰ.ਐਸ., ਫਰੀਦਾਬਾਦ), ਡਾ. ਪੂਜਾ ਸੇਠੀ (ਆਰ.ਐਮ.ਐਲ. ਹਸਪਤਾਲ, ਦਿੱਲੀ), ਪ੍ਰੋ. (ਡਾ.) ਮਨੂ ਗੋਇਲ (ਐਮ.ਐਮ.ਯੂ., ਮੁਲਾਣਾ) ਤੇ ਡਾ. ਪੰਕਜਪ੍ਰੀਤ ਸਿੰਘ (ਯੂਨੀਵਰਸਿਟੀ ਦੇ ਡੀਨ, ਮੈਡੀਕਲ ਸਾਇੰਸਜ਼ ਫੈਕਲਟੀ) ਸ਼ਾਮਲ ਸਨ।ਪ੍ਰੋ. (ਡਾ.) ਤੇਜਬੀਰ ਸਿੰਘ ਰਜਿਸਟਰਾਰ ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ।ਡਾ. ਸੁਪ੍ਰੀਤ ਬਿੰਦਰਾ ਨੇ ਸੈਮੀਨਾਰ ਨੂੰ ਸਫਲ ਬਣਾਉਣ ਲਈ ਸਾਰੇ ਪਤਵੰਤਿਆਂ, ਭਾਗੀਦਾਰਾਂ ਤੇ ਪ੍ਰਬੰਧਕ ਟੀਮ ਦਾ ਧੰਨਵਾਦ ਕੀਤਾ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਬਲਾਕ ਫਿਰੋਜ਼ਪੁਰ ਸ਼ਹਿਰੀ ਦੀ ਇੱਕ ਅਹਿਮ ਮਹੀਨਾਵਾਰ ਮੀਟਿੰਗ ਸਥਾਨਕ ਇੱਕ ਨਿੱਜੀ ਹੋਟਲ ਵਿੱਚ ਹੋਈ, ਜਿਸ ਵਿੱਚ ਲਗਭਗ 55 ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੀਟਿੰਗ ਦਾ ਮੁੱਖ ਮੰਤਵ ਪੇਸ਼ੇਵਰ ਮਿਆਰਾਂ ਨੂੰ ਉੱਚਾ ਚੁੱਕਣਾ ਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਾ ਸੀ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਐੱਚ.ਕੇ.ਐੱਲ. ਨਰਸਿੰਗ ਕਾਲਜ ਦੇ ਡਾਕਟਰ ਆਰਿਫ਼ ਆਪਣੀ ਟੀਮ ਨਾਲ ਸ਼ਾਮਲ ਹੋਏ, ਜਦੋਂਕਿ ਫਿਰੋਜ਼ਪੁਰ ਮੈਡੀਸਿਟੀ ਹਸਪਤਾਲ ਤੋਂ ਡਾਕਟਰ ਅਸ਼ਵਨੀ ਤੇ ਡਾਕਟਰ ਦੀਪਕ ਗੋਇਲ ਨੇ ਵੀ ਸ਼ਿਰਕਤ ਕੀਤੀ। ਡਾਕਟਰ ਰਣਜੀਤ ਸਿੰਘ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਐਸੋਸੀਏਸ਼ਨ ਦੀਆਂ ਚੱਲ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਸਾਰੇ ਮੈਂਬਰਾਂ ਨੂੰ ਸਾਫ਼-ਸੁਥਰੀ ਤੇ ਨੈਤਿਕ ਪ੍ਰੈਕਟਿਸ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਇੱਕ ਬਹੁਤ ਹੀ ਮਹੱਤਵਪੂਰਨ ਐਲਾਨ ਕੀਤਾ ਗਿਆ। ਐਸੋਸੀਏਸ਼ਨ ਦੇ ਆਗੂਆਂ ਨੇ ਭਵਿੱਖ ਵਿੱਚ ਜੇਕਰ ਹੜ੍ਹਾਂ ਵਰਗੇ ਕੁਦਰਤੀ ਸੰਕਟ ਪੈਦਾ ਹੁੰਦੇ ਹਨ ਤਾਂ ਬਲਾਕ ਫਿਰੋਜ਼ਪੁਰ ਸ਼ਹਿਰੀ ਵੱਲੋਂ ਪ੍ਰਭਾਵਿਤ ਇਲਾਕਿਆਂ ਵਿੱਚ ਮੁਫ਼ਤ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਦਾ ਪ੍ਰਣ ਲਿਆ। ਬਲਾਕ ਪ੍ਰਧਾਨ ਡਾਕਟਰ ਭਜਨ ਸਿੰਘ ਗਿੱਲ ਨੇ ਸਾਰੇ ਡਾਕਟਰ ਸਾਥੀਆਂ ਨਾਲ ਵਿਅਕਤੀਗਤ ਤੌਰ 'ਤੇ ਗੱਲਬਾਤ ਕੀਤੀ ਤੇ ਉਨ੍ਹਾਂ ਦੇ ਪੇਸ਼ੇਵਰ ਜੀਵਨ ਵਿੱਚ ਆ ਰਹੀਆਂ ਮੁਸ਼ਕਲਾਂ ਨੂੰ ਸੁਣਿਆ ਅਤੇ ਉਨ੍ਹਾਂ ਦੇ ਹੱਲ ਲਈ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਐਸੋਸੀਏਸ਼ਨ ਹਮੇਸ਼ਾ ਆਪਣੇ ਮੈਂਬਰਾਂ ਦੇ ਹਿੱਤਾਂ ਦੀ ਰਾਖੀ ਲਈ ਤਿਆਰ ਹੈ। ਮੀਟਿੰਗ ਵਿੱਚ ਡਾ. ਹਰਬੀਰ ਸੋਹਲ, ਡਾ. ਗੁਰਦੇਵ ਸਿੰਘ (ਚੇਅਰਮੈਨ), ਡਾ. ਵਰਜਿੰਦਰ ਸਿੰਘ (ਜ਼ਿਲ੍ਹਾ ਉਪ ਪ੍ਰਧਾਨ), ਡਾ. ਰਣਜੀਤ ਸਿੰਘ (ਸਟੇਜ ਸੈਕਟਰੀ), ਡਾ. ਮਨਜੀਤ ਸਿੰਘ ਖਾਈ (ਪ੍ਰੈੱਸ ਸਕੱਤਰ), ਡਾ. ਤਾਨੀਸ਼ ਵਧਵਾ (ਜਨਰਲ ਸਕੱਤਰ), ਡਾ. ਸੰਜੀਵ ਪਾਸੀ (ਹੈੱਡ ਕੈਸ਼ੀਅਰ), ਡਾ. ਬਲਜੀਤ ਸਿੰਘ (ਜੁਆਇੰਟ ਕੈਸ਼ੀਅਰ), ਡਾ. ਗੁਲਾਬ ਸਿੰਘ (ਜੁਆਇੰਟ ਕੈਸ਼ੀਅਰ), ਡਾ. ਰਾਜੇਸ਼ ਧਵਨ (ਸਲਾਹਕਾਰ), ਡਾ. ਸੁਖਵੰਤ ਸਿੰਘ (ਸਲਾਹਕਾਰ) ਤੇ ਡਾ. ਗੁਰਪ੍ਰੀਤ ਸਿੰਘ (ਸਲਾਹਕਾਰ) ਸਮੇਤ ਹੋਰ ਕਈ ਆਗੂ ਤੇ ਮੈਂਬਰ ਹਾਜ਼ਰ ਸਨ।

## ਰਮਨ ਅਰੋੜਾ ਭਾਜਪਾ ਜਗਰਾਓਂ ਮੰਡਲ ਦੇ ਮੀਤ ਪ੍ਰਧਾਨ ਬਣੇ

**ਜਗਰਾਓਂ (ਸੰਜੀਵ ਅਰੋੜਾ)**-ਸਮਾਜ ਅੰਦਰ ਚੰਗਾ ਨਾਮਣਾ ਖੱਟਣ ਵਾਲੇ, ਹਰ ਇਕ ਦੇ ਦੁੱਖ ਸੁੱਖ ਸ਼ਾਮਲ ਹੋਣ ਵਾਲੇ ਸਮਾਜ ਸੇਵੀ ਰਮਨ ਅਰੋੜਾ ਨੂੰ ਭਾਜਪਾ ਨੇ ਜਗਰਾਓਂ ਮੰਡਲ ਦਾ ਮੀਤ ਪ੍ਰਧਾਨ ਨਿਯੁਕਤ



ਕੀਤਾ।ਰਮਨ ਅਰੋੜਾ ਦੀ ਮੰਡਲ ਮੀਤ ਪ੍ਰਧਾਨ ਦੀ ਨਿਯੁਕਤੀ ਤੋਂ ਬਾਅਦ ਉਨ੍ਹਾਂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ।ਰਮਨ ਅਰੋੜਾ ਨੇ ਇਸ ਨਿਯੁਕਤੀ 'ਤੇ ਪਾਰਟੀ ਹਾਈਕਮਾਨ ਸਮੇਤ ਜ਼ਿਲ੍ਹਾ ਪ੍ਰਧਾਨ ਡਾਕਟਰ ਰਾਜਿੰਦਰ ਸ਼ਰਮਾ, ਕੌਂਸਲਰ ਸਤੀਸ਼ ਕੁਮਾਰ ਪੱਪੂ, ਮੰਡਲ ਪ੍ਰਧਾਨ ਟੋਨੀ ਵਰਮਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰ ਨੂੰ ਬਾਖੂਬੀ ਨਿਭਾਇਆ ਜਾਵੇਗਾ।ਇਸ ਮੌਕੇ ਰਾਜਾ ਵਰਮਾ, ਕ੍ਰਿਸ਼ਨ ਵਰਮਾ ਤੇ ਪਰਮਜੀਤ ਸਿੰਘ ਪੰਮਾ ਨੇ ਰਮਨ ਅਰੋੜਾ ਨੂੰ ਵਧਾਈ ਦਿੱਤੀ।

## 8 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ 8 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਕਾਠਗੜ੍ਹ ਦੇ ਕੋਲ ਸਥਿਤ ਸੇਮਨਾਲੇ 'ਤੇ ਬਣੇ ਪੁਲ ਕੋਲ ਮੌਜੂਦ ਸੀ ਤਾਂ ਸਾਹਮਣੇ ਤੋਂ ਇੱਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਦੀ ਗੱਡੀ ਨੂੰ ਵੇਖ ਕੇ ਘਬਰਾ ਕੇ ਪਿੱਛੇ ਨੂੰ ਮੁੜਨ ਲੱਗਾ ਤਾਂ ਪੁਲਸ ਨੇ ਇਸ ਵਿਅਕਤੀ ਨੂੰ ਕਾਬੂ ਕਰਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 8 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਵਿਅਕਤੀ ਦੀ ਪਹਿਚਾਣ ਜਸਵੰਤ ਸਿੰਘ ਉਰਫ ਸੋਢਾ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਾਲੀ ਵਾਲਾ ਵਜੋਂ ਹੋਈ ਹੈ। ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਫ਼ਤਹਿ ਗਰੁੱਪ ਨੇ ਕੌਮੀ ਯੁਵਾ ਦਿਵਸ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**



ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਪਿਛਲੇ ਦਿਨੀਂ ਕੌਮੀ ਯੁਵਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਹ ਸਮਾਗਮ ਸੰਸਥਾ ਦੇ ਕੌਮੀ ਸੇਵਾ ਯੋਜਨਾ (ਐਨ ਐਸ ਐਸ) ਤੇ ਸੋਸ਼ਲ ਸਾਇੰਸ, ਪੰਜਾਬੀ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਆਯੋਜਤ ਕੀਤਾ ਗਿਆ ਸੀ।ਪ੍ਰੋਗਰਾਮ 'ਚ ਵਿਦਿਆਰਥੀਆਂ ਨੇ ਵੱਖ-ਵੱਖ ਭਾਸ਼ਣ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਯੁਵਾ ਦਿਵਸ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ 'ਤੇ ਚਾਨਣਾ ਪਾਇਆ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰੋਫੈਸਰ ਰੋਬਿਨ ਮੰਗਲਾ ਨੇ ਬਾਖੂਬੀ ਨਿਭਾਈ, ਜਿਨ੍ਹਾਂ ਨੇ ਨਾ ਸਿਰਫ ਪ੍ਰੋਗਰਾਮ ਨੂੰ ਸੁਚਾਰੂ ਰੂਪ ਵਿੱਚ ਚਲਾਇਆ, ਸਗੋਂ ਇੱਕ ਦੇਸ਼ ਭਗਤੀ ਗੀਤ ਵੀ ਪੇਸ਼ ਕੀਤਾ ਜਿਸ ਨੇ ਸਭ ਨੂੰ ਪ੍ਰਭਾਵਿਤ ਕੀਤਾ।

ਭਾਸ਼ਣ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਯੁਵਾ ਸ਼ਕਤੀ, ਦੇਸ਼ ਭਗਤੀ ਤੇ ਸਮਾਜਿਕ ਜ਼ਿੰਮੇਵਾਰੀਆਂ ਵਰਗੇ ਵਿਸ਼ਿਆਂ ਤੇ ਆਪਣੇ ਵਿਚਾਰ ਰੱਖੇ। ਇਸ 'ਚ ਕੋਮਲਪ੍ਰੀਤ ਕੌਰ, ਹਰਮਨਪ੍ਰੀਤ ਕੌਰ, ਪ੍ਰਭਜੋਤ ਸ਼ਰਮਾ, ਪਰਮਿੰਦਰ ਸਿੰਘ, ਰਮਨਦੀਪ ਸਿੰਘ, ਜਸਕਰਨ ਸਿੰਘ, ਉਪਦੀਪ ਕੌਰ, ਹਰਸ਼ਪ੍ਰੀਤ ਕੌਰ, ਜਸਪ੍ਰੀਤ ਕੌਰ ਤੇ ਖੁਸ਼ੀ ਗੋਇਲ ਨੇ ਬੜੇ ਜੋਸ਼ ਨਾਲ ਹਿੱਸਾ ਲਿਆ।ਇਸ ਮੌਕੇ ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਲਈ ਉਤਸ਼ਾਹਤ ਕੀਤਾ ਤੇ ਉਨ੍ਹਾਂ ਨੂੰ ਦੇਸ਼ ਦੇ ਵਧੀਆ ਨਾਗਰਿਕ ਬਣਨ ਲਈ ਮਾਰਗਦਰਸ਼ਨ ਕੀਤਾ।ਪ੍ਰਿੰਸੀਪਲ ਬਘੇਲ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਯੁਵਾ ਦਿਵਸ ਮੌਕੇ ਵਿਸ਼ੇਸ਼ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਸਵਾਮੀ ਵਿਵੇਕਾਨੰਦ ਦੇ ਵਿਚਾਰਾਂ ਨੂੰ ਅਪਣਾਉਣ ਲਈ ਕਿਹਾ।ਸੰਸਥਾ ਦੇ ਚੇਅਰਮੈਨ ਐਸ.ਐਸ.ਚੱਠਾ ਨੇ ਕਿਹਾ, 'ਅਸੀਂ ਬਹੁਤ ਖੁਸ਼ ਹਾਂ ਕਿ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਰਾਸ਼ਟਰੀ ਯੁਵਾ ਦਿਵਸ ਨੂੰ ਇਸ ਤਰ੍ਹਾਂ ਮਨਾਇਆ ਗਿਆ, ਜਿਸ ਨੇ ਵਿਦਿਆਰਥੀਆਂ ਵਿੱਚ ਨਵੀਂ ਚੇਤਨਾ ਜਗਾਈ।ਯੁਵਕ ਸਾਡੇ ਦੇਸ਼ ਦਾ ਭਵਿੱਖ ਹਨ ਤੇ ਅਜਿਹੇ ਸਮਾਗਮ ਉਨ੍ਹਾਂ ਨੂੰ ਨੈਤਿਕ ਮੁੱਲਾਂ ਨਾਲ ਜੋੜਦੇ ਹਨ।

# ਬ੍ਰਿਟਿਸ਼ ਸਕੂਲ ਦੀ ਪ੍ਰਣਵੀ ਗੋਇਲ ਨੇ ਸਮਾਣਾ ਦਾ ਨਾਂਅ ਕੀਤਾ ਰੌਸ਼ਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਦੀ ਬ੍ਰਿਟਿਸ਼ ਕੋ ਐਂਡ ਹਾਈ ਸਕੂਲ ਪਟਿਆਲਾ ਦੀ ਵਿਦਿਆਰਥਣ ਪ੍ਰਣਵੀ ਗੋਇਲ ਸਮਾਣਾ ਨੇ ਐਥਲੈਟਿਕ ਮੀਟ ਨਾਰਦਨ ਰੀਜਨ ਵਿੱਚ ਸਿਲਵਰ ਤੇ ਕਾਂਸੀ ਦਾ ਮੈਡਲ ਜਿੱਤ ਕੇ ਸਮਾਣਾ ਸ਼ਹਿਰ ਦਾ ਨਾਮ ਰੌਸ਼ਨ ਕਰਨ 'ਤੇ ਸ਼ਹਿਰ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਤੇ ਸਪੋਰਟਸ ਪ੍ਰੇਮੀਆਂ ਵੱਲੋਂ ਜੀਵਨ ਗੋਇਲ (ਨਾਗਰੇ ਵਾਲੇ) ਪਰਵਾਰ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ ਤੇ ਪ੍ਰਣਵੀ ਗੋਇਲ ਨੂੰ ਸਪੋਰਟਸ ਕਲੱਬਾਂ ਵੱਲੋਂ ਸਨਮਾਨਤ ਕੀਤਾ ਜਾ ਰਿਹਾ ਹੈ। ਸੀ ਆਈ ਐੱਸ ਸੀ ਈ ਵੱਲੋਂ ਪੰਜਾਬ ਭਰ ਦੇ ਸਕੂਲਾਂ ਦੇ ਖੇਡ ਮੁਕਾਬਲੇ ਬੀਬੀ ਸੁਰਿੰਦਰ ਕੌਰ ਬਾਦਲ ਮਾਲਵਾ ਹਾਈ ਸਕੂਲ ਗਿੱਦੜਬਾਹਾ ਵਿਖੇ ਕਰਵਾਏ ਗਏ, ਜਿਸ ਵਿੱਚ ਬ੍ਰਿਟਿਸ਼ ਕੋ ਐਂਡ ਹਾਈ ਸਕੂਲ ਪਟਿਆਲਾ ਦੀ ਨੌਵੀਂ ਕਲਾਸ ਦੀ ਵਿਦਿਆਰਥਣ ਨੇ ਅੰਡਰ 17 ਦੀਆਂ ਦੌੜਾਂ ਵਿੱਚ 200 ਮੀਟਰ ਦੀ ਰੇਸ ਵਿੱਚ ਸਿਲਵਰ ਮੈਡਲ ਤੇ 400 ਮੀਟਰ ਦੀਆਂ ਦੌੜਾਂ ਵਿੱਚ ਕਾਂਸੀ ਪਦਕ ਜਿੱਤ ਕੇ ਸੀ ਆਈ ਐੱਸ ਸੀ ਈ ਵੱਲੋਂ ਕਰਨਾਟਕਾ ਵਿੱਚ ਹੋਣ ਵਾਲੀਆਂ ਨੈਸ਼ਨਲ ਖੇਡਾਂ ਵਿੱਚ ਆਪਣੀ ਜਗ੍ਹਾ ਬਣਾ ਲਈ ਹੈ। ਮੈਡਲ ਜਿੱਤਣ ਤੋਂ ਬਾਅਦ ਸਮਾਣਾ ਵਿਖੇ ਪਹੁੰਚਣ 'ਤੇ ਪ੍ਰਣਵੀ ਗੋਇਲ ਦਾ ਸ਼ਹਿਰ ਨਿਵਾਸੀਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਣਵੀ ਗੋਇਲ ਨੇ ਦੱਸਿਆ ਕਿ ਉਸ ਨੇ ਇਹ ਮੈਡਲ ਜਿੱਤਣ ਤੇ ਨੈਸ਼ਨਲ ਲੈਵਲ 'ਤੇ ਪਹੁੰਚਣ ਲਈ ਬਹੁਤ ਮਿਹਨਤ ਕੀਤੀ ਹੈ ਤੇ ਅੱਜ ਉਸ ਦੀ ਮਿਹਨਤ ਰੰਗ ਲਿਆਈ ਹੈ। ਉਸ ਨੇ ਦੱਸਿਆ ਕਿ ਉਸ ਦੀ ਇਸ ਮਿਹਨਤ ਵਿੱਚ ਸਭ ਤੋਂ ਪਹਿਲਾਂ ਉਨ੍ਹਾਂ ਦੇ ਪਿਤਾ ਮੋਹਿਤ ਗੋਇਲ ਤੇ ਦਾਦਾ ਜੀਵਨ ਗੋਇਲ ਅਤੇ ਉਨ੍ਹਾਂ ਦੀ ਮਾਤਾ ਦਾ ਪੂਰਾ ਸਾਥ ਦਿੱਤੇ ਜਾਣ ਤੋਂ ਬਾਅਦ ਉਨ੍ਹਾਂ ਦੇ ਸਕੂਲ ਕੋਚ ਅਨਿਲ ਕੁਮਾਰ ਤੇ ਸਮਾਣਾ ਦੇ ਪਵਨਦੀਪ ਸਿੰਘ ਦੇ ਤਜਰਬੇ ਤੇ ਸਖਤ ਮਿਹਨਤ ਨਾਲ ਉਸ ਨੂੰ ਅੱਜ ਇਹ ਮੁਕਾਮ ਮਿਲਿਆ ਹੈ। ਕਰਨਾਟਕਾ ਵਿਖੇ ਹੋਣ ਵਾਲੀਆਂ ਨੈਸ਼ਨਲ ਖੇਡਾਂ ਵਿੱਚ ਵੀ ਉਹ ਗੋਲਡ ਮੈਡਲ ਜਿੱਤਣ ਲਈ ਹਰ ਸੰਭਵ ਕੋਸ਼ਿਸ਼ ਕਰੇਗੀ।

## 30 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀਆਈਏ ਸਟਾਫ ਸਰਹਿੰਦ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਦੀਆਂ 30 ਬੋਤਲਾਂ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੀਆਈਏ ਸਰਹਿੰਦ ਨੂੰ ਮੁਖਬਰੀ ਮਿਲੀ ਸੀ ਕਿ ਹਰਪ੍ਰੀਤ ਸਿੰਘ ਉਰਫ ਸੋਨੀ ਵਾਸੀ ਪਿੰਡ ਡੇਰਾ ਮੀਰ ਮੀਰਾਂ ਸਸਤੇ ਭਾਅ 'ਤੇ ਸ਼ਰਾਬ ਖਰੀਦ ਕੇ ਪਿੰਡਾਂ ਵਿੱਚ ਮਹਿੰਗੇ ਭਾਅ 'ਤੇ ਵੇਚਣ ਦਾ ਗੈਰ-ਕਾਨੂੰਨੀ ਧੰਦਾ ਕਰਦਾ ਹੈ, ਜੋ ਕਿ ਇਸ ਸਮੇਂ ਚਿੱਟੇ ਰੰਗ ਦੀ ਟੋਇਟਾ ਈਟੀਓਜ਼ ਕਾਰ ਨੰਬਰੀ ਪੀ.ਬੀ.23 ਐੱਲ-4423 ਵਿੱਚ ਸ਼ਰਾਬ ਲੱਦ ਕੇ ਸਰਹਿੰਦ ਜੀ. ਟੀ. ਰੋਡ ਤੋਂ ਸਰਹਿੰਦ ਸ਼ਹਿਰ ਵੱਲ ਨੂੰ ਜਾ ਰਿਹਾ ਹੈ, ਜਿਸ 'ਤੇ ਨਾਕਾਬੰਦੀ ਦੌਰਾਨ ਸੀਆਈ ਸਟਾਫ ਦੀ ਇੱਕ ਟੀਮ ਵੱਲੋਂ ਹਰਪ੍ਰੀਤ ਸਿੰਘ ਉਰਫ ਸੋਨੀ ਨੂੰ ਕਾਬੂ ਕੀਤਾ ਗਿਆ, ਜਿਸ ਦੇ ਕਬਜ਼ੇ ਵਿੱਚੋਂ ਸ਼ਰਾਬ ਦੀਆਂ 30 ਬੋਤਲਾਂ ਬਰਾਮਦ ਹੋਣ ਤੇ ਇਸ ਸਬੰਧੀ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਆਬਕਾਰੀ ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਉਸ ਨੂੰ ਗ੍ਰਿਫਤਾਰ ਕਰਕੇ ਸੀਆਈਏ ਦੇ ਸਹਾਇਕ ਥਾਣੇਦਾਰ ਸ਼ਮਸ਼ੇਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

## ਲਾਇਸੈਂਸ ਧਾਰਕਾਂ ਨੂੰ ਚੰਡੀਗੜ੍ਹ ਵਿਖੇ ਅਸਲਾ ਨਾਲ ਰੱਖਣ ਦੀ ਇਜਾਜ਼ਤ ਦਿੱਤੀ ਜਾਵੇ : ਡਾ. ਗਾਂਧੀ

**ਸਮਾਣਾ (ਇਕਬਾਲ ਸਿੰਘ ਬੱਲ)**-ਪਟਿਆਲਾ ਤੋਂ ਲੋਕ ਸਭਾ ਮੈਂਬਰ ਡਾਕਟਰ ਧਰਮਵੀਰ ਗਾਂਧੀ ਨੇ ਪੰਜਾਬ ਦੇ ਗਵਰਨਰ ਨੂੰ ਲਿਖਤੀ ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਪੰਜਾਬ ਦੇ ਅਸਲਾ ਲਾਇਸੰਸ ਧਾਰਕਾਂ ਨੂੰ ਅਸਲਾ ਨਾਲ ਰੱਖਣ ਦੀ ਇਜਾਜ਼ਤ ਦਿੱਤੀ ਜਾਵੇ, ਕਿਉਂਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ, ਜਿੱਥੇ ਰਾਜਨੀਤਕ, ਵਪਾਰੀ, ਬਿਜ਼ਨੈੱਸਮੈਨ ਤੇ ਹਰ ਵਰਗ ਦੇ ਲੋਕ ਆਪਣੇ ਕੰਮਾਂ ਸਬੰਧੀ ਆਉਂਦੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਲੋਕਾਂ ਨੇ ਆਪਣੀ ਨਿੱਜੀ ਸੁਰੱਖਿਆ ਲਈ ਅਸਲਾ ਲਾਇਸੰਸ ਬਣਵਾਏ ਹੋਏ ਹਨ ਅਤੇ ਅਸਲਾ ਵੀ ਕੋਲ ਰੱਖਦੇ ਹਨ।ਚੰਡੀਗੜ੍ਹ ਪੁਲਸ ਵੱਲੋਂ ਬਿਨਾਂ ਵਜ੍ਹਾ ਅਸਲੇ ਵਾਲਿਆਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਹੈ, ਲਾਇਸੰਸ ਕੈਂਸਲ ਕਰਨ ਤੇ ਕੇਸ ਕਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ, ਜਿਸ ਕਰਕੇ ਅਸਲਾ ਲਾਈਸੈਂਸ ਧਾਰਕਾਂ ਨੂੰ ਚੰਡੀਗੜ੍ਹ ਵਿਖੇ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਡਾਕਟਰ ਧਰਮਵੀਰ ਗਾਂਧੀ ਨੇ ਕਿਹਾ ਕਿ ਲੋਕਾਂ ਦੀਆਂ ਇਨ੍ਹਾਂ ਮੁਸ਼ਕਲਾਂ ਨੂੰ ਵੇਖਦਿਆਂ ਉਨ੍ਹਾਂ ਪੰਜਾਬ ਦੇ ਰਾਜਪਾਲ ਨੂੰ ਲਿਖਤੀ ਚਿੱਠੀ ਭੇਜ ਕੇ ਮੰਗ ਕੀਤੀ ਹੈ ਕਿ ਅਸਲਾ ਲਾਇਸੰਸ ਧਾਰਕਾਂ ਨੂੰ ਚੰਡੀਗੜ੍ਹ ਆਉਣ ਸਮੇਂ ਅਸਲਾ ਨਾਲ ਰੱਖਣ ਦੀ ਇਜਾਜ਼ਤ ਦਿੱਤੀ ਜਾਵੇ।

# ਸਿੱਖਿਆ ਸਕੱਤਰ ਨੂੰ ਜੌਗਰਫੀ ਲੈਕਚਰਾਰਾਂ ਦੀ ਘਾਟ ਬਾਰੇ ਲਿਖਿਆ : ਪ੍ਰਧਾਨ ਸੁੱਖੀ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਜੌਗਰਫੀ ਪੋਸਟ ਗ੍ਰੈਜੂਏਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ ਤੇ ਸਕੱਤਰ ਸ਼ਮਸ਼ੇਰ ਸਿੰਘ ਸ਼ੈਰੀ ਨੇ ਦੱਸਿਆ ਕਿ ਬੀਤੇ ਦਿਨੀਂ ਜਥੇਬੰਦੀ ਵੱਲੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਾਂਅ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ।ਮੰਗ ਪੱਤਰ 'ਚ ਪੰਜਾਬ ਦੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਲੈਕਚਰਾਰਾਂ ਦੀਆਂ ਕੁੱਲ ਮਨਜ਼ੂਰਸ਼ੁਦਾ 13252 ਅਸਾਮੀਆਂ 'ਚੋਂ ਜੌਗਰਫੀ ਵਿਸ਼ੇ ਦੀਆਂ ਕੇਵਲ 357 ਅਸਾਮੀਆਂ ਹੀ ਹੋਣ ਅਤੇ ਭੂਗੋਲ ਵਿਸ਼ੇ ਦੀਆਂ ਖਾਲੀ ਪਈਆਂ 130 ਅਸਾਮੀਆਂ ਨੂੰ ਈ ਪੰਜਾਬ ਪੋਰਟਲ ਤੇ ਦਰਸਾਉਣ ਤੇ ਦੋ ਹਜ਼ਾਰ ਸੀਨੀਅਰ ਸੈਕੰਡਰੀ ਸਕੂਲਾਂ 'ਚੋਂ 1750 ਸਕੂਲਾਂ 'ਚ ਜੌਗਰਫੀ ਵਿਸ਼ਾ ਨਾ ਪੜ੍ਹਾਏ ਜਾਣ ਦੇ ਮਸਲੇ ਦਾ ਜ਼ਿਕਰ ਕਰਦਿਆਂ ਇਸ ਨੂੰ ਤੁਰੰਤ ਹੱਲ ਕਰਨ ਦੀ ਮੰਗ ਕੀਤੀ।ਮੰਗ ਪੱਤਰ 'ਚ ਇਹ ਵੀ ਦਰਸਾਇਆ ਗਿਆ ਸੀ ਕਿ ਪੰਜਾਬ ਸਰਕਾਰ ਦੇ ਗਜ਼ਟ ਨੋਟੀਫਿਕੇਸ਼ਨ ਅਨੁਸਾਰ ਮਨਜ਼ੂਰਸ਼ੁਦਾ 357 ਅਸਾਮੀਆਂ ਨੂੰ ਈ ਪੰਜਾਬ ਪੋਰਟਲ ਤੇ ਦਰਸਾਉਣ, ਹੋਰਨਾਂ ਵਿਸ਼ਿਆਂ ਦੇ ਲੈਕਚਰਾਰਾਂ ਦੀਆਂ ਖਾਲੀ ਤੇ ਵਾਧੂ ਅਸਾਮੀਆਂ ਨੂੰ ਜੌਗਰਫੀ ਵਿਸ਼ੇ 'ਚ ਤਬਦੀਲ ਕਰਕੇ 118 ਸਕੂਲ ਆਫ਼ ਐਮੀਨੈਂਸ ਤੇ 174 ਪੀ. ਐਮ. ਸ਼੍ਰੀ ਸਕੂਲਾਂ ਵਿਚ ਜੌਗਰਫੀ ਵਿਸ਼ਾ (ਭੂਗੋਲ) ਚਾਲੂ ਕਰਕੇ ਪਦਉੱਨਤੀਆਂ ਕਰਨ, ਬਦਲੀਆਂ 'ਚ ਮੌਕਾ ਦੇ ਕੇ ਅਤੇ ਜੌਗਰਫੀ ਵਿਸ਼ਾ ਪੜ੍ਹਾਉਣ ਵਾਲੇ ਸੀਨੀਅਰ ਸੈਕੰਡਰੀ ਸਕੂਲਾਂ 'ਚ ਜੌਗਰਫੀ ਪ੍ਰਯੋਗਸ਼ਾਲਾਵਾਂ ਸਥਾਪਤ ਕੀਤੀਆਂ ਜਾਣ। ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਸਿਫ਼ਾਰਸ਼ ਕੀਤੇ ਮੰਗ ਪੱਤਰ ਨੂੰ ਸਿੱਖਿਆ ਮੰਤਰੀ ਪੰਜਾਬ ਦੇ ਦਫ਼ਤਰ ਵੱਲੋਂ ਤੁਰੰਤ ਲੋੜੀਂਦੀ ਕਾਰਵਾਈ ਕਰਨ ਲਈ ਸਕੱਤਰ ਸਕੂਲ ਸਿੱਖਿਆ ਪੰਜਾਬ ਸਰਕਾਰ ਨੂੰ ਇੱਕ ਅਹਿਮ ਪੱਤਰ ਲਿਖਿਆ ਹੈ। ਜਥੇਬੰਦੀ ਦੇ ਮੀਤ ਪ੍ਰਧਾਨ ਨਰੇਸ਼ ਸਲੂਜਾ ਤੇ ਜਨਰਲ ਸਕੱਤਰ ਦਿਲਬਾਗ ਸਿੰਘ ਲਾਂਪਰਾ ਨੇ ਸਿੱਖਿਆ ਸਕੱਤਰ ਸਕੂਲਾਂ, ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸਿੱਖਿਆ-2 ਸ਼ਾਖਾ) ਨੇ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਪੰਜਾਬ ਨੂੰ ਜੌਗਰਫੀ ਟੀਚਰਜ਼ ਯੂਨੀਅਨ ਦੇ ਮੰਗ ਪੱਤਰ ਨੂੰ ਮੂਲ ਰੂਪ 'ਚ ਭੇਜਦੇ ਹੋਏ ਤੇ ਉਤਾਰਾ ਜਥੇਬੰਦੀ ਦੇ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ ਨੂੰ ਕਰਦੇ ਹੋਏ ਮੰਗ ਪੱਤਰ 'ਚ ਦਰਸਾਏ ਮਾਮਲੇ ਸਬੰਧੀ ਨਿਯਮਾਂ/ਹਦਾਇਤਾਂ ਅਨੁਸਾਰ ਤੁਰੰਤ ਲੋੜੀਂਦੀ ਯੋਗ ਕਾਰਵਾਈ ਕਰਦੇ ਹੋਏ, ਮੰਗ ਪੱਤਰ ਦਾ ਨਿਪਟਾਰਾ ਕਰਾਉਣਾ ਯਕੀਨੀ ਬਣਾਇਆ ਜਾਵੇ ਤੇ ਇਸ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਬਣਦਾ ਢੁੱਕਵਾਂ ਜਵਾਬ ਆਪਣੇ ਪੱਧਰ 'ਤੇ ਸਿੱਧੇ ਤੌਰ ਤੇ ਸਬੰਧਤ ਯੂਨੀਅਨ ਨੂੰ ਸੂਚਿਤ ਕਰਕੇ, ਪੰਜਾਬ ਸਰਕਾਰ ਨੂੰ ਵੀ ਰਿਪੋਰਟ ਭੇਜੀ ਜਾਵੇ।

## ਸਾਲਾਨਾ ਜੋੜ ਮੇਲੇ ਨੂੰ ਸਮਰਪਤ ਕਲੱਬ ਵੱਲੋਂ ਖ਼ੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਨੇ ਸਾਲਾਨਾ ਜੋੜ ਮੇਲ ਨੂੰ ਸਮਰਪਤ ਵਿੱਕੀ ਸਟੂਡੀਓ ਦੇ ਵਿਸ਼ੇਸ਼ ਸਹਿਯੋਗ ਸਦਕਾ ਗੁ: ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਲੁਧਿਆਣਾ ਦੇ ਬਾਹਰ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਦਾ ਰਸਮੀਂ ਉਦਘਾਟਨ ਰੋਹਿਤ ਸਿੰਘ ਤੇ ਹਰਕਿਰਤ ਸਿੰਘ ਮੋਤੀ ਨੇ ਖ਼ੂਨਦਾਨ ਕਰਕੇ ਕੀਤਾ। ਇਸ ਮੌਕੇ 60 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਰੋਹਿਤ ਸਿੰਘ ਨੇ ਕਿਹਾ ਕਿ ਖ਼ੂਨਦਾਨ ਕਰਨ ਨਾਲ ਹਾਰਟ ਅਟੈਕ ਦਾ ਖਤਰਾ ਘਟਦਾ ਹੈ। ਜੇਕਰ ਸਾਡਾ ਖ਼ੂਨ ਗਾੜ੍ਹਾ ਹੁੰਦਾ ਹੈ ਤਾਂ ਸਾਨੂੰ ਖ਼ੂਨਦਾਨ ਕਰਨਾ ਚਾਹੀਦਾ ਹੈ। ਖ਼ੂਨਦਾਨ ਮਹਾਂਦਾਨ ਹੈ, ਖ਼ੂਨ ਮਨੁੱਖੀ ਸਰੀਰ ਅੰਦਰ ਕੁਦਰਤੀ ਰੂਪ 'ਚ ਤਿਆਰ ਹੁੰਦਾ ਹੈ, ਇਸ ਨੂੰ ਕਦੇ ਵੀ ਬਣਾਉਟੀ ਢੰਗ ਨਾਲ ਤਿਆਰ ਨਹੀਂ ਕੀਤਾ ਜਾ ਸਕਦਾ ਹੈ।

## ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਦਸਮੇਸ਼ ਇੰਟਰਨੈਸ਼ਨਲ ਸਕੂਲ ਸਰਦੂਲਗੜ੍ਹ ਇੱਕ ਅਜਿਹੀ ਸੰਸਥਾ ਹੈ, ਜੋ ਹਰ ਖਾਸ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਉਂਦੀ ਹੈ। ਜਨਮ ਅਸ਼ਟਮੀ ਦਾ ਤਿਉਹਾਰ ਸਕੂਲ ਵਿੱਚ ਬੜੀ ਧੂਮ-ਧਾਮ ਤੇ ਸ਼ਰਧਾ ਨਾਲ ਮਨਾਇਆ ਗਿਆ। ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦੇ ਜਨਮ ਦਿਨ ਨੂੰ ਸਮਰਪਤ ਇਹ ਤਿਉਹਾਰ ਤੇ ਨੰਨ੍ਹ-ਮੁੰਨੇ ਨਰਸਰੀ ਤੋਂ ਪਹਿਲੀ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਸ਼੍ਰੀ ਕ੍ਰਿਸ਼ਨ, ਰਾਧਾ ਤੇ ਸੁਦਾਮਾ ਜੀ ਦੀ ਪੁਸ਼ਾਕ ਪਹਿਨ ਕੇ ਸਾਰਿਆਂ ਨੂੰ ਬਹੁਤ ਪ੍ਰਭਾਵਤ ਕੀਤਾ। ਵਿਦਿਆਰਥੀਆਂ ਤੇ ਅਧਿਆਪਕਾਂ ਨੇ ਭਿੰਨ-ਭਿੰਨ ਸੰਸਕ੍ਰਿਤਿਕ ਪ੍ਰਦਰਸ਼ਨਾਂ ਰਾਹੀ ਭਗਵਾਨ ਕ੍ਰਿਸ਼ਨ ਜੀ ਦੀ ਜੀਵਨੀ ਤੇ ਉਪਦੇਸ਼ਾਂ ਨੂੰ ਦਰਸਾਇਆ।

## ਸਕੂਲ ਤੇ ਆਂਗਣਵਾੜੀ ਸੈਂਟਰ 'ਚ ਹੋਈ ਚੋਰੀ




**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਪਿੰਡ ਅਕਾਲਗੜ੍ਹ ਚੱਠੇ ਨਕਟੇ ਦੋ ਪਿੰਡਾਂ ਦਾ ਇੱਕ ਪ੍ਰਾਇਮਰੀ ਸਕੂਲ ਹੈ ਤੇ ਨਾਲ ਹੀ ਆਂਗਣਵਾੜੀ ਸੈਂਟਰ ਹੈ। ਪਿਛਲੇ ਤਿੰਨ ਦਿਨਾਂ ਤੋਂ ਸਰਕਾਰੀ ਛੁੱਟੀਆਂ ਹੋਣ ਕਾਰਨ ਸਕੂਲ ਤੇ ਸੈਂਟਰ ਬੰਦ ਸਨ, ਚੋਰਾਂ ਨੇ ਫਾਇਦਾ ਚੁੱਕਦੇ ਹੋਏ ਸਕੂਲ ਤੇ ਆਂਗਣਵਾੜੀ ਸੈਂਟਰ ਵਿੱਚ ਕੀਤੀ ਚੋਰੀ। ਪਤਾ ਉਸ ਵਕਤ ਲੱਗਾ ਜਦੋਂ ਸਵੇਰੇ ਸਕੂਲ ਟੀਚਰ ਸਕੂਲ ਆਏ ਤਾਂ ਉਨ੍ਹਾਂ ਦੇਖਿਆ ਕਮਰੇ ਦੇ ਦਰਵਾਜ਼ੇ ਦੇ ਕੁੰਡੇ ਵੱਢੇ ਹੋਏ ਸਨ। ਚੋਰ ਪ੍ਰਾਇਮਰੀ ਸਕੂਲ 'ਚੋਂ ਵਾਈਫਾਈ ਤੇ ਬੈਟਰੀ ਅਤੇ ਜੋ ਸਕੂਲ ਵਿੱਚ ਕੈਮਰੇ ਲੱਗੇ ਸਨ, ਉਤਾਰ ਕੇ ਲੈ ਗਏ। ਸਕੂਲ ਟੀਚਰ ਨੇ ਦੱਸਿਆ ਕਿ ਘੱਟੋ-ਘੱਟ ਸਾਡਾ 40 ਤੋਂ 50 ਹਜ਼ਾਰ ਦਾ ਨੁਕਸਾਨ ਹੋਇਆ ਹੈ। ਉਧਰ ਆਂਗਣਵਾੜੀ ਸੈਂਟਰ ਦੇ ਵਰਕਰ ਨੇ ਦੱਸਿਆ ਕਿ ਜਿਸ ਸਿਲੰਡਰ ਨਾਲ ਬੱਚਿਆਂ ਦਾ ਖਾਣਾ ਬਣਾਉਂਦੇ ਸਨ, ਉਹ ਸਿਲੰਡਰ ਵੀ ਚੋਰ ਲੈ ਗਏ। ਸਕੂਲ ਅਧਿਆਪਕਾਂ ਤੇ ਆਂਗਣਵਾੜੀ ਸੈਂਟਰਾਂ ਨੇ ਇਸ ਦੀ ਸੂਚਨਾ ਦੋਵੇਂ ਪਿੰਡਾਂ ਦੇ ਸਰਪੰਚਾਂ, ਪੰਚਾਇਤ ਤੇ ਪਿੰਡ ਵਾਸੀਆਂ ਨੂੰ ਦਿੱਤੀ। ਸਰਪੰਚ ਮੱਖਣ ਸਿੰਘ ਨੇ ਦੱਸਿਆ ਕਿ ਸਾਡੇ ਪਿੰਡਾਂ 'ਚ ਪਹਿਲਾਂ ਵੀ ਅਕਸਰ ਚੋਰੀਆਂ ਹੁੰਦੀਆਂ ਰਹਿੰਦੀਆਂ ਹਨ, ਪਰ ਉਸ ਉੱਪਰ ਕੋਈ ਸਖਤੀ ਨਾਲ ਕਾਰਵਾਈ ਨਹੀਂ ਹੁੰਦੀ। ਅਧਿਆਪਕਾਂ ਤੇ ਆਂਗਣਵਾੜੀ ਸੈਂਟਰ ਵਰਕਰ ਵੱਲੋਂ ਇਸ ਚੋਰੀ ਦੀ ਸੂਚਨਾ ਆਪਣੇ ਉੱਚ ਅਧਿਕਾਰੀਆਂ ਤੇ ਪੁਲਸ ਨੂੰ ਦਿੱਤੀ ਗਈ ਹੈ। ਪੁਲਸ ਵੱਲੋਂ ਮੌਕਾ ਦੇਖਿਆ ਗਿਆ ਤੇ ਦੋਸ਼ੀਆਂ ਦੀ ਭਾਲ ਜਾਰੀ ਹੈ।

## ਨਸ਼ਾ ਵੇਚਣ ਵਾਲਿਆਂ ਨੂੰ ਸਖ਼ਤ ਚੇਤਾਵਨੀ



**ਮਮਦੋਟ (ਹਰਪਾਲ ਸਿੰਘ ਸੋਢੀ)**-ਸਬ ਇੰਸਪੈਕਟਰ ਸੁਖਦੇਵ ਸਿੰਘ ਸੰਧੂ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਿਸੇ ਵੀ ਹਾਲਤ 'ਚ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ਾ ਵੇਚਣ ਵਾਲੇ ਨਾ ਸਿਰਫ਼ ਕਾਨੂੰਨ ਦੇ ਦੋਸ਼ੀ ਹਨ, ਸਗੋਂ ਉਹ ਸਾਡੇ ਨੌਜਵਾਨਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਰਹੇ ਹਨ।ਪੁਲਸ ਵੱਲੋਂ ਨਸ਼ਾ ਮਾਫੀਆ ਦੇ ਖ਼ਿਲਾਫ਼ ਲਗਾਤਾਰ ਤਿੱਖੀ ਕਾਰਵਾਈ ਜਾਰੀ ਹੈ ਤੇ ਜੋ ਵੀ ਇਸ ਗੈਰਕਾਨੂੰਨੀ ਧੰਦੇ 'ਚ ਸ਼ਾਮਲ ਪਾਇਆ ਗਿਆ, ਉਸ ਉੱਤੇ ਕਾਨੂੰਨੀ ਤੌਰ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।ਸਬ ਇੰਸਪੈਕਟਰ ਸੁਖਦੇਵ ਸਿੰਘ ਸੰਧੂ ਨੇ ਨਸ਼ੇ ਦੇ ਆਦੀ ਨੌਜਵਾਨਾਂ ਨੂੰ ਖ਼ਾਸ ਅਪੀਲ ਕੀਤੀ ਕਿ ਉਹ ਘਬਰਾਉਣ ਦੀ ਬਜਾਏ ਅੱਗੇ ਆਉਣ ਤੇ ਆਪਣੀ ਜ਼ਿੰਦਗੀ ਨੂੰ ਬਚਾਉਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਥਾਂਵਾਂ 'ਤੇ ਨਸ਼ਾ ਛਡਾਊ ਕੇਂਦਰ ਬਣਾਏ ਗਏ ਹਨ, ਜਿੱਥੇ ਮੁਫ਼ਤ ਇਲਾਜ ਅਤੇ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਇਹ ਕੇਂਦਰ ਨੌਜਵਾਨਾਂ ਨੂੰ ਦੁਬਾਰਾ ਸਿਹਤਮੰਦ ਬਣਾਉਣ ਤੇ ਸਮਾਜ ਦੇ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਕੰਮ ਕਰ ਰਹੇ ਹਨ।ਸੰਧੂ ਨੇ ਕਿਹਾ ਕਿ ਜੇ ਕੋਈ ਨੌਜਵਾਨ ਨਸ਼ਾ ਛੱਡਣ ਲਈ ਇਨ੍ਹਾਂ ਕੇਂਦਰਾਂ ਵਿੱਚ ਦਾਖਲ ਹੋਣਾ ਚਾਹੁੰਦਾ ਹੈ ਤੇ ਉਸ ਨੂੰ ਕਿਸੇ ਤਰ੍ਹਾਂ ਦੀ ਸਹਾਇਤਾ ਦੀ ਲੋੜ ਹੈ, ਤਾਂ ਉਹ ਸਿੱਧਾ ਮੇਰੇ ਨਾਲ ਸੰਪਰਕ ਕਰ ਸਕਦਾ ਹੈ।

## ਜੰਡਵਾਲਾ ਦੇ 25 ਪਰਵਾਰ ਕਾਂਗਰਸ 'ਚ ਸ਼ਾਮਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਜੰਡ ਵਾਲਾ ਤੋਂ ਕਾਂਗਰਸ ਪਾਰਟੀ ਦੇ ਆਗੂ ਰੈਂਬੋ ਦੇ ਯਤਨਾਂ ਸਦਕਾ ਬੀਤੇ ਦਿਨ ਹਰਬੰਸ ਸਿੰਘ ਦੇ ਘਰ ਹੋਈ ਮੀਟਿੰਗ ਵਿੱਚ 25 ਪਰਵਾਰਾਂ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਕਾਂਗਰਸ ਪਾਰਟੀ ਫਿਰੋਜ਼ਪੁਰ ਦਿਹਾਤੀ ਦੇ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਇਸ ਮੌਕੇ ਸ਼ਾਮਲ ਪਰਵਾਰਾਂ ਵਿੱਚੋਂ ਗੁਰਵਿੰਦਰ ਸਿੰਘ, ਕੁਲਬੀਰ ਕੌਰ, ਨਵਜੀਤ ਕੌਰ, ਰਵਿੰਦਰ ਕੌਰ, ਦਵਿੰਦਰ ਕੌਰ, ਗਗਨਦੀਪ ਸਿੰਘ, ਲਖਵੀਰ ਕੌਰ, ਰਾਜਾ ਸਿੰਘ, ਕਮਲਜੀਤ ਕੌਰ, ਗੋਰਾ ਸਿੰਘ, ਕੁਲਜਿੰਦਰ ਸਿੰਘ, ਹਰਮਨ ਕੌਰ, ਗੁਰਲਾਲ ਸਿੰਘ, ਕਰਮਜੀਤ ਕੌਰ, ਬਲਵੀਰ ਸਿੰਘ ਮੈਂਬਰ, ਬਲਜੀਤ ਕੌਰ ਮੈਂਬਰ, ਵੀਰਪਾਲ ਸਿੰਘ ਸਾਬਕਾ ਮੈਂਬਰ, ਬੂਟਾ ਸਿੰਘ, ਜਸਵਿੰਦਰ ਕੌਰ, ਕਰਨੈਲ ਕੌਰ, ਮਨਜੀਤ ਕੌਰ, ਜਸਮੇਲ ਸਿੰਘ, ਮਨਜੀਤ ਕੌਰ ਦਾ ਕਾਂਗਰਸ ਪਾਰਟੀ ਵਿੱਚ ਸਵਾਗਤ ਕਰਦਿਆਂ ਆਸ਼ੂ ਬੰਗੜ ਨੇ ਕਿਹਾ ਕਿ ਸਰਕਾਰ ਆਉਣ 'ਤੇ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਦੀਸ਼ ਸਿੰਘ ਜੰਡ ਵਾਲਾ, ਸਰਬਜੀਤ ਸਿੰਘ ਗਿੱਲ, ਨਛੱਤਰ ਸਿੰਘ, ਕੁਲਵਿੰਦਰ ਸਿੰਘ, ਦਰਸ਼ਨ ਸਿੰਘ ਬਰਾੜ, ਬਲਵੀਰ ਸਿੰਘ ਮੈਂਬਰ, ਮੇਜਰ ਸਿੰਘ ਬਾਬੇ, ਕਰਨੈਲ ਸਿੰਘ ਗਰੇਵਾਲ, ਗੁਰਤੇਜ ਸਿੰਘ, ਗੁਰਸੇਵਕ ਸਿੰਘ, ਬਲਜੀਤ ਸਿੰਘ ਸਾਬਕਾ ਸਰਪੰਚ, ਪ੍ਰਿਤਪਾਲ ਸਿੰਘ, ਪਿਆਰਾ ਸਿੰਘ ਮਿਸਤਰੀ, ਮਲਕੀਤ ਸਿੰਘ ਸਾਬਕਾ ਮੈਂਬਰ, ਸੁਖਜਿੰਦਰ ਸਿੰਘ ਬਾਬੇ, ਪ੍ਰਕਾਸ਼ ਸਿੰਘ, ਜੋਧਾ ਸਿੰਘ ਇਨ੍ਹਾਂ ਤੋਂ ਇਲਾਵਾ ਪਾਰਟੀ ਆਗੂ ਚੇਅਰਮੈਨ ਜਗਸੀਰ ਸਿੰਘ ਖੋਸਾ, ਬਲਾਕ ਪ੍ਰਧਾਨ ਕੰਵਲਪ੍ਰੀਤ ਸਿੰਘ ਗਿੱਲ, ਸੀਨੀਅਰ ਆਗੂ ਰੂਪ ਲਾਲ ਵੱਤਾ, ਰਾਕੇਸ਼ ਕੁਮਾਰ ਐੱਮਸੀ, ਜੋਬਨ ਜੀਤ ਧਾਲੀਵਾਲ ਜ਼ਿਲ੍ਹਾ ਸੈਕਟਰੀ, ਅੰਗਰੇਜ਼ ਸਿੰਘ ਗਗਨ ਤੋਂ ਇਲਾਵਾ ਪੀ ਏ ਤਰਨ ਬੁੱਟਰ ਵੀ ਹਾਜ਼ਰ ਸਨ।

## ਰਾਜਿੰਦਰ ਪਾਲ ਨੇ ਡੀ ਆਈ ਜੀ ਰਾਣਾ ਨਾਲ ਕੀਤੀ ਮੁਲਾਕਾਤ



**ਦੋਰਾਹਾ (ਹਰਮਿੰਦਰ ਸੇਠ)**-ਬੀਤੇ ਦਿਨੀਂ ਰਾਜਿੰਦਰ ਪਾਲ ਆਨੰਦ ਸਾਬਕਾ ਡੀਐੱਸਪੀ, ਐਡਵੋਕੇਟ, ਸੂਬਾ ਪ੍ਰਧਾਨ ਪੰਜਾਬ ਪੁਲਸ ਫੈਮਿਲੀ ਵੈੱਲਫੇਅਰ ਐਸੋਸੀਏਸ਼ਨ ਪੰਜਾਬ, ਕੌਮੀ ਸੀਨੀਅਰ ਮੀਤ ਪ੍ਰਧਾਨ ਆਲ ਇੰਡੀਆ ਐਂਟੀ ਟੈਰੋਰਿਸਟ ਐਂਟੀ ਕ੍ਰਾਈਮ ਫਰੰਟ ਨੇ ਪੰਜਾਬ ਜੇਲ੍ਹ ਵਿਭਾਗ ਵਿੱਚ ਨਵੇਂ ਤਾਇਨਾਤ ਹੋਏ ਮਾਨਯੋਗ ਡੀ.ਆਈ.ਜੀ. ਸ੍ਰ. ਦਲਜੀਤ ਸਿੰਘ ਰਾਣਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਲੈਵਲ 'ਤੇ ਖੇਡਾਂ ਵਿੱਚ ਗੋਲਡ ਮੈਡਲ ਜਿੱਤਣ ਲਈ ਅਤੇ ਡੀ.ਆਈ.ਜੀ. ਪ੍ਰਮੋਟ ਹੋਣ ਦੀਆਂ ਫੁੱਲਾਂ ਦਾ ਬੁੱਕਾ ਦੇ ਕੇ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਐਡਵੋਕੇਟ ਆਨੰਦ ਨੇ ਪੰਜਾਬ ਪੁਲਸ ਫੈਮਿਲੀ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਹੋਣ ਦੇ ਨਾਤੇ ਡੀ.ਆਈ.ਜੀ. ਸ੍ਰ. ਦਲਜੀਤ ਸਿੰਘ ਰਾਣਾ ਨਾਲ ਪੰਜਾਬ ਪੁਲਸ ਦੇ ਮੁਲਾਜ਼ਮਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਅਹਿਮ ਵਿਚਾਰ ਚਰਚਾ ਕੀਤੀ।

## ਬੀ ਕੇ ਯੂ ਏਕਤਾ ਡਕੌਂਦਾ ਵੱਲੋਂ ਸਮਰਾਲਾ ਰੈਲੀ ਦੀਆਂ ਤਿਆਰੀਆਂ ਮੁਕੰਮਲ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬਲਾਕ ਬੁਢਲਾਡਾ ਦੇ ਪਿੰਡ ਗੁਰਨੇ ਕਲਾਂ, ਬੋੜਾਵਾਲ, ਗੁਰਨੇ ਖੁਰਦ, ਹਸਨਪੁਰ, ਅਹਿਮਦਪੁਰ ਆਦਿ 'ਚ ਭਰਵੀਆਂ ਮੀਟਿੰਗਾਂ 24 ਅਗਸਤ ਸਮਰਾਲਾ ਰੈਲੀ ਦੀ ਤਿਆਰੀ ਸਬੰਧੀ ਕਰਵਾਈਆਂ ਗਈਆਂ। ਪਿੰਡਾਂ ਵਿੱਚ ਲੋਕਾਂ ਨੂੰ ਲਾਮਬੰਦ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਬਿਨਾਂ ਰੁਪੈ ਦਿੱਤੇ ਇੱਕ ਏਕੜ ਰਕਬੇ ਮਗਰ ਸਿਰਫ 1200 ਗਜ ਦਾ ਪਲਾਟ ਦੇਣ ਦਾ ਵਾਅਦਾ ਸੀ ਤੇ ਉਸ ਰਕਬੇ ਨੂੰ ਵਿਕਸਤ ਕਰਨ ਲਈ ਸਬੰਧਤ ਕਿਸਾਨ ਕੋਲੋਂ ਵਿਕਸਤ ਕਰਨ ਦੇ ਨਾਮ ਉੱਤੇ ਪੈਣ ਵਾਲੇ ਖਰਚੇ ਵੱਖ ਵਸੂਲਣੇ ਸੀ, ਜਿਸ ਕਾਰਨ ਕਿਸਾਨਾਂ ਕੋਲੋਂ ਜ਼ਮੀਨ ਵੀ ਫ੍ਰੀ ਧੱਕੇ ਨਾਲ ਲੁੱਟਣੀ ਸੀ, ਜੋ ਲਗਭਗ ਕਰੀਬ 65000 ਏਕੜ ਸੀ। ਬੇਸ਼ੱਕ ਇਨ੍ਹਾਂ ਪਿੰਡਾਂ ਦੀ ਜ਼ਮੀਨ ਖੋਹਣ ਵਾਲਾ ਨੋਟੀਫਿਕੇਸ਼ਨ ਤਾਂ ਰੱਦ ਕਰ ਦਿੱਤਾ ਹੈ, ਪ੍ਰੰਤੂ ਲੈਂਡ ਪੂਲਿੰਗ ਨੀਤੀ ਰੱਦ ਨਹੀਂ ਕੀਤੀ। ਨਹਿਰੀ ਪਾਣੀਆਂ ਸਬੰਧੀ ਪੰਜਾਬ ਸਰਕਾਰ ਨੂੰ ਡੈਮ ਸੇਫਟੀ ਐਕਟ ਧਾਰਾ 78-79-80 ਨੂੰ ਵਿਧਾਨ ਸਭਾ ਵਿੱਚ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ ਤੇ ਨਾਲ ਹੀ ਪੰਜਾਬ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਮੰਗ ਦੇ ਨਾਲ ਨਾਲ ਹਰ ਘਰ ਤੱਕ ਸ਼ੁੱਧ ਪੀਣ ਵਾਲਾ ਪਾਣੀ ਪਹੁੰਚਾਇਆ ਜਾਵੇ। ਇਨ੍ਹਾਂ ਤਿਆਰੀ ਮੀਟਿੰਗਾਂ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਖਜ਼ਾਨਚੀ ਦੇਵੀ ਰਾਮ ਰੰਘੜਿਆਲ, ਮਾਸਟਰ ਮੇਲਾ ਸਿੰਘ ਦਿਆਲਪੁਰਾ, ਤੇਜਰਾਮ ਤੇ ਨਛੱਤਰ ਸਿੰਘ ਅਹਿਮਦਪੁਰ, ਤਰਸੇਮ ਸਿੰਘ ਚੱਕ ਅਲੀਸ਼ੇਰ, ਦਲਵਾਰਾ ਸਿੰਘ ਕਿਸ਼ਨਗੜ੍ਹ, ਲਾਭ ਸਿੰਘ, ਗੁਰਦਰਸ਼ਨ ਸਿੰਘ, ਰਣਜੀਤ ਸਿੰਘ, ਗਮਦੂਰ ਸਿੰਘ ਗੁਰਨੇ ਕਲਾਂ ਆਦਿ ਹਾਜ਼ਰ ਸਨ।

# ਹੜ੍ਹ ਮਾਰੇ ਕਿਸਾਨਾਂ ਨੂੰ ਫ਼ਸਲ ਦਾ ਇੱਕ ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ : ਗਿੱਲ, ਮਾੜੀਮੇਘਾ

ਤੂਤ/ਪੱਟੀ, (ਰਣਜੀਤ ਸਿੰਘ ਵਲਟੋਹਾ)-ਕੁੱਲ ਹਿੰਦ ਕਿਸਾਨ ਸਭਾ ਵੱਲੋਂ ਹਥਾੜ ਦੇ ਹੜ੍ਹ ਪੀੜਤ ਕਿਸਾਨਾਂ ਦੀ ਮੀਟਿੰਗ ਪਿੰਡ ਤੂਤ ਵਿਖੇ ਮਾਸਟਰ ਨਰਿੰਦਰਪਾਲ ਸਿੰਘ, ਬਾਬਾ ਹੀਰਾ ਸਿੰਘ ਤਲਵੰਡੀ ਤੇ ਸਰਪੰਚ ਮੋਹਨ ਸਿੰਘ ਮੁਠਿਆਂਵਾਲਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਤੇ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਦਰਿਆ ਵਿੱਚ ਜ਼ਿਆਦਾ ਪਾਣੀ ਆਉਣ ਨਾਲ ਪਿੰਡ ਮੁੱਠਿਆਂ ਵਾਲਾ, ਰਾਮ ਸਿੰਘ ਵਾਲਾ, ਰਾਧਲਕੇ, ਰਸੂਲਪੁਰ, ਤੂਤ, ਝੁੱਗੀਆਂ ਪੀਰ ਬਖਸ਼, ਭਉਵਾਲ, ਭੋਜਕੇ, ਜੱਲੋਕੇ, ਕੋਟਬੁੱਢਾ, ਸੀਤੋ, ਡੂਮਣੀ ਵਾਲਾ, ਸਭਰਾ, ਕੁੱਤੀਵਾਲਾ,



ਘੜੁੰਮ ਪਿੰਡਾਂ ਦੇ ਕਿਸਾਨਾਂ ਦੀ ਹਜ਼ਾਰਾਂ ਏਕੜ ਫ਼ਸਲ ਮਾਰੀ ਗਈ ਹੈ।ਹਰ ਦੂਜੇ ਤੀਜੇ ਸਾਲ ਇਹ ਕਿਸਾਨ ਤਬਾਹ ਹੁੰਦੇ ਹਨ ਪਰ ਹੜ੍ਹ ਰੋਕਣ ਲਈ ਜੋ ਯੋਗ ਪੱਕਾ ਪ੍ਰਬੰਧ ਹੋ ਸਕਦਾ ਹੈ, ਕੋਈ ਸਰਕਾਰ ਨਹੀਂ ਕਰਦੀ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਖ਼ਰਾਬਾ ਗਿਰਦਾਵਰੀ ਕਰੇ ਅਤੇ ਮਾਰੀ ਗਈ ਫ਼ਸਲ ਦਾ ਇੱਕ ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ।ਪਾਣੀ ਲੱਥਣ ਤੋਂ ਬਾਅਦ ਫਿਰ ਮੌਕਾ ਵੇਖਿਆ ਜਾਵੇ ਅਤੇ ਜਿਹੜੀ ਜ਼ਮੀਨ ਵਾਹੀਯੋਗ ਨਾ ਰਹੇ ਉਸਨੂੰ ਪੱਧਰੀ ਕਰਨ ਦਾ ਸਰਕਾਰ ਖਰਚਾ ਦੇਵੇ।ਉਨ੍ਹਾਂ ਕਿਹਾ ਕਿ ਅੱਜ ਉਚ ਤਕਨੀਕ ਦੇ ਜ਼ਮਾਨੇ ਵਿੱਚ ਦਰਿਆ ਨੂੰ ਵੱਡੀ ਨਹਿਰ ਦਾ ਰੂਪ ਦਿੱਤਾ ਜਾ ਸਕਦਾ ਹੈ।ਬਸ਼ਰਤੇ ਕਿ ਜਿਨ੍ਹਾਂ ਕਿਸਾਨਾਂ ਦੀ ਜ਼ਮੀਨ ਦਰਿਆ ਦੇ ਵਹਿਣ ਵਿੱਚ ਆਵੇ ਉਨ੍ਹਾਂ ਨੂੰ ਬਦਲੇ ਵਿੱਚ ਹੋਰ ਜ਼ਮੀਨ ਦੇਣ ਦਾ ਪ੍ਰਬੰਧ ਕੀਤਾ ਜਾਵੇ।ਉੱਚੇ ਤੇ ਪੱਕੇ ਬੰਨ੍ਹ ਲਾ ਕੇ ਵਾਟਰ ਬੈਂਕ ਝੀਲਾਂ ਵੀ ਬਣਾਈਆਂ ਜਾ ਸਕਦੀਆਂ ਹਨ।ਇਸ ਕਰਕੇ ਇਸ ਕੁਦਰਤੀ ਮਾਰ ਨੂੰ ਲਾਭਪਾਤਰੀ ਵੀ ਬਣਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਇੱਥੇ ਵੱਸਦੇ ਲੋਕਾਂ ਨੂੰ ਲਾਰੇ ਹੀ ਲਾਉਂਦੀਆਂ ਹਨ ਕਦੇ ਵੀ ਸਮੱਸਿਆ ਦਾ ਸਥਾਈ ਹੱਲ ਕੱਢਣ ਵੱਲ ਧਿਆਨ ਨਹੀਂ ਦਿੱਤਾ ਜਾਂਦਾ।ਇਸ ਮੌਕੇ ਮੀਤ ਪ੍ਰਧਾਨ ਰਣਜੀਤ ਸਿੰਘ ਬਹਾਦਰ ਨਗਰ ਤੇ ਗੁਰਦਿਆਲ ਸਿੰਘ ਵਰਨਾਲਾ ਨੇ ਕਿਹਾ ਕਿ ਸਰਕਾਰੀ ਚੌਧਰੀ ਵੋਟਾਂ ਵੇਲੇ ਤਾਂ ਇਨ੍ਹਾਂ ਲੋਕਾਂ ਦੇ ਪੈਰੀਂ ਪੈਂਦੇ ਹਨ ਪਰ ਹੁਣ ਰੱਬ ਆਸਰੇ ਛੱਡ ਰਹੇ ਹਨ।

ਉਨ੍ਹਾਂ ਕਿਹਾ ਕਿ ਕੁੱਲ ਹਿੰਦ ਕਿਸਾਨ ਸਭਾ ਹਮੇਸ਼ਾ ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਖਲੋਂਦੀ ਹੈ ਤੇ ਹੁਣ ਵੀ ਡਟੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੋਪੀ ਰਾਮ ਸਿੰਘ ਵਾਲਾ, ਤਰਸੇਮ ਸਿੰਘ ਰਸੂਲਪੁਰ, ਸਰਵਣ ਸਿੰਘ ਭੰਗਾਲਾ, ਸੁਖਵਿੰਦਰ ਸਿੰਘ ਝੁੱਗੀਆਂ, ਗੁਰਨਾਮ ਸਿੰਘ ਤੂਤ, ਗੁਰਪ੍ਰੀਤ ਸਿੰਘ ਤੂਤ, ਦਾਰਾ ਸਿੰਘ ਮੁੱਠਿਆਂ ਵਾਲਾ ਨੇ ਵੀ ਸੰਬੋਧਨ ਕੀਤਾ।

# ਸਰਕਾਰ ਵੱਲੋਂ ਝੋਨੇ ਦੀ ਫ਼ਸਲ ਲਈ ਨਮੀ ਦੀ ਮਾਤਰਾ 17 ਫ਼ੀਸਦੀ ਨਿਰਧਾਰਤ

ਗੁਰਦਾਸਪੁਰ (ਜਨਕ ਮਹਾਜਨ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਇਸ ਵਾਰ ਝੋਨੇ ਦੀ ਕਟਾਈ ਝੋਨਾ ਪੂਰੀ ਤਰ੍ਹਾਂ ਪੱਕਣ 'ਤੇ ਹੀ ਕੀਤੀ ਜਾਵੇ ਅਤੇ ਸੀਜ਼ਨ ਦੌਰਾਨ ਸੁਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਖ਼ਰੀਦ



ਵੇਲੇ ਝੋਨੇ ਵਿੱਚ ਨਮੀਂ ਦੀ ਹੱਦ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਦੇ ਝੋਨੇ ਦੀ ਫ਼ਸਲ ਵਿੱਚ 17 ਫ਼ੀਸਦੀ ਤੋਂ ਵੱਧ ਦੀ ਨਮੀ ਪਾਈ ਜਾਂਦੀ ਹੈ ਤਾਂ ਉਸ ਜਿਨਸ ਦੀ ਖ਼ਰੀਦ ਨਹੀਂ ਹੋ ਹੁੰਦੀ, ਜਿਸ ਕਾਰਨ ਕਿਸਾਨ ਨੂੰ ਮੰਡੀ ਵਿੱਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਝੋਨੇ ਦੀ ਫ਼ਸਲ ਪੂਰੀ ਤਰ੍ਹਾਂ ਪੱਕਣ 'ਤੇ ਹੀ ਵਢਾਈ ਜਾਵੇ ਤਾਂ ਉਸ ਵਿੱਚ ਨਮੀ ਦੀ ਮਾਤਰਾ ਸਹੀ ਹੁੰਦੀ ਹੈ। ਕੇਂਦਰ ਸਰਕਾਰ ਵੱਲੋਂ ਇਸ ਸਾਲ ਝੋਨੇ ਦੀ ਫ਼ਸਲ ਦਾ ਮੁੱਲ 2389 ਰੁਪਏ ਪ੍ਰਤੀ ਕੁਵਿੰਟਲ ਨਿਰਧਾਰਿਤ ਕੀਤਾ ਗਿਆ ਹੈ ਅਤੇ ਜੇਕਰ ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣਗੇ ਤਾਂ ਉਨ੍ਹਾਂ ਨੂੰ ਆਪਣੀ ਜਿਨਸ ਦਾ ਪੂਰਾ ਮੁੱਲ ਮਿਲੇਗਾ। ਉਨ੍ਹਾਂ ਕੰਬਾਈਨ ਓਪਰੇਟਰਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਝੋਨੇ ਦੇ ਸੀਜ਼ਨ ਦੌਰਾਨ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਝੋਨੇ ਦੀ ਕਟਾਈ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਕੇਵਲ ਦਿਨ ਵੇਲੇ ਹੀ ਆਪਣੀ ਝੋਨੇ ਦੀ ਪੱਕੀ ਹੋਈ ਫ਼ਸਲ ਦੀ ਕਟਾਈ ਕਰਵਾਉਣ।

# ਪਾਰਟੀ ਕਾਂਗਰਸ ਸੰਬੰਧੀ ਚੇਤਨਪੁਰਾ ਤੇ ਭਕਨਾ ਤੋਂ ਜਥਾ ਮਾਰਚ ਆਰੰਭ ਹੋਣਗੇ : ਨਿਜ਼ਾਮਪੁਰ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ਦਿਹਾਤੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਸਾਥੀ ਬਰਜਿੰਦਰ ਸਿੰਘ ਜੋਸਨ ਜੰਡਿਆਲਾ ਗੁਰੂ ਦੀ ਪ੍ਰਧਾਨਗੀ ਹੇਠ ਬਟਾਲਾ ਰੋਡ ਦਫਤਰ ਅੰਮ੍ਰਿਤਸਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ ਨੇ ਪਿਛਲੇ ਸਮੇਂ ਅੰਦਰ ਪਾਰਟੀ ਅਤੇ ਵੱਖ-ਵੱਖ ਅਵਾਮੀ ਜਥੇਬੰਦੀਆਂ ਵੱਲੋਂ ਕੀਤੇ ਗਏ ਕੰਮਾਂ ਬਾਰੇ ਰਿਪੋਰਟ ਪੇਸ਼ ਕੀਤੀ ਜਿਸ ਵਿੱਚ ਲੈਂਡ ਪੂਲਿੰਗ ਦੇ ਸਵਾਲ ਤੇ ਲੜੇ ਗਏ ਜੇਤੂ ਅੰਦੋਲਨ, ਖੇਤ ਮਜ਼ਦੂਰ ਅਤੇ ਨਰੇਗਾ ਯੂਨੀਅਨ ਅਤੇ ਏਟਕ ਵੱਲੋਂ ਕੀਤੇ ਗਏ ਅੰਦੋਲਨਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਕਾਂਗਰਸ ਜੋ ਚੰਡੀਗੜ੍ਹ ਵਿਖੇ 21 ਤੋਂ 25 ਸਤੰਬਰ ਤੱਕ ਹੋਣੀ ਹੈ, ਦੀ ਕਾਮਯਾਬੀ ਵਾਸਤੇ ਪਾਰਟੀ ਵੱਲੋਂ ਤੈਅ ਕੀਤੇ ਪ੍ਰੋਗਰਾਮਾਂ ਨੂੰ ਕਾਮਯਾਬ ਕਰਨ ਅਤੇ ਰਹਿੰਦੇ ਫੰਡ ਦੇ ਕੋਟੇ ਨੂੰ ਛੇਤੀ ਤੋਂ ਛੇਤੀ ਪੂਰਾ ਕਰਨ ਕਰਨ ਲਈ ਯੋਗ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਵੀ ਫੈਸਲਾ ਕੀਤਾ ਗਿਆ ਹੈ ਕਿ 21 ਅਗਸਤ ਤੋਂ ਬਾਬਾ ਸੋਹਣ ਭਕਨਾ ਦੀ ਯਾਦਗਾਰ ਤੋਂ ਸ਼ੁਰੂ ਕੀਤੇ ਜਾਣ ਵਾਲੇ ਜਥਾ ਮਾਰਚ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਦੀ ਰੂਪ ਰੇਖਾ ਅਗਲੀ ਗਈ ਹੈ। ਬਾਬਾ ਸੋਹਣ ਸਿੰਘ ਭਕਨ ਦੀ ਯਾਦਗਾਰ ਤੋਂ ਸ਼ੁਰੂ ਕੀਤੇ ਜਾਣ ਵਾਲੇ ਜਥਾ ਮਾਰਚ ਤੋਂ ਇਲਾਵਾ ਅੰਮ੍ਰਿਤਸਰ ਦਿਹਾਤੀ ਵੱਲੋਂ ਇੱਕ ਜਥਾ 23 ਅਗਸਤ ਨੂੰ ਉਘੇ ਦੇਸ ਭਗਤ ਅਤੇ ਕਮਿਊਨਿਸਟ ਲਹਿਰ ਦੇ ਬਾਨੀ ਕਾਮਰੇਡ ਸੋਹਣ ਸਿੰਘ ਜੋਸ਼ ਦੀ ਯਾਦਗਾਰ ਪਿੰਡ ਚੇਤਨਪੁਰਾ ਤੋਂ ਸ਼ੁਰੂ ਕਰਨ ਦਾ ਵੀ ਫੈਸਲਾ ਕੀਤਾ ਗਿਆ ਹੈ। ਇਨ੍ਹਾਂ ਜਥਾ ਮਾਰਚਾਂ ਦੀ ਕਾਮਯਾਬੀ ਵਾਸਤੇ ਵੱਖ-ਵੱਖ ਬਲਾਕਾਂ ਦੇ ਪਾਰਟੀ



ਸਾਥੀਆਂ ਦੀਆਂ ਡਿਊਟੀਆਂ ਲਾਈਆਂ ਜਾ ਚੁੱਕੀਆਂ ਹਨ। ਇਨ੍ਹਾਂ ਜਥਾ ਮਾਰਚਾਂ ਸਮੇਂ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਵਿੱਚ ਪਾਰਟੀ ਕਾਂਗਰਸ ਦੇ ਮਹੱਤਵ ਅਤੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ। ਮੀਟਿੰਗ ਨੂੰ ਕਾ: ਬਲਵਿੰਦਰ ਸਿੰਘ ਦੁਧਾਲਾ, ਗੁਰਦੀਪ ਸਿੰਘ ਗੁਰੂਵਾਲੀ, ਨਰਿੰਦਰ ਬੱਲ, ਗੁਰਮੁਖ ਸਿੰਘ ਸ਼ੇਰਗਿੱਲ ਅਤੇ ਮੰਗਲ ਸਿੰਘ ਖਜਾਲਾ ਨੇ ਵੀ ਸੰਬੋਧਨ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਨਵਾਂ ਪਿੰਡ, ਕਸ਼ਮੀਰ ਸਿੰਘ ਗੁਰੂਵਾਲੀ, ਮੁਖਤਾਰ ਸਿੰਘ ਖਾਲਸਾ ਨਗਰ, ਬਲਵਿੰਦਰ ਸਿੰਘ ਵਰਪਾਲ, ਲਖਵਿੰਦਰ ਸਿੰਘ ਗੋਪਾਲਪੁਰ, ਭੈਣਜੀ ਕੁਲਵੰਤ ਕੌਰ, ਭੈਣਜੀ ਸਰਨਜੀਤ ਕੌਰ, ਪ੍ਰਕਾਸ਼ ਸਿੰਘ ਕੈਰੋਨੰਗਲ ਅਤੇ ਮਾਸਟਰ ਮੰਗਲ ਸਿੰਘ ਵੀ ਸ਼ਾਮਿਲ ਸਨ।

# ਅੱਜ ਤੋਂ 22 ਅਗਸਤ ਤੱਕ ਪੁਰਾਣੇ ਬੱਸ ਸਟੈਂਡ ਗੁਰਦਾਸਪੁਰ ਵਿਖੇ ਮੁੜ ਲੱਗੇਗਾ ਉਮੀਦ ਬਾਜ਼ਾਰ

ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਇਕ ਨਿਵੇਕਲੀ ਪਹਿਲ ਕਰਦਿਆਂ ਜ਼ਿਲ੍ਹੇ ਵਿਚਲੇ ਪੇਂਡੂ ਤੇ ਸ਼ਹਿਰੀ ਖੇਤਰ ਦੇ ਸਵੈ ਸਹਾਇਤਾ ਸਮੂਹਾਂ ਨਾਲ ਜੁੜ ਕੇ ਕੰਮ ਕਰ ਰਹੀਆਂ ਔਰਤਾਂ ਨੂੰ ਆਪਣਾ ਸਮਾਨ ਵੇਚਣ ਲਈ ਪਲੇਟਫਾਰਮ ਮੁਹੱਈਆ ਕਰਵਾਉਣ ਦੇ ਮਕਸਦ ਤਹਿਤ ਇੱਕ ਵਾਰ ਫਿਰ ਮਿਤੀ 20, 21 ਅਤੇ 22 ਅਗਸਤ (ਦਿਨ ਬੁੱਧਵਾਰ, ਵੀਰਵਾਰ ਤੇ ਸ਼ੁੱਕਰਵਾਰ) ਨੂੰ ਪੁਰਾਣੇ ਬੱਸ ਅੱਡੇ ਗੁਰਦਾਸਪੁਰ ਵਿਖੇ 'ਉਮੀਦ ਬਾਜ਼ਾਰ' ਲਗਾਇਆ ਜਾ ਰਿਹਾ ਹੈ।

ਇਸ ਬਾਜ਼ਾਰ ਵਿੱਚ ਜਿੱਥੇ ਸਵੈ ਸਹਾਇਤਾ ਨਾਲ ਜੁੜੀਆਂ ਔਰਤਾਂ ਆਪਣੇ ਉਤਪਾਦ ਵਾਜਬ ਰੇਟਾਂ ਉਪਰ ਵੇਚਣਗੀਆਂ ਓਥੇ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨ ਵੀ ਵਿਸ਼ੇਸ਼ ਸਟਾਲ ਲਗਾ ਕੇ ਆਪਣੇ ਖੇਤੀ ਉਤਪਾਦ ਵੇਚਣਗੇ। ਲਗਾਏ ਜਾਣ ਵਾਲੇ ਸਟਾਲਾਂ ਵਿੱਚ ਖਾਣ-ਪੀਣ ਦੇ ਸਾਮਾਨ ਤੋਂ ਇਲਾਵਾ ਡੈਕੋਰੇਸ਼ਨ ਦਾ ਸਾਮਾਨ, ਸੂਟ ਤੇ ਫੁੱਲਕਾਰੀਆਂ, ਔਰਤਾਂ ਲਈ ਸ਼ਿੰਗਾਰ ਦਾ ਸਾਮਾਨ, ਅਚਾਰ, ਮੁਰੱਬੇ, ਦੇਸੀ ਹਲਦੀ, ਸ਼ਹਿਦ, ਬੱਚਿਆਂ ਦੇ ਖਿਡੌਣੇ ਅਤੇ ਹੋਰ ਰੋਜ਼ਾਨਾ ਦੀ ਜ਼ਰੂਰਤ ਦਾ ਸਾਮਾਨ ਵੇਚਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਉਮੀਦ ਬਾਜ਼ਾਰ ਦਾ ਸਮਾਂ ਸਵੇਰੇ 10:00 ਵਜੇ ਤੋਂ ਸ਼ਾਮ 6:00 ਵਜੇ ਤੱਕ ਹੋਵੇਗਾ।

# ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਨੇ ਮਨਾਇਆ ਤੀਆਂ ਦਾ ਮੇਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸ੍ਰੀ ਗੁਰੂ ਗੋਬਿੰਦ ਪਬਲਿਕ ਸਕੂਲ ਚੇਤਨਪੁਰਾ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ।ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ ਨਾਲ ਸਭਿਆਚਾਰਕ ਸਰਗਰਮੀਆਂ ਦਾ ਹਿੱਸਾ ਬਣਾਉਣ ਦਾ ਸਾਉਣ ਮਹੀਨੇ ਵਿੱਚ ਮਨਾਇਆ ਜਾਂਦਾ ਇਹ ਤਿਉਹਾਰ ਆਪਣੇ ਆਪ ਵਿੱਚ ਇੱਕ ਵਿਰਾਸਤ ਸਾਂਭੀ ਬੈਠਾ ਹੈ।ਨਰਸਰੀ ਜਮਾਤ ਤੋਂ ਦਸਵੀਂ ਜਮਾਤ ਤੱਕ ਦੇ ਬੱਚਿਆਂ ਵੱਲੋਂ ਇਸ ਸਮੇਂ ਦੇਸ਼ ਭਗਤੀ ਦੇ ਗੀਤ, ਤੀਆਂ ਨਾਲ ਸਬੰਧਤ ਨਾਟਕ ਅਤੇ ਗੀਤ ਤੋਂ ਇਲਾਵਾ ਭੰਗੜਾ ਗਿੱਧਾ ਵੀ ਪੇਸ਼ ਕੀਤਾ ਜਿਸ ਦਾ ਆਏ ਦਰਸ਼ਕਾਂ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਵੱਲੋਂ ਭਾਰੀ ਮੀਂਹ ਦੇ ਬਾਵਜੂਦ ਭਰਵੀਂ ਸ਼ਮੂਲੀਅਤ ਕਰਕੇ ਭਰਪੂਰ ਆਨੰਦ ਮਾਣਿਆ।ਬਲਦੇਵ ਸਿੰਘ ਬੱਬੂ ਚੇਤਨਪੁਰਾ ਚੇਅਰਮੈਨ ਮਾਰਕਿਟ ਕਮੇਟੀ ਅਜਨਾਲਾ, ਸਮਾਜ ਸੇਵਕ ਸਰਬਜੀਤ ਸਿੰਘ ਹੇਰੀ (ਅੰਮ੍ਰਿਤਸਰ) ਲਾਡੀ ਦਾਦੂਪੁਰਾ ਅਤੇ ਹੋਰ ਮਹਿਮਾਨਾਂ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਉਂਦਿਆਂ ਆਪਣੇ ਵਡਮੁੱਲੇ ਵਿਚਾਰ ਪੇਸ਼ ਕਰਦਿਆਂ, ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਧਾਰਮਿਕ ਪ੍ਰੀਖਿਆ ਵਿੱਚ ਇਨਾਮ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫ਼ਿਕੇਟ ਤਕਸੀਮ ਕੀਤੇ। ਸਕੂਲ ਦੀ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਗਿੱਲ ਇਸ ਸਮੇਂ ਸੰਬੋਧਨ ਕਰਦਿਆਂ ਕਿਹਾ ਕਿ ਇਹ ਤੀਆਂ (ਧੀਆਂ) ਦਾ ਮੇਲਾ ਹੈ। ਤੀਆਂ ਦਾ ਤਿਹਾਰ ਪੰਜਾਬ ਵਿੱਚ ਹਰ ਸਾਲ ਬੜੇ ਜੋਸ਼ੋ ਖਰੋਸ਼ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਇਨ੍ਹਾਂ ਮੇਲਿਆਂ ਨਾਲ ਧੀਆਂ ਨੂੰ ਬਹੁਤ ਮਾਣ ਸਤਿਕਾਰ ਮਿਲਦਾ ਹੈ ਤੇ ਉਨ੍ਹਾਂ ਦਾ ਹੌਸਲਾ ਵੀ ਵਧਦਾ ਹੈ।ਉਨ੍ਹਾਂ ਕਿਹਾ ਕਿ ਸਾਡੀਆਂ ਸਿੱਖਿਆ ਸੰਸਥਾਵਾਂ ਵੱਲੋਂ ਵੀ ਇਸੇ ਮਕਸਦ ਨਾਲ ਮੇਲਾ ਮਨਾਇਆ ਜਾਂਦਾ ਹੈ ਜਿਸ ਦੀ ਤਰਜ਼ ਤੇ ਸਾਡੀ ਸੰਸਥਾ ਵੱਲੋਂ ਵੀ ਹਰ ਸਾਲ ਦੀ ਤਰ੍ਹਾਂ ਅੱਜ ਇਹ ਮੇਲਾ ਕਰਵਾਇਆ ਗਿਆ ਤਾਂ ਜੋ ਸਾਡੀਆਂ ਛੋਟੀਆਂ



ਬੱਚੀਆਂ ਧੀਆਂ ਸਵੈਮਾਣ ਨਾਲ ਜਿਉਣ।ਇਸ ਮੌਕੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਧੰਨਵਾਦ ਕਰਦਿਆਂ ,ਮਹਿਮਾਨਾਂ ਨੂੰ ਸਾਉਣ ਮਹੀਨੇ ਦੀ ਪਰੰਪਰਾ ਅਨੁਸਾਰ ਖੀਰ ਅਤੇ ਪੂੜਿਆਂ ਦਾ ਲੰਗਰ ਵੀ ਛਕਾਇਆ ਗਿਆ। ਇਸ ਮੌਕੇ ਸਕੂਲ ਸਟਾਫ਼, ਮੈਡਮ ਨਗੀਤਾ ਕੌਰ, ਮੈਡਮ ਸ਼ਭਕਿਰਨ ਕੌਰ, ਮਨਪ੍ਰੀਤ ਕੌਰ, ਅਧਿਆਪਕ ਹਰਦੀਪ ਸਿੰਘ, ਮਨਪ੍ਰੀਤ ਸਿੰਘ ਕੰਦੋਵਾਲੀ, ਸ਼ਰਨਜੀਤ ਕੌਰ, ਹਰਮਿੰਦਰ ਕੌਰ ਆਦਿ ਵੀ ਹਾਜ਼ਰ ਸਨ ਜਿਨ੍ਹਾਂ ਦੀ ਮਿਹਨਤ ਨਾਲ ਇਹ ਮੇਲਾ ਯਾਦਗਾਰੀ ਹੋ ਨਿਬੜਿਆ।

# ਸੁਤੰਤਰਤਾ ਦਿਵਸ ਨੂੰ ਸਮਰਪਿਤ ਸੇਵਾ ਮੁਕਤ ਸੈਨਿਕ ਸਨਮਾਨ ਸਮਾਰੋਹ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਥਾਨਕ ਹਿੰਦੂ ਕੰਨਿਆ ਮਹਾਵਿਦਿਆਲਿਆ, ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ .ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਐੱਨਐੱਸਐੱਸ ਵਿਭਾਗ ਦੇ ਸਹਿਯੋਗ ਨਾਲ ਕਾਲਜ ਵਿੱਚ ਸੁਤੰਤਰਤਾ ਦਿਵਸ ਨੂੰ ਸਮਰਪਿਤ ਸੇਵਾ ਮੁਕਤ ਸੈਨਿਕ ਸਨਮਾਨ ਸਮਾਰੋਹ ਦੇ ਅੰਤਰਗਤ ਅਖੰਡ ਭਾਰਤ ਦਿਵਸ ਮਨਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਰਿਟਾ. ਮੇਜਰ ਜਨਰਲ ਸੁਰੇਸ਼ ਖਜੂਰੀਆ ਏਵੀਐੱਸਐੱਮ, ਵੀਐੱਸਐੱਮ, ਪ੍ਰਧਾਨ ਵਿੱਦਿਆ ਭਾਰਤੀ, ਪੰਜਾਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਮੁੱਖ ਬੁਲਾਰੇ ਦੀ ਭੂਮਿਕਾ ਦੇਸਰਾਜ ਤਲਵਾੜਾ ਅਖਿਲ ਭਾਰਤੀ ਮਹਾਂਮੰਤਰੀ ਵਿਦਿਆ ਭਾਰਤੀ ਨੇ ਨਿਭਾਈ। ਇਹ ਦਿਵਸ ਅਖੰਡ ਭਾਰਤ ਦਿਵਸ ਵਜੋਂ ਮਨਾਇਆ ਗਿਆ। ਇਸ ਸਮਾਰੋਹ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਸੇਵਾ ਮੁਕਤ ਸੈਨਿਕਾਂ ਨੂੰ ਵਿਸ਼ੇਸ਼ ਤੌਰ 'ਤੇ ਬੁਲਾਇਆ ਗਿਆ। ਇਸ ਸਮਾਰੋਹ ਦੇ ਆਰੰਭ ਵਿੱਚ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਸੈਮੀਨਾਰ ਦੇ ਮੁੱਖ ਬੁਲਾਰੇ ਦੇਸਰਾਜ ਤਲਵਾੜਾ ਨੇ ਅਖੰਡ ਭਾਰਤ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ ਜਿਸ ਵਿੱਚ ਉਨ੍ਹਾਂ ਨੇ ਪੁਰਾਣੇ ਭਾਰਤ ਦੇ ਇਤਿਹਾਸ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਦੇ ਨਾਲ ਹੀ ਮੁੱਖ ਮਹਿਮਾਨ ਰਿਟਾ. ਮੇਜਰ ਜਨਰਲ ਸੁਰੇਸ਼ ਖਜੂਰੀਆ ਨੇ ਕਾਲਜ ਵੱਲੋਂ ਇਲਾਕੇ ਦੇ ਸਾਬਕਾ ਸੈਨਿਕਾਂ ਦਾ ਸਨਮਾਨ ਕਰਨ ਤੇ ਬਹੁਤ ਖੁਸ਼ੀ ਪ੍ਰਗਟ ਕੀਤੀ ਅਤੇ ਕਾਲਜ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਦਾ ਅਜਿਹੇ ਪ੍ਰੋਗਰਾਮ



ਆਯੋਜਿਤ ਕਰਨ ਲਈ ਧੰਨਵਾਦ ਅਤੇ ਹੌਸਲਾ ਅਫਜ਼ਾਈ ਕੀਤੀ ਦੇਸ਼ ਭਗਤੀ ਦੇ ਗੀਤਾਂ ਅਤੇ ਭੰਗੜੇ ਤੋਂ ਬਾਅਦ ਪ੍ਰੋਗਰਾਮ ਵਿੱਚ ਮੌਜੂਦ ਸਾਰੇ ਸਾਬਕਾ ਸੈਨਿਕਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਾਨੂੰ ਆਪਣੇ ਯੂਥ ਦੀ ਯੋਗ ਅਗਵਾਈ ਕਰਨੀ ਚਾਹੀਦੀ ਹੈ ਕਿਉਂਕਿ ਇਨ੍ਹਾਂ ਨੇ ਹੀ ਦੇਸ਼ ਨੂੰ ਅੱਗੇ ਲੈ ਕੇ ਜਾਣਾ ਹੈ। ਇਸ ਦੇ ਨਾਲ ਹੀ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਸਮਾਰੋਹ ਦੇ ਅੰਤ ਤੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ. ਡੀ. ਅਨੰਦ ਨੇ ਆਏ ਹੋਏ ਮਹਿਮਾਨਾਂ ਦਾ ਦਿਲੋਂ ਧੰਨਵਾਦ ਕੀਤਾ। ਇਸ ਦੇ ਨਾਲ ਹੀ ਆਏ ਹੋਏ ਮੁੱਖ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਕਾਲਜ ਪ੍ਰਬੰਧਕ ਕਮੇਟੀ, ਕਾਲਜ ਸਟਾਫ ਅਤੇ ਵਿਦਿਆਰਥੀ ਵੀ ਹਾਜ਼ਰ ਸਨ।

# ਪੰਨੂ ਨੇ ਖੋਦੇ ਬਾਂਗਰ 'ਚ ਲੋਕਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਕੀਤਾ ਨਿਪਟਾਰਾ

ਬਟਾਲਾ (ਡਾ. ਮਲਵਿੰਦਰ ਸਿੰਘ)-ਹਲਕਾ ਫਤਿਹਗੜ੍ਹ ਚੂੜੀਆਂ ਦੇ ਇੰਚਾਰਜ ਅਤੇ ਸਾਬਕਾ ਚੇਅਰਮੈਨ ਪਨਸਪ ਪੰਜਾਬ ਬਲਬੀਰ ਸਿੰਘ ਪਨੂੰ, ਪਿੰਡ ਖੋਦੇ ਬਾਂਗਰ ਵਿਖੇ ਪਹੁੰਚੇ ਅਤੇ ਪਿੰਡ ਵਾਸੀਆਂ



ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ। ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਲਈ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਜਿਥੇ ਪਿੰਡਾਂ ਅੰਦਰ ਚਹੁੰਪੱਖੀ ਵਿਕਾਸ ਕੰਮ ਕਰਵਾਏ ਜਾ ਰਹੇ ਉਸਦੇ ਨਾਲ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਮੌਕੇ 'ਤੇ ਹੱਲ ਕੀਤੀਆਂ ਜਾ ਰਹੀਆਂ ਹਨ। ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਪਿੰਡਾਂ ਅੰਦਰ ਨੌਜਵਾਨਾਂ ਦੇ ਖੇਡਣ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਪਿੰਡਾਂ ਅੰਦਰ ਨਵੇਂ ਪੰਚਾਇਤ ਘਰ ਉਸਾਰੇ ਜਾ ਰਹੇ ਹਨ। ਪਾਣੀ ਦੀ ਨਿਕਾਸੀ ਲਈ ਸੀਵਰੇਜ ਦਾ ਕੰਮ ਕੀਤਾ ਗਿਆ ਹੈ ਅਤੇ ਲੋਕਾਂ ਦੀ ਸਹੂਲਤ ਲਈ ਪਾਰਕ ਆਦਿ ਉਸਾਰੇ ਗਏ ਹਨ। ਇਸ ਮੌਕੇ ਸਰਪੰਚ ਸੁਖਪ੍ਰੀਤ ਕੌਰ, ਬਿਕਰ ਸਿੰਘ, ਪਰਮਜੀਤ ਸਿੰਘ, ਗੁਰਪਾਲ ਸਿੰਘ, ਸਾਹਿਬ ਸਿੰਘ, ਸੁਰਜਨ ਸਿੰਘ, ਬੁੱਧ ਸਿੰਘ, ਅਵਤਾਰ ਸਿੰਘ, ਲਖਵਿੰਦਰ ਸਿੰਘ, ਚਰਨ ਸਿੰਘ, ਕਰਮ ਸਿੰਘ, ਯੂਥ ਪ੍ਰਧਾਨ ਗੁਰਬਿੰਦਰ ਸਿੰਘ, ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ, ਪ੍ਰਧਾਨ ਜਗਜੀਤ ਸਿੰਘ, ਗਗਨਦੀਪ ਸਿੰਘ ਕੋਟਲਾ ਬਾਮਾ, ਬਲਾਕ ਪ੍ਰਧਾਨ ਰਘਬੀਰ ਸਿੰਘ ਅਠਵਾਲ, ਹਲਕਾ ਕੁਆਰਡੀਨੇਟਰ ਕਰਮਜੀਤ ਸਿੰਘ ਬਰਾੜ ਅਤੇ 'ਯੁੱਧ ਨਸ਼ਿਆਂ ਵਿਰੁੱਧ' ਟੀਮ ਦੇ ਹਲਕਾ ਵਾਈਸ ਕੁਆਰਡੀਨੇਟਰ ਗੁਰਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

# ਆਸ਼ਾ ਵਰਕਰਾਂ ਵੱਲੋਂ 25 ਤੋਂ 31 ਅਗਸਤ ਤੱਕ ਕਲਮਛੋੜ ਹੜਤਾਲ 'ਤੇ ਜਾਣ ਦਾ ਐਲਾਨ

ਪੱਟੀ (ਬਲਦੇਵ ਸਿੰਘ ਸੰਧੂ)-ਆਸ਼ਾ ਵਰਕਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ 25 ਅਗਸਤ ਤੋਂ 31 ਅਗਸਤ ਤੱਕ ਕਲਮਛੋੜ ਹੜਤਾਲ ਕਰਨ ਦਾ ਐਲਾਨ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਕੱਟੇ ਹੋਏ ਭੱਤੇ ਨੂੰ ਮੁੜ ਤੋਂ ਬਹਾਲ ਕੀਤਾ ਜਾਵੇ। ਫੈਸਿਲੀਟੇਟਲਜ਼ ਨੂੰ ਕੇਂਦਰ ਸਰਕਾਰ ਤੇ ਮਿਲਣ ਵਾਲਾ 1 ਹਜ਼ਾਰ ਅਤੇ ਟੂਰ ਮਨੀ ਵਿਚ ਵਾਧਾ ਕੀਤਾ ਜਾਵੇ, 10 ਆਸ਼ਾ ਵਰਕਰਾਂ ਪਿੱਛੇ ਇੱਕ ਫੈਸੀਲਿਟੇਟਰ ਭਰਤੀ ਕਰਦੇ ਹੋਏ ਕੰਮਾਂ ਦੇ ਬੋਝ ਨੂੰ ਘਟਾਇਆ ਜਾਵੇ, ਸੇਵਾ ਮੁਕਤ ਵਰਕਰਾਂ ਨੂੰ ਸਹਾਇਤਾ ਰਾਸ਼ੀ ਘੱਟੋ ਘੱਟ ਪੰਜ ਲੱਖ ਰੁਪਏ ਦੇਣਾ ਯਕੀਨੀ ਬਣਾਇਆ ਜਾਵੇ।ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ, ਮਿਲਣ ਵਾਲੇ ਫਿਕਸ ਤੱਤਾ 2500 ਰੁਪਏ ਨੂੰ ਸੱਤਾ ਵਿੱਚ ਆਉਣ ਤੇ ਪਹਿਲਾਂ ਕੀਤੇ ਵਾਅਦੇ ਅਨੁਸਾਰ 10 ਹਜ਼ਾਰ ਕੀਤਾ ਜਾਵੇ, ਮੰਨੀਆ ਮੰਗਾਂ ਪ੍ਰਸੂਤੀ ਛੁੱਟੀ, ਟੇਬਲਟ ਤੁਰੰਤ ਮੰਗਾਂ ਦਾ ਨਿਪਟਾਰਾ ਕਰਨ ਲਈ ਮੀਟਿੰਗ ਦਾ ਸਮਾਂ ਮੰਗਿਆ



ਗਿਆ ਸੀ।ਪ੍ਰੰਤੂ ਗਰਾਊਂਡ ਤੇ ਸਿਹਤ ਵਿਭਾਗ ਦੇ ਸਾਰੇ ਕੰਮਾਂ ਲਈ ਪੰਜਾਬ ਭਰ ਦੀਆਂ ਸੈਕੜਿਆਂ ਦੀ ਗਿਣਤੀ ਵਿੱਚ ਆਸ਼ਾ ਵਰਕਰਜ਼ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ।ਪ੍ਰਧਾਨ ਮਨਜਿੰਦਰ ਕੌਰ ਨੇ ਸਰਕਾਰ ਦੇ ਇਸ਼ਾਰੇ ਤੇ ਸੂਬਾ ਪ੍ਰਧਾਨ ਅਮਰਜੀਤ ਕੌਰ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸ ਮੌਕੇ ਸਰਬਜੀਤ ਕੌਰ ਮੀਤ ਪ੍ਰਧਾਨ, ਅਮਰਦੀਪ ਕੌਰ ਬਲਾਕ ਪ੍ਰਧਾਨ, ਸਰਬਜੀਤ ਕੌਰ, ਮਨਦੀਪ ਕੌਰ ਖ਼ਜ਼ਾਨਚੀ, ਰਾਜਵਿੰਦਰ ਕੌਰ, ਵੀਰਪਾਲ ਕੌਰ ਸੈਕਟਰੀ, ਰਾਜਵਿੰਦਰ ਕੌਰ, ਅਨੁਬੀਰ ਕੌਰ, ਰਮਨਦੀਪ ਕੌਰ, ਜਸਬੀਰ ਕੌਰ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਮਸੀਹੀ ਭਾਈਚਾਰੇ ਦੇ ਕਈ ਪਰਵਾਰ 'ਆਪ' 'ਚ ਸ਼ਾਮਿਲ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਹਲਕਾ ਮਜੀਠਾ ਦੇ ਪਿੰਡ ਰਾਮ ਦਿਵਾਲੀ ਮੁਸਲਮਾਨਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਪਹਾੜੀ ਝਟਕਾ ਲੱਗਾ ਜਦੋਂ ਮਸੀਹ ਭਾਈਚਾਰੇ ਅਕਾਲੀ ਦਲ (ਮੱਤੇਵਾਲ) ਦੇ ਸਰਕਲ ਪ੍ਰਧਾਨ ਡੇਵਿਡ ਮਸੀਹ ਦੇ ਗ੍ਰਹਿ ਵਿਖੇ ਅਨੇਕਾਂ ਪਰਿਵਾਰ ਅਕਾਲੀ ਦਲ ਪਾਰਟੀ ਨੂੰ



ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਜਿਨ੍ਹਾਂ ਦਾ ਵਿਧਾਨ ਸਭਾ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਸਮੂਹ ਨਾਮਵਰ ਹਸਤੀਆਂ ਦਾ ਆਪ ਪਰਿਵਾਰ ਵਿੱਚ ਸ਼ਾਮਿਲ ਹੋਣ 'ਤੇ ਨਿੱਘਾ ਸਵਾਗਤ ਹੈ ਅਤੇ ਉਨ੍ਹਾਂ ਦੀ ਸੇਵਾ ਲਈ ਮੇਰੇ ਦਰਵਾਜ਼ੇ 24 ਘੰਟੇ ਖੁੱਲ੍ਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ ਵਕਤ ਸਭ ਤੋਂ ਵੱਡੀ ਮਾਰ ਨਸ਼ਿਆਂ ਦੀ ਵੱਜ ਰਹੀ ਹੈ ਜਿਸ ਤੋਂ ਬਚਣ ਲਈ ਸਰਕਾਰ ਹਰ ਸੰਭਵ ਯਤਨ ਕਰ ਰਹੀ ਹੈ ਤੇ ਆਪ ਸਭ ਦਾ ਵੀ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਲਈ ਨਸ਼ਿਆਂ ਦੀ ਜੜ੍ਹ ਨੂੰ ਖਤਮ ਕਰਨ ਲਈ ਆਮ ਆਦਮੀ ਪਾਰਟੀ ਦਾ ਪਾਰਟੀ ਪੱਧਰ ਤੋਂ ਉਪਰ ਉਠ ਕੇ ਸਾਥ ਦਿੱਤਾ ਜਾਵੇ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨਸ਼ਿਆਂ ਦੀ ਮਾਰ ਤੋਂ ਬਚ ਸਕਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਕਿਸਾਨ ਵਿੰਗ ਦੇ ਪ੍ਰਧਾਨ ਸਰਪੰਚ ਬਲਬੀਰ ਸਿੰਘ ਬੋਪਾਰਾਏ, ਸਰਪੰਚ ਸਿਕੰਦਰ ਸਿੰਘ ਖਿੱਦੋਵਾਲੀ, ਯੋਗਰਾਜ ਸਿੰਘ ਸਾਧਪੁਰ, ਪ੍ਰਧਾਨ ਡੇਵਿਡ ਮਸੀਹੀ, ਦਵਿੰਦਰ ਸਿੰਘ ਚੰਨਣਕੇ, ਬਲਜਿੰਦਰ ਸਿੰਘ ਛੀਨਾ ਅਤੇ ਪਿੰਡ ਦੇ ਸਾਰੇ ਮੋਹਤਬਰ ਆਗੂ ਮੌਜੂਦ ਸਨ।

# ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ 44ਵੀਂ ਬਰਸੀ ਭਲਕੇ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਗੁਰਦੁਆਰਾ ਹੋਲਗੜ੍ਹ ਸੰਪਰਦਾਇ ਹਰਖੋਵਾਲ ਖੁਜਾਲਾ ਵਿਖੇ ਬਾਬਾ ਗੁਰਭੇਜ ਸਿੰਘ ਦੀ ਅਗਵਾਈ ਹੇਠ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ 44ਵੀਂ ਬਰਸੀਂ 21 ਅਗਸਤ ਦਿਨ ਵੀਰਵਾਰ ਨੂੰ ਇਲਾਕੇ ਨਿਵਾਸੀ ਅਤੇ ਐੱਨਆਰਆਈ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਹੋਲਗੜ੍ਹ ਸੰਪਰਦਾਇ ਹਰਖੋਵਾਲ ਖੁਜਾਲਾ ਵਿਖੇ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ



ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਭੇਜ ਸਿੰਘ ਖਜਾਲਾ ਨੇ ਦੱਸਿਆ ਕਿ 19 ਅਗਸਤ ਦਿਨ ਮੰਗਲਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ ਅਤੇ 21 ਅਗਸਤ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਜਾਣਗੇ, ਉਪਰੰਤ ਦੀਵਾਨ ਸਜਾਏ ਜਾਣਗੇ।ਜਿਸ ਵਿੱਚ ਸਿੱਖ ਪੰਥ ਦੇ ਮਹਾਨ ਕੀਰਤਨੀਏ, ਕਥਾਵਾਚਕ, ਢਾਡੀ, ਕਵੀਸ਼ਰ, ਪ੍ਰਚਾਰਕ ਗੁਰਮੱਤ ਵਿਚਾਰਾਂ ਦੀ ਸਾਂਝ ਪਾਉਣਗੇ।ਗੁਰੂ ਕਾ ਲੰਗਰ ਅਟੁੱਟ ਵਰਤੇਗਾ।

# ਖ਼ਾਲਸਾ ਕਾਲਜ ਮਹਿਤਾ ਵਿਖੇ ਕੁਕਿੰਗ ਅਤੇ ਪੋਸਟਰ ਮੇਕਿੰਗ ਮੁਕਾਬਲਾ ਆਯੋਜਿਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਵਿਖੇ ਕੁਕਿੰਗ ਅਤੇ ਪੋਸਟਰ ਮੇਕਿੰਗ ਮੁਕਾਬਲਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਕੁਕਿੰਗ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਟੀਮਾਂ ਵਿੱਚ ਭਾਗ



ਲੈਂਦਿਆਂ, ਆਪਣੀ ਰਚਨਾਤਮਕਤਾ ਅਤੇ ਪੌਸ਼ਟਿਕਤਾ ਨੂੰ ਦਿਖਾਇਆ। ਇਸ ਕੁਕਿੰਗ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਅੱਗ ਦੀ ਵਰਤੋਂ ਤੋਂ ਬਿਨਾਂ ਖਾਣੇ ਤਿਆਰ ਕੀਤੇ। ਵਿਦਿਆਰਥੀਆ ਵਿਚ ਰਚਨਾਤਮਕਤਾ ਅਤੇ ਜਾਗਰੂਕਤਾ ਪੈਦਾ ਕਰਨ ਵਾਲਾ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵਾਤਾਵਰਣ ਦੀ ਰੱਖਿਆ ਅਤੇ ਪੰਜਾਬੀ ਸੱਭਿਆਚਾਰ ਦੀ ਮਹੱਤਤਾ ਨੂੰ ਚਿੱਤਰਕਲਾ ਰਾਹੀਂ ਦਰਸਾਇਆ। ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸਵਾਸ, ਟੀਮ ਵਰਕ ਅਤੇ ਨਵੀਂ ਸੋਚ ਨੂੰ ਉਤਸ਼ਾਹਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਵਾਤਾਵਰਣ ਬਚਾਉਣ ਅਤੇ ਸੱਭਿਆਚਾਰਕ ਵਿਭਿੰਨਤਾ ਵਰਗੇ ਵਿਸ਼ਿਆਂ ਤੇ ਵਿਦਿਆਰਥੀਆਂ ਨੇ ਆਪਣੇ ਪੋਸਟਰਾਂ ਰਾਹੀਂ ਜੋ ਸੰਦੇਸ਼ ਦਿੱਤੇ, ਉਹ ਵਾਕਈ ਪ੍ਰਸ਼ੰਸਾਯੋਗ ਹਨ। ਇਸੇ ਤਰ੍ਹਾਂ ਬਿਨਾਂ ਅੱਗ ਵਾਲਾ ਕੁਕਿੰਗ ਮੁਕਾਬਲਾ ਵਿਦਿਆਰਥੀਆਂ ਲਈ ਸਿਹਤਮੰਦ ਜੀਵਨਸ਼ੈਲੀ, ਸੁਰੱਖਿਅਤ ਭੋਜਨ ਅਤੇ ਕੁਝ ਨਵਾਂ ਕਰ ਕੇ ਦਿਖਾਉਣ ਦੀ ਸੋਚ ਨੂੰ ਉਤਸ਼ਾਹਿਤ ਕਰਨ ਵਾਲਾ ਪਲੇਟਫਾਰਮ ਸੀ। ਜੇਤੂ ਵਿਦਿਆਰਥੀਆ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

# ਏ ਐੱਸ ਆਈ ਬਲਜਿੰਦਰ ਸਿੰਘ ਚੋਹਲਾ ਦਾ ਸਨਮਾਨ



ਚੋਹਲਾ ਸਾਹਿਬ (ਰਮਨ ਚੱਢਾ)-15 ਅਗਸਤ ਵਾਲੇ ਦਿਨ ਇਤਿਹਾਸਕ ਨਗਰ ਦੇ ਜੰਮਪਲ ਅਤੇ ਅਗਾਂਹਵਧੂ ਨੌਜਵਾਨ ਪੰਜਾਬ ਪੁਲਸ ਦੇ ਏ. ਐੱਸ. ਆਈ. ਬਲਜਿੰਦਰ ਸਿੰਘ ਚੋਹਲਾ ਨੂੰ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਵੱਲੋਂ ਸਨਮਾਨਿਤ ਕੀਤਾ ਗਿਆ।

ਚੋਹਲਾ ਨੂੰ ਇਹ ਸਨਮਾਨ ਉਨ੍ਹਾਂ ਵੱਲੋਂ ਨਿਭਾਈ ਜਾਂਦੀ ਇਮਾਨਦਾਰੀ ਨਾਲ ਡਿਊਟੀ ਸਦਕਾ ਮਿਲਿਆ। ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਏਐੱਸਆਈ ਬਲਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਜੋ ਮਾਣ ਸਨਮਾਨ ਮਿਲਿਆ ਹੈ ਉਹ ਹਮੇਸ਼ਾ ਇਸ ਨੂੰ ਯਾਦ ਰੱਖਣਗੇ ਅਤੇ ਆਪਣੀ ਡਿਊਟੀ ਪਹਿਲਾਂ ਦੀ ਤਰ੍ਹਾਂ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।

ਇਸ ਸਮੇਂ ਬੀਸੀ ਸੈੱਲ ਦੇ ਪ੍ਰਧਾਨ ਮਨਜਿੰਦਰ ਸਿੰਘ ਲਾਟੀ, ਦੁਸੰਧਾ ਸਿੰਘ ਸੀਨੀਅਰ ਅਕਾਲੀ ਆਗੂ, ਪ੍ਰਧਾਨ ਦਿਲਬਰ ਸਿੰਘ, ਪ੍ਰਧਾਨ ਗੁਰਦੇਵ ਸਿੰਘ, ਡਾ. ਜਤਿੰਦਰ ਸਿੰਘ ਲਾਟੀ ਆਦਿ ਹਾਜ਼ਰ ਸਨ।

# ਸਕੋਡਾ ਆਟੋ ਆਪਣੀ 25ਵੀਂ ਵਰ੍ਹੇਗੰਢ ਸੀਮਤ ਐਡੀਸ਼ਨਾਂ ਨਾਲ ਮਨਾ ਰਿਹੈ

**ਜਲੰਧਰ**-ਭਾਰਤ ਵਿੱਚ ਆਪਣੀ 25ਵੀਂ ਵਰ੍ਹੇਗੰਢ ਅਤੇ ਵਿਸ਼ਵ ਪੱਧਰ 'ਤੇ 130 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਿਹਾ ਹੈ, ਸਕੋਡਾ ਆਟੋ ਇੰਡੀਆ ਨੇ ਆਪਣੇ ਸਭ ਤੋਂ ਵੱਧ ਵਿਕਣ ਵਾਲੇ ਮਾਡਲਾਂ ਦੇ ਸੀਮਤ ਐਡੀਸ਼ਨ ਕਿਲੈਕ, ਕੁਸ਼ਾਕ ਅਤੇ ਸਲਾਵੀਆ ਲਾਂਚ ਕੀਤੇ ਹਨ।ਵਿਸ਼ੇਸ਼ ਸੀਮਤ ਐਡੀਸ਼ਨਾਂ ਵਿੱਚ ਵਿਸ਼ੇਸ਼ ਡਿਜ਼ਾਈਨ ਸੁਧਾਰ ਅਤੇ ਪ੍ਰੀਮੀਅਮ ਵਿਸ਼ੇਸ਼ਤਾਵਾਂ ਸ਼ਾਮਲ ਹਨ।ਬ੍ਰਾਂਡ ਦੀ 25ਵੀਂ ਵਰ੍ਹੇਗੰਢ ਅਤੇ ਇਨ੍ਹਾਂ ਨਵੇਂ ਸੀਮਤ ਐਡੀਸ਼ਨ ਮਾਡਲਾਂ ਦੀ ਸ਼ੁਰੂਆਤ ਬਾਰੇ ਬੋਲਦੇ ਹੋਏ ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਅਸੀਂ ਕਿਲੈਕ, ਕੁਸ਼ਾਕ ਅਤੇ ਸਲਾਵੀਆ ਦੇ ਸੀਮਤ ਐਡੀਸ਼ਨਾਂ ਨਾਲ ਭਾਰਤ ਵਿੱਚ ਸਕੋਡਾ ਆਟੋ ਦੇ 25 ਸ਼ਾਨਦਾਰ ਸਾਲਾਂ ਦਾ ਜਸ਼ਨ ਮਨਾ ਰਹੇ ਹਾਂ।ਇਹ ਵਿਸ਼ੇਸ਼ ਐਡੀਸ਼ਨਾਂ ਸਾਡੇ ਪ੍ਰਸ਼ੰਸਕਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਤਿਆਰ ਕੀਤੇ ਗਏ ਹਨ।

# ਸਾਥੀ ਦਦੇਹਰ ਵੱਲੋਂ ਹੜ੍ਹ ਮਾਰੇ ਕਿਸਾਨਾਂ ਨੂੰ ਤੁਰੰਤ ਫਸਲੀ ਮੁਆਵਜ਼ਾ ਦੇਣ ਦੀ ਮੰਗ

ਚੋਹਲਾ/ਸਰਹਾਲੀ (ਰਮਨ)-ਕੁੱਲ ਹਿੰਦ ਕਿਸਾਨ ਸਭਾ ਦੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਚੋਹਲਾ ਤੇ ਜਨਰਲ ਸਕੱਤਰ ਬਲਵਿੰਦਰ ਸਿੰਘ ਦਦੇਹਰ ਨੇ ਕਿਹਾ ਕਿ ਚੋਹਲਾ ਇਲਾਕੇ ਦੇ ਦਰਿਆ ਬਿਆਸ ਨੇੜਲੇ



ਪਿੰਡਾਂ ਘੜਕਾ, ਚੰਬਾ, ਭੈਲ, ਜੌਹਲ ਢਾਏ ਵਾਲਾ, ਮੁੰਡਾ ਪਿੰਡ ਆਦਿ ਦੇ ਲੋਕਾਂ ਦੀਆਂ ਫਸਲਾਂ ਪੂਰੀ ਤਰ੍ਹਾਂ ਮਾਰੀਆਂ ਗਈਆਂ ਹਨ। ਜ਼ਿਆਦਾ ਪਾਣੀ ਆਉਣ ਕਾਰਨ ਜ਼ਮੀਨ ਬਰਬਾਦ ਹੋ ਗਈ ਹੈ। ਇਸ ਕਰਕੇ ਸਰਕਾਰ ਤੁਰੰਤ ਖਰਾਬਾ ਵੇਖੇ ਤੇ ਪ੍ਰਤੀ ਏਕੜ ਇੱਕ ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ। ਇਨ੍ਹਾਂ ਪਿੰਡਾਂ ਦੇ ਮਜ਼ਦੂਰ ਪਰਿਵਾਰਾਂ ਨੂੰ ਵੀ ਪੰਜਾਹ ਹਜ਼ਾਰ ਰੁਪਏ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਸਰਕਾਰ ਨੂੰ ਇਹ ਵੀ ਕਿਹਾ ਕਿ ਹਰ ਸਾਲ ਰੁੜ੍ਹਦੇ ਖੇਤਾਂ ਨੂੰ ਬਚਾਉਣ ਲਈ ਦਰਿਆ ਨੂੰ ਵੱਡੀ ਨਹਿਰ ਦਾ ਰੂਪ ਦੇ ਕੇ ਵੱਡੇ ਵੱਡੇ ਪੱਕੇ ਬੰਨ੍ਹ ਉਸਾਰੇ ਜਾਣ। ਇਸ ਮੌਕੇ ਉਨ੍ਹਾਂ ਨਾਲ ਸੇਵਾ ਸਿੰਘ ਦਦੇਹਰ ਤੇ ਹੋਰ ਸਾਥੀ ਵੀ ਮੌਜੂਦ ਸਨ।

# ਬੁੰਗੇ ਇੰਡੀਆ ਨੇ 'ਗਗਨ' ਨੂੰ ਨਵੇਂ ਅਵਤਾਰ 'ਚ ਕੀਤਾ ਪੇਸ਼

**ਅੰਮ੍ਰਿਤਸਰ** : ਭਾਰਤ ਦੇ ਸਭ ਤੋਂ ਮਸ਼ਹੂਰ ਖਾਣ ਵਾਲੇ ਤੇਲ ਦੇ ਬ੍ਰਾਂਡਾਂ ਵਿੱਚੋਂ ਇੱਕ ਗਗਨ ਨੇ ਆਪਣੇ ਨਵੇਂ ਅਵਤਾਰ ਦੇ ਨਾਲ ਬ੍ਰਾਂਡ ਰਿਵਾਈਟਲਾਇਜੇਸ਼ਨ ਦਾ ਐਲਾਨ ਕੀਤਾ।ਇਹ ਰੀ-ਲਾਂਚ ਖਾਸ ਤੌਰ ਤੇ ਪੰਜਾਬ, ਹਰਿਆਣਾ ਅਤੇ ਹਿਮਾਚਲ ਦੇ ਮੁੱਖ ਬਾਜ਼ਾਰਾਂ ਵਿੱਚ ਸ਼ੁਰੂ ਕੀਤਾ ਗਿਆ ਹੈ।ਨਵੇਂ ਰੂਪ ਵਿੱਚ ਗਗਨ ਨੂੰ ਇੱਕ ਤਾਜ਼ਾ ਲੋਗੋ, ਨਵਾਂ ਪੈਕ ਅਤੇ ਇੱਕ ਨਵਾਂ ਦ੍ਰਿਸ਼ਟੀਕੋਣ ਮਿਲਿਆ ਹੈ ।ਇਸ ਮੁਹਿੰਮ ਗਗਨ ਦਾ ਮੁੱਖ ਵਿਸ਼ਾ ਇਸਦੀ ਭਾਵੁਕ ਟੈਗਲਾਈਨ ਹੈ - ਨੀਲਾ ਗਗਨ ਦੇ ਤਲੇ, ਬੇਫਿਕਰੀ ਅਤੇ ਸਵਾਦ ਮਿਲੇ।ਇਸ ਲਾਈਨ ਵਿੱਚ ਖੁੱਲ੍ਹੇ ਨੀਲੇ ਅਸਮਾਨ ਨੂੰ ਆਜ਼ਾਦੀ ਅਤੇ ਖੁਸ਼ੀ ਦਾ ਪ੍ਰਤੀਕ ਮੰਨਦੇ ਹੋਏ ਗਗਨ ਕੇ ਆਈਕੋਨਿਕ ਨੀਲੇ ਰੰਗ ਨੂੰ ਜੋੜਿਆ ਗਿਆ ਹੈ।ਇਹ ਨਵੀਂ ਮੁਹਿੰਮ ਗਗਨ੍ ਦੀ ਸਦਾਬਹਾਰ ਟੈਗਲਾਈਨ 'ਖਾਓ ਗਗਨ, ਰਹੋ ਮਗਨ' ਹੈ ਜੋ ਇਸਨੂੰ ਨਵੇਂ ਅੰਦਾਜ਼ ਵਿੱਚ ਪੇਸ਼ ਕਰਦਾ ਹੈ।ਇਸ ਲਾਂਚ ਦੇ ਮੌਕੇ ਬੁੰਗੇ ਇੰਡੀਆ ਦੇ ਸੀਈਓ ਸੰਦੀਪ ਕੁਮਾਰ ਸਿੰਘ ਨੇ ਕਿਹਾ ਕਿ ਪੰਜਾਬ, ਹਰਿਆਣਾ ਅਤੇ ਹਿਮਾਚਲ ਬਾਜ਼ਾਰ ਹਮੇਸ਼ਾ ਤੋਂ ਗਗਨ ਦੇ ਮਜ਼ਬੂਤ ਬਜ਼ਾਰ ਰਹੇ ਹਾਂ ਜਿਥੇ, ਖਾਣਾ ਸੁਆਦ ਨਹੀਂ ਬਾਲਕਿ ਇਮੋਸ਼ਨ ਅਤੇ ਪਰੰਪਰਾ ਹੈ।

# ਮਾਪੇ ਬੱਚੇ ਦਾ ਟੀਕਾਕਰਨ ਜ਼ਰੂਰ ਕਰਵਾਉਣ : ਸਿਵਲ ਸਰਜਨ



ਗੁਰਦਾਸਪੁਰ (ਜਨਕ ਮਹਾਜਨ)-ਸਿਹਤ ਵਿਭਾਗ ਵੱਲੋਂ ਵਿੱਢੇ ਗਏ ਪ੍ਰੋਗਰਾਮ ਵਿਸ਼ੇਸ਼ ਟੀਕਾਕਰਨ ਹਫਤੇ ਦੌਰਾਨ ਵੱਖ-ਵੱਖ ਥਾਈਂ ਚੈਕਿੰਗ ਕੀਤੀ ਗਈ।ਇਸ ਸਬੰਧੀ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ 18 ਤੋਂ 23 ਅਗਸਤ ਤੱਕ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ।ਇਸ ਦੌਰਾਨ ਉਨ੍ਹਾਂ ਮਾਵਾਂ ਅਤੇ ਬੱਚਿਆਂ ਦਾ ਟੀਕਾਕਰਨ ਕੀਤਾ ਜਾ ਰਿਹਾ ਹੈ ਜੋ ਕਿਸੇ ਕਾਰਨ ਇਸ ਤੋਂ ਵਾਂਝੇ ਰਹਿ ਗਏ ਸਨ।ਹਰੇਕ ਮਾਪੇ ਨੂੰ ਇਹ ਗੱਲ ਸਮਝਾਈ ਜਾ ਰਹੀ ਹੈ ਕਿ ਬੱਚੇ ਦਾ ਟੀਕਾਕਰਨ ਜ਼ਰੂਰ ਕਰਵਾਉਣ।ਟੀਕਾਕਰਨ ਹਫਤੇ ਦੌਰਾਨ ਵੱਖ-ਵੱਖ ਥਾਈਂ ਟੀਕਾਕਰਨ ਕੈਂਪ ਲਾਏ ਜਾ ਰਹੇ ਹਨ ਜਿਸ ਦੀ ਚੈਕਿੰਗ ਵੀ ਕੀਤੀ ਜਾ ਰਹੀ ਹੈ।ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਮਮਤਾ ਨੇ ਦੱਸਿਆ ਕਿ ਟੀਕਾਕਰਨ ਦੀ ਬਦੌਲਤ ਕਈ ਬੀਮਾਰੀਆਂ ਜਿਵੇਂ ਕਿ ਪੋਲੀਓ ਆਦਿ ਤੋਂ ਮੁਕਤੀ ਪਾਈ ਗਈ ਹੈ।ਟੀਕਾਕਰਨ ਨਾਲ ਹੀ ਬੀਮਾਰੀਆਂ ਦੀ ਰੋਕਥਾਮ ਕੀਤੀ ਜਾ ਰਹੀ ਹੈ।ਜੋ ਵੀ ਲਾਭਪਾਤਰੀ ਟੀਕਾਕਰਨ ਤੋਂ ਵਾਂਝੇ ਰਹਿ ਗਏ ਉਹ ਟੀਕਾਕਰਨ ਜ਼ਰੂਰ ਕਰਵਾਉਣ।

# ਸਰਕਾਰੀ ਹਾਈ ਸਕੂਲ ਬਸਰਾਏ ਦਾ ਨਾਂਅ ਸੁਨਹਿਰੀ ਅੱਖਰਾਂ 'ਚ ਲਿਖਿਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਰਕਾਰੀ ਹਾਈ ਸਕੂਲ ਬਸਰਾਏ ਦੇ ਮੇਨ ਗੇਟ ਉੱਤੇ ਸੁਨਹਿਰੀ ਅੱਖਰਾਂ ਨਾਲ ਨਾਂ ਲਿਖਵਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹੈੱਡ ਮਾਸਟਰ ਕੰਮ ਬੀਐੱਨਓ




ਵਿਜੇ ਕੁਮਾਰ ਨੇ ਦੱਸਿਆ ਕਿ ਸਕੂਲ ਦੇ ਮੇਨ ਗੇਟ ਉੱਤੇ ਕਾਫੀ ਦੇਰ ਤੋਂ ਨਾਮ ਨਹੀਂ ਲਿਖਿਆ ਹੋਇਆ ਸੀ ਜੋ ਕਿ ਅੱਜ ਸੁਨਹਿਰੀ ਅੱਖਰਾਂ ਨਾਲ ਲਿਖ ਕੇ ਇਹ ਕਾਰਜ ਪੂਰਾ ਕੀਤਾ ਗਿਆ।

ਇਹ ਨਾਂਅ ਸਵ. ਅਮਰੀਕ ਸਿੰਘ ਸਾਬਕਾ ਸਰਪੰਚ ਅਤੇ ਸਵ. ਗੁਰਬਚਨ ਸਿੰਘ ਪੀਟੀ ਆਈ ਬਸਰਾਵਾਂ ਦੀ ਯਾਦ ਨੂੰ ਸਮਰਪਿਤ ਕੀਤਾ ਗਿਆ ਕਿਉਂਕਿ ਇਨ੍ਹਾਂ ਦੋਵਾਂ ਪਰਿਵਾਰਾਂ ਨੇ ਸਮੇਂ-ਸਮੇਂ ਤੇ ਸਕੂਲ ਲਈ ਮਾਲੀ ਸਹਾਇਤਾ ਦਿੱਤੀ ਇਹ ਸਕੂਲ ਬੈਸਟ ਸਕੂਲ ਐਵਾਰਡ, ਸਵਸਤਾ ਭਾਰਤ ਐਵਾਰਡ ਆਦਿ ਜਿੱਤ ਚੁੱਕਿਆ ਹੈ। ਸਕੂਲ ਦਾ ਨਾਂਅ ਸੁਨਹਿਰੀ ਅੱਖਰਾਂ 'ਚ ਲਿਖਣ ਅਤੇ ਸਕੂਲ ਨੂੰ ਸਮਾਰਟ ਬਣਾਉਣ ਲਈ ਪਿੰਡ ਦੇ ਪਤਵੰਤੇ ਸੱਜਣਾਂ, ਦਾਨੀ ਸੱਜਣਾਂ ਅਤੇ ਸਮੂਹ ਅਧਿਆਪਕਾਂ ਦਾ ਖਾਸ ਯੋਗਦਾਨ ਹੈ। ਇਸ ਮੌਕੇ ਸੁਰਜੀਤ ਸਿੰਘ ਢਿੱਲੋਂ, ਜਗਤਾਰ ਸਿੰਘ, ਦਿਲਬਾਗ ਸਿੰਘ ਡੀਆਰਪੀ ਅਤੇ ਮਨਜੀਤ ਸਿੰਘ ਹਾਜ਼ਰ ਸਨ।

# 18 ਦਿਨਾਂ ਬਾਅਦ 27 ਸਾਲਾ ਨੌਜਵਾਨ ਦੀ ਮ੍ਰਿਤਕ ਦੇਹ ਸਾਊਦੀ ਅਰਬ ਤੋਂ ਪਿੰਡ ਪਹੁੰਚੀ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਪਿੰਡ ਕੋਟਲੀ ਸੂਰਤ ਮੱਲ੍ਹੀ ਦਾ 27 ਸਾਲਾ ਗਗਨਦੀਪ ਸਿੰਘ ਰੋਜ਼ੀ ਰੋਟੀ ਕਮਾਉਣ ਲਈ 1 ਸਾਲ ਪਹਿਲਾਂ ਸਾਊਦੀ ਅਰਬ ਗਿਆ ਸੀ ਜਿਸ ਦੀ ਉਥੇ ਕਰੀਬ 18 ਦਿਨ ਪਹਿਲਾਂ ਹਾਰਟ ਅਟੈਕ ਨਾਲ ਮੌਤ ਹੋ ਗਈ। ਅੱਜ ਕਰੀਬ 18 ਦਿਨਾਂ ਬਾਅਦ ਦੁਬਈ 'ਚ ਬੈਠੇ ਕਾਰੋਬਾਰੀ ਅਤੇ ਸਮਾਜ ਸੇਵੀ ਜੋਗਿੰਦਰ ਸਲਾਰੀਆ ਵੱਲੋਂ ਪੀੜਤ ਪਰਿਵਾਰ ਦੀ ਮਦਦ ਕਰਦੇ ਹੋਏ ਉਥੋਂ ਮ੍ਰਿਤਕ ਨੌਜਵਾਨ ਦੀ ਦੇਹ ਭਾਰਤ ਭੇਜੀ ਗਈ। ਮ੍ਰਿਤਕ ਗਗਨਦੀਪ ਸਿੰਘ ਦੇ ਮਾਪਿਆਂ ਨੇ ਦੱਸਿਆ ਕਿ ਹਾਲੇ ਤਾਂ ਉਨ੍ਹਾਂ ਦੇ ਪੁੱਤ ਦੀਆਂ ਰੀਝਾਂ ਅਤੇ ਚਾਅ ਪੂਰੇ ਨਹੀਂ ਸੀ ਹੋਏ ਕਿ ਇਹ ਵੱਡਾ ਦੁਖਾਂਤ ਵਾਪਰ ਗਿਆ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਰਿਵਾਰ 'ਚੋਂ ਇੱਕ ਜਵਾਨ ਪੁੱਤ ਦੀ ਪਹਿਲਾਂ ਵੀ ਮੌਤ ਹੋਈ ਹੈ ।ਆਪਣੇ ਘਰ ਦਾ ਗੁਜ਼ਾਰਾ ਅਤੇ ਆਪਣੇ ਬਜ਼ੁਰਗ ਮਾਂ ਬਾਪ ਦਾ ਇਕਲੌਤਾ ਸਹਾਰਾ 13 ਸਾਲ ਪਹਿਲਾਂ ਵੱਡਾ ਪੁੱਤ ਵੀ ਬਿਮਾਰੀ ਕਾਰਨ ਚਲ ਵਸਿਆ ਸੀ ।ਇਸ ਹੋਈ ਬੇਵਕਤੀ ਮੌਤ ਨਾਲ ਇਲਾਕੇ ਦੇ ਲੋਕਾਂ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਇਲਾਕੇ ਦੇ ਲੋਕ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਜੋਗਿੰਦਰ ਸਲਾਰੀਆ ਦਾ ਧੰਨਵਾਦ ਵੀ ਕਰ ਰਹੇ ਹਨ।

# ਪੰਜਾਬ ਸਰਕਾਰ 9ਵੇਂ ਪਾਤਸ਼ਾਹ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਵੱਡੇ ਪੱਧਰ 'ਤੇ ਮਨਾਏਗੀ : ਰੰਧਾਵਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਸੂਬੇ ਭਰ ਵਿੱਚ ਵੱਡੇ ਪੱਧਰ 'ਤੇ ਮਨਾਏ ਜਾਣਗੇ।ਇਨ੍ਹਾਂ ਸਮਾਗਮਾਂ ਦੀ ਯੋਜਨਾਬੰਦੀ ਅਤੇ ਪ੍ਰਬੰਧਾਂ ਲਈ ਪੰਜਾਬ ਸਰਕਾਰ ਨੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਨੂੰ ਨੋਡਲ ਵਿਭਾਗ ਵਜੋਂ ਨਾਮਜ਼ਦ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦਾ 350ਵਾਂ ਸ਼ਹੀਦੀ ਦਿਹਾੜਾ 19 ਨਵੰਬਰ ਤੋਂ 25 ਨਵੰਬਰ 2025 ਤੱਕ ਰਾਜ ਪੱਧਰੀ ਸਮਾਗਮ ਕਰਵਾ ਕੇ ਮਨਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਪੰਜਾਬ 'ਚ 135 ਅਸਥਾਨ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਹਨ, ਜਿਨ੍ਹਾਂ 'ਚੋਂ ਸਭ ਤੋਂ ਵਧੇਰੇ 35 ਅਸਥਾਨ ਪਟਿਆਲਾ ਜ਼ਿਲ੍ਹੇ ਅੰਦਰ ਸਥਿਤ ਹਨ।ਉਨ੍ਹਾਂ ਕਿਹਾ ਕਿ ਗੁਰੂ ਤੇਗ਼ ਬਹਾਦਰ ਸਾਹਿਬ ਦੀ ਕੁਰਬਾਨੀ ਵਰਗੀ ਮਿਸਾਲ ਦੁਨੀਆ ਵਿੱਚ ਹੋਰ ਕਿਧਰੇ ਨਹੀਂ ਮਿਲਦੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮੂਹ ਸੰਗਤ ਦੇ ਸਹਿਯੋਗ ਨਾਲ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਵੱਡੇ ਪ੍ਰੋਗਰਾਮ ਉਲੀਕ ਰਹੀ ਹੈ।ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿਚਲੇ ਗੁਰੂ ਸਾਹਿਬ ਨਾਲ ਸਬੰਧਿਤ



ਸਾਰੇ ਪਵਿੱਤਰ ਅਸਥਾਨਾਂ ਵਿਖੇ ਰਾਜ ਪੱਧਰੀ ਸਮਾਗਮ ਕਰਵਾਉਣ ਤੋਂ ਇਲਾਵਾ ਇਨ੍ਹਾਂ ਪਿੰਡਾਂ ਤੇ ਸ਼ਹਿਰਾਂ ਦਾ ਵਿਕਾਸ ਵੀ ਵੱਡੇ ਪੱਧਰ ਤੇ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਚਾਰ ਸਥਾਨਾਂ ਤੋਂ ਯਾਤਰਾਵਾਂ ਸ੍ਰੀ ਅਨੰਦਪੁਰ ਸਾਹਿਬ ਪੁੱਜਣਗੀਆਂ, ਜੋ ਸੂਬੇ ਦੇ ਲਗਭਗ ਸਾਰੇ ਜ਼ਿਲ੍ਹਿਆਂ ਅਤੇ ਪ੍ਰਮੁੱਖ ਸ਼ਹਿਰਾਂ ਤੋਂ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣਗੀਆਂ।ਉਨ੍ਹਾਂ ਦੱਸਿਆ ਕਿ ਵਿਰਾਸਤ-ਏ-ਖ਼ਾਲਸਾ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ, ਜਿਸ ਵਿਚ ਦੇਸ਼ ਵਿਦੇਸ਼ ਤੋਂ ਪ੍ਰਮੁੱਖ ਹਸਤੀਆਂ, ਧਾਰਮਿਕ ਸ਼ਖ਼ਸੀਅਤਾਂ ਹਾਜ਼ਰੀ ਲਗਵਾਉਣਗੀਆਂ।ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਉਣ ਵਾਲੀ ਸੰਗਤ ਦੇ ਰਹਿਣ ਲਈ ਟੈਂਟ ਸਿਟੀ ਅਤੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਆਉਣ ਜਾਣ ਵਾਸਤੇ ਈ-ਰਿਕਸ਼ਾ ਦੇ ਪ੍ਰਬੰਧ ਹੋਣਗੇ।ਇਸ ਤੋਂ ਇਲਾਵਾ ਪੰਜਾਬ ਦੇ ਚਾਰ ਵੱਡੇ ਸ਼ਹਿਰਾਂ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਬਕਾਲਾ ਅਤੇ ਪਟਿਆਲਾ ਨੂੰ ਪੂਰੀ ਤਰ੍ਹਾਂ ਲਾਈਟਾਂ ਨਾਲ ਸਜਾਇਆ ਜਾਵੇਗਾ।

# ਰਾਵੀ ਦਰਿਆ ਦੇ ਪਾਣੀ ਨਾਲ ਸੈਂਕੜੇ ਏਕੜ ਫਸਲ ਡੁੱਬੀ; ਲੋਕਾਂ ਨੂੰ ਫਸਲਾਂ ਖਰਾਬ ਹੋਣ ਦਾ ਡਰ ਸਤਾਉਣ ਲੱਗਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪਹਾੜਾਂ ਵਿੱਚ ਲਗਾਤਾਰ ਹੋ ਰਹੀ ਬਰਸਾਤ ਕਾਰਨ ਬੀਤੀ 17 ਅਗਸਤ ਨੂੰ ਰਾਵੀ ਦਰਿਆ ਵਿੱਚ ਡੇਢ ਲੱਖ ਕਿਊਸਿਕ ਪਾਣੀ ਛੱਡਿਆ ਗਿਆ ਸੀ ਤੇ ਜਿਸ ਦਾ ਤੇਜ਼ ਵਹਾਅ ਹੋਣ ਕਾਰਨ ਬੀਤੀ ਰਾਤ ਦਰਿਆ ਦੇ ਪਾਣੀ ਨੇ ਡੇਰਾ ਬਾਬਾ ਨਾਨਕ ਦੇ ਪਿੰਡ ਘਨੀਏਕੇ ਬੇਟ, ਕਸੋਵਾਲ ਅਤੇ ਅੰਮ੍ਰਿਤਸਰ ਜ਼ਿਲ੍ਹੇ ਨਾਲ ਸਬੰਧਤ ਪਿੰਡ ਘੋਨੇਵਾਲਾ ਆਦਿ ਪਿੰਡਾਂ ਦੀਆਂ ਹਜ਼ਾਰਾਂ ਏਕੜ ਝੋਨੇ, ਕਮਾਦ, ਪਾਪੂਲਰ ਆਦਿ ਫਸਲਾਂ ਵਿੱਚ ਪਾਣੀ ਭਰਨ ਨਾਲ ਕਿਸਾਨਾਂ ਨੂੰ ਫਸਲਾਂ ਖਰਾਬ ਹੋਣ ਦਾ ਡਰ ਸਤਾ ਰਿਹਾ ਹੈ। ਅੱਜ ਤੋਂ ਕਰੀਬ ਦੋ ਸਾਲ ਪਹਿਲਾਂ ਪੁਲ ਦੇ ਰੱਖੇ ਨੀਹ ਪੱਥਰ ਦੇ ਨਿਰਮਾਣ ਕਾਰਜਾਂ ਦੀ ਰਫਤਾਰ ਨੂੰ ਲੈ ਕੇ ਪਿੰਡ ਵਾਸੀ ਪ੍ਰਸ਼ਾਸਨਿਕ ਅਧਿਕਾਰੀਆਂ 'ਤੇ ਸਵਾਲ ਖੜ੍ਹੇ ਕਰ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ ਗੁਰਵਿੰਦਰ ਸਿੰਘ ਅਤੇ ਜੋਗਾ ਸਿੰਘ ਨੇ ਦੱਸਿਆ ਕਿ ਸੰਨ 2023 ਵਿੱਚ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਪਿੰਡ ਘੋਨੇਵਾਲਾ, ਘਣੀਏਂਕੇ ਬੇਟ, ਕਸੋਵਾਲ ਤੋਂ ਰਾਵੀ ਦਰਿਆ ਨੂੰ ਜਾਂਦੇ ਰਸਤੇ ਉਪਰ ਪੁਲ ਦੇ ਨਿਰਮਾਨ ਦਾ 2023 ਵਿੱਚ ਨੀਂਹ ਪੱਥਰ ਰੱਖਿਆ ਗਿਆ ਸੀ ਤੇ ਇਸ ਪੁਲ ਨੇ ਮਾਰਚ



2025 ਵਿੱਚ ਬਣ ਕੇ ਤਿਆਰ ਹੋਣਾ ਸੀ ਪਰ ਮੰਡੀਕਰਨ ਬੋਰਡ ਦੇ ਅਧਿਕਾਰੀਆਂ ਦੀ ਅਣਗਹਿਲੀ ਕਰਕੇ ਇਸ ਪੁਲ ਦਾ ਕੰਮ ਅੱਜ ਵੀ ਅੱਧ ਵਿਚਾਲੇ ਲਟਕਿਆ ਹੋਇਆ ਹੈ ਤੇ ਹੁਣ ਰਾਵੀ ਦਰਿਆ ਵਿੱਚ ਪਾਣੀ ਭਰਨ ਨਾਲ ਬੈਕ ਪਾਣੀ ਫਸਲਾਂ ਨੂੰ ਡੋਬਦਾ ਹੋਇਆ ਪੁਲ ਦੇ ਥੱਲਿਓਂ ਲੰਘਣ ਨਾਲ ਲੋਕਾਂ ਦਾ ਰਸਤਾ ਬੰਦ ਹੋ ਚੁੱਕਾ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਹੱਥਾਂ ਪੈਰਾਂ ਦੀ ਪਈ ਹੈ ਤੇ ਟੈਂਪਰੇਰੀ ਮਿੱਟੀ ਪਾ ਕੇ ਆਵਾਜਾਈ ਬਹਾਲ ਕੀਤੀ ਗਈ ਹੈ।ਕਿਸਾਨਾਂ ਨੇ ਕਿਹਾ ਕਿ ਇਸ ਦਰਿਆ ਦੇ ਪਾਣੀ ਨਾਲ ਸਾਡੀਆਂ ਸੈਂਕੜੇ ਏਕੜ ਵੱਖ-ਵੱਖ ਫਸਲਾਂ ਪ੍ਰਭਾਵਿਤ ਹੋਈਆਂ ਹਨ ਤੇ ਜੇ ਜਲਦੀ ਪਾਣੀ ਨਾ ਲੱਥਾ ਤਾਂ ਫਸਲਾਂ ਦਾ ਵੱਡਾ ਨੁਕਸਾਨ ਹੋ ਸਕਦਾ ਹੈ।ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਮੰਡੀਕਰਨ ਬੋਰਡ ਦੇ ਐੱਸਡੀਓ ਅਸ਼ੋਕ ਕੁਮਾਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਨਿਰਮਾਣ ਕਾਰਜਾਂ ਦੀ ਹੌਲੀ ਗਤੀ ਦੀ ਕਾਰਨ ਕੁਝ ਲੋਕਾਂ ਵੱਲੋਂ ਮਾਨਯੋਗ ਅਦਾਲਤ ਵਿੱਚ ਕੇਸ ਕੀਤੇ ਹੋਏ ਸਨ ਅਤੇ ਕੁਝ ਬਰਸਾਤਾਂ ਕਾਰਨ ਥੋੜਾ ਟਾਈਮ ਵੱਧ ਲੱਗਾ ਹੈ ਤੇ ਹੁਣ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਪੁਲ ਦਾ ਹੇਠਲਾ ਰਸਤਾ ਬੰਦ ਹੋਇਆ ਸੀ ਜਿਸ ਕਰਕੇ ਪੁਲ ਦੇ ਦੋਵਾਂ ਸਾਈਡਾਂ ਉਪਰ ਮਿੱਟੀ ਪਾ ਕੇ ਪੁਲ ਉਪਰੋਂ ਆਵਾਜਾਈ ਨੂੰ ਮੁੜ ਬਹਾਲ ਕਰ ਦਿੱਤਾ ਹੈ ਤੇ ਬਾਕੀ ਤੇ ਰਹਿੰਦੇ ਕੰਮਾਂ ਨੂੰ ਜਲਦੀ ਨੇਪਰੇ ਚਾੜ੍ਹਿਆ ਜਾਵੇਗਾ।



# ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਦੀ 40ਵੀਂ ਬਰਸੀ ਮੌਕੇ ਲੌਂਗੋਵਾਲ ਵਿਸ਼ੇਸ਼ ਸਪਲੀਮੈਂਟ




ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।



ਸੰਦੀਪ ਰਿਸ਼ੀ (ਡਿਪਟੀ ਕਮਿਸ਼ਨਰ ਸੰਗਰੂਰ) | ਪਰਮਿੰਦਰ ਸਿੰਘ ਢੀਂਡਸਾ ਸਾਬਕਾ ਵਿੱਤ ਮੰਤਰੀ ਪੰਜਾਬ | ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਐਸ.ਜੀ.ਪੀ.ਸੀ. | ਪ੍ਰੋ. ਮਨੀ ਕਾਂਤ ਪਾਸਵਾਨ ਡਾਇਰੈਕਟਰ ਸਲਾਈਟ | ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਮਸਤੂਆਣਾ



ਪ੍ਰਿੰ. ਨਰਪਿੰਦਰ ਸਿੰਘ ਢਿੱਲੋਂ ਭਾਈ ਦਿਆਲਾ ਜੀ ਸਕੂਲ ਲੌਂਗੋਵਾਲ | ਰੀਤੂ ਗੋਇਲ (ਸਾ. ਪ੍ਰਧਾਨ ਨਗਰ ਕੌਂਸਲ) | ਵਿਜੇ ਗੋਇਲ (ਭਾਜਪਾ ਆਗੂ ਲੌਂਗੋਵਾਲ) | ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ | ਰਿਕੂ ਆਰੀਆ (ਮੈਂਬਰ ਪ੍ਰਭਾਤ ਫੇਰੀ ਲੌਂਗੋਵਾਲ)



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਸੰਤ ਹਰਚੰਦ ਸਿੰਘ ਲੌਂਗੋਵਾਲ | ਗਿ. ਹਰਪ੍ਰੀਤ ਸਿੰਘ ਪ੍ਰਧਾਨ ਐਸ.ਜੀ.ਪੀ.ਸੀ. | ਬੀਬੀ ਸਤਵੰਤ ਕੌਰ (ਚੇਅਰਪਰਸਨ ਅਕਾਲੀ ਦਲ) | ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਐਸ.ਜੀ.ਪੀ.ਸੀ.

**ਬਰਸੀ ਸਮਾਗਮ** 20 ਅਗਸਤ ਨੂੰ ਸਵੇਰੇ 10 ਵਜੇ ਭੋਗ ਗੁਰੂਦੁਆਰਾ ਕੈਂਬੋਵਾਲ ਸਾਹਿਬ ਲੌਂਗੋਵਾਲ ਅਤੇ 11 ਵਜੇ ਸ਼ਰਧਾਂਜ਼ਲੀ ਸਮਾਗਮ ਅਨਾਜ ਮੰਡੀ ਲੌਂਗੋਵਾਲ ਵਿਖੇ ਸਮੂਹ ਸੰਗਤਾਂ ਨੂੰ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।


ਸਾਰੇ ਪਾਠਕਾਂ ਨੂੰ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਦੀ 40ਵੀਂ ਬਰਸੀ ਮੌਕੇ ਜਵਾਹਰ ਨਵੋਦਿਆ ਵਿਦਿਆਲਿਆ ਲੌਂਗੋਵਾਲ (ਸੰਗਰੂਰ) ਦੇ ਪ੍ਰਿੰਸੀਪਲ, ਸਮੂਹ ਸਟਾਫ ਅਤੇ ਬੱਚਿਆਂ ਵੱਲੋਂ ਨਿੱਘੀ ਸ਼ਰਧਾਂਜ਼ਲੀ

**ਵਿਸ਼ੇਸ਼ਤਾਵਾਂ ਅਤੇ ਸਹੂਲਤਾਂ:-**

* ਇਲਾਕੇ ਦੇ ਬੱਚਿਆਂ ਨੂੰ ਉੱਚ ਪੱਧਰੀ ਆਧੁਨਿਕ ਸਿੱਖਿਆ ਜਿਸ ਵਿੱਚ ਸੱਭਿਆਚਾਰ, ਆਚਰਣ ਨਿਰਮਾਣ, ਹਿੰਦੀ, ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਪ੍ਰਤੀਯੋਗੀ ਵਿਚਾਰਧਾਰਾ ਅਧੀਨ ਬੱਚਿਆਂ ਨੂੰ ਤਿਆਰ ਕਰਨਾ।
* ਇਸ ਸਾਲ ਨਵੋਦਿਆ ਸਕੂਲ ਲੌਂਗੋਵਾਲ ਦਾ 10ਵੀਂ ਅਤੇ 12ਵੀਂ ਜਮਾਤ ਦਾ ਨਤੀਜਾ 100% ਰਿਹਾ ਹੈ।
* ਬੱਚਿਆਂ ਨੂੰ ਆਧੁਨਿਕਤਾ ਨਾਲ ਜੋੜਣ ਲਈ ਕੰਪਿਊਟਰ ਸਿੱਖਿਆ ਅਤੇ ਸਮਾਰਟ ਕਲਾਸ ਰੂਮ ਰਾਹੀਂ ਸਿੱਖਿਆ ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਂਦਾ ਹੈ। ਐਨ.ਐਸ.ਐਸ., ਐਨ.ਸੀ.ਸੀ., ਸਕਾਊਟ, ਗਾਈਡ, ਖੇਡਾਂ ਆਦਿ ਦੀਆਂ ਸਹੂਲਤਾਂ ਵੀ ਮਿਲਦੀਆਂ ਹਨ।
* ਵਿਦਿਆਲਿਆ ਅੰਦਰ ਪੀ.ਐਮ. ਸ਼੍ਰੀ ਸਕੀਮ ਅਧੀਨ ਨਵੀਆਂ ਲੈਬਾਂ, ਸੰਕਲਪ ਲੈਬ ਅਤੇ ਅਟਲ ਟਿੰਕਰਿੰਗ ਲੈਬ, ਨਵੇਂ ਪਾਰਕ ਹਰਬਲ ਅਤੇ ਸਾਇੰਸ ਪਾਰਕ ਦਾ ਵੀ ਨਿਰਮਾਣ ਕੀਤਾ ਗਿਆ ਹੈ।
* ਉਪਰੋਕਤ ਸਾਰੀਆਂ ਸਹੂਲਤਾਂ ਤੋਂ ਇਲਾਵਾ ਰਹਿਣਾ, ਖਾਣਾ-ਪੀਣਾ, ਕਿਤਾਬਾਂ-ਕਾਪੀਆਂ, ਵਰਦੀਆਂ ਆਦਿ ਦੀਆਂ ਸਹੂਲਤਾਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ।
* ਜਮਾਤ ਛੇਵੀਂ 2025-26 ਲਈ ਆਨਲਾਈਨ ਫਾਰਮ ਭਰੇ ਜਾ ਚੁੱਕੇ ਹਨ, ਹੁਣ ਇਸ ਸਾਲ ਲਈ 11ਵੀਂ ਜਮਾਤ ਦੀਆਂ ਖਾਲੀ ਪਈਆਂ ਸੀਟਾਂ ਲਈ ਫਾਰਮ ਭਰੇ ਜਾ ਰਹੇ ਹਨ, ਜਿਸ ਵਿੱਚ 6 ਸਾਇੰਸ ਅਤੇ 02 ਕਾਮਰਸ ਦੀਆਂ ਹਨ ਅਤੇ ਅਗਲੇ ਸਾਲ 2026-27 ਲਈ http://www.navodaya.gov.in ਤੇ ਆਨਲਾਈਨ ਫਾਰਮ ਭਰੇ ਜਾ ਰਹੇ ਹਨ। ਸੋ ਵੱਧ ਤੋਂ ਵੱਧ ਫਾਰਮ ਭਰ ਕੇ ਉਪਰ ਦਿੱਤੀਆਂ ਸਹੂਲਤਾਂ ਦਾ ਫਾਇਦਾ ਲਿਆ ਜਾ ਸਕੇ।

ਪ੍ਰਿੰਸੀਪਲ, ਜ.ਨ.ਵ. ਲੌਂਗੋਵਾਲ




ਪ੍ਰਦੀਪ ਸੱਪਲ (ਪੱਤਰਕਾਰ ਲੌਂਗੋਵਾਲ) 94648-60465 | ਕੁਲਦੀਪ ਅੱਤਰੀ (ਪੱਤਰਕਾਰ ਲੌਂਗੋਵਾਲ) 98567-24000

**ਧੰਨਵਾਦ**

ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਦੀ 40ਵੀਂ ਬਰਸੀ ਮੌਕੇ ਵਿਸ਼ੇਸ਼ ਸਪਲੀਮੈਂਟ ਵਿੱਚ ਸਹਿਯੋਗ ਕਰਨ ਵਾਲੇ ਸਹਿਯੋਗੀਆਂ ਦਾ ਧੰਨਵਾਦ ਅਤੇ ਭਵਿੱਖ ਵਿੱਚ ਵੀ ਆਪ ਜੀ ਦੇ ਭਰਪੂਰ ਹੁੰਗਾਰੇ ਦੀ ਆਸ ਵਿੱਚ।



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।



ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਵੱਲੋਂ:- ਮੇਲਾ ਸਿੰਘ ਸੂਬੇਦਾਰ (ਕੌਂਸਲਰ ਅਤੇ ਸਾਬਕਾ ਪ੍ਰਧਾਨ)



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

**ਨਰਿੰਦਰ ਸ਼ਰਮਾ (ਹੈਡ ਟੀਚਰ)**

ਸਰਕਾਰੀ ਪ੍ਰਾਇਮਰੀ ਸਕੂਲ ਸ਼ਾਹਪੁਰ ਕਲਾਂ



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਵੱਲੋਂ:- ਟੈਗੋਰ ਵਿਦਿਆਲਿਆ ਸੰਸਥਾ ਸੀਨੀਅਰ ਸੈਕੰਡਰੀ ਸਕੂਲ, ਲੌਂਗੋਵਾਲ



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਵੱਲੋਂ:- ਪ੍ਰਧਾਨ ਪਰਮਜੀਤ ਸਿੰਘ ਭੋਲਾ, ਲੌਂਗੋਵਾਲ



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ | ਲਖਵਿੰਦਰ ਸਿੰਘ ਭਾਲ, ਮੀਤ ਪ੍ਰਧਾਨ ਕੋ-ਆਪਰੇਟਿਵ ਸੁਸਾਇਟੀ ਲੌਂਗੋਵਾਲ | ਪਰਮਜੀਤ ਸਿੰਘ ਭਾਲ

ਵੱਲੋਂ: ਭਾਲ ਡੇਅਰੀ ਫਾਰਮ, ਲੌਂਗੋਵਾਲ 97798-00515



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਮਾ. ਬਲਵਿੰਦਰ ਸਿੰਘ | ਅੰਮ੍ਰਿਤਪਾਲ ਸਿੰਘ ਸਿੱਧੂ | ਬਿਕਰਮਜੀਤ ਸਿੰਘ ਰਾਓ

**ਸਰਦਾਰ ਜੀ ਫਾਇਨਾਂਸ ਕੰਪਨੀ**

ਨੇੜੇ ਸਬ-ਤਹਿਸੀਲ ਲੌਂਗੋਵਾਲ — ਹਾਊਸ ਲੋਨ, ਪਰਸਨਲ ਲੋਨ ਅਤੇ ਪ੍ਰੋਪਰਟੀ ਲੋਨ

ਮੋ. 96463-15133, 98141-93151, 97803-15737



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।



ਅਮਨ ਅਰੋੜਾ (ਕੈਬਨਿਟ ਮੰਤਰੀ ਪੰਜਾਬ) | ਬਲਵਿੰਦਰ ਸਿੰਘ ਢਿੱਲੋਂ ਸੀਨੀਅਰ ਆਗੂ | ਨਿਟੂ ਰਾਮ ਸ਼ਰਮਾ ਸੀਨੀਅਰ ਆਗੂ | ਸੁਰਜੀਤ ਸਿੰਘ ਦੂੱਲਟ (ਸੀਨੀਅਰ ਆਗੂ)



ਜਥੇ. ਸਵ. ਬਲਵੰਤ ਸਿੰਘ ਨੰਬਰਦਾਰ ਦੂੱਲਟ ਪੱਤੀ | ਰੁਪਿੰਦਰ ਸਿੰਘ (ਨੰਬਰਦਾਰ)

ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਵੱਲੋਂ: ਰੁਪਿੰਦਰ ਸਿੰਘ ਨੰਬਰਦਾਰ, ਪੱਤੀ ਦੂੱਲਟ, ਲੌਂਗੋਵਾਲ (75298-75414)



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ 40ਵੇਂ ਬਲਿਦਾਨ ਦਿਵਸ ਮੌਕੇ ਸ਼ਰਧਾਂਜ਼ਲੀ ਭੇਂਟ ਕਰਦੇ ਹਾਂ।

ਸੰਤ ਹਰਚੰਦ ਸਿੰਘ ਲੌਂਗੋਵਾਲ | ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਮੈਂਬਰ ਐਸ.ਜੀ.ਪੀ.ਸੀ.

ਵੱਲੋਂ: ਡੈਲੀਗੇਟ, ਸ਼੍ਰੋਮਣੀ ਅਕਾਲੀ ਦਲ ਅਤੇ ਸਾਬਕਾ ਪ੍ਰਧਾਨ, ਨਗਰ ਕੌਂਸਲ ਦਲਜੀਤ ਸਿੰਘ ਸਿੱਧੂ ਲੌਂਗੋਵਾਲ

**ਚੰਡੀਗੜ੍ਹ ਇੰਟਰਨੈਸ਼ਨਲ ਸਕੂਲ**

ਨਮੋਲ ਰੋਡ, ਲੌਂਗੋਵਾਲ (ਸੰਗਰੂਰ)

ਦਾਖ਼ਲਾ ਸ਼ੁਰੂ



FOR MORE DETAILS CONTACT : 97818-33334, 90564-43146

Striving to achieve The Mission of Sant Attar Singh Ji by imparting Quality Education since 1920

**AKAL GROUP OF INSTITUTIONS**

GURSAGAR MASTUANA SAHIB (SANGRUR), PUNJAB

Admission in Progress (Few Seats Vacant)

| | |
|---|---|
| B.A. [New Subject Home Science] M.A. [Punjabi, English, Sociology, History] | M. 98149-24148 |
| B.Sc. (Med.-Non Med.), Diploma in Agriculture, M.Sc. (Maths, Chemistry) | M. 98152-49537, M. 90412-83212, 94784-84253, 98550-83400 |
| M.C.A., P.G.D.C.A. | M. 98720-03662, 70092-79909 M. 98784-53985 |
| M.B.A., M.Com. | M. 99887-14009, 90418-71171, 93579-06226, 81463-54600, 94172-49128 |
| M.Pharmacy D.Pharmacy (Allopathy & *Ayurvedic) | M. 76963-63646, 98149-26557, 94631-65970 M. 98157-94888, 97811-60024, 98782-07200 |
| M.P.Ed., B.P.Ed, B.P.E.S, 1 yr. PG Dip. In Yoga | M. 81464-52200, 94173-53966 M. 95010-06352, 84370-10152 |
| M.Ed., B.Ed. Certificate Course in Inclusive Education (6 Months) | M. 62840-22115, 96464-18794 M. 94176-66426, 99155-56580 |

Helpline Contacts for all Courses :- 84370-33023, 98149-24148, 62800-42930, 98765-87007

| 98152-49537 | 84370-10152 | 81465-85026 | 98888-21909 | 99155-56580 94176-66426 |
|---|---|---|---|---|
| (DEGREE COLLEGE) | (PHYSICAL COLLEGE) | (PHARMACY COLLEGE) | (MCA & MBA COURSES) | (EDUCATION COLLEGE) |

ON CHANDIGARH-BATHINDA NATIONAL HIGHWAY (NH-7), 6 KM FROM SANGRUR

COURSES OFFERED at GURU TEG BAHADUR COLLEGE, BHAWANIGARH

• B.A.• B.Com.• BBA• PGDCA• B.Voc.• Retail Mgt. & IT• Software Development

Contact : 70098-48950, 94784-63907

www.sbdjlongowal.com ੧ਓ ਵਾਹਿਗੁਰੂ ਜੀ ਕੀ ਫਤਹਿ ॥ 01672-280063 (O) Email: sbds94@yahoo.com

**Shaheed Bhai Diala Ji Public School**

(Senior Secondary)

Vill. Longowal (Opp. SLIET) Distt. Sangrur (Punjab)

(Affiliated to CBSE New Delhi, School Affiliation No. 1630197)



ਲਾਸਾਨੀ ਸ਼ਹੀਦ ਭਾਈ ਦਿਆਲਾ ਜੀ

ਆਧੁਨਿਕ ਤਕਨੀਕ ਅਤੇ ਮਨੋਵਿਗਿਆਨਿਕ ਸਿੱਖਿਆ ਦੇ ਆਦਰਸ਼ਕ ਮਾਪਦੰਡਾਂ ਤੇ ਆਧਾਰਤ ਕੰਮ ਕਰ ਰਹੀ ਸਮੁੱਚੇ ਇਲਾਕੇ ਦੀ ਇੱਕੋ-ਇੱਕ ਉੱਚ ਮਿਆਰੀ ਸੰਸਥਾ ਵੱਲੋਂ ਅਮਨ ਤੇ ਸ਼ਾਂਤੀ ਦੇ ਪੁੰਜ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਜੀ ਲੌਂਗੋਵਾਲ ਨੂੰ ਉਨ੍ਹਾਂ ਦੀ 40ਵੀਂ ਬਰਸੀ ਮੌਕੇ ਨਮਨ ਸਹਿਤ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ।



ਪ੍ਰਿੰ: ਨਰਪਿੰਦਰ ਸਿੰਘ ਢਿੱਲੋਂ, ਚੇਅਰਮੈਨ ਮਹਿੰਦਰ ਸਿੰਘ ਦੂੱਲਟ

ਵੱਲੋਂ: ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ, ਸਮੂਹ ਸਟਾਫ, ਵਿਦਿਆਰਥੀ ਅਤੇ ਮਾਪੇ


## ਸ਼ਹੀਦ ਭਗਵਾਨ ਸਿੰਘ ਲੌਂਗੋਵਾਲੀਆ (1896 - 18 ਸਤੰਬਰ 1944)



ਸ਼ਹੀਦ ਭਗਵਾਨ ਸਿੰਘ ਲੌਂਗੋਵਾਲੀਆ



ਮਾਤਾ ਧਰਮ ਕੌਰ

ਸ਼ਹੀਦ ਭਗਵਾਨ ਸਿੰਘ ਲੌਂਗੋਵਾਲੀਆ ਬਰਤਾਨਵੀ ਰਾਜ ਅਤੇ ਰਜਵਾੜਾਸ਼ਾਹੀ ਨੂੰ ਸਖਤ ਟੱਕਰ ਦੇਣ ਵਾਲੀ ਪੰਜਾਬ ਰਿਆਸਤੀ ਪਰਜਾ ਮੰਡਲ ਲਹਿਰ ਦੇ ਜਨਰਲ ਸਕੱਤਰ ਸਨ। ਉਨ੍ਹਾਂ 30 ਵਰ੍ਹੇ ਜ਼ੁਲਮ ਖਿਲਾਫ ਲੜਦਿਆਂ ਜ਼ੇਲ੍ਹਾਂ ਦੀਆਂ ਕਾਲ-ਕੋਠੜੀਆਂ, ਜਲਾਵਤਨੀਆਂ ਅਤੇ ਰੂਪੋਸ਼ੀਆਂ ਵਿੱਚ ਬਿਤਾਏ। ਜੁਰਮਾਨਿਆਂ ਦੇ ਇਵਜ਼ ਵਜੋਂ ਸਾਰੀ ਜ਼ਮੀਨ-ਜਾਇਦਾਦ ਕੁਰਕ ਕਰਵਾਈ। ਉਨ੍ਹਾਂ ਦੀ ਪਤਨੀ ਧਰਮ ਕੌਰ ਨੇ ਪਰਜਾ ਮੰਡਲ ਦੇ ਸਰਗਰਮ ਵਰਕਰ ਦੇ ਰੂਪ ਵਿੱਚ ਹਮੇਸ਼ਾ ਇਹ ਸਭ ਕੁਝ ਆਪਣੇ ਪਿੰਡੇ 'ਤੇ ਹੰਢਾਇਆ। ਆਪ ਦਾ ਸਮੁੱਚਾ ਜੀਵਨ ਹੀ ਸੰਘਰਸ਼ਾਂ ਦੀ ਗਾਥਾ ਹੈ। ਆਪ ਜੀ ਬਹੁਤ ਪ੍ਰਤੀਬਧ, ਨਿਡਰ ਅਤੇ ਜੋਸ਼ੀਲੇ ਆਗੂ ਸਨ। ਉਨ੍ਹਾਂ ਦੀ ਯਾਦ ਵਿਚ ਪੰਜਾਬ ਸਰਕਾਰ ਵੱਲੋਂ ਲੌਂਗੋਵਾਲ ਵਿਖੇ 'ਸ਼ਹੀਦ ਭਗਵਾਨ ਸਿੰਘ ਲੌਂਗੋਵਾਲੀਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ)' ਬਣਿਆ ਹੋਇਆ ਹੈ ਅਤੇ ਮਾਤਾ ਧਰਮ ਕੌਰ ਦੇ ਨਾਂਅ ਤੇ ਸਿਵਲ ਹਸਪਤਾਲ ਬਣਿਆ ਹੋਇਆ ਹੈ।



**ਬੀਬੀ ਸ਼ਮਿੰਦਰ ਕੌਰ ਗਿੱਲ ਲੌਂਗੋਵਾਲ**

ਸਰਪ੍ਰਸਤ, ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਪੰਜਾਬ (ਰਜਿ. 196) ਮੋ. 94652-40936

# ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਲੌਂਗੋਵਾਲ

ਸਿੱਖਿਆ ਮੰਤਰਾਲਾ, ਭਾਰਤ ਸਰਕਾਰ ਦੇ ਅਧੀਨ ਸਮਵਿਸ਼ਵਵਿਦਿਆਲਿਆ

ਲੌਂਗੋਵਾਲ-148106, ਸੰਗਰੂਰ (ਪੰਜਾਬ) 01672-280057, 280072, 253100

www.sliet.ac.in



ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ






ਪ੍ਰੋ. ਮਣੀ ਕਾਂਤ ਪਾਸਵਾਨ, ਡਾਇਰੈਕਟਰ

## ਸ਼ਰਧਾਂਜਲੀ

ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ ਉਨ੍ਹਾਂ ਦੀ 40ਵੀਂ ਬਰਸੀ ਮੌਕੇ ਉਨ੍ਹਾਂ ਦੇ ਅਟੁੱਟ ਯੋਗਦਾਨ ਅਤੇ ਦੂਰਅੰਦੇਸ਼ੀ ਸੋਚ ਲਈ ਸ਼ਰਧਾਂਜਲੀ ਭੇਟ ਕਰਦੀ ਹੈ। ਸੰਤ ਲੌਂਗੋਵਾਲ ਨਿਰਸਵਾਰਥ ਸੇਵਾ ਅਤੇ ਸਿਧਾਂਤਕ ਅਗਵਾਈ ਦੇ ਪ੍ਰਤੀਕ ਸਨ। ਗੁੰਝਲਦਾਰ ਚੁਣੌਤੀਆਂ ਦੇ ਵਿਚਕਾਰ ਸ਼ਾਂਤਮਈ ਹੱਲ ਲੱਭਣ ਅਤੇ ਬਰਾਬਰੀ ਵਾਲੇ ਨਤੀਜਿਆਂ ਦੀ ਵਕਾਲਤ ਕਰਨ ਦੀ ਉਹਨਾਂ ਦੀ ਯੋਗਤਾ ਨੇ ਪ੍ਰਭਾਵਸ਼ਾਲੀ ਅਤੇ ਹਮਦਰਦ ਲੀਡਰਸ਼ਿਪ ਲਈ ਇੱਕ ਮਿਆਰ ਨਿਰਧਾਰਤ ਕੀਤਾ।

ਸਾਲ 1989 ਵਿੱਚ ਪੰਜਾਬ ਦੇ ਮਾਲਵਾ ਖੇਤਰ ਵਿੱਚ ਕੇਂਦਰ ਸਰਕਾਰ ਦੁਆਰਾ ਸਥਾਪਿਤ ਕੀਤਾ ਗਿਆ, ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (SLIET) ਉਹਨਾਂ ਦੀ ਸਦੀਵੀ ਵਿਰਾਸਤ ਦੇ ਪ੍ਰਮਾਣ ਵਜੋਂ ਖੜ੍ਹਾ ਹੈ। ਉਹਨਾਂ ਦੇ ਨਾਮ ਤੇ ਸਥਾਪਿਤ ਸੰਸਥਾ ਉਹਨਾਂ ਦੁਆਰਾ ਅਪਣਾਈਆਂ ਗਈਆਂ ਕਦਰਾਂ-ਕੀਮਤਾਂ- ਸਿੱਖਿਆ ਵਿੱਚ ਉੱਤਮਤਾ, ਸਮਾਜਕ ਸੁਧਾਰ ਲਈ ਵਚਨਬੱਧਤਾ, ਅਤੇ ਵਿਦਿਆਰਥੀਆਂ ਵਿੱਚ ਸੇਵਾ ਦੀ ਭਾਵਨਾ ਨੂੰ ਉਤਸ਼ਾਹਤ ਕਰਨਾ, ਨੂੰ ਮੂਰਤੀਮਾਨ ਕਰਨ ਦੀ ਕੋਸ਼ਿਸ਼ ਕਰਦੀ ਹੈ। ਇੱਕ ਨਿਆਂਪੂਰਨ ਅਤੇ ਪ੍ਰਗਤੀਸ਼ੀਲ ਸਮਾਜ ਦਾ ਉਹਨਾਂ ਦਾ ਦ੍ਰਿਸ਼ਟੀਕੋਣ ਸਾਡੇ ਮਿਸ਼ਨ ਵਿੱਚ ਪ੍ਰਤੀਬਿੰਬਤ ਹੈ ਤਾਂ ਕਿ ਅਸੀਂ ਨੌਜਵਾਨ ਦਿਮਾਗਾਂ ਨੂੰ ਵਿਸ਼ਵ ਵਿੱਚ ਸਕਾਰਾਤਮਕ ਯੋਗਦਾਨ ਪਾਉਣ ਲਈ ਲੋੜੀਂਦੇ ਹੁਨਰ ਅਤੇ ਗਿਆਨ ਨਾਲ ਲੈਸ ਕਰ ਸਕੀਏ।

ਉੱਤਮਤਾ ਵੱਲ ਆਪਣੀ ਯਾਤਰਾ ਵਿੱਚ, ਸੰਸਥਾ ਨੂੰ 2007 ਵਿੱਚ ਡੀਮਡ-ਟੂ-ਬੀ-ਯੂਨੀਵਰਸਿਟੀ ਦਾ ਦਰਜਾ ਮਿਲਿਆ। 451 ਏਕੜ ਦੇ ਖੇਤਰ ਵਿੱਚ ਫੈਲੀ ਇਹ ਸੰਸਥਾ ਕੁਦਰਤੀ ਸੁੰਦਰਤਾ ਅਤੇ ਹਰਿਆਲੀ ਨਾਲ ਭਰਪੂਰ ਹੈ ਜੋ ਨਾ ਸਿਰਫ਼ ਇੱਕ ਆਦਰਸ਼ ਸਿੱਖਿਆ ਵਾਤਾਵਰਣ ਪ੍ਰਦਾਨ ਕਰਦੀ ਹੈ, ਸਗੋਂ ਕੰਮਕਾਜ ਨੂੰ ਵੀ ਵਧਾਉਂਦੀ ਹੈ ਅਤੇ ਆਲੇ ਦੁਆਲੇ ਨੂੰ ਮਾਨਵੀ ਛੋਹ ਪ੍ਰਦਾਨ ਕਰਦੀ ਹੈ। ਸੰਸਥਾ ਇੰਜੀਨੀਅਰਿੰਗ, ਵਿਗਿਆਨ, ਪ੍ਰਬੰਧਨ ਅਤੇ ਮਨੁੱਖਤਾ ਦੇ ਵੱਖ-ਵੱਖ ਵਿਸ਼ਿਆਂ ਵਿੱਚ 13 ਇੰਟੀਗ੍ਰੇਟਿਡ ਸਰਟੀਫਿਕੇਟ-ਡਿਪਲੋਮਾ (ICD), 9 ਬੀ.ਈ., 8 ਐਮ.ਟੈਕ., 3 ਐਮ.ਐਸ.ਸੀ., 1 ਐਮ.ਬੀ.ਏ. ਅਤੇ 11 ਪੀ.ਐਚ.ਡੀ. ਪ੍ਰੋਗਰਾਮ ਚਲਾਉਂਦੀ ਹੈ। ਸੰਸਥਾ ਨੇ ਅਕਾਦਮਿਕ ਸਾਲ-2024 ਵਿੱਚ ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਅਤੇ ਗਣਿਤ ਵਿੱਚ ਇੰਟੀਗ੍ਰੇਟਿਡ ਬੀ.ਐਸ.ਸੀ.-ਐਮ.ਐਸ.ਸੀ. ਪ੍ਰੋਗਰਾਮ ਸ਼ੁਰੂ ਕੀਤੇ। ਸਾਲ 2025 ਵਿੱਚ ਸੰਸਥਾ ਨੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ, ਇਲੈਕਟ੍ਰੀਕਲ ਇੰਜੀਨੀਅਰਿੰਗ ਅਤੇ ਮਕੈਨੀਕਲ ਇੰਜੀਨੀਅਰਿੰਗ ਵਿੱਚ ਤਿੰਨ ਇੰਟੀਗ੍ਰੇਟਿਡ ਬੀ.ਈ.-ਐਮ.ਟੈਕ. ਪ੍ਰੋਗਰਾਮ ਸ਼ੁਰੂ ਕੀਤੇ। ਹਾਲ ਹੀ ਵਿੱਚ ਸੰਸਥਾ ਨੂੰ NAAC 'A' ਗ੍ਰੇਡ ਨਾਲ ਮਾਨਤਾ ਪ੍ਰਾਪਤ ਹੋਈ ਹੈ, ਜਿਸਨੂੰ ਇੱਕ ਵੱਡਾ ਮੀਲ ਪੱਥਰ ਮੰਨਿਆ ਜਾਂਦਾ ਹੈ। ਸੰਸਥਾ ਨੇ NIRF ਰੈਂਕਿੰਗ 2024 ਵਿੱਚ 76ਵਾਂ ਰੈਂਕ ਪ੍ਰਾਪਤ ਕੀਤਾ। ਸਵ. ਸੰਤ ਲੌਂਗੋਵਾਲ ਜੀ ਦੇ ਸੁਪਨਿਆਂ ਨੂੰ ਸਾਕਾਰ ਕਰਦੇ ਹੋਏ ਅੱਜ ਇਹ ਸੰਸਥਾ ਮਾਲਵਾ ਖੇਤਰ ਵਿੱਚ ਤਕਨੀਕੀ ਸਿੱਖਿਆ ਦੀ ਰੀੜ੍ਹ ਦੀ ਹੱਡੀ ਬਣ ਗਈ ਹੈ, ਜੋ ਕਿ ਲਗਾਤਾਰ ਵਿਕਾਸ, ਨਵੇਂ ਮੀਲ ਪੱਥਰ ਅਤੇ ਨਵੀਨਤਾਕਾਰੀ ਵਿਚਾਰਾਂ ਨੂੰ ਅੱਗੇ ਵਧਾਉਂਦੀ ਹੈ।

ਸੰਸਥਾ ਦੇ ਡਾਇਰੈਕਟਰ ਪ੍ਰੋ. ਮਣੀ ਕਾਂਤ ਪਾਸਵਾਨ ਦਾ ਮੰਨਣਾ ਹੈ ਕਿ ਸੰਸਥਾ ਨੇ ਐਨਈਪੀ 2020 ਦੇ ਅਨੁਸਾਰ ਸਿੱਖਿਆ ਦੀ ਮਲਟੀ-ਐਂਟਰੀ ਮਲਟੀ-ਐਗਜ਼ਿਟ ਪ੍ਰਣਾਲੀ ਦੇ ਮਾਡਯੂਲਰ ਪੈਟਰਨ ਨੂੰ ਅਪਣਾਇਆ ਹੈ, ਜੋ ਇਸਨੂੰ ਰਾਸ਼ਟਰੀ ਪੱਧਰ ਤੇ ਇੱਕ ਵਿਲੱਖਣ ਪਛਾਣ ਪ੍ਰਦਾਨ ਕਰਦਾ ਹੈ। ਆਪਣੇ ਯੋਗ ਫੈਕਲਟੀ ਅਤੇ ਸਟਾਫ ਦੇ ਵਚਨਬੱਧ ਯਤਨਾਂ ਨਾਲ, ਸੰਸਥਾ ਦੇਸ਼ ਦੇ ਨੌਜਵਾਨਾਂ ਨੂੰ ਤਕਨੀਕੀ ਤੌਰ ਤੇ ਸਿੱਖਿਅਤ ਆਦਰਸ਼ ਨਾਗਰਿਕ ਬਣਨ ਲਈ ਪ੍ਰੇਰਿਤ ਕਰਨ ਲਈ ਦ੍ਰਿੜ ਹੈ, ਤਾਂ ਜੋ ਇਹ ਨੌਜਵਾਨ ਵਿਦਿਆਰਥੀ ਆਪਣੇ ਸੁਹਿਰਦ ਯਤਨਾਂ ਨਾਲ ਦੇਸ਼ ਨੂੰ ਵਿਕਾਸਸ਼ੀਲ ਦੇਸ਼ ਤੋਂ ਵਿਕਸਤ ਰਾਸ਼ਟਰ ਦੀ ਸ਼੍ਰੇਣੀ ਵਿੱਚ ਲਿਆ ਸਕਣ। ਸੰਤ ਲੌਂਗੋਵਾਲ ਜੀ ਦੀ ਆਤਮਾ ਸਾਨੂੰ ਪ੍ਰੇਰਨਾ ਅਤੇ ਮਾਰਗਦਰਸ਼ਨ ਦਿੰਦੀ ਰਹੇ ਅਤੇ ਅਸੀਂ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਦੀ ਕੋਸ਼ਿਸ਼ ਕਰਦੇ ਰਹੀਏ।

### ਪ੍ਰਸਤਾਵਿਤ ਪ੍ਰੋਗਰਾਮ

* 3-ਸਾਲ ਦਾ ਏਕੀਕ੍ਰਿਤ ਸਰਟੀਫਿਕੇਟ ਅਤੇ ਡਿਪਲੋਮਾ (ICT) SET ਦੁਆਰਾ 10ਵੀਂ ਤੋਂ ਬਾਅਦ ਦਾਖਲਾ
* 4-ਸਾਲਾ ਬੀ.ਈ.ਈ. ਪ੍ਰੋਗਰਾਮ - 12ਵੀਂ ਤੋਂ ਬਾਅਦ ਦਾਖਲਾ
* 5-ਸਾਲਾ ਏਕੀਕ੍ਰਿਤ ਬੀ.ਈ.-ਐਮ.ਟੈਕ- 12ਵੀਂ ਤੋਂ ਬਾਅਦ ਦਾਖਲਾ
* 5 ਸਾਲਾ ਏਕੀਕ੍ਰਿਤ ਬੀ.ਐਸ.ਸੀ.-ਐਮ.ਐਸ.ਸੀ.- 12ਵੀਂ ਤੋਂ ਬਾਅਦ ਦਾਖਲਾ
* 4-ਸਾਲਾ BE ਪ੍ਰੋਗਰਾਮ (LEET) ਦੇ ਦੂਜੇ ਸਾਲ ਵਿੱਚ ਲੇਟਰਲ ਐਂਟਰੀ- SET ਦੁਆਰਾ 3-ਸਾਲਾ ਡਿਪਲੋਮਾ ਤੋਂ ਬਾਅਦ ਦਾਖਲਾ
* M.Sc. - CCMN ਦੁਆਰਾ ਦਾਖਲਾ
* M.Tech- CCMT ਦੁਆਰਾ ਦਾਖਲਾ
* PhD. – SET ਦੁਆਰਾ ਦਾਖਲਾ
* SET (SLIET Entrance Test)

**ਦਾਖਲੇ ਖੁੱਲ੍ਹੇ ਹਨ**

www.sliet.ac.in

**ICD ਦੀਆਂ 75% ਸੀਟਾਂ ਸਿਰਫ਼ ਪੰਜਾਬ ਰਾਜ ਲਈ ਰਾਖਵੀਆਂ ਹਨ**

**NIRF #76**

**NAAC 'A" ਮਾਨਤਾ ਪ੍ਰਾਪਤ**

**ਸਾਰੇ ਯੂ.ਜੀ. ਪ੍ਰੋਗਰਾਮ NBA ਦੁਆਰਾ ਮਾਨਤਾ ਪ੍ਰਾਪਤ**

### ਮਹੱਤਵਪੂਰਨ ਵਿਸ਼ੇਸ਼ਤਾਵਾਂ

* ਸੁੰਦਰ ਅਤੇ ਖੂਬਸੂਰਤ ਲੈਂਡਸਕੇਪ ਨਾਲ 451 ਏਕੜ ਵਿੱਚ ਫੈਲਿਆ ਹਰਿਆ-ਭਰਿਆ ਅਤੇ ਵਿਸ਼ਾਲ ਕੈਂਪਸ
* AICTE ਦੁਆਰਾ ਪ੍ਰਵਾਨਿਤ
* NBA & NAAC ਦੁਆਰਾ ਮਾਨਤਾ ਪ੍ਰਾਪਤ
* ਵਿਦਿਆਰਥੀਆਂ, ਸਟਾਫ ਅਤੇ ਫੈਕਲਟੀ ਲਈ ਚੰਗੀ ਤਰ੍ਹਾਂ ਨਾਲ ਲੈਸ ਅਕਾਦਮਿਕ, ਰਿਹਾਇਸ਼ੀ ਅਤੇ ਮਨੋਰੰਜਨ ਸਹੂਲਤਾਂ
* 10ਵੀਂ ਸਰਟੀਫਿਕੇਟ, 12ਵੀਂ, ਡਿਪਲੋਮਾ, ਡਿਗਰੀ ਅਤੇ ਪੀ.ਜੀ. ਤੋਂ ਬਾਅਦ ਵੱਖ-ਵੱਖ ਕੋਰਸਾਂ ਵਿੱਚ ਦਾਖਲੇ ਲਈ ਲਚਕਤਾ
* ਸਪੋਰਟਸ ਕੰਪਲੈਕਸ, ਸਵੀਮਿੰਗ ਪੂਲ, ਵਿਦਿਆਰਥੀ ਗਤੀਵਿਧੀ ਕੇਂਦਰ